@Qpatrika
@qaumipatrika punjabi
instagram.com/qaumipatrika
Largest Circulated
C M Y K

विश्व भर में सबसे ज्यादा पढ़ा जाने वाला

ਕੌਮੀ ਪੱਤ੍ਰਿਕਾ

Punjabi National Daily
Qaumi Patrika NO.1
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Wednesday, 28 October 2026
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਬੁੱਧਵਾਰ 28 ਅਕਤੂਬਰ 2026, 14 ਕੱਤਕ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 355, qpatrika@gmail.com ਫੋਨ : 9971359517 www.qaumipatrika.org

ਵਿਕਸਿਤ ਭਾਰਤ ਦੇ ਨਿਰਮਾਣ 'ਚ ਯੁਵਾ ਸ਼ਕਤੀ ਦੀ ਭੂਮਿਕਾ ਅਹਿਮ : ਪ੍ਰਧਾਨ ਮੰਤਰੀ ਮੋਦੀ

ਕੌਮੀ ਪੱਤ੍ਰਿਕਾ

ਸਿੰਮੀ ਕੌਰ ਬੱਬਰ

ਨਵੀਂ ਦਿੱਲੀ 27 ਅਕਤੂਬਰ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਨੌਜਵਾਨਾਂ ਨੂੰ ਦੇਸ਼ ਦੀ ਤਰੱਕੀ ਨਾਲ ਜੋੜਨਾ, ਸਮਾਜ ਨੂੰ ਵੰਡਣ ਵਾਲੀਆਂ ਤਾਕਤਾਂ ਖ਼?ਲਾਫ਼ ਇਕਜੁੱਟ ਕਰਨਾ ਅਤੇ ਆਤਮਨਿਰਭਰਤਾ ਦੇ ਪ੍ਰਤੀ ਜਾਗਰੂਕ ਕਰਨਾ ਜ਼ਰੂਰੀ ਹੈ। ਪੀਐੱਮ ਮੋਦੀ ਅੱਜ ਇੱਥੇ ਚਿਨਮਯ ਅੰਮ੍ਰਿਤ ਮਹਾਉਤਸਵ ਗਲੋਬਲ ਸੰਮੇਲਨ ਦੇ ਉਦਘਾਟਨ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਚਿਨਮਯ ਮਿਸ਼ਨ ਨਾਲ ਵਿਕਸਿਤ ਭਾਰਤ ਦੇ ਸੰਕਲਪ ਨੂੰ ਅੱਗੇ ਵਧਾਉਣ 'ਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਵਾਮੀ ਚਿਨਮਯਾਨੰਦ ਜੀ ਦਾ ਮੁੱਖ ਵਿਚਾਰ ਯੁਵਾ ਸ਼ਕਤੀ ਦੇ ਨਿਰਮਾਣ ਰਾਹੀਂ ਮਜ਼ਬੂਤ ਭਾਰਤ ਬਣਾਉਣਾ ਸੀ। ਚਿਨਮਯ ਮਿਸ਼ਨ ਦੇ ਯੁਵਾ ਵਰਕਰਾਂ ਨੇ ਲਗਭਗ 300 ਦਿਨਾਂ 'ਚ 40,000 ਕਿਲੋਮੀਟਰ ਦੀ ਯਾਤਰਾ

ਕਰ ਕੇ ਇਕ ਲੱਖ ਤੋਂ ਵੱਧ ਨੌਜਵਾਨਾਂ ਨਾਲ ਸੰਪਰਕ ਕੀਤਾ ਹੈ। ਉਨ੍ਹਾਂ ਕਿਹਾ ਕਿ 2047 ਭਾਰਤ ਦੀ ਆਜ਼ਾਦੀ ਦੀ 100ਵੀਂ ਵਰ੍ਹੇਗੰਢ ਮਨਾਏਗਾ ਅਤੇ ਇਸੇ ਸਮੇਂ ਦੌਰਾਨ, ਚਿਨਮਯ ਮਿਸ਼ਨ ਵੀ ਆਪਣੀ ਸ਼ਤਾਬਦੀ ਮਨਾਏਗਾ। ਅਜਿਹੇ 'ਚ ਵਿਕਸਿਤ ਭਾਰਤ ਅਤੇ ਚਿਨਮਯ ਮਿਸ਼ਨ ਦੀ ਯਾਤਰਾ ਨੂੰ ਇਕੱਠੇ ਅੱਗੇ ਵਧਣਾ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਮਿਸ਼ਨ ਦੇ ਸੰਤ, ਆਚਾਰੀਆ, ਸਾਧਕ ਅਤੇ ਵਰਕਰ ਇਕ ਵਿਕਸਿਤ ਭਾਰਤ ਦੇ ਨਿਰਮਾਣ 'ਚ ਮੁੱਖ ਭੂਮਿਕਾ ਨਿਭਾਉਣਗੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਵਾਮੀ ਚਿਨਮਯਾਨੰਦ ਜੀ ਨੇ ਭਾਰਤੀ ਗਿਆਨ, ਸੱਭਿਆਚਾਰ ਅਤੇ ਵਿਰਾਸਤ ਨੂੰ ਜਨਤਾ ਤੱਕ ਪਹੁੰਚਾਉਣ ਲਈ ਕੰਮ ਕੀਤਾ। ਚਿਨਮਯ ਮਿਸ਼ਨ ਦੇ 100 ਤੋਂ ਵੱਧ ਵਿਦਿਅਕ ਅਦਾਰੇ ਬੱਚਿਆਂ ਅਤੇ ਨੌਜਵਾਨਾਂ ਨੂੰ ਭਾਰਤੀ ਕਦਰਾਂ-ਕੀਮਤਾਂ ਦੇ ਨਾਲ-ਨਾਲ ਆਧੁਨਿਕ ਸਿੱਖਿਆ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਵਾਮੀ ਜੀ ਨੇ ਅਧਿਆਤਮਿਕ ਤਰੱਕੀ ਨੂੰ ਨਿੱਜੀ ਵਿਕਾਸ ਨਾਲ ਅਤੇ ਨਿੱਜੀ ਵਿਕਾਸ ਨੂੰ ਰਾਸ਼ਟਰੀ ਤਰੱਕੀ ਨਾਲ ਜੋੜਨਾ ਸਿਖਾਇਆ। ਪੀਐੱਮ ਮੋਦੀ ਨੇ ਨਵੀਂ ਰਾਸ਼ਟਰੀ ਸਿੱਖਿਆ ਨੀਤੀ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਇਹ ਭਾਰਤੀ ਗਿਆਨ ਪਰੰਪਰਾ, ਮਾਤ ਭਾਸ਼ਾ 'ਚ ਸਿੱਖਿਆ, ਆਧੁਨਿਕ ਵਿਗਿਆਨ ਅਤੇ ਨਵੀਂ ਤਕਨਾਲੋਜੀ 'ਤੇ ਜ਼ੋਰ ਦਿੰਦੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਸੱਭਿਆਚਾਰਕ ਵਿਰਾਸਤ ਨੂੰ ਸੁਰੱਖਿਅਤ ਰੱਖਣਾ ਅਤੇ ਇਸ 'ਚ ਮਾਣ ਦੀ ਭਾਵਨਾ ਨੂੰ ਮਜ਼ਬੂਤ ??ਕਰਨਾ ਜ਼ਰੂਰੀ ਹੈ। ਕਾਸ਼ੀ ਵਿਸ਼ਵਨਾਥ ਧਾਮ, ਅਯੁੱਧਿਆ 'ਚ ਰਾਮ ਮੰਦਰ ਅਤੇ ਉਜੈਨ 'ਚ ਮਹਾਕਾਲ ਮਹਾਲੋਕ ਵਰਗੇ ਕੇਂਦਰਾਂ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਭਾਰਤ ਦੇ ਸੱਭਿਆਚਾਰਕ ਕੇਂਦਰਾਂ ਪੁਨਰਜਾਗਰਣ ਹੋ ਰਿਹਾ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ 12 ਸਾਲਾਂ 'ਚ ਵਿਦੇਸ਼ਾਂ 'ਚ ਚੋਰੀ ਕਰ ਕੇ ਲਿਜਾਈਆਂ ਗਈਆਂ 650 ਤੋਂ ਵੱਧ ਪ੍ਰਾਚੀਨ ਮੂਰਤੀਆਂ ਨੂੰ ਵਾਪਸ ਲਿਆਂਦਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਵੱਖ-ਵੱਖ ਸੰਸਥਾਵਾਂ ਦੇ ਉਦੇਸ਼ ਵੱਖੋ-ਵੱਖਰੇ ਹੋ ਸਕਦੇ ਹਨ, ਪਰ ਦੇਸ਼ ਦਾ ਵਿਕਾਸ ਅਤੇ ਸ਼ਾਨ ਸਾਰਿਆਂ ਲਈ ਸਾਂਝਾ ਟੀਚਾ ਹੈ। ਵਿਕਸਿਤ ਭਾਰਤ ਦੇ ਸੰਕਲਪ ਨੂੰ ਪੂਰਾ ਕਰਨ ਲਈ ਸਾਰਿਆਂ ਨੂੰ ਮਿਲ ਕੇ ਅੱਗੇ ਵਧਣਾ ਪਵੇਗਾ।

'ਗਰਲਫਰੈਂਡ ਬਣਾਓ ਤਾਂ ਵਿਆਹ ਵੀ ਕਰੋ, ਕੁੜੀ ਨੂੰ ਮਾਂ ਬਣਾ ਕੇ ਛੱਡਣਾ ਗਲਤ': ਰਾਜਪਾਲ ਆਨੰਦੀਬੇਨ ਪਟੇਲ

ਕੌਮੀ ਪੱਤ੍ਰਿਕਾ

ਲਖਨਊ 27 ਅਕਤੂਬਰ। ਉੱਤਰ ਪ੍ਰਦੇਸ਼ ਦੀ ਰਾਜਪਾਲ ਆਨੰਦੀਬੇਨ ਪਟੇਲ ਨੇ ਨੌਜਵਾਨਾਂ ਨੂੰ ਰਿਸ਼ਤਿਆਂ, ਵਿਆਹ ਅਤੇ ਪਰਿਵਾਰਕ ਜ਼ਿੰਮੇਵਾਰੀਆਂ ਨੂੰ ਲੈ ਕੇ ਇੱਕ ਮਹੱਤਵਪੂਰਨ ਸੰਦੇਸ਼ ਦਿੱਤਾ ਹੈ। ਲਖਨਊ ਸਥਿਤ 'ਮਹਾਰਿਸ਼ੀ ਯੂਨੀਵਰਸਿਟੀ ਆਫ਼ ਇਨਫਾਰਮੇਸ਼ਨ ਟੈਕਨਾਲੋਜੀ' ਦੇ 7ਵੇਂ ਦੀਕਸ਼ਾਂਤ ਸਮਾਰੋਹ (ਕਨਵੋਕੇਸ਼ਨ) ਨੂੰ ਸੰਬੋਧਨ ਕਰਦਿਆਂ ਰਾਜਪਾਲ ਨੇ ਕਿਹਾ ਕਿ ਗਰਲਫ?ਰੈਂਡ ਬਣਾਉਣ ਵਿੱਚ ਕੋਈ ਬੁਰਾਈ ਨਹੀਂ ਹੈ, ਪਰ ਜੇਕਰ ਕਿਸੇ ਲੜਕੀ ਨਾਲ ਵਿਆਹ ਦਾ ਵਾਅਦਾ ਕੀਤਾ ਹੈ ਤਾਂ ਉਸ ਨੂੰ ਨਿਭਾਉਣਾ ਵੀ ਜ਼ਰੂਰੀ ਹੈ। ਇਸ ਸਮਾਰੋਹ ਵਿੱਚ ਸੂਬੇ ਦੇ ਉੱਚ ਸਿੱਖਿਆ ਮੰਤਰੀ ਯੋਗੇਂਦਰ ਉਪਾਧਿਆਏ ਵੀ ਮੌਜੂਦ ਸਨ। ਰਾਜਪਾਲ ਨੇ ਘੱਟ ਉਮਰ ਵਿੱਚ ਲੜਕੀਆਂ ਦੇ ਮਾਂ ਬਣਨ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਇਕੱਲਿਆਂ ਛੱਡ ਦਿੱਤੇ ਜਾਣ ਦੀਆਂ ਘਟਨਾਵਾਂ 'ਤੇ ਡੂੰਘੀ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ 13-14 ਸਾਲ ਦੀ ਉਮਰ ਵਿੱਚ ਕਿਸੇ ਲੜਕੀ ਨੂੰ ਮਾਂ ਬਣਾ ਕੇ ਛੱਡ ਦੇਣਾ ਪੂਰੀ ਤਰ੍ਹਾਂ ਗਲਤ ਹੈ। ਉਨ੍ਹਾਂ ਜ਼ੋਰ

ਦਿੱਤਾ ਕਿ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸਿਰਫ਼ ਸਰਕਾਰੀ ਕੋਸ਼ਿਸ਼ਾਂ ਹੀ ਕਾਫ਼ੀ ਨਹੀਂ ਹਨ, ਸਗੋਂ ਸਮਾਜ ਨੂੰ ਵੀ ਆਪਣੀ ਜ਼ਿੰਮੇਵਾਰੀ ਸਮਝਣੀ ਪਵੇਗੀ। ਆਨੰਦੀਬੇਨ ਪਟੇਲ ਨੇ ਨੌਜਵਾਨਾਂ ਨੂੰ ਸਲਾਹ ਦਿੱਤੀ ਕਿ ਉਹ ਵਿਆਹ ਦਾ ਫ਼ੈਸਲਾ ਕਰਨ ਤੋਂ ਪਹਿਲਾਂ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਅਤੇ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਨ। ਉਨ੍ਹਾਂ ਕਿਹਾ ਕਿ ਵਿਆਹ ਸਿਰਫ਼ ਭਾਵਨਾਵਾਂ ਦੇ ਅਧਾਰ 'ਤੇ ਨਹੀਂ, ਸਗੋਂ ਪਰਿਵਾਰ ਦੀਆਂ ਜ਼ਿੰਮੇਵਾਰੀਆਂ ਚੁੱਕਣ ਦੀ ਸਮਰੱਥਾ ਅਤੇ ਅਸਲ ਹਾਲਾਤਾਂ ਨੂੰ ਸਮਝ ਕੇ ਕੀਤਾ ਜਾਣਾ ਚਾਹੀਦਾ ਹੈ।

ਦਵਾਈ ਕੰਪਨੀ 'ਚ ਗੈਸ ਹੋ ਗਈ ਲੀਕ, 2 ਦੀ ਗਈ ਜਾਨ, 4 ਹਸਪਤਾਲ 'ਚ ਦਾਖ਼ਲ

ਹੈਦਰਾਬਾਦ 27 ਅਕਤੂਬਰ। ਤੇਲੰਗਾਨਾ ਦੇ ਸੰਗਾਰੈੱਡੀ ਜ਼ਿਲ੍ਹੇ 'ਚ ਇਕ ਦਵਾਈ ਕੰਪਨੀ ਦੇ ਪਲਾਂਟ 'ਚ ਕਲੋਰੋਫਾਰਮ ਗੈਸ ਲੀਕ ਹੋਣ ਮਗਰੋਂ 2 ਕਰਮਚਾਰੀਆਂ ਦੀ ਮੌਤ ਹੋ ਗਈ, ਜਦੋਂ ਕਿ ਚਾਰ ਹੋਰ ਨੂੰ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ। ਪੁਲਸ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਮ੍ਰਿਤਕ ਕੰਪਨੀ ਦੇ ਕਰਮਚਾਰੀ ਸਨ। ਇਹ ਘਟਨਾ ਵੀਰਵਾਰ ਦੇਰ ਰਾਤ ਜੀਨਾਰਾਮ ਮੰਡਲ 'ਚ ਵਾਪਰੀ। ਪੁਲਸ ਦੇ ਇਕ ਅਧਿਕਾਰੀ ਨੇ ਸ਼ੁਰੂਆਤੀ ਜਾਂਚ ਦੇ ਆਧਾਰ 'ਤੇ ਦੱਸਿਆ ਕਿ ਸ਼ੱਕ ਹੈ ਕਿ ਪਾਈਪਲਾਈਨ ਤੋਂ ਕਲੋਰੋਫਾਰਮ ਲੀਕ ਹੋਣ ਕਾਰਨ ਕਰਮਚਾਰੀ ਇਸ ਗੈਸ ਦੇ ਸੰਪਰਕ 'ਚ ਆਏ। ਅਧਿਕਾਰੀ ਨੇ ਕਿਹਾ,"ਇਹ ਘਟਨਾ ਵੀਰਵਾਰ ਰਾਤ ਕਰੀਬ 11.30 ਵਜੇ ਵਾਪਰੀ। ਕੰਪਨੀ ਦੇ 2 ਕਰਮਚਾਰੀ- ਇਕ ਕੈਮਿਸਟ (29) ਅਤੇ ਇਕ ਸੁਪਰਵਾਈਜ਼ਰ (44) ਬੇਹੋਸ਼ ਹੋ ਗਏ। ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਚਾਰ ਹੋਰ ਕਰਮਚਾਰੀਆਂ ਨੂੰ ਵੀ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ।" ਮਾਮਲੇ ਦੀ ਅੱਗੇ ਜਾਂਚ ਕੀਤੀ ਜਾ ਰਹੀ ਹੈ।

ਦਿੱਲੀ ਏਅਰਪੋਰਟ 'ਤੇ ਕਰੀਬ 3 ਕਰੋੜ ਰੁਪਏ ਦਾ ਗਾਂਜਾ ਜ਼ਬਤ, ਮਹਿਲਾ ਗ੍ਰਿਫ਼ਤਾਰ

ਨਵੀਂ ਦਿੱਲੀ 27 ਅਕਤੂਬਰ। ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਏਅਰਪੋਰਟ 'ਤੇ ਕਸਟਮ ਅਧਿਕਾਰੀਆਂ ਨੇ ਥਾਈਲੈਂਡ ਦੇ ਬੈਂਕਾਕ ਤੋਂ ਕਰੀਬ ਤਿੰਨ ਕਰੋੜ ਰੁਪਏ ਦਾ ਹਾਈਡ?ਰੋਪੋਨਿਕ ਗਾਂਜਾ ਲਿਆਉਣ ਦੇ ਦੋਸ਼ 'ਚ ਇਕ ਮਹਿਲਾ ਯਾਤਰੀ ਨੂੰ ਗ੍ਰਿਫ਼ਤਾਰ ਕੀਤਾ ਹੈ। ਅਧਿਕਾਰੀਆਂ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਹਾਈਡ?ਰੋਪੋਨਿਕ ਗਾਂਜਾ ਭੰਗ ਦੀ ਇਕ ਉੱਚ ਨਸ਼ੀਲੀ ਸਮਰੱਥਾ ਵਾਲੀ ਕਿਸਮ ਹੈ, ਜਿਸ ਨੂੰ ਮਿੱਟੀ ਦੀ ਬਜਾਏ ਪੋਸ਼ਕ ਤੱਤਾਂ ਨਾਲ ਭਰਪੂਰ ਪਾਣੀ 'ਚ ਉਗਾਇਆ ਜਾਂਦਾ ਹੈ। ਇਕ ਅਧਿਕਾਰਤ ਬਿਆਨ ਅਨੁਸਾਰ, ਭਾਰਤੀ ਮਹਿਲਾ 16 ਅਕਤੂਬਰ ਨੂੰ ਬੈਂਕਾਂਕ ਤੋਂ ਏਅਰਪੋਰਟ ਦੇ ਟਰਮਿਨਲ-3 'ਤੇ ਪਹੁੰਚੀ ਸੀ। ਬਿਆਨ 'ਚ ਕਿਹਾ ਗਿਆ ਹੈ ਕਿ ਯਾਤਰੀ ਦੀ ਪ੍ਰੋਫਾਈਲਿੰਗ ਦੇ ਆਧਾਰ 'ਤੇ ਉਸ ਨੂੰ ਐਕਸਰੇਅ ਜਾਂਚ ਲਈ ਗ੍ਰੀਨ ਚੈਨਲ 'ਤੇ ਭੇਜਿਆ ਗਿਆ। ਉਸ ਕੋਲ ਸਾਮਾਨ ਅਤੇ ਨਿੱਜੀ ਤਲਾਸ਼ੀ ਦੌਰਾਨ 2 ਪਾਲੀਥੀਨ ਪਾਊਚ ਬਰਾਮਦ ਕੀਤੇ ਗਏ, ਜਿਨ੍ਹਾਂ 'ਚ ਹਰੇ ਰੰਗ ਦਾ ਪਦਾਰਥ ਸੀ। ਇਸ ਦਾ ਭਾਰ 2.99 ਕਿਲੋਗ੍ਰਾਮ ਸੀ। ਬਿਆਨ ਅਨੁਸਾਰ, ਸ਼ੁਰੂਆਤੀ ਜਾਂਚ 'ਚ ਇਹ ਪਦਾਰਥ ਗਾਂਜਾ ਪਾਇਆ ਗਿਆ। ਜ਼ਬਤ ਕੀਤੇ ਗਏ ਪਦਾਰਥ ਦੀ ਕੀਮਤ ਕਰੀਬ 2.99 ਕਰੋੜ ਦੱਸੀ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਸ਼ੱਕੀ ਨਸ਼ੀਲੇ ਪਦਾਰਥ ਨੂੰ ਨਸ਼ੀਲੇ ਪਦਾਰਥ ਅਤੇ ਮਨੋ-ਪ੍ਰਭਾਵੀ ਪਦਾਰਥ (ਐੱਨਡੀਪੀਐੱਸ) ਐਕਟ, 1985 ਦੀ ਧਾਰਾ 43 (ਕ) ਦੇ ਅਧੀਨ ਜ਼ਬਤ ਕੀਤਾ, ਜਦੋਂ ਕਿ ਮਹਿਲਾ ਯਾਤਰੀ ਨੂੰ ਇਸੇ ਕਾਨੂੰਨ ਦੀ ਧਾਰਾ 43 (ਖ) ਦੇ ਅਧੀਨ ਗ੍ਰਿਫ਼ਤਾਰ ਕੀਤਾ ਗਿਆ।

ਕਾਰ ਬਾਜ਼ਾਰ ਨੇੜੇ ਇਕ ਵਿਅਕਤੀ ਦਾ ਗੋਲੀ ਮਾਰ ਕੇ ਕਤਲ, ਕਿਸ਼ਨਗੜ੍ਹ 'ਚ ਵਾਪਰੀ ਵਾਰਦਾਤ

ਨਵੀਂ ਦਿੱਲੀ 27 ਅਕਤੂਬਰ। ਦੱਖਣ-ਪੱਛਮੀ ਦਿੱਲੀ ਦੇ ਕਿਸ਼ਨਗੜ੍ਹ ਇਲਾਕੇ 'ਚ ਵੀਰਵਾਰ ਦੇਰ ਰਾਤ ਇਕ ਵਿਅਕਤੀ ਦਾ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ। ਇਕ ਅਧਿਕਾਰੀ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਅਧਿਕਾਰੀ ਨੇ ਕਿਹਾ ਕਿ ਪੁਲਸ ਨੂੰ ਵੀਰਵਾਰ ਨੂੰ ਦੁਪਹਿਰ 12:53 ਵਜੇ ਦੇ ਕਰੀਬ ਕਮਿਊਨਿਟੀ ਸੈਂਟਰ 'ਚ ਕਾਰ ਬਾਜ਼ਾਰ ਕੋਲ ਇਕ ਵਿਅਕਤੀ ਨੂੰ ਗੋਲੀ ਮਾਰੇ ਜਾਣ ਦੀ ਸੂਚਨਾ ਮਿਲੀ। ਅਧਿਕਾਰੀ ਨੇ ਕਿਹਾ ਕਿ ਇਕ ਪੁਲਸ ਟੀਮ ਮੌਕੇ 'ਤੇ ਪਹੁੰਚੀ ਅਤੇ ਜ਼ਖਮੀ ਵਿਅਕਤੀ ਨੂੰ ਇਕ ਨਿੱਜੀ ਹਸਪਤਾਲ ਲੈ ਗਈ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਉਨ੍ਹਾਂ ਕਿਹਾ ਕਿ ਘਟਨਾ ਸਥਾਨ ਦੀ ਜਾਂਚ ਕਰਨ ਅਤੇ ਸਬੂਤ ਇਕੱਠੇ ਕਰਨ ਲਈ ਅਪਰਾਧ ਅਤੇ ਫੋਰੈਂਸਿਕ ਟੀਮਾਂ ਨੂੰ ਮੌਕੇ 'ਤੇ ਬੁਲਾਇਆ ਗਿਆ। ਪੁਲਸ ਨੇ ਕਿਸ਼ਨਗੜ੍ਹ ਪੁਲਸ ਸਟੇਸ਼ਨ 'ਚ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ। ਪੁਲਸ ਅਧਿਕਾਰੀ ਨੇ ਕਿਹਾ ਕਿ ਮਾਮਲੇ ਦੀ ਜਾਂਚ ਲਈ ਕਈ ਟੀਮਾਂ ਬਣਾਈਆਂ ਗਈਆਂ ਹਨ ਅਤੇ ਕਤਲ ਦੇ ਪਿੱਛੇ ਦੇ ਉਦੇਸ਼ ਦਾ ਪਤਾ ਲਗਾਉਣ ਲਈ ਕੰਮ ਕਰ ਰਹੀਆਂ ਹਨ।

ਵੋਟਰ ਸੂਚੀਆਂ 'ਚ ਗੜਬੜੀ ਮਾਮਲੇ 'ਤੇ ਰਾਮ ਰਮੇਸ਼ ਦਾ ਵੱਡਾ ਬਿਆਨ, ਮੁੱਖ ਚੋਣ ਕਮਿਸ਼ਨਰ ਦੇ ਅਸਤੀਫ਼ੇ ਦੀ ਕੀਤੀ ਮੰਗ

ਕੌਮੀ ਪੱਤ੍ਰਿਕਾ

ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 27 ਅਕਤੂਬਰ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਚੋਣ ਕਮਿਸ਼ਨ 'ਤੇ ਤਿੱਖਾ ਹਮਲਾ ਕਰਦਿਆਂ ਦੋਸ਼ ਲਗਾਇਆ ਹੈ ਕਿ ਕਮਿਸ਼ਨ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਮਦਦ ਲਈ ਕੀਤੀ ਗਈ ਇੱਕ ਸੋਚੀ-ਸਮਝੀ ਸਾਜ਼ਿਸ਼ ਦਾ ਠੀਕਰਾ ਸਾਫ਼ਟਵੇਅਰ 'ਤੇ ਭੰਨਣ ਦਾ ਯਤਨ ਕਰ ਰਿਹਾ ਹੈ। ਉਨ੍ਹਾਂ ਸਵਾਲ ਖੜ੍ਹਾ ਕੀਤਾ ਕਿ ਕੀ ਭਾਰਤ ਦੇ ਲੋਕਤੰਤਰ ਤੇ ਵੋਟਰ ਸੂਚੀ ਦੀ ਸ਼ੁੱਧਤਾ ਨੂੰ ਸਾਫ਼ਟਵੇਅਰ ਅਤੇ 539©5" ਦੇ ਭਰੋਸੇ ਛੱਡ ਦਿੱਤਾ ਗਿਆ ਹੈ, ਜਦਕਿ ਮੁੱਖ ਜ਼ਿੰਮੇਵਾਰੀ ਚੋਣ ਕਮਿਸ਼ਨ ਦੀ ਬਣਦੀ ਹੈ। ਜੈਰਾਮ ਰਮੇਸ਼ ਨੇ ਸੋਸ਼ਲ ਮੀਡੀਆ 'ਤੇ ਪੋਸਟ ਕਰ ਕੇ ਕਿਹਾ ਕਿ ਉੱਤਰ ਪ੍ਰਦੇਸ਼ ਵਿਧਾਨ ਪ੍ਰੀਸ਼ਦ ਚੋਣਾਂ ਦੀ ਵੋਟਰ ਸੂਚੀ ਵਿੱਚ ਕਈ ਗੰਭੀਰ ਗ਼ਲਤੀਆਂ ਸਾਹਮਣੇ ਆਈਆਂ ਹਨ। ਇਨ੍ਹਾਂ ਵਿੱਚ ਵੋਟਰ ਦਾ ਨਾਂ

'ਰਾਮ ਨੇ ਯਾਦਵ ਕੋ ਮਾਰਾ' ਅਤੇ ਪਿਤਾ ਦਾ ਨਾਂ 'ਮੂਰਖ ਚੰਦਰ ਯਾਦਵ' ਜਾਂ 'ਬੀ. ਕਾਮ' ਵਰਗੇ ਅਜੀਬੋ-ਗ਼ਰੀਬ ਇੰਦਰਾਜ ਦਰਜ ਮਿਲੇ ਹਨ। ਉਨ੍ਹਾਂ ਕਿਹਾ ਕਿ ਜਦੋਂ ਇਹ ਖ਼ਾਮੀਆਂ ਵਿਧਾਨ ਪ੍ਰੀਸ਼ਦ ਚੋਣਾਂ ਵਿੱਚ ਸਾਹਮਣੇ ਆ ਚੁੱਕੀਆਂ ਹਨ, ਤਾਂ ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਬਾਕੀ ਚੋਣਾਂ ਵਿੱਚ ਵੀ ਅਜਿਹਾ ਨਾ ਹੋਇਆ ਹੋਵੇ। ਇਸ ਤੋਂ ਇਲਾਵਾ ਉਨ੍ਹਾਂ ਪੀਲੀਭੀਤ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਉੱਥੇ ਬਿਨਾਂ ਕਿਸੇ ਸਹਾਇਕ ਰਿਕਾਰਡ ਦੇ ਫ਼ਾਰਮ 8 ਰਾਹੀਂ 10,470 ਵੋਟਰਾਂ ਦੇ ਵੇਰਵੇ ਬਦਲ ਦਿੱਤੇ ਗਏ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਇੱਕ ਵਿਸ਼ੇਸ਼ ਭਾਈਚਾਰੇ ਨਾਲ ਸਬੰਧਤ ਹਨ। ਉਨ੍ਹਾਂ ਖ਼ਦਸ਼ਾ ਪ੍ਰਗਟਾਇਆ ਕਿ ਵੋਟਿੰਗ ਮੌਕੇ ਇਨ੍ਹਾਂ ਨਾਗਰਿਕਾਂ ਨੂੰ ਮਤਾਧਿਕਾਰ ਤੋਂ ਵਾਂਝਾ ਕਰਨ ਦੀ ਸਾਜ਼ਿਸ਼ ਘੜੀ ਗਈ ਹੈ। ਐੱਸ.ਆਈ.ਆਰ. ਤੋਂ ਬਾਅਦ ਸੂਚੀ ਵਿੱਚੋਂ ਨਾਂ ਗਾਇਬ ਹੋਣ ਅਤੇ ਆਨਲਾਈਨ EPIC ਨੰਬਰ ਖੋਜਣ 'ਤੇ ਗ਼ਲਤ ਵੇਰਵੇ ਦਿਖਾਈ ਦੇਣ ਦੀਆਂ ਸ਼ਿਕਾਇਤਾਂ ਵੀ ਦਰਜ ਕੀਤੀਆਂ ਗਈਆਂ ਹਨ। ਕਾਂਗਰਸ ਆਗੂ ਨੇ ਕਿਹਾ ਕਿ ਰਾਹੁਲ ਗਾਂਧੀ ਅਤੇ ਵਿਰੋਧੀ ਧਿਰ ਦੀ ਲਗਾਤਾਰ ਮੰਗ ਦੇ ਬਾਵਜੂਦ ਚੋਣ ਕਮਿਸ਼ਨ ਨੇ ਅਜੇ ਤੱਕ ਮਸ਼ੀਨ-ਰੀਡੇਬਲ ਡੇਟਾ ਮੁਹੱਈਆ ਨਹੀਂ ਕਰਵਾਇਆ ਹੈ।

ਗਠਜੋੜ ਦੀਆਂ ਚਰਚਾਵਾਂ ਵਿਚਾਲੇ ਸੁਖਬੀਰ ਬਾਦਲ ਦਾ ਆ ਗਿਆ ਵੱਡਾ ਬਿਆਨ

ਚੰਡੀਗੜ੍ਹ 27 ਅਕਤੂਬਰ। ਸ਼ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅਕਾਲੀ-ਭਾਜਪਾ ਗਠਜੋੜ ਨੂੰ ਲੈ ਕੇ ਵੱਡਾ ਬਿਆਨ ਦਿੱਤਾ ਹੈ। ਪਰਵਿੰਦਰ ਝੋਟਾ ਮਾਮਲੇ ਨੂੰ ਲੈ ਕੇ ਰਾਜਪਾਲ ਨਾਲ

ਮੁਲਾਕਾਤ ਕਰਨ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਸੁਖਬੀਰ ਬਾਦਲ ਨੇ ਕਿਹਾ ਕਿ ਪੰਜਾਬ 'ਚ ਅਕਾਲੀ-ਭਾਜਪਾ ਦੀ ਸਰਕਾਰ ਵੇਲੇ ਅਮਨ-ਸ਼ਾਂਤੀ ਸੀ ਅਤੇ ਹਰ ਚੀਜ਼ ਦਾ ਵਿਕਾਸ ਹੋ ਰਿਹਾ ਸੀ ਪਰ ਪਿਛਲੇ 10 ਸਾਲਾਂ ਤੋਂ ਗਲਤ ਫ਼ੈਸਲਿਆਂ ਕਾਰਨ ਪੰਜਾਬ ਦਾ ਮਾੜਾ ਹਾਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਇਕ ਖੇਤਰੀ ਪਾਰਟੀ ਹੈ ਅਤੇ ਅਕਾਲੀ ਦਲ ਲਈ ਪੰਜਾਬ ਨੰਬਰ ਵਨ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਭਾਵੇਂ ਆਵੇ ਜਾਂ ਨਾ ਆਵੇ ਪਰ ਅਸੀਂ ਪੰਜਾਬੀਆਂ ਦੀ ਲੜਾਈ ਲੜਦੇ ਰਹਿਣਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀ ਵਿਚਾਰਧਾਰਾ ਸਹੀ ਨਹੀਂ ਹੈ। ਸੁਖਬੀਰ ਬਾਦਲ ਨੇ ਵੱਡਾ ਬਿਆਨ ਦਿੰਦਿਆਂ ਕਿਹਾ ਕਿ ਜਿਹੜੀਆਂ ਪਾਰਟੀਆਂ ਅਕਾਲੀ ਦਲ ਦੀ ਵਿਚਾਰਧਾਰਾ ਨਾਲ ਸਹਿਮਤ ਹਨ, ਅਸੀਂ ਉਨ੍ਹਾਂ ਲਈ ਓਪਨ ਹਾਂ।

ਹਰਮੀਤ ਸਿੰਘ ਕਾਲਕਾ ਨੇ ਪਾਕਿਸਤਾਨ 'ਚ ਸਿੱਖ ਲੜਕੀ ਦੇ ਜ਼ਬਰਦਸਤੀ ਧਰਮ ਪਰਿਵਰਤਨ ਦੀ ਕੀਤੀ ਨਿੰਦਾ

ਕੌਮੀ ਪੱਤ੍ਰਿਕਾ

ਨੈਸ਼ਨਲ ਡੈਸਕ 27 ਅਕਤੂਬਰ। ਪਾਕਿਸਤਾਨ 'ਚ ਇੱਕ ਸਿੱਖ ਲੜਕੀ ਵੱਲੋਂ ਇਸਲਾਮ ਧਰਮ ਕਬੂਲ ਕਰਨ ਦੇ ਮਾਮਲੇ 'ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਸਖ਼ਤ ਇਤਰਾਜ਼ ਜਤਾਇਆ ਹੈ। ਉਨ੍ਹਾਂ ਕਿਹਾ ਕਿ ਜਦੋਂ ਬੱਚੇ ਆਪਣੀ ਮਰਜ਼ੀ ਨਾਲ ਧਰਮ ਬਦਲਣ ਦੀ ਗੱਲ ਕਰਦੇ ਹਨ, ਤਾਂ ਇਹ ਸੋਚਣ ਵਾਲੀ ਗੱਲ ਹੈ ਕਿ ਉਨ੍ਹਾਂ ਨੂੰ ਕੀ ਸਿੱਖਿਆ ਦਿੱਤੀ ਜਾ ਰਹੀ ਹੈ ਤੇ ਉੱਥੇ ਕਿਹੋ ਜਿਹਾ ਮਾਹੌਲ ਬਣਾ ਦਿੱਤਾ ਗਿਆ ਹੈ। ਉਨ੍ਹਾਂ ਅਨੁਸਾਰ ਬੱਚਿਆਂ ਨੂੰ ਇਹ ਸੋਚਣਾ ਚਾਹੀਦਾ ਹੈ ਕਿ ਵੰਡ ਦੌਰਾਨ ਉਨ੍ਹਾਂ ਦੇ ਪੁਰਖਿਆਂ ਨੇ ਉੱਥੇ ਰਹਿਣਾ ਚੁਣਿਆ ਸੀ ਅਤੇ ਭਾਰਤ ਸਰਕਾਰ ਨੂੰ ਇਸ ਮਾਮਲੇ 'ਤੇ ਤੁਰੰਤ ਨੋਟਿਸ ਲੈਣਾ ਚਾਹੀਦਾ ਹੈ। ਕਾਲਕਾ ਨੇ ਕਿਹਾ ਕਿ ਉਹ ਇਸ ਮੁੱਦੇ ਨੂੰ ਵਿਦੇਸ਼ ਮੰਤਰਾਲੇ ਸਾਹਮਣੇ ਉਠਾਉਣਗੇ ਤਾਂ ਜੋ ਪਾਕਿਸਤਾਨ ਨਾਲ ਇਸ ਬਾਰੇ ਗੱਲਬਾਤ ਕੀਤੀ ਜਾ ਸਕੇ। ਦੂਜੇ ਪਾਸੇ, ਦਿਲਜੀਤ ਦੋਸਾਂਝ ਦੇ ਪ੍ਰੋਗਰਾਮ ਬਾਰੇ ਉਨ੍ਹਾਂ ਕਿਹਾ ਕਿ ਦਿੱਲੀ ਦੇ ਮੌਜੂਦਾ

ਮਾਹੌਲ ਅਤੇ ਸੁਰੱਖਿਆ ਨੂੰ ਦੇਖਦੇ ਹੋਏ ਸ਼ਾਇਦ ਪੁਲਸ ਪ੍ਰਸ਼ਾਸਨ ਨੇ ਇਜਾਜ਼ਤ ਦੇਣ ਤੋਂ ਇਨਕਾਰ ਕੀਤਾ ਹੋਵੇਗਾ ਪਰ ਨਾਲ ਹੀ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਿੱਖਾਂ ਨੇ ਦਿੱਲੀ ਵਿੱਚ ਬਹੁਤ ਅਹਿਮ ਯੋਗਦਾਨ ਪਾਇਆ ਹੈ ਤੇ ਦਿਲਜੀਤ ਦੋਸਾਂਝ ਨੇ ਪੂਰੀ ਦੁਨੀਆ ਵਿੱਚ ਨਾਮ ਕਮਾ ਕੇ ਪੰਜਾਬੀ ਤੇ ਪੰਜਾਬੀਅਤ ਦਾ ਮਾਣ ਵਧਾਇਆ ਹੈ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਪਹਿਲਾਂ ਇਹ ਸ਼ੋਅ 1 ਨਵੰਬਰ ਨੂੰ ਰੱਖਿਆ ਗਿਆ ਸੀ ਪਰ ਉਨ੍ਹਾਂ ਦੇ ਕਹਿਣ 'ਤੇ ਦਿਲਜੀਤ ਨੇ ਤਾਰੀਖ਼ ਬਦਲ ਦਿੱਤੀ ਸੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦੇ ਇਸ ਰਵੱਈਏ ਕਾਰਨ ਲੋਕਾਂ 'ਚ ਭਾਰੀ ਰੋਸ ਹੈ ਤੇ ਸਰਕਾਰ ਨੂੰ ਇਸ ਮਾਮਲੇ ਵੱਲ ਧਿਆਨ ਦੇਣਾ ਚਾਹੀਦਾ ਹੈ।

ਜੰਮੂ ਕਸ਼ਮੀਰ 'ਚ ਅਗਲੇ ਹ.ਫਤੇ ਹੋਵੇਗਾ ਕੈਬਨਿਟ ਦਾ ਵਿਸਥਾਰ ਤੇ ਫੇਰਬਦਲ : ਉਮਰ ਅਬਦੁੱਲਾ

ਕੌਮੀ ਪੱਤ੍ਰਿਕਾ

ਸ਼੍ਰੀਨਗਰ 27 ਅਕਤੂਬਰ। ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਸ਼ਨੀਵਾਰ ਨੂੰ ਕਿਹਾ ਕਿ ਅਗਲੇ ਹਫ਼ਤੇ ਦੇ ਸ਼ੁਰੂਆਤੀ 2-3 ਦਿਨਾਂ 'ਚ ਉਨ੍ਹਾਂ ਦੀ ਕੈਬਨਿਟ ਦਾ ਵਿਸਥਾਰ ਅਤੇ ਫੇਰਬਦਲ ਕੀਤਾ ਜਾਵੇਗਾ। ਅਬਦੁੱਲਾ ਨੇ ਇੱਥੇ ਪੱਤਰਕਾਰਾਂ ਨੂੰ ਦੱਸਿਆ ਕਿ ਮੁੱਖ ਮੰਤਰੀ ਨੇ ਸ਼ਨੀਵਾਰ ਸਵੇਰੇ ਇੱਥੇ ਲੋਕ ਭਵਨ 'ਚ ਸਿਨਹਾ ਨਾਲ ਮੁਲਾਕਾਤ ਕੀਤੀ। ਮੁੱਖ ਮੰਤਰੀ ਨੇ ਕਿਹਾ, ਹਾਂ, ਯਕੀਨੀ ਤੌਰ 'ਤੇ ਕੈਬਨਿਟ ਫੇਰਬਦਲ 'ਤੇ ਚਰਚਾ ਹੋਈ। ਮੈਂ ਉਨ੍ਹਾਂ ਤੋਂ ਕੈਬਨਿਟ ਵਿਸਥਾਰ ਲਈ ਸਮਾਂ ਮੰਗਿਆ ਅਤੇ ਕਿਹਾ ਕਿ ਮੈਂ ਅਗਲੇ ਹਫ਼ਤੇ ਦੇ ਪਹਿਲੇ ਦੋ-ਤਿੰਨ ਦਿਨਾਂ 'ਚ ਕੈਬਨਿਟ ਦਾ ਵਿਸਥਾਰ ਕਰਾਂਗਾ ਅਤੇ ਕੁਝ ਬਦਲਾਅ ਵੀ ਕਰਾਂਗਾ। ਉਨ੍ਹਾਂ ਕਿਹਾ ਕਿ ਉਪ ਰਾਜਪਾਲ ਇਸ ਲਈ ਇਕ ਸਮਾਂ ਤੈਅ ਕਰਨਗੇ, ਜਿਸ ਤੋਂ ਬਾਅਦ ਕੈਬਨਿਟ ਦਾ ਵਿਸਥਾਰ ਕੀਤ ਜਾਵੇਗਾ। ਅਬਦੁੱਲਾ ਨੇ ਆਪਣੇ ਪਾਰਟੀ ਸਾਥੀਆਂ ਅਤੇ ਵਿਧਾਇਕਾਂ ਨੂੰ ਅਪੀਲ ਕੀਤੀ ਕਿ ਉਹ ਮੰਤਰੀ ਅਹੁਦਿਆਂ ਲਈ ਉਨ੍ਹਾਂ ਨਾਲ ਜਾਂ ਨੈਸ਼ਨਲ ਕਾਨਫਰੰਸ ਦੇ ਪ੍ਰਧਾਨ ਫਾਰੂਕ ਅਬਦੁੱਲਾ ਸੰਪਰਕ ਨਾ

ਕਰਨ, ਕਿਉਂਕਿ ਮੰਤਰੀਆਂ ਦੀ ਸੂਚੀ ਪਹਿਲਾਂ ਹੀ ਤੈਅ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ, ਡਾ. ਫਾਰੂਕ ਅਬਦੁੱਲਾ ਸਾਹਿਬ ਨਾਲ ਸਲਾਹ-ਮਸ਼ਵਰੇ ਤੋਂ ਬਾਅਦ ਸੂਚੀ ਨੂੰ ਅੰਤਿਮ ਰੂਪ ਦਿੱਤਾ ਗਿਆ ਹੈ। ਫਾਰੂਕ ਸਾਹਿਬ ਦਾ ਦਰਵਾਜ਼ਾ, ਮੇਰਾ ਦਰਵਾਜ਼ਾ ਜਾਂ ਕਿਸੇ ਹੋਰ ਦਾ ਦਰਵਾਜ਼ਾ ਖੜਕਾਉਣ ਦੀ ਕੋਈ ਲੋੜ ਨਹੀਂ ਹੈ। ਮੰਤਰੀ ਕੌਣ ਬਣੇਗਾ, ਇਸ ਦਾ ਫੈਸਲਾ ਪਹਿਲਾਂ ਹੀ ਹੋ ਚੁੱਕਾ ਹੈ, ਇਸ ਲਈ ਮੈਂ ਆਪਣੇ ਸਾਥੀਆਂ ਨੂੰ ਸਬਰ ਰੱਖਣ ਦੀ ਬੇਨਤੀ ਕਰਦਾ ਹਾਂ। ਅਬਦੁੱਲਾ ਨੇ ਕਿਹਾ ਕਿ ਜੋ ਕੁਝ ਵੀ ਹੋਣਾ ਹੈ, ਉਹ ਈਸ਼ਵਰ ਪਹਿਲਾਂ ਤੈਅ ਕਰਦਾ ਹੈ। ਉਨ੍ਹਾਂ ਨੇ ਆਪਣੇ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਨੇਤਾਵਾਂ ਨੂੰ ਸੁਨੇਹੇ ਭੇਜਣ, ਕਾਲ ਕਰਨ ਜਾਂ ਸੰਪਰਕ ਕਰਨ ਤੋਂ ਗੁਰੇਜ਼ ਕਰਨ। ਉਨ੍ਹਾਂ ਕਿਹਾ, ਕਿਰਪਾ ਕਰਕੇ ਵਟਸਐਪ 'ਤੇ ਸੁਨੇਹੇ ਭੇਜਣਾ ਬੰਦ ਕਰੋ। ਮੈਨੂੰ ਲਗਾਤਾਰ ਲੰਬੇ ਸੁਨੇਹੇ ਮਿਲ ਰਹੇ ਹਨ। ਪੂਰੀਆਂ-ਪੂਰੀਆਂ ਕਿਤਾਬਾਂ ਲਿਖੀਆਂ ਜਾ ਰਹੀਆਂ ਹਨ। ਲੋਕ ਆਪਣਾ ਪੂਰਾ ਬਾਇਓਡਾਟਾ ਇਸ ਤਰ੍ਹਾਂ ਭੇਜ ਰਹੇ ਹਨ

ਕਪੂਰਥਲਾ ਦੇ ਵੀਡੀਓ ਨੇ ਪੰਜਾਬ 'ਚ ਨਸ਼ੇ ਦੀ ਭਿਆਨਕ ਸਥਿਤੀ ਕੀਤੀ ਉਜਾਗਰ: ਸਚਿਨ ਪਾਇਲਟ

ਕੌਮੀ ਪੱਤ੍ਰਿਕਾ

ਜਲੰਧਰ 27 ਅਕਤੂਬਰ। ਪੰਜਾਬ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ ਨੇ ਕਪੂਰਥਲਾ ਤੋਂ ਸਾਹਮਣੇ ਆਏ ਇਕ ਵੀਡੀਓ ਦਾ ਹਵਾਲਾ ਦਿੰਦਿਆਂ ਸੂਬੇ 'ਚ ਨਸ਼ੇ ਦੀ ਗੰਭੀਰ ਸਮੱਸਿਆ ਨੂੰ ਲੈ ਕੇ ਪੰਜਾਬ ਸਰਕਾਰ 'ਤੇ ਨਿਸ਼ਾਨਾ ਸਾਧਿਆ ਹੈ। ਉਨ੍ਹਾਂ ਕਿਹਾ ਕਿ ਇਹ ਵੀਡੀਓ ਪੰਜਾਬ 'ਚ ਨਸ਼ੇ ਦੀ ਭਿਆਨਕ ਸਥਿਤੀ ਨੂੰ ਉਜਾਗਰ ਕਰਦਾ ਹੈ। ਬੱਚੇ ਅਤੇ ਯੂਥ ਨਸ਼ੇ ਦੀ ਗ੍ਰਿਫ਼ਤ 'ਚ ਫਸ ਰਹੇ ਹਨ, ਜਦਕਿ ਸਰਕਾਰ ਇਸ ਸੰਕਟ ਨਾਲ ਨਜਿੱਠਣ 'ਚ ਨਾਕਾਮ ਨਜ਼ਰ ਆ ਰਹੀ ਹੈ। ਸਚਿਨ ਪਾਇਲਟ ਨੇ ਕਿਹਾ ਕਿ ਪੰਜਾਬ ਦਾ ਸਮਾਜ ਨਸ਼ੇ ਦੇ ਦਲਦਲ 'ਚ ਧੱਸਦਾ ਜਾ ਰਿਹਾ ਹੈ, ਪਰ ਇਸ 'ਤੇ ਰੋਕ ਲਾਉਣ ਲਈ ਪ੍ਰਭਾਵਸ਼ਾਲੀ ਕਦਮ ਵਿਖਾਈ ਨਹੀਂ ਦੇ ਰਹੇ ਹਨ। ਗੈਰ-ਕਾਨੂੰਨੀ ਦਵਾਈਆਂ ਤੋਂ ਲੈ ਕੇ ਸਿੰਥੈਟਿਕ ਡਰੱਗਜ਼ ਤੱਕ ਨਸ਼ੇ ਦਾ ਜਾਲ ਫੈਲ ਰਿਹਾ ਹੈ। ਇਸ ਦਾ ਸਭ ਤੋਂ ਬੁਰਾ ਅਸਰ ਯੂਥ ਪੀੜ੍ਹੀ 'ਤੇ ਪੈ ਰਿਹਾ ਹੈ,

ਜਿਸ ਨਾਲ ਉਨ੍ਹਾਂ ਦੇ ਭਵਿੱਖ ਨੂੰ ਲੈ ਕੇ ਗੰਭੀਰ ਚਿੰਤਾਵਾਂ ਪੈਦਾ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਸ਼ੇ ਦੀ ਸਮੱਸਿਆ ਕੇਵਲ ਕਾਨੂੰਨ-ਵਿਵਸਥਾ ਤੱਕ ਸੀਮਤ ਨਹੀਂ ਹੈ, ਸਗੋਂ ਇਹ ਪੰਜਾਬ ਦੇ ਸਮਾਜਿਕ ਅਤੇ ਆਰਥਿਕ ਭਵਿੱਖ ਨਾਲ ਵੀ ਜੁੜੀ ਹੋਈ ਹੈ। ਯੂਥ ਨੂੰ ਨਸ਼ੇ ਤੋਂ ਬਚਾਉਣ ਲਈ ਸਮੱਗਲਿੰਗ 'ਤੇ ਸਖ਼ਤੀ ਨਾਲ ਰੋਕ ਲਾਉਣ ਦੇ ਨਾਲ-ਨਾਲ ਨਸ਼ੇ ਦੀ ਗ੍ਰਿਫ਼ਤ 'ਚ ਆ ਚੁੱਕੇ ਲੋਕਾਂ ਦੇ ਇਲਾਜ ਅਤੇ ਮੁੜ-ਵਸੇਬੇ ਦੀ ਵਿਵਸਥਾ ਮਜ਼ਬੂਤ ਕਰਨਾ ਜ਼ਰੂਰੀ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹਾਈ ਪਾਵਰਡ ਵਰਕਸ ਪਰਚੇਜ਼ ਕਮੇਟੀ ਦੀ ਮੀਟਿੰਗ ਵਿੱਚ ਲਏ ਗਏ ਫੈਸਲੇ

ਕੌਮੀ ਪੱਤ੍ਰਿਕਾ

ਤੇਜਿੰਦਰ ਕੌਰ ਬੱਬਰ

ਚੰਡੀਗੜ੍ਹ, 24 ਅਕਤੂਬਰ: ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਚੰਡੀਗੜ੍ਹ ਵਿੱਚ ਹੋਈ ਹਾਈ ਪਾਵਰਡ ਵਰਕਸ ਪਰਚੇਜ਼ ਕਮੇਟੀ ਦੀ ਮੀਟਿੰਗ ਵਿੱਚ 219.91 ਕਰੋੜ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਨੂੰ ਮਨਜ਼ੂਰੀ ਦਿੱਤੀ ਗਈ। ਇਨ੍ਹਾਂ ਕਾਰਜਾਂ ਲਈ ਵੱਖ-ਵੱਖ ਏਜੰਸੀਆਂ ਵੱਲੋਂ 233.68 ਕਰੋੜ ਦੀ ਰਕਮ ਦੀਆਂ ਬੋਲੀਆਂ ਲਗਾਈਆਂ ਗਈਆਂ ਸਨ। ਗੱਲਬਾਤ ਰਾਹੀਂ ਸਰਕਾਰ ਨੇ 18.81 ਕਰੋੜ ਦੀ ਬੱਚਤ ਯਕੀਨੀ ਬਣਾਈ। ਮੀਟਿੰਗ ਵਿੱਚ ਸ਼ਹਿਰੀ ਸਥਾਨਕ ਸਰਕਾਰਾਂ ਬਾਰੇ ਮੰਤਰੀ ਸ੍ਰੀ ਵਿਪੁਲ ਗੋਇਲ ਵੀ ਮੌਜੂਦ ਰਹੇ। ਮੀਟਿੰਗ ਵਿੱਚ ਸ਼ਹਿਰੀ ਸਥਾਨਕ ਸਰਕਾਰਾਂ ਵਿਭਾਗ ਨਾਲ ਸਬੰਧਤ ਠੋਸ ਵੇਸਟ ਪ੍ਰਬੰਧਨ, ਸੜਕਾਂ ਦੇ ਨਿਰਮਾਣ ਅਤੇ ਮੁਰੰਮਤ, ਜਲ ਸਪਲਾਈ, ਸੀਵਰੇਜ, ਪਾਣੀ ਦੀ ਨਿਕਾਸੀ, ਸਟ?ਰੀਟ ਲਾਈਟਿੰਗ, ਗ੍ਰੀਨ ਬੈਲਟ, ਪਾਰਕਾਂ ਅਤੇ ਹੋਰ ਸ਼ਹਿਰੀ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਪ੍ਰਸਤਾਵਾਂ 'ਤੇ ਵਿਚਾਰ ਕੀਤਾ ਗਿਆ। ਮੀਟਿੰਗ ਵਿੱਚ ਕੁੱਲ 13 ਏਜੰਡੇ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚੋਂ 11 ਨੂੰ ਮਨਜ਼ੂਰੀ ਦਿੱਤੀ ਗਈ, ਜਦਕਿ ਦੋ ਪ੍ਰਸਤਾਵ ਮੁਲਤਵੀ ਰੱਖੇ ਗਏ। ਕਮੇਟੀ ਨੇ ਨਾਰਨੌਲ ਕਲੱਸਟਰ ਵਿੱਚ ਰੋਜ਼ਾਨਾ ਪੈਦਾ ਹੋਣ ਵਾਲੇ ਸ਼ਹਿਰੀ ਠੋਸ ਕੂੜੇ ਦੀ ਪ੍ਰੋਸੈਸਿੰਗ ਲਈ 18.70 ਕਰੋੜ ਦੇ ਪ੍ਰੋਜੈਕਟ ਨੂੰ ਮਨਜ਼ੂਰੀ ਦਿੱਤੀ। ਇਸ ਪ੍ਰੋਜੈਕਟ ਵਿੱਚ ਨਾਰਨੌਲ, ਮਹਿੰਦਰਗੜ੍ਹ, ਕਨੀਨਾ, ਨਾਂਗਲ ਚੌਧਰੀ ਅਤੇ ਅਟੇਲੀ ਮੰਡੀ ਨੂੰ ਸ਼ਾਮਲ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਗੁਰੂਗ੍ਰਾਮ ਵਿੱਚ ਠੋਸ ਕੂੜਾ ਪ੍ਰੋਸੈਸਿੰਗ ਪ੍ਰੋਜੈਕਟ ਨੂੰ 38.79 ਕਰੋੜ ਦੀ ਲਾਗਤ 'ਤੇ ਅਤੇ ਫਰੀਦਾਬਾਦ ਦੇ ਪ੍ਰਤਾਪਗੜ੍ਹ ਪਿੰਡ ਵਿੱਚ ਇਸੇ ਤਰ੍ਹਾਂ ਦੇ ਪ੍ਰੋਜੈਕਟ ਨੂੰ 17.14 ਕਰੋੜ ਦੀ ਲਾਗਤ 'ਤੇ ਮਨਜ਼ੂਰੀ ਦਿੱਤੀ ਗਈ। ਮੀਟਿੰਗ ਵਿੱਚ

ਹਿਸਾਰ ਸ਼ਹਿਰ ਵਿੱਚ ਦੁੱਧ ਦੀਆਂ ਡੇਅਰੀਆਂ ਨੂੰ ਨਿਰਧਾਰਤ ਥਾਂ 'ਤੇ ਤਬਦੀਲ ਕਰਨ ਨਾਲ ਸਬੰਧਤ ਪ੍ਰੋਜੈਕਟ ਨੂੰ ਵੀ ਮਨਜ਼ੂਰੀ ਦਿੱਤੀ ਗਈ। ਇਸ ਤੋਂ ਇਲਾਵਾ, ਗ੍ਰੀਨ ਬੈਲਟ ਅਤੇ ਪਾਰਕਾਂ ਦੇ ਅੱਪਗ੍ਰੇਡੇਸ਼ਨ, ਮੁਰੰਮਤ ਅਤੇ ਰੱਖ-ਰਖਾਅ ਦੇ ਕਾਰਜਾਂ ਨੂੰ ਮਨਜ਼ੂਰੀ ਦਿੱਤੀ ਗਈ। ਇਨ੍ਹਾਂ ਵਿੱਚ ਨਵੀਆਂ ਮਨਜ਼ੂਰ ਕੀਤੀਆਂ ਕਾਲੋਨੀਆਂ ਦੇ ਪਾਰਕਾਂ ਅਤੇ ਦਿਵਿਆਂਗਜਨਾਂ ਦੀਆਂ ਲੋੜਾਂ ਅਨੁਸਾਰ ਪਾਰਕਾਂ ਨਾਲ ਸਬੰਧਤ ਕਾਰਜ ਵੀ ਸ਼ਾਮਲ ਹਨ। ਮੀਟਿੰਗ ਵਿੱਚ ਨਗਰ ਨਿਗਮ ਪਾਣੀਪਤ ਦੇ ਵਾਰਡ ਨੰਬਰ 20 ਵਿੱਚ 17.94 ਕਰੋੜ ਦੀ ਲਾਗਤ ਨਾਲ ਬੈਂਕੁਇਟ ਹਾਲ ਦੇ ਨਿਰਮਾਣ ਨੂੰ ਮਨਜ਼ੂਰੀ ਦਿੱਤੀ ਗਈ। ਉੱਥੇ ਹੀ, ਪਲਵਲ ਵਿੱਚ ਆਗਰਾ ਚੌਕ ਤੋਂ ਸ਼ਰਧਾਨੰਦ ਪਾਰਕ ਦੇ ਆਖਰੀ ਸਿਰੇ ਤੱਕ ਸੜਕ ਦੇ ਦੋਵੇਂ ਪਾਸੇ ਮਾਡਲ ਰੋਡ ਦੇ ਨਿਰਮਾਣ ਲਈ ?9.28 ਕਰੋੜ ਦੀ ਰਕਮ ਮਨਜ਼ੂਰ ਕੀਤੀ ਗਈ। ਮੀਟਿੰਗ ਵਿੱਚ ਨਗਰ ਨਿਗਮ ਫਰੀਦਾਬਾਦ ਲਈ ਬੱਲਭਗੜ੍ਹ ਵਿੱਚ ਦਫ਼ਤਰੀ ਇਮਾਰਤ ਦੇ ਨਿਰਮਾਣ ਨੂੰ ਵੀ ਮਨਜ਼ੂਰੀ ਦਿੱਤੀ ਗਈ। ਫਰੀਦਾਬਾਦ ਦੇ ਵਾਰਡ ਨੰਬਰ 39 ਸਥਿਤ ਸੀਹੀ ਪਿੰਡ ਵਿੱਚ ਜਲ ਸਪਲਾਈ ਪ੍ਰਣਾਲੀ ਨੂੰ ਮਜ਼ਬੂਤ ਕਰਨ, ਸੀਵਰੇਜ, ਪਾਣੀ ਦੀ ਨਿਕਾਸੀ ਅਤੇ ਸਟ?ਰੀਟ ਲਾਈਟਿੰਗ ਨਾਲ ਸਬੰਧਤ ਕਾਰਜਾਂ ਲਈ 17.77 ਕਰੋੜ ਦੀ ਰਕਮ ਮਨਜ਼ੂਰ ਕੀਤੀ ਗਈ। ਇਸੇ ਤਰ੍ਹਾਂ, ਵਾਰਡ ਨੰਬਰ 35 ਦੇ ਭੁਡੈਨਾ ਪਿੰਡ ਵਿੱਚ ਇਨ੍ਹਾਂ ਸਹੂਲਤਾਂ ਦੇ ਵਿਕਾਸ ਲਈ 13.85 ਕਰੋੜ ਦੇ ਪ੍ਰੋਜੈਕਟ ਨੂੰ ਮਨਜ਼ੂਰੀ ਦਿੱਤੀ ਗਈ।

ਸਹੁਰਿਆਂ ਤੋਂ ਵਾਪਸ ਜਾ ਰਹੇ ਪਤੀ ਨੇ ਰਸਤੇ 'ਚ ਹੀ ਕਤਲ ਕੀਤੀ ਪਤਨੀ !

ਕੌਮੀ ਪਤ੍ਰਿਕਾ

ਮਹਿਤਪੁਰ 27 ਅਕਤੂਬਰ। ਜਲੰਧਰ ਦੇ ਮਹਿਤਪੁਰ ਤੋਂ ਦਿਲ-ਦਹਿਲਾ ਦੇਣ ਵਾਲੀ ਖ਼ਬਰ ਸਾਹਮਣੇ ਆਈ ਹੈ। ਇਥੇ ਇਕ ਪਤੀ ਨੇ ਆਪਣੀ ਹੀ ਪਤਨੀ ਨੂੰ ਸਹੁਰਿਆਂ ਤੋਂ ਵਾਪਸ ਲੈ ਕੇ ਜਾਂਦੇ ਸਮੇਂ ਰਸਤੇ 'ਚ ਹੀ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਕਤਲ ਕਰਕੇ ਉਸ ਦੀ ਮ੍ਰਿਤਕ ਦੇਹ ਨੂੰ ਸੁੰਨਸਾਨ ਖੇਤਾਂ 'ਚ ਸੁੱਟ ਦਿੱਤਾ। ਕਈ ਦਿਨਾਂ ਤੱਕ ਲਾਵਾਰਿਸ ਪਏ ਰਹਿਣ ਕਰਕੇ ਮ੍ਰਿਤਕਾ ਦੀ ਦੇਹ ਨੂੰ ਅਵਾਰਾ ਕੁੱਤਿਆਂ ਨੇ ਬੁਰੀ ਤਰ੍ਹਾਂ ਨੋਚ-ਨੋਚ ਕੇ ਖਾ ਲਿਆ। ਜਦੋਂ ਪਰਿਵਾਰ ਵਾਲਿਆਂ ਨੂੰ ਮੌਕੇ ਤੋਂ ਕੰਕਾਲ ਅਤੇ ਸਾਮਾਨ ਮਿਲਿਆ ਤਾਂ ਪੂਰੇ ਇਲਾਕੇ 'ਚ ਦਹਿਸ਼ਤ ਫੈਲ ਗਈ। ਪਰਿਵਾਰ ਦੀ ਸ਼ਿਕਾਇਤ 'ਤੇ ਪੁਲਸ ਨੇ ਦੋਸ਼ੀ ਪਤੀ ਮੁਨੀ ਲਾਲਾ (ਵਾਸੀ ਚੰਡੀਗੜ੍ਹ) ਖ਼ਿਲਾਫ਼ ਕਤਲ ਦਾ ਕੇਸ ਦਰਜ ਕਰ ਲਿਆ ਹੈ। ਪੁਲਸ ਦੀਆਂ ਟੀਮਾਂ ਵੱਲੋਂ ਦੋਸ਼ੀ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਮਿਲੀ ਜਾਣਕਾਰੀ ਮੁਤਾਬਕ ਮਹਿਤਪੁਰ ਥਾਣੇ ਅਧੀਨ ਪੈਂਦੇ ਪਿੰਡ ਸੰਗੋਵਾਲ (ਟਿੱਬਾ) 'ਚ ਇਕ ਔਰਤ ਸੋਨੀ ਦੇਵੀ ਪੁੱਤਰੀ ਪੰਨਾ ਲਾਲ ਦੇ ਕਤਲ ਦੇ ਮਾਮਲੇ 'ਚ ਮਹਿਤਪੁਰ ਪੁਲਸ ਵੱਲੋਂ ਐੱਫ. ਆਈ. ਆਰ. ਨੰਬਰ 0181 ਮਿਤੀ 28/8/ 2026 ਧਾਰਾ 103 ਬੀ. ਐੱਨ. ਐੱਸ. ਪਰਚਾ ਸੋਨੀ ਦੇ ਪਤੀ ਮੁਨੀ ਉਰਫ ਜੀ ਲਾਲ ਵਿਰੁੱਧ ਆਪਣੀ ਹੀ ਪਤਨੀ ਦਾ ਕਤਲ ਕਰਨ ਦਾ ਦਰਜ ਕਰ ਲਿਆ। ਇਹ ਪਰਚਾ ਮ੍ਰਿਤਕ ਸੋਨੀਆ ਦੀ ਮਾਤਾ ਸੁਹੰਤਾ ਦੇਵੀ ਪਤਨੀ ਪੰਨਾ ਲਾਲ ਅਤੇ ਮਾਸੀ ਕਿਰਨ ਪਤਨੀ ਮੁਰਾਰੀ ਲਾਲ ਦੇ ਬਿਆਨਾਂ 'ਤੇ ਦਰਜ ਕੀਤਾ ਗਿਆ। ਉਨ੍ਹਾਂ ਨੇ ਆਪਣੇ ਬਿਆਨ ਵਿਚ ਕਿਹਾ ਕਿ ਉਨ੍ਹਾਂ ਦੀ ਬੇਟੀ ਸੋਨੀ ਦਾ ਪਹਿਲਾ ਪਤੀ ਕੁਝ ਸਾਲ ਪਹਿਲਾਂ ਮਰ ਚੁੱਕਾ ਹੈ। ਇਸ ਤੋਂ ਉਸ ਦੇ ਦੋ ਲੜਕੇ ਅਤੇ ਇਕ ਲੜਕੀ 3 ਬੱਚੇ ਹਨ, ਇਨ੍ਹਾਂ 'ਚੋਂ ਇਕ ਬੱਚਾ ਦਿਵਿਆਂਗ ਹੈ। ਸੋਨੀ ਦੇ ਪਿੰਡ ਸੰਗੋਵਾਲ ਦਾ ਜੀਲਾਲ ਉਰਫ਼ ਮੁਨੀ ਉਸ ਨੂੰ ਨੌਕਰੀ ਦਿਵਾਉਣ ਦਾ ਝਾਂਸਾ ਦੇ ਕੇ ਚੰਡੀਗੜ੍ਹ ਲੈ ਗਿਆ ਤਾਂ ਕਿ ਉਹ ਕੰਮ ਕਰਕੇ ਆਪਣੇ ਬੱਚਿਆਂ ਦਾ ਪਾਲਣ-ਪੋਸ਼ਣ ਕਰ ਸਕੇ, ਉਹ ਪਹਿਲਾਂ ਵੀ ਵਿਆਹੁਤਾ ਸੀ ਅਤੇ ਉਸਨੇ ਆਪਣੀ ਦੂਜੀ ਪਤਨੀ ਵਜੋਂ ਸੋਨੀ ਨੂੰ ਰੱਖ ਲਿਆ। ਉਹ ਵੀ ਚੰਡੀਗੜ੍ਹ ਵਿਚ ਕੰਮ ਕਰਨ ਲੱਗ ਗਈ। ਸੋਨੀ ਦੀ ਮਾਂ ਦੇ ਦੱਸਣ ਮੁਤਾਬਕ ਉਨ੍ਹਾਂ 'ਚ ਅਕਸਰ ਝਗੜਾ ਰਹਿੰਦਾ ਸੀ। ਜੀਲਾਲ ਉਸ ਦੀ ਕਮਾਈ ਉੱਪਰ ਵੀ ਆਪਣਾ ਹੱਕ ਜਤਾਉਂਦਾ ਸੀ। ਜਿਸ ਦੇ ਚਲਦਿਆਂ ਉਨ੍ਹਾਂ 'ਚ ਝਗੜਾ ਰਹਿੰਦਾ ਸੀ, ਉਹ ਅਕਸਰ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦਾ ਸੀ। ਇਸ ਤੋਂ ਤੰਗ ਆ ਕੇ ਸੋਨੀ ਪਿੰਡ ਸੰਗੋਵਲ ਆਪਣੇ ਮਾਂ-ਬਾਪ ਦੇ ਘਰ ਆ ਗਈ ਅਤੇ ਇਥੇ ਕੁਝ ਸਮੇਂ ਤੋਂ ਰਹਿ ਰਹੀ ਸੀ। ਕੁਝ ਦਿਨ ਪਹਿਲਾਂ ਹੀ ਜੀਲਾਲ ਉਰਫ਼ ਮੁਨੀ ਸੰਗੋਵਾਲ ਪਿੰਡ 'ਚ ਆਇਆ ਅਤੇ ਸੋਨੀ ਨੂੰ ਜ਼ਬਰਦਸਤੀ ਲੈ ਕੇ ਜਾਣ ਲਈ ਦਬਾਅ ਪਾਉਣ ਲੱਗਾ। ਸੋਨੀ ਨੇ ਉਸ ਦੇ ਨਾਲ ਚੰਡੀਗੜ੍ਹ ਜਾਣ ਤੋਂ ਇਨਕਾਰ ਕਰ ਦਿੱਤਾ। ਮੁਨੀ ਉਰਫ਼ ਜੀਲਾਲ ਮੌਕਾ ਤਾੜ ਕੇ ਰਾਤ ਨੂੰ ਜਦ ਉਸ ਦੇ ਪਰਿਵਾਰ ਦੇ ਮੈਂਬਰ ਘਰ ਨਹੀਂ ਸਨ ਤਾਂ ਉਸ ਨੂੰ ਲੈ ਗਿਆ ਅਤੇ ਆਪਣਾ ਫੋਨ ਬੰਦ ਕਰ ਦਿੱਤਾ। ਉਸ ਦਿਨ ਤੋਂ ਹੀ ਉਸ ਦੇ ਪਰਿਵਾਰ ਦਾ ਸੋਨੀ ਨਾਲ ਕੋਈ ਰਾਬਤਾ ਨਹੀਂ ਹੋ ਰਿਹਾ ਸੀ। ਉਸ ਦੇ ਪਰਿਵਾਰ ਨੂੰ ਉਸ ਸਮੇਂ ਸੋਨੀ ਦੇ ਕਤਲ ਦਾ ਪਤਾ ਲੱਗਾ ਜਦੋਂ ਖੇਡਣ ਗਏ ਬੱਚਿਆਂ ਨੇ ਦੱਸਿਆ ਕਿ ਖੇਤਾਂ 'ਚ ਕੁੱਤੇ ਇਕ ਲਾਸ਼ ਨੂੰ ਖਾ ਰਹੇ ਹਨ। ਸੋਨੀ ਦੇ ਪਰਿਵਾਰ ਨੇ ਜਾ ਕੇ ਵੇਖਿਆ ਤਾਂ ਉਨ੍ਹਾਂ ਨੇ ਉਸ ਦੇ ਕੱਪੜਿਆਂ ਤੋਂ ਪਛਾਣ ਲਿਆ ਕਿ ਇਹ ਉਨ੍ਹਾਂ ਦੀ ਬੇਟੀ ਸੋਨੀ ਦੀ ਹੀ ਲਾਸ਼ ਹੈ ਪਰ ਤਦ ਤੱਕ ਕੁੱਤੇ ਨੋਚ-ਨੋਚ ਕੇ ਲਾਸ਼ ਨੂੰ ਪੂਰੀ ਤਰ੍ਹਾਂ ਖਾ ਚੁੱਕੇ ਸਨ। ਮੌਕੇ 'ਤੇ ਪਹੁੰਚੇ ਪੁਲਸ ਅਧਿਕਾਰੀ ਜਨਕ ਰਾਜ ਅਤੇ ਉਸ ਦੀ ਟੀਮ ਨੇ ਪੁਲਸ ਕਾਰਵਾਈ ਕਰਦਿਆਂ ਮੌਜੂਦ ਵਸਤੂਆਂ ਨੂੰ ਆਪਣੇ ਕਬਜ਼ੇ ਵਿਚ ਲੈ ਲਿਆ ਅਤੇ ਪਰਿਵਾਰ ਦੇ ਮੈਂਬਰਾਂ ਦੇ ਬਿਆਨ ਕਲਮਬੰਦ ਕਰਕੇ ਪਰਚਾ ਦਰਜ ਕਰ ਦਿੱਤਾ। ਮੌਕੇ 'ਤੇ ਪਹੁੰਚੇ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਮ੍ਰਿਤਕ ਦੇ ਪਰਿਵਾਰ ਨਾਲ ਹਮਦਰਦੀ ਜ਼ਾਹਰ ਕਰਦਿਆਂ ਪੁਲਸ ਤੋਂ ਮੰਗ ਕੀਤੀ ਕਿ ਦੋਸ਼ੀ ਵਿਰੁੱਧ ਸਖ਼ਤ ਤੋਂ ਸਖਤ ਕਾਰਵਾਈ ਕੀਤੀ ਜਾਵੇ।

ਚੋਰਾਂ ਦਾ ਕਹਿਰ: ਦੋ ਕਾਰਾਂ ਦੇ ਸ਼ੀਸ਼ੇ ਤੋੜ ਲੈਪਟਾਪ ਤੇ ਨਕਦੀ ਨਾਲ ਭਰਿਆ ਪਰਸ ਕੀਤਾ ਚੋਰੀ

ਕੌਮੀ ਪਤ੍ਰਿਕਾ

ਲੁਧਿਆਣਾ 27 ਅਕਤੂਬਰ। ਪੌਸ਼ ਇਲਾਕੇ ਸਿਵਲ ਲਾਈਨਜ਼ 'ਚ ਚੋਰਾਂ ਵੱਲੋਂ ਵੱਡੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਪੈਦਲ ਘੁੰਮ ਰਹੇ ਇੱਕ ਸ਼ਾਤਰ ਚੋਰ ਨੇ ਸੁੰਨਸਾਨ ਸੜਕ 'ਤੇ ਖੜ੍ਹੀਆਂ ਦੋ ਲਗਜ਼ਰੀ ਕਾਰਾਂ ਦੇ ਸ਼ੀਸ਼ੇ ਤੋੜ ਕੇ ਅੰਦਰ ਪਿਆ ਕੀਮਤੀ ਸਾਮਾਨ ਚੋਰੀ ਕਰ ਲਿਆ। ਚੋਰ ਇੱਕ ਕਾਰ 'ਚੋਂ ਲੈਪਟਾਪ ਅਤੇ ਦੂਜੀ ਕਾਰ 'ਚੋਂ ਨਕਦੀ ਨਾਲ ਭਰਿਆ ਪਰਸ ਚੋਰੀ ਕਰਕੇ ਆਰਾਮ ਨਾਲ ਫਰਾਰ ਹੋ ਗਿਆ। ਇਹ ਪੂਰੀ ਵਾਰਦਾਤ ਨੇੜੇ ਲੱਗੇ ਸੀਸੀਟੀਵੀ ਕੈਮਰੇ 'ਚ ਕੈਦ ਹੋ ਗਈ ਹੈ। ਹੈਰਾਨੀ ਵਾਲੀ ਗੱਲ ਇਹ ਹੈ ਕਿ ਜਦੋਂ ਪੀੜਤ ਆਪਣੀ ਸ਼ਿਕਾਇਤ ਲੈ ਕੇ ਥਾਣਾ ਡਿਵੀਜ਼ਨ ਨੰਬਰ 8 ਪਹੁੰਚੇ ਤਾਂ ਰਾਤ ਸਮੇਂ ਥਾਣੇ ਦਾ ਮੁੱਖ ਗੇਟ ਹੀ ਬੰਦ ਮਿਲਿਆ ਅਤੇ ਕਿਸੇ ਨੇ ਦਰਵਾਜ਼ਾ ਨਹੀਂ ਖੋਲ੍ਹਿਆ, ਜਿਸ ਕਾਰਨ ਲੋਕਾਂ 'ਚ ਪੁਲਸ ਖਿਲਾਫ ਭਾਰੀ ਰੋਸ ਦੇਖਣ ਨੂੰ ਮਿਲ ਰਿਹਾ ਹੈ। ਮਿਲੀ ਜਾਣਕਾਰੀ ਅਨੁਸਾਰ ਸਿਵਲ ਲਾਈਨਜ਼ ਇਲਾਕੇ 'ਚ ਰਾਤ ਵੇਲੇ ਇੱਕ ਨੌਜਵਾਨ ਪੈਦਲ ਘੁੰਮ ਰਿਹਾ ਸੀ ਅਤੇ ਸੁੰਨਸਾਨ ਥਾਂ 'ਤੇ ਖੜ੍ਹੀਆਂ ਗੱਡੀਆਂ ਦੀ ਰੇਕੀ ਕਰ ਰਿਹਾ ਸੀ। ਚੋਰ ਨੇ ਪਹਿਲਾਂ ਇੱਕ ਕਾਰ ਦਾ ਸਾਈਡ ਸ਼ੀਸ਼ਾ ਤੋੜਿਆ ਅਤੇ ਅੰਦਰ ਪਿਆ ਕੀਮਤੀ ਲੈਪਟਾਪ ਚੋਰੀ ਕਰ ਲਿਆ। ਇਸ ਤੋਂ ਬਾਅਦ ਉਸਨੇ ਦੂਜੀ ਕਾਰ ਨੂੰ ਨਿਸ਼ਾਨਾ ਬਣਾਇਆ, ਉਸਦਾ ਵੀ ਸ਼ੀਸ਼ਾ ਤੋੜ ਕੇ ਅੰਦਰੋਂ ਨਕਦੀ ਨਾਲ ਭਰਿਆ ਪਰਸ ਜਿਸ 'ਚ ਜ਼ਰੂਰੀ ਦਸਤਾਵੇਜ਼ ਅਤੇ ਨਕਦੀ ਸੀ, ਚੋਰੀ ਕਰ ਲਿਆ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੁਲਜ਼ਮ ਬੇਖੌਫ਼ ਅੰਦਾਜ਼ 'ਚ ਪੈਦਲ ਹੀ ਮੌਕੇ ਤੋਂ ਫਰਾਰ ਹੋ ਗਿਆ। ਇਹ ਪੂਰੀ ਘਟਨਾ ਨੇੜੇ ਲੱਗੇ ਸੀਸੀਟੀਵੀ ਕੈਮਰੇ 'ਚ ਰਿਕਾਰਡ ਹੋ ਗਈ ਹੈ। ਸਵੇਰੇ ਜਦੋਂ ਗੱਡੀ ਮਾਲਕਾਂ ਨੂੰ ਗੱਡੀਆਂ ਦੇ ਸ਼ੀਸ਼ੇ ਟੁੱਟੇ ਮਿਲੇ ਤਾਂ ਉਨ੍ਹਾਂ ਦੇ ਹੋਸ਼ ਉੱਡ ਗਏ। ਘਟਨਾ ਤੋਂ ਤੁਰੰਤ ਬਾਅਦ ਜਦੋਂ ਪੀੜਤ ਸ਼ਿਕਾਇਤ ਦਰਜ ਕਰਵਾਉਣ ਲਈ ਥਾਣਾ ਡਿਵੀਜ਼ਨ ਨੰਬਰ 8 ਪਹੁੰਚੇ ਤਾਂ ਉੱਥੋਂ ਦਾ ਹਾਲ ਦੇਖ ਕੇ ਉਨ੍ਹਾਂ ਦਾ ਗੁੱਸਾ ਸੱਤਵੇਂ ਅਸਮਾਨ 'ਤੇ ਪਹੁੰਚ ਗਿਆ। ਪੀੜਤਾਂ ਦਾ ਦੋਸ਼ ਹੈ ਕਿ ਰਾਤ ਸਮੇਂ ਜਦੋਂ ਉਹ ਥਾਣੇ ਪਹੁੰਚੇ ਤਾਂ ਥਾਣੇ ਦਾ ਮੁੱਖ ਗੇਟ ਅੰਦਰੋਂ ਬੰਦ ਸੀ। ਉਨ੍ਹਾਂ ਕਾਫੀ ਦੇਰ ਤੱਕ ਗੇਟ ਖੜਕਾਇਆ ਅਤੇ ਅਵਾਜ਼ਾਂ ਮਾਰੀਆਂ, ਪਰ ਅੰਦਰੋਂ ਕਿਸੇ ਨੇ ਵੀ ਗੇਟ ਨਹੀਂ ਖੋਲ੍ਹਿਆ।

ਸਰਹੱਦ ਪਾਰੋਂ ਭੇਜੀ ਕਰੋੜਾਂ ਦੀ ਹੈਰੋਇਨ ਫੜੀ, ਇਕ ਤਸਕਰ ਗ੍ਰਿਫ਼ਤਾਰ

ਫਿਰੋਜ਼ਪੁਰ 27 ਅਕਤੂਬਰ। ਫਿਰੋਜ਼ਪੁਰ 'ਚ ਨਸ਼ਾ ਤਸਕਰੀ ਖ਼ਿਲਾਫ਼ ਪੁਲਸ ਦੀ ਮੁਹਿੰਮ ਲਗਾਤਾਰ ਜਾਰੀ ਹੈ। ਅੱਜ ਪੁਲਸ ਅਤੇ ਬੀ. ਐੱਸ. ਐੱਫ਼. ਵੱਲੋਂ ਸਾਂਝੇ ਤੌਰ 'ਤੇ ਚਲਾਏ ਗਏ ਸਰਚ ਆਪਰੇਸ਼ਨ ਦੌਰਾਨ 2 ਕਿਲੋ ਤੋਂ ਵਧ ਹੈਰੋਇਨ ਬਰਾਮਦ ਕੀਤੀ ਗਈ ਹੈ। ਅਧਿਕਾਰੀਆਂ ਮੁਤਾਬਕ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਸਰਹੱਦ ਪਾਰੋਂ ਹੈਰੋਇਨ ਦੀ ਇਕ ਖੇਪ ਭਾਰਤੀ ਇਲਾਕੇ 'ਚ ਪਹੁੰਚੀ ਹੈ। ਸੂਚਨਾ ਦੇ ਆਧਾਰ 'ਤੇ ਪੁਲਸ ਅਤੇ ਬੀ. ਐੱਸ. ਐੱਫ਼. ਵੱਲੋਂ ਜੁਆਇੰਟ ਆਪਰੇਸ਼ਨ ਚਲਾਇਆ ਗਿਆ। ਸਰਚ ਆਪਰੇਸ਼ਨ ਦੌਰਾਨ ਇਲਾਕੇ 'ਚੋਂ 2 ਕਿਲੋ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਗਈ।

ਬੈਂਕ 'ਚ ਪੈਸੇ ਜਮ੍ਹਾਂ ਕਰਵਾਉਣ ਆਏ ਵਿਅਕਤੀ ਦੀ ਜੇਬ 'ਚੋਂ 50 ਹਜ਼ਾਰ ਚੋਰੀ

ਟਾਂਡਾ ਉੜਮੁੜ 27 ਅਕਤੂਬਰ। ਪੰਜਾਬ ਨੈਸ਼ਨਲ ਬੈਂਕ ਦੀ ਅੱਡਾ ਸਰਾਂ ਸ਼ਾਖਾ 'ਚ ਰਕਮ ਜਮ੍ਹਾਂ ਕਰਵਾਉਣ ਪਹੁੰਚੇ ਵਿਅਕਤੀ ਦੀ ਜੇਬ 'ਚੋਂ ਨਾਟਕੀ ਢੰਗ ਨਾਲ 2 ਨੌਜਵਾਨਾਂ ਨੇ 50 ਹਜ਼ਾਰ ਰੁਪਏ ਕੱਢ ਲਏ। ਇਹ ਸਾਰੀ ਵਾਰਦਾਤ ਬੈਂਕ 'ਚ ਲੱਗੇ ਸੀ. ਸੀ. ਟੀ.ਵੀ . ਕੈਮਰਿਆਂ 'ਚ ਕੈਦ ਹੋ ਗਈ। ਚੋਰੀ ਦੀ ਇਸ ਵਾਰਦਾਤ ਦੀ ਸੂਚਨਾ ਮਿਲਣ ਤੋਂ ਪੁਲਸ ਨੇ ਮੌਕੇ 'ਤੇ ਪਹੁੰਚ ਕਿ ਸੀ. ਸੀ. ਟੀ. ਵੀ . ਫੁਟੇਜ ਦੇ ਆਧਾਰ 'ਤੇ ਮੁਲਜ਼ਮ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਮਿਲੀ ਜਾਣਕਾਰੀ ਮੁਤਾਬਕ ਪਿੰਡ ਧੂਤ ਖੁਰਦ ਵਾਸੀ ਨਿਰਮਲ ਸਿੰਘ ਪੁੱਤਰ ਮਹਿੰਦਰ ਸਿੰਘ ਸੋਮਵਾਰ ਦੁਪਹਿਰ ਆਪਣੇ ਬੈਂਕ ਖ਼ਾਤੇ 'ਚ ਇਕ ਲੱਖ ਰੁਪਏ ਜਮ੍ਹਾਂ ਕਰਵਾਉਣ ਪਹੁੰਚਿਆ ਸੀ। ਮੌਕੇ ਤੇ ਬੈਂਕ ਅਧਿਕਾਰੀਆਂ ਨੇ ਉਸ ਨੂੰ ਦੱਸਿਆ ਕਿ ਖ਼ਾਤੇ 'ਚ ਇਕ ਵੇਲੇ ਸਿਰਫ਼ 50 ਹਜ਼ਾਰ ਰੁਪਏ ਹੀ ਨਗਦ ਜਮ੍ਹਾਂ ਹੋ ਸਕਦੇ ਹਨ। ਇਸ ਤੋਂ ਬਾਅਦ ਨਿਰਮਲ ਸਿੰਘ ਨੇ 50 ਹਜ਼ਾਰ ਰੁਪਏ ਜਮ੍ਹਾਂ ਕਰਵਾਉਣ ਲਈ ਫਾਰਮ ਭਰ ਦਿੱਤਾ ਅਤੇ ਬਾਕੀ ਰਕਮ ਜਮ੍ਹਾਂ ਕਰਵਾਉਣ ਲਈ ਦੂਜਾ ਫਾਰਮ ਭਰਨ ਲੱਗ ਪਿਆ। ਇਸੇ ਦੌਰਾਨ ਬੈਂਕ 'ਚ ਪਹਿਲਾਂ ਤੋਂ ਮੌਜੂਦ ਇਕ ਨੌਜਵਾਨ ਨੇ ਕਥਿਤ ਤੌਰ 'ਤੇ ਮੌਕਾ ਪਾ ਕੇ ਨਿਰਮਲ ਸਿੰਘ ਦੀ ਜੇਬ 'ਚੋਂ 50 ਹਜ਼ਾਰ ਰੁਪਏ ਕੱਢ ਲਏ ਅਤੇ ਉੱਥੋਂ ਫਰਾਰ ਹੋ ਗਿਆ। ਕਰੀਬ ਪੰਜ ਮਿੰਟ ਬਾਅਦ ਨਿਰਮਲ ਸਿੰਘ ਨੂੰ ਜੇਬ 'ਚੋਂ ਪੈਸੇ ਗਾਇਬ ਹੋਣ ਦਾ ਪਤਾ ਲੱਗਾ। ਉਸ ਨੇ ਤੁਰੰਤ ਬੈਂਕ ਅਧਿਕਾਰੀ ਨੂੰ ਇਸ ਦੀ ਜਾਣਕਾਰੀ ਦਿੱਤੀ। ਬੈਂਕ 'ਚ ਲੱਗੇ ਸੀ. ਸੀ. ਟੀ.ਵੀ. ਕੈਮਰੇ ਚੈੱਕ ਕਰਨ 'ਤੇ ਵੇਖਿਆ ਕਿ ਨੌਜਵਾਨ ਰਕਮ ਕੱਢ ਕੇ ਫਰਾਰ ਹੁੰਦਾ ਦਿਖਾਈ ਦਿੱਤਾ। ਘਟਨਾ ਦੀ ਸੂਚਨਾ ਮਿਲਦੇ ਹੀ ਬੈਂਕ ਮੈਨੇਜਰ ਨੇ ਪੁਲਸ ਚੌਕੀ ਨੂੰ ਸੂਚਿਤ ਕੀਤਾ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਸੀ. ਸੀ. ਟੀ. ਵੀ. ਫੁਟੇਜ ਕਬਜ਼ੇ 'ਚ ਲੈ ਕੇ ਮੁਲਜ਼ਮ ਦੀ ਪਛਾਣ ਅਤੇ ਭਾਲ ਸ਼ੁਰੂ ਕਰ ਦਿੱਤੀ ਹੈ। ਬੈਂਕ ਮੈਨੇਜਰ ਨੇ ਦੱਸਿਆ ਕਿ ਫਿਲਹਾਲ ਸ਼ਾਖਾ 'ਚ ਕੋਈ ਬੈਂਕ ਗਾਰਡ ਉਪਲੱਬਧ ਨਹੀਂ ਹੈ।

ਟੂਣੇ ਨੂੰ ਲੈ ਕੇ ਹੋ ਗਿਆ ਕਤਲ, ਵਾਰਦਾਤ ਨਾਲ ਕੰਬ ਗਿਆ ਪੂਰਾ ਇਲਾਕਾ

ਕੌਮੀ ਪਤ੍ਰਿਕਾ

ਫਾਜ਼ਿਲਕਾ 27 ਅਕਤੂਬਰ। ਫਾਜ਼ਿਲਕਾ ਵਿਚ ਟੂਣੇ ਨੂੰ ਲੈ ਕੇ ਹੋਏ ਵਿਵਾਦ ਦੌਰਾਨ ਇਕ ਵਿਅਕਤੀ ਦਾ ਕਤਲ ਕਰ ਦਿੱਤਾ ਗਿਆ। ਦੋਸ਼ ਹੈ ਕਿ ਜ਼ਿਲ੍ਹੇ ਦੇ ਪਿੰਡ ਬੰਨਾਵਾਲਾ ਵਿਚ ਇਕ ਮਹਿਲਾ ਵੱਲੋਂ ਗੁਆਂਢੀਆ ਦੇ ਘਰ ਬਾਹਰ ਟੂਨਾ ਕਰ ਦਿੱਤਾ ਗਿਆ, ਇਸ ਨੂੰ ਲੈ ਕੇ ਔਰਤਾਂ ਵਿਚਾਲੇ ਵਿਵਾਦ ਹੋ ਗਿਆ ਅਤੇ ਮਾਮਲਾ ਹੱਥੋਪਾਈ ਤਕ ਪਹੁੰਚ ਗਿਆ। ਇਹ ਮਾਮਲੇ ਜਦੋਂ ਸ਼ਾਂਤ ਹੋਇਆ ਤਾਂ ਕੁਝ ਦਿਨ ਬਾਅਦ ਫਿਰ ਬੀਤੇ ਦਿਨੀਂ ਦੋਵਾਂ ਧਿਰਾਂ ਵਿਚਾਲੇ ਝਗੜਾ ਹੋਇਆ। ਇਸ ਮਾਮਲੇ ਵਿਚ ਇਕ ਵਿਅਕਤੀ ਦਾ ਤੇਜ਼ਧਾਰ ਹਥਿਆਰਾਂ ਨਾਲ ਵਾਰ ਕਰਕੇ ਕਤਲ ਕਰਨ ਦੇ ਦੋਸ਼ ਲੱਗੇ ਹਨ ਜਦਕਿ ਮ੍ਰਿਤਕ ਦੇ ਲੜਕੇ ਸਮੇਤ ਦੋ ਹੋਰ ਲੋਕ ਜ਼ਖਮੀ ਹਨ। ਫਿਲਹਾਲ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਸ ਦੇ ਚਚੇਰੇ ਭਰਾ ਦੇ ਘਰ ਲੜਕਾ ਹੋਇਆ ਸੀ ਜਦਕਿ ਗੁਆਂਢ ਵਿਚ ਰਹਿਣ ਵਾਲੀ ਮਹਿਲਾ ਨੇ ਉਨ੍ਹਾਂ ਦੇ ਘਰ ਬਾਹਰ ਟੂਣਾ ਕਰ ਦਿੱਤਾ। ਮਹਿਲਾ ਨੇ ਕੁਝ ਸਮਾਨ ਉਨ੍ਹਾਂ ਦੇ ਘਰ ਬਾਹਰ ਰੱਖਿਆ। ਟੂਨਾ ਕਰਨ ਮਗਰੋਂ ਉਕਤ ਲੋਕ ਉਨ੍ਹਾਂ ਦੇ ਘਰ ਵਿਚ ਦਾਖਲ ਹੋਏ, ਇਸ ਦਾ ਪਤਾ ਉਨ੍ਹਾਂ ਨੂੰ ਸੀ. ਸੀ. ਟੀ. ਵੀ. ਫੁਟੇਜ ਤੋਂ ਲੱਗਾ, ਜਿਸ ਕਾਰਣ ਮੁੜ ਦੋਵਾਂ ਧਿਰਾਂ ਵਿਚਾਲੇ ਝਗੜਾ ਹੋ ਗਿਆ। ਇਸ ਦੌਰਾਨ ਉਸ ਦੀ ਮਾਸੀ ਅਤੇ ਉਕਤ ਮਹਿਲਾ ਵਿਚਾਲੇ ਹੱਥੋਪਾਈ ਹੋ ਗਈ। ਹਾਲਾਂਕਿ ਇਹ ਮਾਮਲਾ ਸ਼ਾਂਤ ਹੋ ਗਿਆ ਸੀ ਪਰ ਬੀਤੀ ਰਾਤ ਇਸੇ ਮਾਮਲੇ ਨੂੰ ਲੈ ਕੇ ਉਕਤ ਲੋਕਾਂ ਨੇ ਉਨ੍ਹਾਂ ਨਾਲ ਝਗੜਾ ਸ਼ੁਰੂ ਕਰ ਦਿੱਤਾ। ਦੋਸ਼ ਹੈ ਕਿ ਉਕਤ ਲੋਕਾਂ ਨੇ ਤਲਵਾਰ ਅਤੇ ਕਿਰਚ ਵਰਗੇ ਹਥਿਆਰਾਂ ਨਾਲ ਹਮਲਾ ਕੀਤਾ। ਜਿਸ ਵਿਚ ਉਸ ਦੇ ਪਿਤਾ ਗੁਰਦੇਵ ਸਿੰਘ ਵਿਚ ਬਚਾਅ ਕਰਨ ਆਏ ਪਰ ਉਕਤ ਲੋਕਾਂ ਨੇ ਉਨ੍ਹਾਂ 'ਤੇ ਵੀ ਹਮਲਾ ਕਰ ਦਿੱਤਾ, ਜਿਸ ਕਾਰਣ ਉਹ ਬੁਰੀ ਤਰ੍ਹਾਂ ਜ਼ਖਮੀ ਹੋ ਗਏ। ਜਿਨ੍ਹਾਂ ਨੂੰ ਤੁਰੰਤ ਫਾਜ਼ਿਲਕਾ ਦੇ ਹਸਪਤਾਲ ਦਾਖਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤ ਐਲਾਨ ਦਿੱਤਾ। ਗੁਰਪ੍ਰੀਤ ਦਾ ਕਹਿਣਾ ਹੈ ਕਿ ਜਦੋਂ ਤੱਕ ਉਸ ਦੇ ਪਿਤਾ ਦੇ ਕਾਤਲਾਂ ਨੂੰ ਫੜਿਆ ਨਹੀਂ ਜਾਂਦਾ, ਉਦੋਂ ਤਕ ਉਹ ਪਿਤਾ ਦਾ ਸਸਕਾਰ ਨਹੀਂ ਕਰਨਗੇ। ਦੂਜੇ ਪਾਸੇ ਮੌਕੇ 'ਤੇ ਪਹੁੰਚੇ ਅਰਨੀਵਲਾ ਦੇ ਐੱਸ. ਐੱਚ. ਓ. ਕੁਲਦੀਪ ਕੁਮਾਰ ਦਾ ਕਹਿਣਾ ਹੈ ਕਿ ਉਹ ਮੌਕੇ 'ਤੇ ਪਹੁੰਚੇ ਅਤੇ ਮਾਮਲੇ ਦੀ ਜਾਂਚ ਵਿਚ ਜੁਟ ਗਏ ਹਨ। ਜ਼ਖਮੀ ਲੋਕਾਂ ਦੇ ਬਿਆਨ ਦਰਜ ਕਰਕੇ ਮਾਮਲੇ ਦੀ ਬਣਦੀ ਕਾਰਵਾਈ ਕੀਤੀ ਜਾਵੇਗੀ। ਫਿਲਹਾਲ ਮਾਮਲੇ ਦੀ ਜਾਂਚ ਜਾਰੀ ਹੈ।

ਗੁਰਦਾਸਪੁਰ 'ਚ ਰੇਲਵੇ ਗੇਟਮੈਨ 'ਤੇ ਹਮਲਾ: ਡਿਊਟੀ ਵੇਲੇ ਲੋਹੇ ਦੀ ਰਾਡ ਨਾਲ ਕੀਤਾ ਜ਼ਖਮੀ, ਭੈਣ-ਭਰਾ ਖ਼ਿਲਾਫ਼ ਕੇਸ ਦਰਜ

ਗੁਰਦਾਸਪੁਰ 27 ਅਕਤੂਬਰ। ਸੋਹਲ ਰੇਲਵੇ ਸਟੇਸ਼ਨ ਦੇ ਕੋਲ ਰੇਲਵੇ ਫਾਟਕ ਨੰਬਰ ਸੀ-44 'ਤੇ ਡਿਊਟੀ ਕਰ ਰਹੇ ਰੇਲਵੇ ਗੇਟਮੈਨ 'ਤੇ ਲੋਹੇ ਦੀ ਰਾਡ ਨਾਲ ਹਮਲਾ ਕਰਕੇ ਉਸ ਨੂੰ ਜ਼ਖਮੀ ਕਰਨ ਅਤੇ ਉਸ ਦੀ ਵਰਦੀ ਪਾੜਨ ਵਾਲੇ ਦੋਸ਼ੀ ਭਰਾ ਅਤੇ ਭੈਣ ਖਿਲਾਫ ਰੇਲਵੇ ਪੁਲਸ ਨੇ ਕੇਸ ਦਰਜ ਕੀਤਾ ਹੈ। ਇਸ ਸਬੰਧ ਵਿੱਚ ਜ਼ਖਮੀ ਰਜਤ ਕੁਮਾਰ ਪੁੱਤਰ ਕਿਸ਼ਨ ਚੰਦ ਵਾਸੀ ਮੁਹੱਲਾ ਇਸਲਾਮਾਬਾਦ, ਗੁਰਦਾਸਪੁਰ ਨੇ ਪੁਲਸ ਨੂੰ ਦਿੱਤੇ ਆਪਣੇ ਬਿਆਨਾਂ ਵਿੱਚ ਕਿਹਾ ਕਿ ਉਸ ਦੀ ਰਾਤ ਦੀ ਡਿਊਟੀ ਸੋਹਲ ਰੇਲਵੇ ਸਟੇਸ਼ਨ ਨੇੜੇ ਗੇਟ ਨੰਬਰ ਸੀ-44 'ਤੇ ਸੀ, ਜੋ ਕਿ ਸ਼ਾਮ 7 ਵਜੇ ਤੋਂ ਸਵੇਰੇ 7 ਵਜੇ ਤੱਕ ਚੱਲਦੀ ਹੈ। ਬੀਤੀ ਰਾਤ ਲਗਭਗ 11 ਵਜੇ ਇੱਕ ਚਿੱਟੀ ਸਕਾਰਪੀਓ ਕਾਰ ਨੰਬਰ ਪੀਬੀ-99-8898 ਆਈ, ਜਿਸ ਵਿੱਚੋਂ ਰਿਸ਼ਭ ਸ਼ਰਮਾ ਅਤੇ ਉਸ ਦੀ ਭੈਣ ਪ੍ਰਿਆ ਸ਼ਰਮਾ ਨਿਕਲੇ। ਕਾਰ ਵਿੱਚੋਂ ਉਤਰਦੇ ਹੀ ਪ੍ਰਿਆ ਸ਼ਰਮਾ ਨੇ ਜ਼ਖਮੀ ਰਜਤ ਕੁਮਾਰ ਨੂੰ ਲਲਕਾਰਦੇ ਹੋਏ ਕਿਹਾ ਤੂੰ ਉਸ ਦੇ ਪਤੀ ਵਿਕਾਸ ਸ਼ਰਮਾ ਨੂੰ ਮੇਰੇ ਵਿਰੁੱਧ ਭੜਕਾਉਂਦਾ ਹੈਂ। ਮੈਂ ਅੱਜ ਤੈਨੂੰ ਸਬਕ ਸਿਖਾਉਣਾ ਚਾਹੁੰਦੀ ਹਾਂ। ਇਸ ਦੌਰਾਨ ਰਿਸ਼ਭ ਸ਼ਰਮਾ ਨੇ ਉਸ 'ਤੇ ਲੋਹੇ ਦੀ ਰਾਡ ਨਾਲ ਹਮਲਾ ਕਰ ਦਿੱਤਾ ਅਤੇ ਉਸ ਦੀ ਵਰਦੀ ਪਾੜ ਦਿੱਤੀ। ਉਸ ਨੂੰ ਜਾਨੋਂ ਮਾਰਨ ਦੀ ਧਮਕੀ ਦਿੰਦੇ ਹੋਏ ਦੋਸ਼ੀ ਗੱਡੀ ਵਿੱਚ ਮੌਕੇ ਤੋਂ ਭੱਜ ਗਿਆ। ਪੀੜਤ ਨੇ ਦੱਸਿਆ ਕਿ ਉਸ ਨੇ ਆਪਣੇ ਚਾਚੇ ਦੇ ਪੁੱਤਰ ਪ੍ਰੀਤ ਸ਼ਰਮਾ ਨੂੰ ਮੋਬਾਈਲ ਫੋਨ ਰਾਹੀਂ ਘਟਨਾ ਬਾਰੇ ਦੱਸਿਆ ਅਤੇ ਆਪਣੇ ਅਧਿਕਾਰੀ ਨੂੰ ਵੀ ਸੂਚਿਤ ਕੀਤਾ। ਇਸ ਤੋਂ ਬਾਅਦ ਰੇਲਵੇ ਪੁਲਸ ਨੇ ਮਾਮਲੇ ਦੀ ਜਾਂਚ ਕੀਤੀ ਅਤੇ ਦੋਸ਼ੀ ਰਿਸ਼ਭ ਸ਼ਰਮਾ ਪੁੱਤਰ ਪ੍ਰਮੋਦ ਕੁਮਾਰ ਅਤੇ ਉਸ ਦੀ ਭੈਣ ਪ੍ਰਿਆ ਸ਼ਰਮਾ ਪਤਨੀ ਵਿਕਾਸ ਸ਼ਰਮਾ ਵਾਸੀ ਰਣਜੀਤ ਐਵੇਨਿਊ, ਗੁਰਦਾਸਪੁਰ ਵਿਰੁੱਧ ਕੇਸ ਦਰਜ ਕੀਤਾ।

ਪੁਲਸ ਦਾ ਵੱਡਾ ਅ਼ਫਸਰ ਦੱਸ ਮਾਰਦਾ ਸੀ ਦਬਕੇ, ਕੈਮਰਿਆਂ 'ਚ ਕੈਦ ਹੋਈ ਕਰਤੂਤ

ਖੰਨਾ 27 ਅਕਤੂਬਰ। ਪੁਲਸ ਜ਼ਿਲ੍ਹਾ ਖੰਨਾ ਦੇ ਅਧੀਨ ਆਉਂਦੇ ਕਸਬਾ ਦੋਰਾਹਾ ਵਿਖੇ ਖ਼ੁਦ ਨੂੰ ਸੀਨੀਅਰ ਪੁਲਸ ਅਧਿਕਾਰੀ ਦੱਸ ਕੇ ਦੁਕਾਨਦਾਰਾਂ ਅਤੇ ਆਮ ਲੋਕਾਂ 'ਚ ਦਹਿਸ਼ਤ ਫੈਲਾਉਣ ਦਾ ਇੱਕ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਇੱਕ ਸ਼ੱਕੀ ਵਿਅਕਤੀ ਪੁਲਸ ਦੀ ਵਰਦੀ ਪਾ ਕੇ, ਮੋਢਿਆਂ 'ਤੇ ਐੱਸ. ਐੱਸ. ਪੀ. ਦੇ ਸਟਾਰ ਅਤੇ ਆਈ. ਪੀ. ਐੱਸ. ਲਿਖਿਆ ਬੈਜ ਲਗਾ ਕੇ ਸਥਾਨਕ ਢਾਬਿਆਂ 'ਤੇ ਰੋਅਬ ਝਾੜਦਾ ਅਤੇ ਧਮਕੀਆਂ ਦਿੰਦਾ ਦੇਖਿਆ ਗਿਆ। ਮਿਲੀ ਜਾਣਕਾਰੀ ਅਨੁਸਾਰ ਇਹ ਵਿਅਕਤੀ ਵੱਖ-ਵੱਖ ਦੁਕਾਨਾਂ ਅਤੇ ਢਾਬਿਆਂ 'ਤੇ ਪਹੁੰਚ ਕੇ ਖ਼ੁਦ ਨੂੰ ਵੱਡਾ ਪੁਲਸ ਅ਼ਫਸਰ ਦੱਸ ਕੇ ਦਬਕਾਉਂਦਾ ਰਿਹਾ। ਜਦੋਂ ਸਥਾਨਕ ਲੋਕਾਂ ਨੂੰ ਉਸ ਦੇ ਚਾਲ-ਚਲਣ ਅਤੇ ਗੱਲਾਂ 'ਤੇ ਸ਼ੱਕ ਹੋਇਆ ਤਾਂ ਉਹ ਹੱਥੋਪਾਈ ਅਤੇ ਕੁੱਟਮਾਰ 'ਤੇ ਉਤਾਰੂ ਹੋ ਗਿਆ। ਢਾਬੇ 'ਤੇ ਕੀਤੀ ਗਈ ਕੁੱਟਮਾਰ ਅਤੇ ਉਸ ਦੀ ਸਾਰੀ ਹਰਕਤ ਉੱਥੇ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ 'ਚ ਕੈਦ ਹੋ ਗਈ, ਜੋ ਹੁਣ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਪੁਲਸ ਨੇ ਮੁਕੱਦਮਾ ਦਰਜ ਕਰਕੇ ਮੁਲਜ਼ਮ ਦੀ ਭਾਲ ਸ਼ੁਰੂ ਕਰ ਦਿੱਤੀ ਸੀ। ਪੁਲਸ ਦੇ ਮੁਤਾਬਕ ਇਹ ਵਿਅਕਤੀ ਅਮਰਜੀਤ ਸਿੰਘ ਪੁੱਤਰ ਬਚਿੱਤਰ ਸਿੰਘ ਪਾਇਲ ਤਹਿਸੀਲ ਦੇ ਥਾਣਾ ਮਲੌਦ ਅਧੀਨ ਪਿੰਡ ਚੋਮੋ ਦਾ ਰਹਿਣੇ ਵਾਲਾ ਹੈ, ਜੋ ਕਿ ਪੰਜਾਬ ਰੇਲਵੇ ਪੁਲਸ ਜੀ. ਆਰ. ਪੀ. ਦੋਰਾਹਾ ਸਟੇਸ਼ਨ 'ਤੇ ਤਾਇਨਾਤ ਹੈ। ਉਸ ਦੀ ਡਿਊਟੀ ਚੱਲ ਰਹੀ ਹੈ ਤਾਂ ਪੁਲਸ ਨੇ ਤੁਰੰਤ ਉਸ ਵਿਅਕਤੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਉਸ ਦੇ ਕੋਲੋਂ ਵਰਦੀ ਅਤੇ ਹੋਰ ਸਮਾਨ ਬਰਾਮਦ ਕਰਵਾਇਆ ਜਾ ਰਿਹਾ ਹੈ, ਜਿਸ ਨੂੰ ਅੱਜ ਅਦਾਲਤ 'ਚ ਪੇਸ਼ ਕੀਤਾ ਜਾਵੇਗਾ ਅਤੇ ਰਿਮਾਂਡ ਲਿਆ ਜਾਵੇਗਾ ਅਤੇ ਉਸ ਤੋਂ ਹੋਰ ਪੁੱਛਗਿੱਛ ਕੀਤੀ ਜਾਵੇਗੀ। ਇਸ ਦੇ ਸੰਬੰਧ ਵਿੱਚ ਖੰਨਾ ਪੁਲਸ ਜਲਦੀ ਹੀ ਪ੍ਰੈੱਸ ਕਾਨਫਰੰਸ ਕਰਕੇ ਹੋਰ ਜਾਣਕਾਰੀ ਦੇਵੇਗੀ।

ਸੁੱਤੇ ਪਏ ਪਰਿਵਾਰ ਦੇ ਘਰ ਪਿਆ ਡਾਕਾ, ਸ਼ਾਤਿਰ ਚੋਰਾਂ ਨੇ ਰਾਤੋਂ-ਰਾਤ ਲੁੱਟ ਲਿਆ ਘਰ

ਲੁਧਿਆਣਾ 27 ਅਕਤੂਬਰ। ਮਹਾਨਗਰ 'ਚ ਬੇਖੌਫ ਚੋਰਾਂ ਵੱਲੋਂ ਰਾਤ ਸਮੇਂ ਇੱਕ ਘਰ 'ਚ ਸੰਨ੍ਹ ਲਗਾ ਕੇ ਲੱਖਾਂ ਰੁਪਏ ਦੇ ਸੋਨੇ-ਚਾਂਦੀ ਦੇ ਗਹਿਣੇ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਸ਼ਾਤਰ ਚੋਰਾਂ ਨੇ ਪਹਿਲਾਂ ਉਸ ਕਮਰੇ ਨੂੰ ਬਾਹਰੋਂ ਬੰਦ ਕਰ ਦਿੱਤਾ ਜਿਸ 'ਚ ਪਰਿਵਾਰ ਸੁੱਤਾ ਪਿਆ ਸੀ, ਫਿਰ ਸਟੋਰ ਰੂਮ ਦੀ ਖਿੜਕੀ ਦੀ ਗਰਿੱਲ ਤੋੜ ਕੇ ਅੰਦਰ ਪਈ ਅਲਮਾਰੀ 'ਚੋਂ ਗਹਿਣੇ ਲੈ ਕੇ ਫਰਾਰ ਹੋ ਗਏ। ਪੀੜਤ ਨਿਰਮਲ ਸਿੰਘ ਦੀ ਸ਼ਿਕਾਇਤ 'ਤੇ ਥਾਣਾ ਪੁਲਸ ਨੇ ਅਣਪਛਾਤੇ ਮੁਲਜ਼ਮਾਂ ਖਿਲਾਫ਼ ਚੋਰੀ ਦਾ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਨੂੰ ਦਿੱਤੇ ਬਿਆਨਾਂ 'ਚ ਸ਼ਿਕਾਇਤਕਰਤਾ ਨੇ ਦੱਸਿਆ ਕਿ 23 ਅਗਸਤ ਦੀ ਰਾਤ ਉਹ ਆਪਣੇ ਪੂਰੇ ਪਰਿਵਾਰ ਸਮੇਤ ਰੋਟੀ ਖਾ ਕੇ ਬੈੱਡਰੂਮ 'ਚ ਸੌਣ ਚਲਾ ਗਿਆ ਸੀ। ਅਗਲੀ ਸਵੇਰ ਜਦੋਂ ਪਰਿਵਾਰ ਉੱਠਿਆ ਤਾਂ ਦੇਖਿਆ ਕਿ ਬੈੱਡਰੂਮ ਦਾ ਦਰਵਾਜ਼ਾ ਬਾਹਰੋਂ ਬੰਦ ਸੀ। ਪਰਿਵਾਰ ਨੇ ਕਾਫੀ ਜੱਦੋ-ਜਹਿਦ ਤੋਂ ਬਾਅਦ ਦਰਵਾਜ਼ਾ ਤੋੜ ਕੇ ਬਾਹਰ ਨਿਕਲਿਆ। ਕਮਰੇ ਤੋਂ ਬਾਹਰ ਆ ਕੇ ਜਦੋਂ ਘਰ ਦੀ ਜਾਂਚ ਕੀਤੀ ਤਾਂ ਹੋਸ਼ ਉੱਡ ਗਏ।ਚੋਰਾਂ ਨੇ ਘਰ ਦੇ ਪਿਛਲੇ ਪਾਸੇ ਸਥਿਤ ਸਟੋਰ ਰੂਮ ਦੀ ਖਿੜਕੀ ਦੀ ਲੋਹੇ ਦੀ ਗਰਿੱਲ ਨੂੰ ਔਜ਼ਾਰਾਂ ਨਾਲ ਤੋੜ ਕੇ ਅੰਦਰ ਵੜਨ ਦਾ ਰਸਤਾ ਬਣਾਇਆ ਸੀ। ਚੋਰਾਂ ਨੇ ਸਟੋਰ ਰੂਮ 'ਚ ਪਈ ਅਲਮਾਰੀ ਦੇ ਤਾਲੇ ਤੋੜ ਕੇ ਉਸ 'ਚ ਪਏ ਕੀਮਤੀ ਗਹਿਣੇ ਚੋਰੀ ਕਰ ਲਏ। ਚੋਰ ਅਲਮਾਰੀ 'ਚੋਂ ਇੱਕ ਸੋਨੇ ਦੀ ਚੇਨ, ਸੋਨੇ ਦੇ ਕਾਂਟੇ, ਇੱਕ ਸੋਨੇ ਦੀ ਅੰਗੂਠੀ ਅਤੇ ਚਾਂਦੀ ਦੀਆਂ ਝਾਂਜਰਾਂ ਚੋਰੀ ਕਰਕੇ ਰਾਤ ਦੇ ਹਨ੍ਹੇਰੇ 'ਚ ਫਰਾਰ ਹੋ ਗਏ। ਪੀੜਤ ਪਰਿਵਾਰ ਨੇ ਤੁਰੰਤ ਘਟਨਾ ਦੀ ਸੂਚਨਾ ਸਥਾਨਕ ਪੁਲਸ ਨੂੰ ਦਿੱਤੀ। ਸੂਚਨਾ ਮਿਲਦੇ ਹੀ ਪੁਲਸ ਟੀਮ ਮੌਕੇ 'ਤੇ ਪਹੁੰਚੀ, ਮੌਕੇ ਦਾ ਮੁਆਇਨਾ ਕੀਤਾ ਅਤੇ ਸਬੂਤ ਇਕੱਠੇ ਕੀਤੇ। ਅਧਿਕਾਰੀਆਂ ਦਾ ਕਹਿਣਾ ਹੈ ਕਿ ਇਲਾਕੇ 'ਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤਾਂ ਜੋ ਸ਼ੱਕੀਆਂ ਦੀ ਪਛਾਣ ਕਰਕੇ ਜਲਦ ਗ੍ਰਿਫ਼ਤਾਰ ਕੀਤਾ ਜਾ ਸਕੇ।

ਹਥਿਆਰਾਂ ਨਾਲ ਕੁੱਟਮਾਰ ਕਰਨ 'ਤੇ 5 ਖ਼ਿਲਾਫ਼ ਮਾਮਲਾ ਦਰਜ

ਫਿਰੋਜ਼ਪੁਰ 27 ਅਕਤੂਬਰ। ਆਪਣੇ ਖੇਤਾਂ ਵਿਚ ਗੇੜਾ ਮਾਰ ਕੇ ਮੋਟਰਸਾਈਕਲ 'ਤੇ ਵਾਪਸ ਘਰ ਪਰਤ ਰਹੇ ਵਿਅਕਤੀਆਂ ਦੀ ਕੁੱਟਮਾਰ ਕਰਦੇ ਹੋਏ ਉਨ੍ਹਾਂ ਨੂੰ ਆਪਣੇ ਹਥਿਆਰਾਂਨਾਲ ਜ਼ਖਮੀ ਕਰਨ ਦੇ ਦੋਸ਼ 'ਚ ਥਾਣਾ ਸਦਰ ਫਿਰੋਜ਼ਪੁਰ ਦੀ ਪੁਲਸ ਨੇ ਸੋਹਣ ਸਿੰਘ ਪੁੱਤਰ ਸਾਧੂ ਸਿੰਘ, ਗੁਰਵਿੰਦਰ ਸਿੰਘ, ਗੁਰਮੁਖ ਸਿੰਘ ਅਤੇ 2 ਅਣਪਛਾਤੇ ਵਿਅਕਤੀਆਂ ਦੇ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਏ. ਐੱਸ. ਆਈ. ਸੁਖਬੀਰ ਸਿੰਘ ਨੇ ਦੱਸਿਆ ਕਿ ਸਿਵਲ ਹਸਪਤਾਲ ਫਿਰੋਜ਼ਪੁਰ 'ਚ ਪੁਲਸ ਨੂੰ ਦਿੱਤੇ ਬਿਆਨਾਂ 'ਚ ਸ਼ਿਕਾਇਤਕਰਤਾ ਮੁੱਦਈ ਮੋਹਣ ਸਿੰਘ ਪੁੱਤਰ ਸਾਧੂ ਸਿੰਘ ਨੇ ਦੱਸਿਆ ਹੈ ਕਿ 24 ਅਕਤੂਬਰ ਨੂੰ ਜਦੋਂ ਉਹ ਆਪਣੇ ਖੇਤਾਂ 'ਚ ਚੱਕਰ ਲਗਾ ਕੇ ਆਪਣੇ ਭਤੀਜੇ ਦੇ ਨਾਲ ਮੋਟਰਸਾਈਕਲ 'ਤੇ ਆਪਣੇ ਘਰ ਪਰਤ ਰਹੇ ਸਨ। ਇਸ ਦੌਰਾਨ ਨਾਮਜ਼ਦ ਮੁਲਜ਼ਮਾਂ ਨੇ ਉਨ੍ਹਾਂ ਦਾ ਮੋਟਰਸਾਈਕਲ ਰੋਕ ਲਿਆ ਅਤੇ 2 ਅਣਪਛਾਤੇ ਵਿਅਕਤੀਆਂ ਦੇ ਨਾਲ ਮਿਲ ਕੇ ਉਨ੍ਹਾਂ ਦੀ ਕੁੱਟਮਾਰ ਕੀਤੀ ਅਤੇ ਆਪਣੇ ਹਥਿਆਰਾਂ ਦੇ ਨਾਲ ਉਨ੍ਹਾਂ ਨੂੰ ਜ਼ਖਮੀ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ 5 ਵਿਅਕਤੀਆਂ ਦੇ ਖ਼ਿਲਾਫ਼ ਮਾਮਲਾ ਦਰਜ ਕਰ ਕੇ ਅੱਗੇ ਕਾਰਵਾਈ ਕੀਤੀ ਜਾ ਰਹੀ ਹੈ।

ਫੌਜ ਦੀ ਜਾਸੂਸੀ ਲਈ ਲਾਏ ਸਨ ਚੀਨੀ ਕੈਮਰੇ, ਬੰਦ ਹੋਣ 'ਤੇ ਚੈਕਿੰਗ ਕਰਨ ਆਏ 2 ਜਾਸੂਸ ਗ੍ਰਿਫ਼ਤਾਰ

ਕੌਮੀ ਪਤ੍ਰਿਕਾ

ਲੁਧਿਆਣਾ 27 ਅਕਤੂਬਰ। ਫਿਰੋਜ਼ਪੁਰ ਰੋਡ 'ਤੇ ਬੱਦੋਵਾਲ ਛਾਉਣੀ ਨੇੜੇ ਚੀਨੀ ਸੀਸੀਟੀਵੀ ਕੈਮਰੇ ਲਗਾਉਣ ਅਤੇ ਬਾਅਦ ਵਿੱਚ ਪਾਕਿਸਤਾਨ ਨੂੰ ਲਾਈਵ ਫੁਟੇਜ ਦੇ ਪ੍ਰਸਾਰਣ ਨਾਲ ਸਬੰਧਤ ਸਨਸਨੀਖੇਜ਼ ਜਾਸੂਸੀ ਮਾਮਲੇ ਵਿੱਚ ਲੁਧਿਆਣਾ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਲ ਕੀਤੀ ਹੈ। ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਵਰਿੰਦਰ ਮਸੀਹ ਅਤੇ ਰੋਹਿਤ ਵਜੋਂ ਹੋਈ ਹੈ, ਜੋ ਅੰਮ੍ਰਿਤਸਰ ਦਿਹਾਤੀ ਖੇਤਰ ਦੇ ਜੱਸਰ ਪਿੰਡ ਦੇ ਰਹਿਣ ਵਾਲੇ ਹਨ। ਪੁਲਸ ਜਾਂਚ 'ਚ ਇੱਕ ਹੈਰਾਨ ਕਰ ਦੇਣ ਵਾਲਾ ਖੁਲਾਸਾ ਉਦੋਂ ਹੋਇਆ ਜਦੋਂ ਮੁੱਖ ਮੁਲਜ਼ਮ ਰਛਪਾਲ ਸਿੰਘ ਦੀ ਗ੍ਰਿਫ਼ਤਾਰੀ ਤੋਂ ਬਾਅਦ, ਕੈਮਰਿਆਂ ਤੋਂ ਪਾਕਿਸਤਾਨ ਨੂੰ ਜਾਣ ਵਾਲੀ ਲਾਈਵ ਫੀਡ ਅਚਾਨਕ ਬੰਦ ਹੋ ਗਈ ਅਤੇ ਸਰਹੱਦ ਪਾਰ ਦੇ ਹੈਂਡਲਰਾਂ 'ਚ ਦਹਿਸ਼ਤ ਫੈਲ ਗਈ। ਇਸ ਦੌਰਾਨ ਵਰਿੰਦਰ ਮਸੀਹ ਅਤੇ ਰੋਹਿਤ ਨੂੰ ਫਿਰ ਇਹ ਜਾਂਚ ਕਰਨ ਲਈ ਲੁਧਿਆਣਾ ਭੇਜਿਆ ਗਿਆ ਕਿ ਕੈਮਰੇ ਕਿਉਂ ਬੰਦ ਸਨ। ਦੋਵੇਂ ਮੁਲਜ਼ਮ ਇਸ ਗੱਲ ਤੋਂ ਅਣਜਾਣ ਸਨ ਕਿ ਰਛਪਾਲ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਜਿਵੇਂ ਹੀ ਉਹ ਫਿਰੋਜ਼ਪੁਰ ਰੋਡ 'ਤੇ ਦੁਕਾਨ 'ਤੇ ਪਹੁੰਚੇ, ਇੱਕ ਚੌਕਸ ਪੁਲਸ ਟੀਮ ਨੇ ਉਨ੍ਹਾਂ ਨੂੰ ਫੜ ਲਿਆ। ਡੀਸੀਪੀ (ਜਾਂਚ) ਹਰਪਾਲ ਸਿੰਘ ਦੇ ਅਨੁਸਾਰ, ਰਿਮਾਂਡ ਦੌਰਾਨ ਰਛਪਾਲ ਤੋਂ ਕੀਤੀ ਗਈ ਸਖ਼ਤ ਪੁੱਛਗਿੱਛ ਨਾਲ ਇਨ੍ਹਾਂ ਦੋਵਾਂ ਮੁਲਜ਼ਮਾਂ ਬਾਰੇ ਸੁਰਾਗ ਮਿਲੇ। ਜਾਂਚ ਵਿੱਚ ਇਹ ਵੀ ਖੁਲਾਸਾ ਹੋਇਆ ਕਿ ਜਾਸੂਸੀ ਲਈ ਵਰਤੇ ਗਏ ਕੈਮਰੇ ਲੁਧਿਆਣਾ ਦੇ ਕੋਚਰ ਮਾਰਕੀਟ ਤੋਂ ਖਰੀਦੇ ਗਏ ਸਨ। ਇਸ ਤੋਂ ਇਲਾਵਾ, ਪੂਰੇ ਨੈੱਟਵਰਕ ਦੇ ਜੇਲ੍ਹ ਨਾਲ ਸਬੰਧ ਹੋਣ ਦਾ ਸ਼ੱਕ ਹੈ। ਪੁਲਸ ਹੁਣ ਰਛਪਾਲ ਦੇ ਚਾਚੇ, ਜੋ ਕਿ ਜੇਲ੍ਹ ਵਿੱਚ ਹੈ, ਨੂੰ ਪ੍ਰੋਡਕਸ਼ਨ ਵਾਰੰਟ 'ਤੇ ਲਿਆਉਣ ਦੀ ਤਿਆਰੀ ਕਰ ਰਹੀ ਹੈ ਤਾਂ ਜੋ ਪੂਰੇ ਗਠਜੋੜ ਦਾ ਪਰਦਾਫਾਸ਼ ਕੀਤਾ ਜਾ ਸਕੇ। ਜਾਂਚ ਏਜੰਸੀਆਂ ਹੁਣ ਇਸ ਗੱਲ ਦੀ ਜਾਂਚ ਕਰ ਰਹੀਆਂ ਹਨ ਕਿ ਪੰਜਾਬ ਵਿੱਚ ਸਥਾਨਕ ਨੌਜਵਾਨਾਂ ਦੀ ਭਰਤੀ ਅਤੇ ਜਾਸੂਸੀ ਨੈੱਟਵਰਕ ਨਾਲ ਜੋੜਨ ਦੇ ਪਿੱਛੇ ਮਾਸਟਰਮਾਈਂਡ ਕੌਣ ਹਨ। ਕੀ ਇਹ ਜਾਸੂਸੀ ਰੈਕੇਟ ਪੈਸੇ ਦੇ ਲੈਣ-ਦੇਣ ਅਤੇ ਲੌਜਿਸਟਿਕਸ ਲਈ ਸਰਹੱਦ ਪਾਰ ਕੰਮ ਕਰ ਰਹੇ ਡਰੱਗ ਤਸਕਰੀ ਨੈੱਟਵਰਕ ਦੀ ਵਰਤੋਂ ਕਰ ਰਿਹਾ ਸੀ।

ਜਨਮ ਦਿਨ ਤੋਂ ਇਕ ਦਿਨ ਬਾਅਦ ਮਿਲੀ ਜਵਾਨ ਪੁੱਤ ਦੀ ਲਾਸ਼, ਨਹੀਂ ਵੇਖਿਆ ਜਾਂਦਾ ਪਰਿਵਾਰ ਦਾ ਹਾਲ

ਨਾਭਾ 27 ਅਕਤੂਬਰ। ਨਾਭਾ ਦੇ ਗੁਰੂ ਤੇਗ ਬਹਾਦਰ ਨਗਰ ਦੇ ਰਹਿਣ ਵਾਲੇ ਹਰਮਨ ਸਿੰਘ ਉਮਰ 20 ਸਾਲ ਨਹਿਰ ਵਿਚ ਨਹਾਉਂਦੇ ਰੁੜ ਗਿਆ। ਹਰਮਨ ਦੀ ਲਾਸ਼ ਤਿੰਨ ਦਿਨ ਬਾਅਦ ਬਰਾਮਦ ਹੋਈ ਹੈ। ਮ੍ਰਿਤਕ ਨੌਜਵਾਨ ਦਾ ਕੱਲ ਜਨਮਦਿਨ ਸੀ। ਪੁੱਤ ਦੀ ਮੌਤ ਮਗਰੋਂ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੈ। ਮਿਲੀ ਜਾਣਕਾਰੀ ਮੁਤਾਬਕ ਨਾਭਾ ਦਾ ਹਰਮਨ ਸਿੰਘ ਰੱਖੜੀਆਂ ਦੇ ਤਿਉਹਾਰ ਮੌਕੇ ਘਰੋਂ ਰੱਖੜੀ ਬਣਾ ਕੇ ਆਪਣੇ ਦੋਸਤਾਂ ਨਾਲ ਨਹਿਰ 'ਤੇ ਨਹਾਉਣ ਗਿਆ ਅਤੇ ਨਹਾਉਂਦੇ ਨਹਾਉਂਦੇ ਉਹ ਲਾਪਤਾ ਹੋ ਗਿਆ। ਇਸ ਤੋਂ ਬਾਅਦ ਉਸਦੇ ਦੋਸਤਾਂ ਨੇ ਘਰ ਆ ਕੇ ਸੂਚਿਤ ਕੀਤਾ। ਦੋ ਤਿੰਨ-ਦਿਨ ਉਸ ਦੀ ਲਾਸ਼ ਨਹੀਂ ਮਿਲੀ। ਪਰਿਵਾਰ ਆਪਣੇ ਪੁੱਤਰ ਦਾ ਇੰਤਜ਼ਾਰ ਕਰਦਾ ਰਿਹਾ ਕਿ ਕਦੋਂ ਉਹ ਆਵੇਗਾ ਕਦੋਂ ਉਸ ਦਾ ਅਸੀਂ ਜਨਮਦਿਨ ਮਨਾਵਾਂਗੇ ਪਰ ਅੱਜ ਉਸ ਦੀ ਲਾਸ਼ ਮਿਲਣ ਨਾਲ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੋ ਗਿਆ। ਪਰਿਵਾਰਕ ਮੈਂਬਰਾਂ ਦੱਸਿਆ ਕਿ ਸਾਨੂੰ ਨਹੀਂ ਪਤਾ ਉਹ ਕਦੋਂ ਨਹਾਉਣ ਚਲਾ ਗਿਆ। ਇਸ ਮੌਕੇ ਮ੍ਰਿਤਕ ਹਰਮਨ ਦੇ ਪਿਤਾ ਨੇ ਦੱਸਿਆ ਕਿ ਇਹ ਰੱਖੜੀਆਂ ਵਾਲੇ ਦਿਨ ਨਹਿਰ 'ਤੇ ਨਹਾਉਣ ਆਇਆ ਸੀ ਅਤੇ ਉਹ ਲਾਪਤਾ ਹੋ ਗਿਆ ਅਤੇ ਉਸ ਦਾ ਕੱਲ ਜਨਮ ਦਿਨ ਵੀ ਸੀ ਅਤੇ ਪਰਿਵਾਰ ਦਾ ਇਸ ਘਟਨਾ ਤੋਂ ਬਾਅਦ ਰੋ ਰੋ ਕੇ ਬੁਰਾ ਹਾਲ ਹੈ। ਇਸ ਮੌਕੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆ ਵਾਲਾ ਅਤੇ ਸ਼ਹਿਰ ਨਿਵਾਸੀ ਜਤਿੰਦਰ ਸਿੰਘ ਨੇ ਦੱਸਿਆ ਕਿ ਇਹ ਬਹੁਤ ਹੀ ਮੰਦਭਾਗੀ ਘਟਨਾ ਹੈ, ਕਿਉਂਕਿ ਕੱਲ ਇਸ ਦਾ ਜਨਮ ਦਿਨ ਸੀ ਅਤੇ ਅੱਜ ਇਸ ਦੀ ਲਾਸ਼ ਮਿਲੀ ਹੈ। ਦੂਜੇ ਪਾਸੇ ਰੋਹਟੀ ਪੁੱਲ ਦੇ ਚੌਂਕੀ ਇੰਚਾਰਜ ਜਤਿੰਦਰ ਸਿੰਘ ਨੇ ਦੱਸਿਆ ਕਿ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

ਸਨਸਨੀਖੇਜ਼ ਵਾਰਦਾਤ ! ਫਗਵਾੜਾ ਦੇ ਮੁੱਖ ਬੱਸ ਸਟੈਂਡ ਦੇ ਅੰਦਰੋਂ ਨਿੱਜੀ ਬੱਸ ਚੋਰੀ, ਪੁਲਸ ਨੇ ਹਮੀਰਾ ਕੋਲੋਂ ਕੀਤੀ ਬਰਾਮਦ

ਕੌਮੀ ਪਤ੍ਰਿਕਾ

ਫਗਵਾੜਾ 27 ਅਕਤੂਬਰ। ਸ਼ਹਿਰ ਦੇ ਸਘਣੀ ਵਸੋਂ ਵਾਲੇ ਅਤੇ ਮੁੱਖ ਬੱਸ ਸਟੈਂਡ ਪਰਿਸਰ ਦੇ ਅੰਦਰੋਂ ਤੜਕਸਾਰ ਇਕ ਨਿੱਜੀ ਬੱਸ ਚੋਰੀ ਹੋਣ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਬੇਖੌਫ਼ ਚੋਰ ਨੇ ਬੱਸ ਸਟੈਂਡ ਦੇ ਅੰਦਰ ਖੜ੍ਹੀ ਇਕ ਨਿੱਜੀ ਕੰਪਨੀ ਦੀ ਬੱਸ ਨੂੰ ਚੋਰੀ ਕੀਤਾ ਅਤੇ ਤੇਜ਼ ਰਫ਼ਤਾਰ ਨਾਲ ਭਗਾ ਕੇ ਲੈ ਗਿਆ। ਹਾਲਾਂਕਿ ਗਨੀਮਤ ਇਹ ਰਹੀ ਕਿ ਪੁਲਸ ਦੀ ਮੁਸਤੈਦੀ ਨਾਲ ਕੁਝ ਹੀ ਘੰਟਿਆਂ ਦੇ ਅੰਦਰ ਚੋਰੀ ਹੋਈ ਬੱਸ ਨੂੰ ਜੀ. ਟੀ. ਰੋਡ 'ਤੇ ਅੰਮ੍ਰਿਤਸਰ ਮਾਰਗ ''ਤੇ ਸਥਿਤ ਹਮੀਰਾ ਦੇ ਨੇੜਿਓਂ ਬਰਾਮਦ ਕਰ ਲਿਆ ਗਿਆ ਹੈ। ਜਦਕਿ ਸੂਤਰਾਂ ਦਾ ਦਾਅਵਾ ਹੈ ਕਿ ਮੁਲਜ਼ਮ ਚੋਰ ਨੂੰ ਵੀ ਗ੍ਰਿਫ਼ਤਾਰ ਕਰ ਕੇ ਪੁਲਸ ਨੇ ਹਿਰਾਸਤ ਵਿਚ ਲੈ ਲਿਆ ਹੈ। ਜਾਣਕਾਰੀ ਅਨੁਸਾਰ ਨਿੱਜੀ ਕੰਪਨੀ ਦੀ ਬੱਸ ਦੇ ਕੰਡਕਟਰ ਪਵਨ ਕੁਮਾਰ ਨੇ ਦੱਸਿਆ ਕਿ ਉਹ ਬੀਤੀ ਰਾਤ ਲਗਭਗ 8:00 ਵਜੇ ਆਪਣੀ ਬੱਸ ਨੂੰ ਰੋਜ਼ਾਨਾ ਵਾਂਗ ਬੱਸ ਸਟੈਂਡ ਦੇ ਅੰਦਰ ਖੜ੍ਹੀ ਕਰ ਕੇ ਲਾਕ ਕਰ ਕੇ ਆਪਣੇ ਘਰ ਚਲੇ ਗਏ ਸਨ। ਸਵੇਰੇ ਜਦੋਂ ਉਹ ਲਗਭਗ ਪੌਣੇ ਪੰਜ ਵਜੇ ਡਿਊਟੀ 'ਤੇ ਪਹੁੰਚੇ ਤਾਂ ਬੱਸ ਸਟੈਂਡ ਵਿਚ ਖੜ੍ਹੀ ਦੂਜੀ ਬੱਸ ਦੇ ਚਾਲਕ ਨੇ ਉਨ੍ਹਾਂ ਨੂੰ ਸ਼ਿਕਾਇਤ ਦਿੱਤੀ ਕਿ ਉਨ੍ਹਾਂ ਦੀ ਬੱਸ ਦਾ ਡਰਾਈਵਰ ਦੂਜੀ ਬੱਸ ਦਾ ਸ਼ੀਸ਼ਾ ਤੋੜ ਕੇ ਗੱਡੀ ਤੇਜ਼ੀ ਨਾਲ ਲੈ ਗਿਆ ਹੈ। ਜਦੋਂ ਪਵਨ ਕੁਮਾਰ ਨੇ ਆਪਣੇ ਅਸਲ ਡਰਾਈਵਰ ਨਾਲ ਫ਼ੋਨ 'ਤੇ ਸੰਪਰਕ ਕੀਤਾ ਤਾਂ ਪਤਾ ਲੱਗਾ ਕਿ ਉਹ ਤਾਂ ਆਪਣੇ ਘਰ ਵਿਚ ਆਰਾਮ ਕਰ ਰਿਹਾ ਹੈ। ਇਸ ਤੋਂ ਤੁਰੰਤ ਬਾਅਦ ਬੱਸ ਸਟੈਂਡ ਪਰਿਸਰ ਵਿੱਚ ਹੜਕੰਪ ਮਚ ਗਿਆ ਅਤੇ ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਉਨ੍ਹਾਂ ਦੀ ਬੱਸ ਚੋਰੀ ਹੋ ਚੁੱਕੀ ਹੈ। ਬੱਸ ਸਟੈਂਡ ਵਿਚ ਮੌਜੂਦ ਇੱਕ ਚਸ਼ਮਦੀਦ ਨੇ ਦੱਸਿਆ ਕਿ ਸਵੇਰੇ ਲਗਭਗ ਚਾਰ ਵਜੇ ਜਦੋਂ ਉਹ ਸੁੱਤੇ ਹੋਏ ਸਨ, ਉਦੋਂ ਹੀ ਅਚਾਨਕ ਇੱਕ ਅਣਪਛਾਤਾ ਵਿਅਕਤੀ ਖੜ੍ਹੀ ਬੱਸ ਨੂੰ ਸਟਾਰਟ ਕਰ ਕੇ ਬਹੁਤ ਹੀ ਤੇਜ਼ ਰਫ਼ਤਾਰ ਵਿਚ ਭਗਾ ਕੇ ਲੈ ਗਿਆ। ਬੱਸ ਨੂੰ ਇੰਨੀ ਤੇਜ਼ੀ ਨਾਲ ਲਿਜਾਇਆ ਗਿਆ ਕਿ ਸਟੈਂਡ ਵਿਚ ਖੜ੍ਹੀ ਦੂਜੀ ਬੱਸ ਦਾ ਵੀ ਨੁਕਸਾਨ ਹੋਇਆ ਅਤੇ ਉਸ ਦਾ ਸ਼ੀਸ਼ਾ ਟੁੱਟ ਗਿਆ। ਇਸ ਘਟਨਾ ਦੀ ਭਣਕ ਲੱਗਦਿਆਂ ਹੀ ਬੱਸ ਦੇ ਮਾਲਕ ਨੂੰ ਸੂਚਿਤ ਕੀਤਾ ਗਿਆ। ਕੰਡਕਟਰ ਅਤੇ ਮਾਲਕ ਨੇ ਤੁਰੰਤ ਸਥਾਨਕ ਪੁਲਸ ਚੌਂਕੀ ਵਿੱਚ ਪਹੁੰਚ ਕੇ ਲਿਖਤੀ ਸ਼ਿਕਾਇਤ ਦਰਜ ਕਰਵਾਈ। ਸ਼ਿਕਾਇਤ ਮਿਲਦਿਆਂ ਹੀ ਪੁਲਸ ਪ੍ਰਸ਼ਾਸਨ ਹਰਕਤ ਵਿਚ ਆਇਆ ਅਤੇ ਤੁਰੰਤ ਆਲੇ-ਦੁਆਲੇ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁੱਟੇਜ ਖੰਗਾਲਣੀ ਸ਼ੁਰੂ ਕਰ ਦਿੱਤੀ। ਸੀ. ਸੀ. ਟੀ. ਵੀ. ਫੁਟੇਜ ਅਤੇ ਗੁਪਤ ਸੂਚਨਾ ਦੇ ਆਧਾਰ 'ਤੇ ਪੁਲਸ ਟੀਮਾਂ ਨੇ ਜੀ. ਟੀ. ਰੋਡ 'ਤੇ ਘੇਰਾਬੰਦੀ ਕੀਤੀ। ਮੁਸਤੈਦੀ ਨਾਲ ਕਾਰਵਾਈ ਕਰਦਿਆਂ ਪੁਲਸ ਨੇ ਅੰਮ੍ਰਿਤਸਰ ਰਾਸ਼ਟਰੀ ਰਾਜਮਾਰਗ 'ਤੇ ਸਥਿਤ ਹਮੀਰਾ ਦੇ ਨੇੜੇ ਬੱਸ ਨੂੰ ਰੋਕ ਲਿਆ। ਪੁਲਸ ਨੇ ਮੌਕੇ 'ਤੋਂ ਹੀ ਬੱਸ ਨੂੰ ਸੁਰੱਖਿਅਤ ਬਰਾਮਦ ਕਰ ਲਿਆ

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜ਼ਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad
Ph. : 011-41509689
011-23315814
Mob. : 9971359517
9312262300
E-mail address:
qpatrika@gmail.com
R.N.I. No. 39272/81
Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

ਰੇਡ ਕਰਨ ਗਈ ਪੁਲਸ ਪਾਰਟੀ 'ਤੇ ਹਮਲਾ !

ਕੌਮੀ ਪਤ੍ਰਿਕਾ

ਜਲੰਧਰ 27 ਅਕਤੂਬਰ। ਘਰ ਵਿਚ ਰੇਡ ਕਰਨ ਗਈ ਪੁਲਸ ਪਾਰਟੀ 'ਤੇ ਹਮਲਾ ਕਰ ਦਿੱਤਾ ਗਿਆ। ਇਸ ਦੌਰਾਨ ਐੱਸ. ਆਈ. ਦੀ ਵਰਦੀ ਤੱਕ ਵੀ ਪਾੜ ਦਿੱਤੀ ਗਈ। ਮਿਲੀ ਜਾਣਕਾਰੀ ਮੁਤਾਬਕ ਘਰ 'ਚ ਹੀ ਨਾਜਾਇਜ਼ ਸ਼ਰਾਬ ਦਾ ਕਾਰੋਬਾਰ ਕਰਨ ਵਾਲੇ ਸਮੱਗਲਰ ਤਰਸੇਮ ਸਿੰਘ ਸੇਮਾ ਪੁੱਤਰ ਬੂਆ ਦਾਸ ਵਾਸੀ ਕਾਹਨ ਦਾਸ ਨਗਰ ਬਸਤੀ ਬਾਵਾ ਖੇਲ ਦੇ ਘਰ ਜਦੋਂ ਪੁਲਸ ਪਾਰਟੀ ਨੇ ਐਕਸਾਈਜ਼ ਵਿਭਾਗ ਦੀ ਟੀਮ ਨਾਲ ਰੇਡ ਕਰਕੇ ਸੇਮਾ ਨੂੰ ਸ਼ਰਾਬ ਸਮੇਤ ਗ੍ਰਿਫ਼ਤਾਰ ਕੀਤਾ ਤਾਂ ਇਸੇ ਦੌਰਾਨ ਉਸ ਦੀ ਪਤਨੀ ਬੇਬੀ ਨੇ ਆਪਣੇ ਜਵਾਈ, ਧੀ ਅਤੇ ਕਪਿਲ ਸਮੇਤ 13-14 ਲੋਕਾਂ ਨੂੰ ਨਾਲ ਲੈ ਕੇ ਪੁਲਸ ਪਾਰਟੀ 'ਤੇ ਹਮਲਾ ਕਰ ਦਿੱਤਾ, ਜਿਸ ਕਾਰਨ ਐੱਸ. ਆਈ. ਬਲਵਿੰਦਰ ਸਿੰਘ (ਡਿਊਟੀ ਅਫ਼ਸਰ) ਦੀ ਵਰਦੀ ਪਾਟ ਗਈ ਅਤੇ ਨੇਮ-ਪਲੇਟ ਵੀ ਟੁੱਟ ਗਈ। ਬੇਬੀ ਅਤੇ ਹੋਰ ਹਮਲਾਵਰ ਸੇਮਾ ਨੂੰ ਪੁਲਸ ਤੋਂ ਛੁਡਵਾ ਕੇ ਫ਼ਰਾਰ ਹੋ ਗਏ। ਜਾਂਚ ਅਧਿਕਾਰੀ ਏ. ਐੱਸ. ਆਈ. ਗੁਰਦਿਆਲ ਹੀਰਾ ਨੇ ਦੱਸਿਆ ਕਿ ਪੁਲਸ ਨੇ ਐੱਸ. ਆਈ. ਬਲਵਿੰਦਰ ਸਿੰਘ ਦੇ ਬਿਆਨਾਂ 'ਤੇ ਸੇਮਾ ਦੀ ਪਤਨੀ ਬੇਬੀ ਸਮੇਤ 18 ਲੋਕਾਂ ਖ਼ਿਲਾਫ਼ ਧਾਰਾ 132, 221, 191 (2), 190 ਅਤੇ 238 ਤਹਿਤ ਥਾਣਾ ਬਸਤੀ ਬਾਵਾ ਖੇਲ ਵਿਚ 253 ਨੰਬਰ ਐੱਫ਼. ਆਈ. ਆਰ. ਦਰਜ ਕਰਨ ਤੋਂ ਬਾਅਦ ਫ਼ਰਾਰ ਦੋਸ਼ੀਆਂ ਦੀ ਭਾਲ ਵਿਚ ਰੇਡ ਕਰਨੀ ਸ਼ੁਰੂ ਕੀਤੀ, ਜਿਸ ਤਹਿਤ ਸੇਮਾ ਦੀ ਪਤਨੀ ਬੇਬੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਪਰ ਉਸ ਦੀ ਸਿਹਤ ਖ਼ਰਾਬ ਹੋ ਜਾਣ ਕਾਰਨ ਪਹਿਲਾਂ ਉਸ ਨੂੰ ਸਿਵਲ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ ਅਤੇ ਇਲਾਜ ਮਗਰੋਂ ਫਿਰ ਉਸ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕੀਤਾ ਗਿਆ ਅਤੇ ਜੱਜ ਸਾਹਿਬ ਦੇ ਹੁਕਮਾਂ 'ਤੇ ਉਸ ਨੂੰ ਸੈਂਟਰਲ ਜੇਲ ਕਪੂਰਥਲਾ ਵਿਚ ਬੰਦ ਕਰਵਾ ਦਿੱਤਾ ਗਿਆ ਹੈ। ਬਾਕੀ ਦੋਸ਼ੀਆਂ ਦੀ ਭਾਲ ਕੀਤੀ ਜਾ ਰਹੀ ਹੈ। ਐੱਸ. ਆਈ. ਬਲਵਿੰਦਰ ਸਿੰਘ ਨੇ ਪੁਲਸ ਨੂੰ ਬਿਆਨ ਦਿੱਤੇ ਸਨ ਕਿ ਉਹ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੇ ਸਬੰਧ ਵਿਚ ਬਾਬਾ ਬੁੱਢਾ ਜੀ ਪੁਲ ਬਸਤੀ ਬਾਵਾ ਖੇਲ ਮੌਜੂਦ ਸਨ। ਆਬਕਾਰੀ ਇੰਸਪੈਕਟਰ ਮਨਜੀਤ ਸਿੰਘ (ਸਰਕਲ ਬਸਤੀਆਂ ਜਲੰਧਰ ਰੇਂਜ-2) ਨੇ ਆ ਕੇ ਸੂਚਨਾ ਦਿੱਤੀ ਕਿ ਸੇਮਾ ਆਪਣੇ ਘਰ ਵਿਚ ਨਾਜਾਇਜ਼ ਸ਼ਰਾਬ ਦਾ ਕਾਰੋਬਾਰ ਕਰਦਾ ਹੈ ਅਤੇ ਜੇਕਰ ਉੱਥੇ ਰੇਡ ਕੀਤੀ ਜਾਵੇ ਤਾਂ ਉਸ ਨੂੰ ਸ਼ਰਾਬ ਸਮੇਤ ਫੜਿਆ ਜਾ ਸਕਦਾ ਹੈ। ਪੁਲਸ ਨੇ ਆਬਕਾਰੀ ਟੀਮ ਨਾਲ ਰੇਡ ਕਰਕੇ ਸੇਮਾ ਨੂੰ ਕਾਬੂ ਕਰ ਕੇ ਉਸ ਦੇ ਕਬਜ਼ੇ ਵਿਚੋਂ ਨਾਜਾਇਜ਼ ਸ਼ਰਾਬ ਬਰਾਮਦ ਕਰ ਲਈ ਅਤੇ ਜਦੋਂ ਉਸ ਨੂੰ ਲੈ ਕੇ ਜਾਣ ਲੱਗੇ ਤਾਂ ਉਸ ਦੀ ਪਤਨੀ ਬੇਬੀ ਤੇ ਹੋਰਨਾਂ ਵੱਲੋਂ ਪੁਲਸ ਪਾਰਟੀ 'ਤੇ ਹਮਲਾ ਕਰਕੇ ਸੇਮਾ ਨੂੰ ਛੁਡਵਾ ਲਿਆ ਗਿਆ ਅਤੇ ਪੁਲਸ ਵੱਲੋਂ ਬਰਾਮਦ ਕੀਤੀ ਗਈ ਨਾਜਾਇਜ਼ ਸ਼ਰਾਬ ਨੂੰ ਵੀ ਖ਼ੁਰਦ-ਬੁਰਦ ਕਰ ਦਿੱਤਾ ਗਿਆ। ਤਰਸੇਮ ਸਿੰਘ ਸੇਮਾ ਖ਼ਿਲਾਫ਼ ਪੁਲਸ ਵੱਲੋਂ ਥਾਣਾ ਬਸਤੀ ਬਾਵਾ ਖੇਲ ਵਿਚ 61/1/14 ਐਕਸਾਈਜ਼ ਐਕਟ ਤਹਿਤ 252 ਨੰਬਰ ਐੱਫ਼. ਆਈ. ਆਰ. ਵੱਖਰੇ ਤੌਰ 'ਤੇ ਵੀ ਦਰਜ ਕੀਤੀ ਗਈ ਹੈ।

ਨਸ਼ੇ ਦੀ ਓਵਰਡੋਜ਼ ਨਾਲ ਨੌਜਵਾਨ ਦੀ ਮੌਤ

ਬਠਿੰਡਾ 27 ਅਕਤੂਬਰ। ਚਿੱਟੇ ਦੀ ਓਵਰਡੋਜ਼ ਨਾਲ ਪਰਸਰਾਮ ਨਗਰ 'ਚ ਇੱਕ ਨੌਜਵਾਨ ਦੀ ਮੌਤ ਹੋ ਗਈ। ਇੰਜੈਕਸ਼ਨ ਮ੍ਰਿਤਕ ਵਿਅਕਤੀ ਦੀ ਬਾਂਹ 'ਚ ਹੀ ਰਹਿ ਗਿਆ। ਜਾਣਕਾਰੀ ਅਨੁਸਾਰ ਨੌਜਵਾਨ ਵੈਲਫੇਅਰ ਸੁਸਾਇਟੀ ਨੂੰ ਬੀਤੀ ਰਾਤ ਸੂਚਨਾ ਮਿਲੀ ਕਿ ਇੱਕ ਨੌਜਵਾਨ ਗਲੀ ਨੰਬਰ-29 ਦੇ ਪਰਸਰਾਮ ਨਗਰ 'ਚ ਸੜਕ 'ਤੇ ਬੇਹੋਸ਼ ਪਿਆ ਹੈ। ਸੂਚਨਾ ਮਿਲਣ 'ਤੇ ਸੰਸਥਾ ਦੇ ਵਲੰਟੀਅਰ, ਸੁਮਿਤ ਮਹੇਸ਼ਵਰੀ, ਵਿਸ਼ਾਲ ਚੌਹਾਨ ਅਤੇ ਸਕਸ਼ਮ ਮਹੇਸ਼ਵਰੀ, ਐਂਬੂਲੈਂਸ ਲੈ ਕੇ ਮੌਕੇ 'ਤੇ ਪਹੁੰਚੇ। ਨੌਜਵਾਨ ਦੀ ਬਾਂਹ 'ਚ ਨਸ਼ੇ ਦਾ ਟੀਕਾ ਲੱਗਿਆ ਹੋਇਆ ਸੀ ਅਤੇ ਉਹ ਮਰ ਚੁੱਕਾ ਸੀ। ਉਸਦੀ ਸਾਈਕਲ ਵੀ ਲਾਸ਼ ਦੇ ਕੋਲ ਹੀ ਖੜ੍ਹੀ ਸੀ। ਸੰਸਥਾ ਮੈਂਬਰਾਂ ਨੇ ਤੁਰੰਤ ਪੁਲਸ ਨੂੰ ਸੂਚਿਤ ਕੀਤਾ। ਮ੍ਰਿਤਕ ਦੀ ਪਛਾਣ ਰਮੇਸ਼ ਕੁਮਾਰ (32) ਵਾਸੀ ਪਰਸਰਾਮ ਨਗਰ ਵਜੋਂ ਹੋਈ। ਮ੍ਰਿਤਕ ਵਿਆਹਿਆ ਹੋਇਆ ਸੀ। ਮੁੱਢਲੀ ਪੁਲਸ ਕਾਰਵਾਈ ਤੋਂ ਬਾਅਦ ਸੰਸਥਾ ਮੈਂਬਰਾਂ ਨੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਪਹੁੰਚਾਇਆ।

ਡੇਰਾਬੱਸੀ ਤੋਂ 16 ਸਾਲਾ ਨੌਜਵਾਨ ਭੇਦਭਰੇ ਹਾਲਾਤ 'ਚ ਲਾਪਤਾ

ਡੇਰਾਬੱਸੀ 27 ਅਕਤੂਬਰ। ਡੇਰਾਬੱਸੀ ਦੇ ਮੇਨ ਬਾਜ਼ਾਰ ਨੇੜੇ ਘੰਟੀ ਸਮੋਸਿਆਂ ਵਾਲਾ ਦੇ ਰਹਿਣ ਵਾਲੇ ਅਜੈ ਪਾਂਡੇ ਪੁੱਤਰ ਸ਼੍ਰੀ ਪਸ਼ੂਪਤੀ ਨਾਥ ਪਾਂਡੇ ਦਾ 16 ਸਾਲਾ ਲੜਕਾ ਸਤਿਅਮ ਭੇਦਭਰੇ ਹਾਲਾਤ ਵਿੱਚ ਲਾਪਤਾ ਹੋ ਗਿਆ ਹੈ। ਏ.ਐੱਸ.ਆਈ. ਨਿਰਭੈਅ ਸਿੰਘ ਅਨੁਸਾਰ ਸ਼ਿਕਾਇਤਕਰਤਾ ਅਜੈ ਪਾਂਡੇ ਨੇ ਦੱਸਿਆ ਕਿ ਉਨ੍ਹਾਂ ਦਾ ਲੜਕਾ ਸਤਿਅਮ 22 ਅਗਸਤ ਨੂੰ ਘਰੋਂ ਬਿਨਾਂ ਕੁਝ ਦੱਸੇ ਕਿਧਰੇ ਚਲਾ ਗਿਆ ਸੀ ਅਤੇ ਵਾਪਸ ਨਹੀਂ ਪਰਤਿਆ। ਪਰਿਵਾਰ ਵੱਲੋਂ ਆਪਣੇ ਪੱਧਰ 'ਤੇ ਉਸ ਦੀ ਕਾਫ਼ੀ ਭਾਲ ਕੀਤੀ ਗਈ, ਪਰ ਉਸ ਦਾ ਕੋਈ ਸੁਰਾਗ ਨਹੀਂ ਮਿਲਿਆ। ਸ਼ਿਕਾਇਤਕਰਤਾ ਨੇ ਖ਼ਦਸ਼ਾ ਜਤਾਇਆ ਹੈ ਕਿ ਕਿਸੇ ਅਣਪਛਾਤੇ ਵਿਅਕਤੀ ਨੇ ਉਸ ਦੇ ਲੜਕੇ ਨੂੰ ਨਾਜਾਇਜ਼ ਹਿਰਾਸਤ ਵਿੱਚ ਰੱਖਿਆ ਹੋਇਆ ਹੈ। ਪੁਲਸ ਨੇ ਸ਼ਿਕਾਇਤ ਦੇ ਆਧਾਰ 'ਤੇ ਅਣਪਛਾਤੇ ਵਿਅਕਤੀ ਖ਼?ਲਾਫ਼ ਮੁਕੱਦਮਾ ਦਰਜ ਕਰ ਲਿਆ ਹੈ।

NAME CHANGE

I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

NAME CHANGE

I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

NAME CHANGE

I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

NAME CHANGE

I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

NAME CHANGE

I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

NAME CHANGE

I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

NAME CHANGE

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

PUBLIC NOTICE

It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

PUBLIC NOTICE

It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

PUBLIC NOTICE

It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

NAME CHANGE

I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

NAME CHANGE

It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

PUBLIC NOTICE

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

NAME CHANGE

I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

NAME CHANGE

I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

NAME CHANGE

I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

NAME CHANGE

I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

NAME CHANGE

I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

NAME CHANGE

I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

NAME CHANGE

I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

ਅਮਰੀਕਾ ਨੂੰ ਭਾਰਤੀ ਬੰਦੇ ਨੇ ਲਾ'ਤਾ 550 ਕਰੋੜ ਦਾ 'ਚੂਨਾ' ! ਹੋ ਸਕਦੀ ਐ 100 ਸਾਲ ਦੀ ਕੈਦ

ਇੰਟਰਨੈਸ਼ਨਲ ਡੈਸਕ 27 ਅਕਤੂਬਰ। ਅਮਰੀਕਾ ਤੋਂ ਇਕ ਹੈਰਾਨ ਕਰਨ ਵਾਲੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਭਾਰਤੀ ਮੂਲ ਦੇ ਇੱਕ ਵਿਅਕਤੀ 'ਤੇ ਕੋਵਿਡ ਦੌਰਾਨ 3.8 ਲੱਖ ਤੋਂ ਵੱਧ ਫਰਜ਼ੀ ਟੈਸਟ ਰਿਪੋਰਟਾਂ ਤਿਆਰ ਕਰ ਕੇ ਅਮਰੀਕੀ ਸਰਕਾਰ ਨਾਲ 6.6 ਕਰੋੜ ਅਮਰੀਕੀ ਡਾਲਰ (ਕਰੀਬ 550 ਕਰੋੜ ਰੁਪਏ) ਦੀ ਵੱਡੀ ਠੱਗੀ ਮਾਰਨ ਦੇ ਗੰਭੀਰ ਦੋਸ਼ ਆਇਦ ਕੀਤੇ ਗਏ ਹਨ। ਇਲੀਨੋਇਸ ਸਥਿਤ ਇੱਕ ਕਲੀਨਿਕਲ ਲੈਬਾਰਟਰੀ ਦੇ ਸਹਿ-ਮਾਲਕ ਰਾਜੇਸ਼ ਪਟੇਲ (52) 'ਤੇ ਧੋਖਾਧੜੀ ਦੀਆਂ 5 ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਪਟੇਲ ਨੇ ਆਪਣੀ ਲੈਬ ਰਾਹੀਂ 'ਮੈਰੀਡੀਅਨ ਮੈਡੀਕਲ ਸਟਾਫਿੰਗ ਇੰਕ.' ਦੇ ਨਾਮ 'ਤੇ 3,80,000 ਫਰਜ਼ੀ 'ਨੈਗੇਟਿਵ' ਕੋਵਿਡ ਟੈਸਟ ਰਿਪੋਰਟਾਂ ਤਿਆਰ ਕੀਤੀਆਂ ਸੀ। ਇਨ੍ਹਾਂ ਫਰਜ਼ੀ ਟੈਸਟਾਂ ਦੇ ਬਿੱਲ ਅਮਰੀਕੀ ਸਰਕਾਰ ਦੇ 'ਹੈਲਥ ਰਿਸੋਰਸਿਜ਼ ਐਂਡ ਸਰਵਿਸਿਜ਼ ਐਡਮਿਨਿਸਟ?ਰੇਸ਼ਨ' ਦੇ Uninsured Program ਨੂੰ ਭੇਜੇ ਗਏ। ਇਹ ਸਰਕਾਰੀ ਪ੍ਰੋਗਰਾਮ ਬਿਨਾਂ ਸਿਹਤ ਬੀਮੇ ਵਾਲੇ ਲੋਕਾਂ ਦੇ ਟੈਸਟਾਂ ਦਾ ਖਰਚਾ ਚੁੱਕਦਾ ਸੀ। ਮੁਕੱਦਮੇ ਅਨੁਸਾਰ, ਪਟੇਲ ਦੀ ਲੈਬ ਨੇ 6.62 ਕਰੋੜ ਡਾਲਰ ਦੇ ਫਰਜ਼ੀ ਬਿੱਲ ਸਰਕਾਰ ਨੂੰ ਭੇਜੇ, ਜਿਨ੍ਹਾਂ 'ਚੋਂ ਸਰਕਾਰ ਵੱਲੋਂ 4.41 ਕਰੋੜ ਡਾਲਰ (ਕਰੀਬ 370 ਕਰੋੜ ਰੁਪਏ) ਦਾ ਭੁਗਤਾਨ ਕਰ ਦਿੱਤਾ ਗਿਆ। ਇਸ ਪੂਰੇ ਘਪਲੇ 'ਚੋਂ ਰਾਜੇਸ਼ ਪਟੇਲ ਨੂੰ ਨਿੱਜੀ ਤੌਰ 'ਤੇ 2.8 ਕਰੋੜ ਡਾਲਰ (ਕਰੀਬ 235 ਕਰੋੜ ਰੁਪਏ) ਹਾਸਲ ਹੋਏ। ਸ਼ਿਕਾਗੋ ਦੇ 629 ਰੀਜਨਲ ਆਫ਼?ਸ ਅਤੇ 'ਹੈਲਥ ਐਂਡ ਹਿਊਮਨ ਸਰਵਿਸਿਜ਼' ਵੱਲੋਂ ਕੀਤੀ ਜਾਂਚ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ ਹੈ। ਜੇਕਰ ਅਦਾਲਤ 'ਚ ਦੋਸ਼ ਸਾਬਤ ਹੋ ਜਾਂਦੇ ਹਨ, ਤਾਂ ਰਾਜੇਸ਼ ਪਟੇਲ ਨੂੰ 100 ਸਾਲ ਤੱਕ ਜੇਲ੍ਹ ਦੀ ਸਜ਼ਾ ਹੋ ਸਕਦੀ ਹੈ।

PUBLIC NOTICE

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

ARJUN BIDHURI Advocate
CH. NO.536, Saket Courts
New Delhi-110017.

NAME CHANGE

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

PUBLIC NOTICE

My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

Shyam Sharma (Adv)

PUBLIC NOTICE

I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

NAME CHANGE

I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

ਉਤਰ ਰੇਲਵੇ

ਨਿਵਿਦਾ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਉਪ ਮੁੱਖ ਯਾਂਤਰਿਕ ਇੰਜੀਨੀਅਰ, :-ਦਫਤਰ, ਰੇਲ ਕੋਚ ਨਵੀਨੀਕਰਨ ਕਾਰਖਾਨਾ, ਸੋਨੀਪਤ, ਉਤਰ ਰੇਲਵੇ ਹੇਠਾਂ ਲਿਖਤ ਕੰਮ ਦੇ ਲਈ ਈ-ਨਿਵਿਦਾ ਕਰਦੇ ਹਨ।

1	ਨਿਵਿਦਾ ਨੰਬਰ	383961
2	ਕੰਮ ਦਾ ਨਾਮ ਅਤੇ ਕੰਮ ਸਥਾਨ	ਆਰਸੀਐਨਕੇ/ਸੋਨੀਪਤ ਵਿਚ MLR ਸ਼ੇਡਯੂਲ ਦੇ ਦੌਰਾਨ 22 ਐਲਐਚਬੀ (LWACCW) ਕੋਚਾਂ ਦਾ ਨਵੀਨੀਕਰਨ (ਕੰਮ ਖੇਤਰ ਦੇ ਅਨੁਸਾਰ)।
3	ਅੰਦਾਜਨ ਲਾਗਤ	ਰੁਪਏ 10,63,00,391.30 /— ਜੀਐਸਟੀ @ 18% ਸਮੇਤ
4	ਬਿਆਨਾ ਰਾਸ਼ੀ	₹ 21,26,000 /—
5	ਨਿਵਿਦਾ ਫਾਰਮ ਦਾ ਮੁੱਲ	ਜੀਰੋ
6	ਕੰਮ ਸਮਾਂ	ਸਵੀਕ੍ਰਿਤੀ ਪੱਤਰ ਜਾਰੀ ਹੋਣ ਦੀ ਮਿਤੀ ਤੋਂ 06 ਮਹੀਨੇ।
7	ਨਿਵਿਦਾ ਫਾਰਮ ਜਮ੍ਹਾ ਕਰਨ ਦੀ ਅੰਤਮ ਮਿਤੀ ਅਤੇ ਖੁਲਣ ਦੀ ਮਿਤੀ ਤੇ ਸਮਾਂ	16.11.2026 ਨੂੰ 15:00 ਵਜੇ ਤਕ ਨਿਵਿਦਾ ਖੁਲਣ ਦੀ ਪ੍ਰਕਿਰਿਆ ਉਸੇ ਦਿਨ 15:15 ਵਜੇ ਹੋਵੇਗੀ।
8	ਨਿਵਿਦਾ ਫਾਰਮ ਡਾਊਨਲੋਡ ਕਰਨ ਦੇ ਲਈ ਇੰਟਰਨੈਟ ਸਾਈਟ	ਉਪਰੋਕਤ ਨਿਵਿਦਾ IREPS ਸਾਈਟ 'ਤੇ ਉਪਲਬਧ ਹੈ ਜੋ ਕਿ ਹੈ www.ireps.gov.in
9	ਜੇਕਰ ਹਿੰਦੀ ਤੇ ਅੰਗ੍ਰੇਜੀ ਦੇ ਨੋਟਿਸ ਵਿਚ ਕੋਈ ਵਿਰੋਧਾਭਾਸ ਹੈ, ਤਾਂ ਅੰਗ੍ਰੇਜੀ ਦਾ ਨੋਟਿਸ ਹੀ ਮਾਨਯ ਹੋਵੇਗਾ।	

ਨੰ.: 383961 ਤਾਰੀਕ : 27.10.2026 3747/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

☛ ਰੇਲਯਾਤਰੀ ਕ੍ਰਿਪਾ ਧਿਆਨ ਦੇਵੋ ! ☚

ਮਹੱਤਵਪੂਰਣ ਸੂਚਨਾ

ਰੇਲਗੱਡੀਆਂ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਰੇਲਯਾਤਰੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪਰਿਚਾਲਨ ਕਾਰਣਾ ਦੀ ਵਜ੍ਹਾਂ ਤੋਂ ਰੇਲਵੇ ਦੁਆਰਾ ਕੁਛ ਰੇਲਗੱਡੀਆਂ ਦੀ ਸਮੇਂ-ਸਾਰਣੀ ਵਿਚ ਤਬਦੀਲੀ ਕਰਨ ਦਾ ਫੈਸਲਾ ਲਿਤਾ ਗਿਆ ਹੈ, ਜਿਨ੍ਹਾਂ ਦਾ ਫੈਸਲਾ ਲਿਤਾ ਗਿਆ ਹੈ, ਜਿਨ੍ਹਾਂ ਦਾ ਵੇਰਵਾ ਹੇਠਾ ਅਨੁਸਾਰ ਹੈ:-

ਗੱਡੀ ਨੰਬਰ 12275 ਪ੍ਰਯਾਗਰਾਜ ਜੰ: - ਨਵੀਂ ਦਿੱਲੀ ਹਮਸਫਰ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 12275 (29.10.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਨਵੀਂ ਦਿੱਲੀ	06:15	---	06:35	—

ਗੱਡੀ ਨੰਬਰ 12276 ਨਵੀਂ ਦਿੱਲੀ - ਪ੍ਰਯਾਗਰਾਜ ਜੰ: ਹਮਸਫਰ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 12276 (28.10.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਨਵੀਂ ਦਿੱਲੀ	---	22:30	---	23:05
ਪ੍ਰਯਾਗਰਾਜ ਜੰ:	06:20	---	07:45	---

ਗੱਡੀ ਨੰਬਰ 12273 ਹਾਵੜਾ - ਨਵੀਂ ਦਿੱਲੀ ਦੁਰੰਤੋ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 12273 (30.10.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਨਵੀਂ ਦਿੱਲੀ	06:40	---	06:55	—

ਗੱਡੀ ਨੰਬਰ 19604 ਗੋਡਡਾ - ਦੋਰਾਈ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 19604 (05.01.2027 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਅਲੀਗੜ੍ਹ ਜੰਕਸ਼ਨ	04:00	04:02	ਕੋਈ ਤਬਦੀਲੀ ਨਹੀਂ	
ਗਾਜੀਆਬਾਦ	07:23	07:25	06:48	06:50
ਦਿੱਲੀ ਜੰ:	08:15	08:30	07:35	07:50
ਗੁਡਗਾਂਵ	09:28	09:30	08:48	08:50
ਰੇਵਾੜੀ ਜੰ:	10:15	10:22	09:40	09:50
ਅਟੇਲੀ	10:59	11:01	10:21	10:23
ਨਾਰਨੌਲ	11:15	11:17	10:36	10:38
ਨਾਰਨੌਲ ਤੋਂ ਅੱਗੇ ਕੋਈ ਤਬਦੀਲੀ ਨਹੀਂ				

ਗੱਡੀ ਨੰਬਰ 15566 ਨਵੀਂ ਦਿੱਲੀ - ਲਿਅਤਗ੍ਰਾਮ ਵੈਸ਼ਾਲੀ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 15566 (23.12.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਨਵੀਂ ਦਿੱਲੀ	---	20:40	---	20:40
ਗਾਜੀਆਬਾਦ	21:23	21:25	NO CHANGE	
ਅਲੀਗੜ੍ਹ ਜੰ: - ਇਟਾਂਵਾ ਜੰ: ਦੇ ਵਿਚ ਕੋਈ ਤਬਦੀਲੀ ਨਹੀਂ				
ਕਾਨਪੁਰ ਸੈਂਟਰਲ	02:25	02:30	02:25	02:30
ਏਸ਼ਬਾਗ	04:05	04:15	04:10	04:15
ਏਸ਼ਬਾਗ ਤੋਂ ਅੱਗੇ ਕੋਈ ਤਬਦੀਲੀ ਨਹੀਂ				

ਗੱਡੀ ਨੰਬਰ 20104 ਗੋਰਖਪੁਰ - ਲੋਕਮਾਨਯ ਤਿਲਕ (ਟ) ਸੁਪਰਫਾਸਟ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 20104 (23.12.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਏਸ਼ਬਾਗ	03:58	04:08	04:03	04:13

ਗੱਡੀ ਨੰਬਰ 15744 ਬਠਿੰਡਾ ਜੰ: - ਬਾਲੂਰਘਾਟ ਫਰਕਕਾ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 15744 (29.10.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਬਠਿੰਡਾ ਜੰ:	---	16:25	---	16:25
ਬਠਿੰਡਾ ਜੰ: - ਦਿੱਲੀ ਜੰ: ਦੇ ਵਿਚ ਕੋਈ ਤਬਦੀਲੀ ਨਹੀਂ				
ਦਿੱਲੀ ਜੰ:	21:25	21:40	21:30	21:45
ਗਾਜੀਆਬਾਦ	22:25	22:27	22:27	22:29
ਖੁਰਜਾ ਜੰ:	23:10	23:12	23:23	23:25

ਗੱਡੀ ਨੰਬਰ 15119 ਬਨਾਰਸ - ਦੇਹਰਾਦੂਨ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 15119 (23.12.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਬਨਾਰਸ	---	08:20	---	08:30
ਸੇਵਾਪੁਰੀ	08:48	08:49	08:56	08:57
ਪਰਸੀਪੁਰ	09:01	09:02	09:10	09:11
ਭਦੋਹੀ	09:10	09:12	09:19	09:21
ਮੋਢ	09:21	09:22	09:30	09:31
ਸੁਰਿਯਾਵਾਂ	09:30	09:31	09:39	09:40
ਜੰਘਈ ਜੰ:	09:46	09:48	09:58	10:00
ਜੰਘਈ ਜੰ: ਤੋਂ ਅੱਗੇ ਕੋਈ ਤਬਦੀਲੀ ਨਹੀਂ				

ਗੱਡੀ ਨੰਬਰ 20933 ਉਘਨਾ ਜੰ: - ਦਾਨਾਪੁਰ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 20933 (22.12.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਉਘਨਾ ਜੰ:	---	08:35	---	08:35
ਉਘਨਾ ਜੰ: - ਪ੍ਰਯਾਗਰਾਜ ਜੰ: ਦੇ ਵਿਚ ਕੋਈ ਤਬਦੀਲੀ ਨਹੀਂ				
ਪ੍ਰਯਾਗਰਾਜ ਜੰ: (ਰਿਵਰਸਲ)	04:05	04:30	04:05	04:25
ਗਿਆਨਪੁਰ ਰੋਡ	05:41	05:43	05:35	05:40
ਵਾਰਾਨਸੀ	07:00	07:07	NO CHANGE	
ਵਾਰਾਨਸੀ ਤੋਂ ਅੱਗੇ ਕੋਈ ਤਬਦੀਲੀ ਨਹੀਂ				

ਗੱਡੀ ਨੰਬਰ 14241 ਪ੍ਰਯਾਗਰਾਜ ਸੰਗਮ - ਸਹਾਰਨਪੁਰ ਨੋਚੰਦੀ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 14241 (01.01.2027 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਪ੍ਰਯਾਗਰਾਜ ਸੰਗਮ	---	17:50	---	17:50
ਬਛਰਾਵਾਂ	20:52	20:54	20:52	20:54
ਲਖਨਊ	22:00	22:10	---	---
ਆਲਮਨਗਰ	---	---	22:25	22:35
ਸੰਡੀਲਾ	23:03	23:05	कोई परिवर्तन नही	

ਗੱਡੀ ਨੰਬਰ 12562 ਨਵੀਂ ਦਿੱਲੀ - ਜਯਨਗਰ ਸਵਤੰਤਰਤਾ ਸੇਨਾਨੀ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 12562 (23.12.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਨਵੀਂ ਦਿੱਲੀ	---	21:15	---	21:15
ਨਵੀਂ ਦਿੱਲੀ - ਪ੍ਰਯਾਗਰਾਜ ਜੰ: ਵਿਚ ਕੋਈ ਤਬਦੀਲੀ ਨਹੀਂ				
ਪ੍ਰਯਾਗਰਾਜ	05:15	05:25	05:25	05:35
ਗਿਆਨਪੁਰ ਰੋਡ	06:38	06:40	06:58	07:00

ਗੱਡੀ ਨੰਬਰ 22459 ਮਧੁਪੁਰ ਜੰ: - ਆਨੰਦ ਵਿਹਾਰ (ਟ) ਬਾਬਾ ਬੈਜਨਾਥ ਧਾਮ ਦੇਵਘਰ ਹਮਸਫਰ ਸੁਪਰਫਾਸਟ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 22459 (03.11.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਪ੍ਰਯਾਗਰਾਜ ਜੰ:	22:36	22:38	22:20	22:22
ਕਾਨਪੁਰ ਸੈਂਟਰਲ	00:50	00:55	कोई परिवर्तन नही	
ਆਨੰਦ ਵਿਹਾਰ (ਟ)	06:30	---	06:45	---

ਗੱਡੀ ਨੰਬਰ 20929 ਉਘਨਾ ਜੰ: - ਬਨਾਰਸ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 20929 (01.01.2027 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਵਾਰਾਣਸੀ ਜੰ:	—	—	20:30	20:35
ਵਾਰਾਣਸੀ ਤੋਂ ਅੱਗੇ ਕੋਈ ਤਬਦੀਲੀ ਨਹੀਂ				

ਗੱਡੀ ਨੰਬਰ 12557 ਮੁਜੱਫਰਪੁਰ ਜੰ: - ਆਨੰਦ ਵਿਹਾਰ (ਟ) ਸਪਤਕ੍ਰਾਂਤੀ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 12557 (30.10.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਆਨੰਦ ਵਿਹਾਰ (ਟ)	07:40	—	07:45	—

ਗੱਡੀ ਨੰਬਰ 22417 ਵਾਰਾਣਸੀ - ਨਵੀਂ ਦਿੱਲੀ ਮਹਾਮਨਾ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 22417 (31.10.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਗਾਜੀਆਬਾਦ	07:18	07:20	07:23	07:25
ਨਵੀਂ ਦਿੱਲੀ	08:05	---	08:10	---

ਗੱਡੀ ਨੰਬਰ 22419 ਗਾਜੀਪੁਰ ਸਿਟੀ - ਆਨੰਦ ਵਿਹਾਰ (ਟ) ਸੁਹੇਲਦੇਵ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 22419 (30.10.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਗਾਜੀਆਬਾਦ	07:18	07:20	07:23	07:25
ਆਨੰਦ ਵਿਹਾਰ (ਟ)	07:55	---	08:05	---

ਗੱਡੀ ਨੰਬਰ 12276 ਨਵੀਂ ਦਿੱਲੀ - ਪ੍ਰਯਾਗਰਾਜ ਜੰ: ਹਮਸਫੁ ਸੁਪਰ ਫਾਸਟ ਐਕਸਪ੍ਰੈਸ ਦਾ ਨਵੀਂ ਦਿੱਲੀ ਤੋਂ ਆਨੰਦ ਵਿਹਾਰ (ਟ) ਤਕ ਟਰਮੀਨਲ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 12276 (02.01.2027 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਨਵੀਂ ਦਿੱਲੀ	—	22:30	---	—
ਆਨੰਦ ਵਿਹਾਰ (ਟ)	---	---	—	23:15
ਪ੍ਰਯਾਗਰਾਜ ਜੰ:	06:20	---	07:45	—

ਰੇਲਯਾਤਰੀਆਂ ਤੋਂ ਅਨੁਰੋਧ ਹੈ ਕਿ ਕਿਸੀ ਵੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨ ਨੰ: 139 ਉਤੇ ਸੰਪਰਕ ਕਰੋ ਜਾਂ ਰੇਲਵੇ ਦੀ ਵੈੱਬਸਾਈਟ https://www.enquiry.indianrail.gov.in ਜਾਂ NTES App ਦੇਖੋ ।

ਗੱਡੀ ਨੰਬਰ 64111 ਖੁਰਜਾ ਜੰ: - ਸ਼ਕੂਰ ਬਸਤੀ ਈਐਮਯੂ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 64111 (28.10.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਗਾਜੀਆਬਾਦ	07:19	07:20	07:29	07:30
ਸਾਹਿਬਾਬਾਦ	07:30	07:31	07:40	07:41
ਵਿਵੇਕ ਵਿਹਾਰ	07:38	07:39	07:48	07:49
ਦਿੱਲੀ ਸ਼ਾਹਦਰਾ	07:43	07:44	07:53	07:54
ਦਿੱਲੀ ਜੰ:	08:06	08:08	08:13	08:15
ਦਿੱਲੀ ਕਿਸ਼ਨਗੰਜ	08:21	08:22	08:31	08:32
ਵਿਵੇਕਾਨੰਦ ਪੁਰੀ ਹਾਲਟ	08:25	08:26	08:35	08:36
ਦਯਾਬਸਤੀ	08:28	08:29	08:39	08:40
ਸ਼ਕੂਰਬਸਤੀ	08:55	---	09:15	---

ਗੱਡੀ ਨੰਬਰ 12428 ਆਨੰਦ ਵਿਹਾਰ (ਟ) - ਰੀਵਾ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 12428 (28.10.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਆਨੰਦ ਵਿਹਾਰ (ਟ.)	---	22:05	---	22:10
ਗਾਜੀਆਬਾਦ	22:33	22:35	22:40	22:42
ਅਲੀਗੜ੍ਹ ਜੰ:	23:40	23:42	23:50	23:52
ਝੀਂਝਕ	02:19	02:20	02:24	02:25
ਕਾਨਪੁਰ ਸੈਂਟਰਲ	03:15	03:20	03:20	03:25
ਫਤੇਹਪੁਰ	04:15	04:17	04:20	04:22
ਸਿਰਾਥੂ	04:53	04:55	04:58	05:00
ਪ੍ਰਯਾਗਰਾਜ ਜੰ:	06:10	06:15	06:05	06:10
ਸ਼ੰਕਰਗੜ੍ਹ	07:19	07:20	07:19	07:20
ਡਭੋਰਾ	07:48	07:49	07:48	07:49
ਮਾਨਿਕਪੁਰ ਜੰ:	08:33	08:35	08:33	08:35

ਗੱਡੀ ਨੰਬਰ 12275 ਪ੍ਰਯਾਗਰਾਜ ਜੰ: - ਨਵੀਂ ਦਿੱਲੀ ਹਮਸਫਰ ਐਕਸਪ੍ਰੈਸ ਦਾ ਨਵੀਂ ਦਿੱਲੀ ਤੋਂ ਆਨੰਦ ਵਿਹਾਰ (ਟ) ਤਕ ਟਰਮੀਨਲ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 12275 (01.01.2027 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਨਵੀਂ ਦਿੱਲੀ	06:15	---	---	—
ਆਨੰਦ ਵਿਹਾਰ (ਟ)	---	---	06:25	---

ਗੱਡੀ ਨੰਬਰ 14242 ਸਹਾਰਨਪੁਰ - ਪ੍ਰਯਾਗਰਾਜ ਸੰਗਮ ਨੋਚੰਦੀ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 14242 (01.01.2027 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਸਹਾਰਨਪੁਰ ਜੰ:	---	17:15	---	17:15
ਸਹਾਰਨਪੁਰ ਜੰ: - ਆਲਮਨਗਰ ਦੇ ਵਿਚ ਕੋਈ ਤਬਦੀਲੀ ਨਹੀਂ				
ਆਲਮਨਗਰ	---	---	04:45	04:50
ਲਖਨਊ	05:00	05:10	—	---
ਬਛਰਾਵਾਂ	05:55	05:57	ਕੋਈ ਤਬਦੀਲੀ ਨਹੀਂ	

ਗੱਡੀ ਨੰਬਰ 22465 ਮਧੁਪੁਰ ਜੰ: - ਆਨੰਦ ਵਿਹਾਰ (ਟ) ਬਾਬਾ ਬੈਜਨਾਥ ਧਾਮ ਦੇਵਘਰ ਹਮਸਫਰ ਸੁਪਰਫਾਸਟ ਐਕਸਪ੍ਰੈਸ ਦੀ ਸਮੇਂ-ਸਾਰਣੀ ਵਿਚ ਤਬਦੀਲੀ

ਸਟੇਸ਼ਨ	ਗੱਡੀ ਨੰ: 22465 (29.10.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਆਨੰਦ ਵਿਹਾਰ (ਟ)	06:30	---	06:45	—

ਗੱਡੀ ਨੰਬਰ 64437 ਗਾਜੀਆਬਾਦ - ਦਿੱਲੀ ਜੰ: ਐਮਈਐਮਯੂ

ਸਟੇਸ਼ਨ	ਗੱਡੀ ਨੰ: 64437 (28.10.2026 ਤੋਂ ਪ੍ਰਭਾਵੀ)			
	ਮੌਜੂਦਾ ਸਮਾਂ		ਤਬਦੀਲੀ ਸਮਾਂ	
	ਆਉਣਾ	ਜਾਣਾ	ਆਉਣਾ	ਜਾਣਾ
ਗਾਜੀਆਬਾਦ	---	06:10	---	05:45
ਸਾਹਿਬਾਬਾਦ	06:19	06:20	05:54	05:55
ਚੰਦਰ ਨਗਰ ਹਾਲਟ	06:24	06:25	06:02	06:03
ਆਨੰਦ ਵਿਹਾਰ ਹਾਲਟ	06:27	06:28	06:05	06:06
ਤਿਲਕ ਬ੍ਰਿਜ	06:33	06:34	06:15	06:16
ਸ਼ਿਵਾਜੀ ਬ੍ਰਿਜ	06:37	06:38	06:19	06:20
ਨਵੀਂ ਦਿੱਲੀ	06:53	06:55	06:33	06:35
ਸਦਰ ਬਾਜ਼ਾਰ	07:02	07:03	06:44	06:45
ਦਿੱਲੀ ਜੰ:	07:50	---	07:35	---

ਉਤੇ ਸਾਨੂੰ ਫਾਲੋ ਕਰੋ

ਉੱਤਰ ਰੇਲਵੇ

ਤੁਹਾਡੀ ਸੁਵਿਧਾ - ਸਾਡਾ ਸ਼੍ਰੇਯ

ਸਾਨੂੰ www.nr.indianrailways.gov.in ਉਤੇ ਮਿਲੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਮੈਂ ਪਿਛਲੇ ਢਾਈ ਸਾਲ ਤੋਂ ਬਹੁਤ ਸਾਰੀਆਂ ਅਜਿਹੀਆਂ ਹਸਤੀਆਂ ਨਾਲ ਬਾਵਾਸਤਾ ਹੋ ਰਹੀ ਹਾਂ ਜੋ ਜਿਸਮਾਨੀ ਤੌਰ 'ਤੇ ਭਾਵੇਂ ਵਿਦੇਸ਼ਾਂ ਵਿਚ ਰਹਿ ਰਹੀਆਂ ਨੇ ਪਰ ਜ਼ਿਹਨੀ ਤੌਰ 'ਤੇ ਮਾਤ ਭੂਮੀ, ਪਿੰਡ, ਸ਼ਹਿਰ ਅਤੇ ਆਪਣੇ ਲੋਕਾਂ ਨਾਲ ਜੁੜੇ ਰਹਿਣ ਦੀ ਭਾਵਨਾ ਨਾਲ ਓਤ-ਪੋਤ ਹਨ। ਮੇਰਾ ਮਨ ਇਨ੍ਹਾਂ ਨੂੰ ਪਰਵਾਸੀ ਕਹਿਣ ਲਈ ਹਾਮੀ ਨਹੀਂ ਭਰਦਾ...

ਇਸ਼ਕ ਵਤਨ ਦਾ ਜਿਨ੍ਹਾਂ ਦੇ ਹੱਡੀਂ ਰਚਿਆ

ਡਾ. ਨਵਜੋਤ
81468-28040

ਕੁਝ ਸੁਪਨੇ, ਕੁਝ ਖ਼ਾਹਿਸ਼ਾਂ, ਮਨ 'ਚ ਸੰਦਲੀ ਖ਼ਾਬ ਸਜਾ ਕੇ ਨਵੇਂ ਦਿਸਹੱਦੇ ਦੀ ਤਲਾਸ਼ 'ਚੋਂ ਪਰਵਾਸੀ ਹੋਏ ਪੰਜਾਬੀਆਂ ਨੇ ਸਖ਼ਤ ਮਿਹਨਤ ਮੁਸ਼ੱਕਤ ਕਰ ਕੇ ਬੇਸ਼ੱਕ ਪਰਾਈ ਧਰਤੀ 'ਤੇ ਵੀ ਛੋਟਾ ਜਿਹਾ ਪੰਜਾਬ ਵਸਾ ਲਿਆ ਹੈ, ਪੰਜਾਬੀ ਪਰਿਵਾਰ, ਪੰਜਾਬੀ ਮਹਿਫ਼ਲਾਂ, ਗੁਰਦੁਆਰਿਆਂ 'ਚ ਪੰਜਾਬ ਦੀ ਮੌਜੂਦਗੀ, ਉਹੀ ਮਾਣ ਮਰਿਆਦਾ, ਉਹੀ ਲੰਗਰ ਪ੍ਰਥਾ, ਉਹੀ ਪ੍ਰਵਚਨ ਪਰ ਫਿਰ ਵੀ ਆਪਣੇ ਪੰਜਾਬ ਦੀ ਖਿੱਚ ਇਨ੍ਹਾਂ ਪਰਵਾਸੀਆਂ ਦੇ ਅੰਦਰੋਂ ਮਰਦੀ ਨਹੀਂ। ਰੋਟੀ ਦੀ ਭੁੱਖ ਬੇਸ਼ੱਕ ਬਹੁਤ ਵੱਡੀ ਹੁੰਦੀ ਹੈ ਪਰ ਰੂਹ ਦੀ ਭੁੱਖ, ਦੇਸ਼ ਨਾਲ ਫਿਰ ਜੁੜਨ ਦੀ ਭੁੱਖ ਦੀ ਵੀ ਕੋਈ ਸੀਮਾ ਨਹੀਂ ਹੁੰਦੀ। ਪਦਾਰਥਕ ਸੁੱਖਾਂ ਦੀ ਪ੍ਰਾਪਤੀ ਦੇ ਬਾਵਜੂਦ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣ ਦੀ ਇੱਛਾ ਹਮੇਸ਼ਾ ਬਰਕਰਾਰ ਰਹਿੰਦੀ ਹੈ। ਆਪਣੇ ਅਤੀਤ, ਮਾਤ ਭੂਮੀ, ਮਾਂ ਬੋਲੀ ਅਤੇ ਆਪਣੇ ਲੋਕਾਂ ਤੋਂ ਟੁੱਟੇ ਪਰਵਾਸੀ ਦੇਸ਼ ਪ੍ਰਤੀ ਹੇਰਵਾ ਅਤੇ ਮੋਹ ਵਧੇਰੇ ਸ਼ਿੱਦਤ ਨਾਲ ਮਹਿਸੂਸ ਕਰਦੇ ਹਨ। ਜੜ੍ਹਾਂ ਦੀ ਅਹਿਮੀਅਤ ਜੜ੍ਹਾਂ ਤੋਂ ਟੁੱਟਿਆ ਬੰਦਾ ਹੀ ਸਮਝ ਸਕਦਾ ਹੈ। ਜਿਸ ਧਰਤੀ, ਸੱਭਿਆਚਾਰ ਤੇ ਬੋਲੀ ਵਿਚ ਮਨੁੱਖ ਜੰਮਿਆ, ਪਲਿਆ ਤੇ ਪਰਵਾਨ ਚੜ੍ਹਿਆ ਹੋਵੇ, ਉਸ ਮਿੱਟੀ ਦਾ ਮੋਹ ਉਸ ਨੂੰ ਲਗਾਤਾਰ ਸਤਾਉਂਦਾ ਹੈ ਤੇ ਉਸ ਸਰਜ਼ਮੀਂ ਨੂੰ ਭੁੱਲਣਾ ਮੁਸ਼ਕਿਲ ਹੀ ਨਹੀਂ ਅਸੰਭਵ ਵੀ ਹੁੰਦਾ ਹੈ। ਮੁੱਕਦੀ ਗੱਲ ਇਹ ਹੈ ਕਿ ਦੇਸ਼ ਛੱਡਣ ਨਾਲ ਦੇਸ਼ ਛੁੱਟ ਨਹੀਂ ਹੁੰਦਾ ਪਰ ਪਰਿਵਰਤਿਤ ਪ੍ਰਸਥਿਤੀਆਂ ਵਿਚ ਵਾਪਸ ਦੇਸ਼ ਪਰਤਣਾ ਸੰਭਵ ਨਹੀਂ। ਕਿਸੇ ਨਾ ਕਿਸੇ ਹੀਲੇ ਵਸੀਲੇ ਇਹ ਪਰਵਾਸੀ ਆਪਣੇ ਲੋਕਾਂ ਨਾਲ ਜੁੜੇ ਰਹਿਣਾ ਚਾਹੁੰਦੇ ਹਨ।

ਸਮਾਜਿਕ ਤੇ ਸੱਭਿਆਚਾਰਕ ਸਮਾਰੋਹ

ਮੈਂ ਪਿਛਲੇ ਢਾਈ ਸਾਲ ਤੋਂ ਬਹੁਤ ਸਾਰੀਆਂ ਅਜਿਹੀਆਂ ਹਸਤੀਆਂ ਨਾਲ ਬਾਵਾਸਤਾ ਹੋ ਰਹੀ ਹਾਂ ਜੋ ਜਿਸਮਾਨੀ ਤੌਰ 'ਤੇ ਭਾਵੇਂ ਵਿਦੇਸ਼ਾਂ ਵਿਚ ਰਹਿ ਰਹੀਆਂ ਨੇ ਪਰ ਜ਼ਿਹਨੀ ਤੌਰ 'ਤੇ ਮਾਤ ਭੂਮੀ, ਪਿੰਡ, ਸ਼ਹਿਰ, ਆਪਣੇ ਲੋਕਾਂ ਨਾਲ ਜੁੜੇ ਰਹਿਣ ਦੀ ਭਾਵਨਾ ਨਾਲ ਓਤ-ਪੋਤ ਹਨ। ਮੇਰਾ ਮਨ ਇਨ੍ਹਾਂ ਨੂੰ ਪਰਵਾਸੀ ਕਹਿਣ ਲਈ ਹਾਮੀ ਨਹੀਂ ਭਰਦਾ। ਓਪਰੀ ਧਰਤੀ 'ਤੇ ਜਾ ਕੇ ਵੀ ਮਾਣ-ਮੱਤੇ ਪੰਜਾਬੀ ਸੱਭਿਆਚਾਰ ਨੂੰ ਇਹ ਲੋਕ ਵਿਸਾਰ ਨਹੀਂ ਸਕੇ। ਪਿਛਲੇ ਸਾਲ ਸਾਹਿਤਕ, ਸੱਭਿਆਚਾਰਕ ਤੇ ਸਮਾਜਿਕ ਗਤੀਵਿਧੀਆਂ ਦੇ ਕੇਂਦਰ ਪੰਜਾਬ ਭਵਨ ਸਰੀ ਦੇ ਸੰਸਥਾਪਕ, ਮਾਂ ਬੋਲੀ ਪੰਜਾਬੀ ਦੇ ਲੱਜ ਪਾਲਕ ਸੁੱਖੀ ਬਾਠ ਹੋਰਾਂ ਨੂੰ ਮਿਲਣ ਦਾ ਸਬੱਬ ਬਣਿਆ। ਉਨ੍ਹਾਂ ਨੂੰ ਸਟੇਜ 'ਤੇ ਬੋਲਦਿਆਂ ਸੁਣ ਕੇ ਮੈਨੂੰ ਹੈਰਾਨੀ ਹੋਈ ਕਿ ਐਨੇ ਲੰਬੇ ਸਮੇਂ ਤੋਂ ਕੈਨੇਡਾ ਦੇ ਵਸਨੀਕ ਜਿੱਥੇ ਹਰ ਕੰਮ ਅੰਗਰੇਜ਼ੀ 'ਚ ਹੁੰਦਾ ਹੋਵੇ, ਕੰਨਾਂ 'ਚ ਵੀ ਪੰਜਾਬੀ ਨਾਲੋਂ ਵੱਧ ਅੰਗਰੇਜ਼ੀ ਦੇ ਲਫ਼ਜ਼ ਬਾਰ-ਬਾਰ ਟਕਰਾਉਂਦੇ ਹੋਣਗੇ ਪਰ ਫਿਰ ਵੀ ਉਨ੍ਹਾਂ ਦੇ ਮੂੰਹੋਂ ਮਾਖਿਓਂ ਮਿੱਠੀ ਸ਼ੁੱਧ ਪੰਜਾਬੀ ਸੁਣ ਕੇ ਅਹਿਸਾਸ ਹੋਇਆ ਕਿ ਵਾਕਿਆ ਹੀ ਸੁੱਖੀ ਦੀ ਆਤਮਾ ਧੁਰ ਅੰਦਰੋਂ ਪੰਜਾਬੀ ਹੈ। ਪੰਜਾਬ ਭਵਨ 'ਚ ਸਿਰਫ਼ ਪੰਜਾਬੀ ਹੀ ਨਹੀਂ ਫਿਲੀਪੀਨਜ਼ ਤੇ ਚੀਨੀ ਮੂਲ ਦੇ ਪਰਵਾਸੀ ਬਿਨਾਂ ਕਿਸੇ ਇਵਜ਼ਾਨੇ ਦੇ ਆਪਣੇ ਸਮਾਜਿਕ ਤੇ ਸੱਭਿਆਚਾਰਕ ਸਮਾਰੋਹ ਕਰਵਾਉਂਦੇ ਰਹਿੰਦੇ ਨੇ।

ਜੜ੍ਹਾਂ ਨਾਲ ਜੁੜਿਆ ਇਨਸਾਨ ਸੁੱਖੀ ਬਾਠ

ਸੁੱਖੀ ਬਾਠ ਹੋਰਾਂ ਮਿਹਨਤ, ਲਗਨ ਤੇ ਲਿਆਕਤ ਨਾਲ ਸਮਾਜ ਵਿਚ ਇਕ ਖ਼ਾਸ ਜਗ੍ਹਾ ਬਣਾਈ ਹੈ। ਆਪਣੀਆਂ ਜੜ੍ਹਾਂ ਨਾਲ ਜੁੜੇ ਇਸ ਇਨਸਾਨ ਬਾਰੇ ਆਮ ਲੋਕਾਂ ਦੀ ਇਹ ਰਾਏ ਹੈ ਕਿ ਇਹ ਬਹੁਤ ਵੱਡਾ ਕਾਰੋਬਾਰੀ ਹੈ। ਲੋਹੜੇ ਦੇ ਜਜ਼ਬਾਤੀ ਇਸ ਸ਼ਖ਼ਸ ਬਾਰੇ ਮੇਰੀ ਨਿੱਜੀ ਰਾਏ ਹੈ ਕਿ ਸੁੱਖੀ ਬਾਠ ਬਹੁਤ ਵੱਡਾ ਕੋਮਲਭਾਵੀ ਤੇ ਮੁਹੱਬਤੀ ਇਨਸਾਨ ਹੈ। ਉਹ ਹਰ ਪਲ ਮੁਹੱਬਤਾਂ ਵੰਡਦਾ ਹੈ ਤੇ ਮੁਹੱਬਤ ਦਾ ਹੀ ਕਾਰੋਬਾਰ ਕਰਦਾ ਹੈ। ਗੰਭੀਰ ਸੋਚਵਾਨ, ਸੂਝਵਾਨ ਨਿਰਛਲ ਦਿਲ ਵਾਲਾ ਇਹ ਇਨਸਾਨ ਮੁਹੱਬਤ ਦਾ ਪੈਗ਼ਾਮ ਦੇਣ ਪੰਜਾਬ ਤੁਰਿਆ ਹੀ ਰਹਿੰਦਾ ਹੈ। ਪੰਜਾਬ ਨਾਲ ਇਸ ਕਦਰ ਮੁਹੱਬਤ ਕਿ ਸਾਲ 'ਚ ਪੰਜਾਬ ਦੇ ਅੱਠ ਦਸ ਗੇੜੇ ਐਂ ਕੱਢਦੇ ਜਿਵੇਂ ਕੋਈ ਪਿੰਡ ਦੀ ਫਿਰਨੀ ਤੋਂ ਮੁੜਕੇ ਰੋਟੀ ਖਾਣ ਘਰ ਪਰਤੇ। ਪੰਜਾਬ ਆ ਕੇ ਸੁੱਖੀ ਦੀ ਮਸ਼ਰੂਫ਼ੀਅਤ ਦੇ ਦਾਇਰੇ ਅਸੀਮ ਹੋ ਜਾਂਦੇ ਹਨ। ਸੁੱਖੀ ਦੀ ਸਵੇਰ ਪਟਿਆਲੇ, ਦੁਪਹਿਰ ਲੁਧਿਆਣੇ ਤੇ ਰਾਤ ਦਿੱਲੀ ਬੀਤਦੀ ਹੈ।

ਸੁੱਖੀ ਦੀ ਦਿਲੀ ਚਾਹਤ ਹੈ ਕਿ ਉਹ ਸੁੱਖ ਸਹੂਲਤਾਂ ਤੋਂ ਵਾਂਝੇ ਲੋਕਾਂ ਦੇ ਚਿਹਰੇ 'ਤੇ ਮੁਸਕਰਾਹਟ ਲਿਆ ਸਕੇ।

ਧੀਆਂ ਦੇ ਸ਼ਖ਼ਸੀ ਵਿਕਾਸ ਲਈ ਇਹ ਇਨਸਾਨ ਹਮੇਸ਼ਾ ਵਚਨਵੱਧ ਹੈ। ਕਿਤੇ ਧੀਆਂ ਨੂੰ ਗੋਦ ਲੈ ਰਿਹਾ, ਕਿਤੇ ਉਨ੍ਹਾਂ ਦੇ ਹੱਥ ਕਲਮ ਫੜਾ ਆਪਣਾ ਮੁਕੱਦਰ ਆਪ ਲਿਖਣ ਦੇ ਕਾਬਿਲ ਬਣਾ ਰਿਹਾ, ਕਿਤੇ ਧੀਆਂ ਦਾ ਧਰਮੀ ਬਾਬਲ ਬਣ ਧੀਆਂ ਦੇ ਕਾਜ ਰਚਾ ਰਿਹਾ। ਪੰਜਾਬ ਦੀ ਨੌਜਵਾਨੀ ਦੇ ਰੁਜ਼ਗਾਰ ਲਈ ਇਹ ਇਨਸਾਨ ਫ਼ਿਕਰਮੰਦ ਹੈ। ਅੰਨ੍ਹੇਵਾਹ ਵਿਦੇਸ਼ਾਂ ਨੂੰ ਲੱਗੀ ਦੌੜ ਤੋਂ ਚਿੰਤਤ ਹੈ। ਨਸ਼ਿਆਂ 'ਚ ਗਰਕ ਰਹੀ ਨਵੀਂ ਪੀੜ੍ਹੀ ਲਈ ਹਰ ਘੜੀ ਸੋਚਵਾਨ ਹੈ। ਪਲ-ਪਲ ਮਰ ਰਹੀ ਇਨਸਾਨੀਅਤ ਉਸ ਦੀ ਪਰੇਸ਼ਾਨੀ ਦਾ ਕਾਰਨ ਹੈ। ਨੱਬੇ ਹਜ਼ਾਰ ਮਰੀਜ਼ਾਂ ਦੀਆਂ ਅੱਖਾਂ ਦੇ ਮੁਫ਼ਤ ਉਪਰੇਸ਼ਨ ਕਰਵਾਉਣਾ ਉਸ ਦੀ ਸਿਹਤ ਸਹੂਲਤਾਂ ਪ੍ਰਤੀ ਫ਼ਿਕਰਮੰਦੀ ਦਾ ਹੀ ਸਬੂਤ ਹੈ। ਸੋਹਣੇ ਸੁਨੱਖੇ ਪੰਜਾਬ ਦਾ ਸੁਪਨਾ ਉਸ ਦੀਆਂ ਨਜ਼ਰਾਂ 'ਚ ਹਰ ਪਲ ਤੈਰਦਾ ਹੈ। ਸੁੱਖੀ ਦੇ ਸਾਹਮਣੇ ਉੱਚਾ ਸੁੱਚਾ ਆਦਰਸ਼ ਹੈ। ਉਸ ਨੂੰ ਜ਼ਿੰਦਗੀ ਨਾਲ ਮੁਹੱਬਤ ਹੈ। ਜ਼ਿੰਦਗੀ ਨੂੰ ਜ਼ਨੂੰਨ ਦੀ ਹੱਦ ਤਕ ਮੁਹੱਬਤ ਕਰਨ ਵਾਲੇ ਇਨਸਾਨ ਹੀ ਸਮੁੱਚੀ ਕਾਇਨਾਤ ਨੂੰ ਇਸ਼ਕ ਕਰ ਸਕਦੇ ਹਨ। ਉਨ੍ਹਾਂ ਪੰਜਾਬ ਦੇ ਬਾਰਾਂ ਹਜ਼ਾਰ ਸਕੂਲਾਂ 'ਚ ਆਰਓ, ਕੂਲਰ, ਆਡੀਓ ਵਿਜ਼ੂਅਲ ਤੇ ਫਰਨੀਚਰ ਮੁਹੱਈਆ ਕਰਵਾਉਣ ਦਾ ਤਹੱਈਆ ਕੀਤਾ ਹੈ। ਉਹ ਨਾ ਸਿਰਫ਼ ਕੌਮੀ ਸਗੋਂ ਕੌਮਾਂਤਰੀ ਪੱਧਰ 'ਤੇ ਸਮਾਜ ਸੇਵਾ ਕਰ ਰਹੇ ਹਨ।

> **ਮਾਤ ਭੂਮੀ ਨਾਲੋਂ ਟੁੱਟੇ ਪਰਵਾਸੀ ਦੇਸ਼ ਪ੍ਰਤੀ ਹੇਰਵਾ ਤੇ ਮੋਹ ਵਧੇਰੇ ਸ਼ਿੱਦਤ ਨਾਲ ਮਹਿਸੂਸ ਕਰਦੇ ਹਨ। ਜੜ੍ਹਾਂ ਦੀ ਅਹਿਮੀਅਤ ਜੜ੍ਹਾਂ ਤੋਂ ਟੁੱਟਿਆ ਬੰਦਾ ਹੀ ਸਮਝ ਸਕਦਾ ਹੈ।**

ਖ਼ੂਬਸੂਰਤ ਰੂਹ ਰਣਜੀਤ

ਪਿਛਲੇ 28 ਸਾਲ ਤੋਂ ਅਮੀਰਕਾ 'ਚ ਵਸਦੀ ਰਣਜੀਤ ਉਹ ਖ਼ੂਬਸੂਰਤ ਰੂਹ ਹੈ ਜਿਸ ਦੀ ਸੂਰਤ ਹੀ ਸੋਹਣੀ ਨਹੀਂ ਸੀਰਤ ਵੀ ਕਾਬਿਲ ਏ ਤਾਰੀਫ਼ ਹੈ। ਆਪਣੀ ਮਿੱਟੀ ਨੂੰ ਮੋਹ ਕਰਨ ਵਾਲੀ ਇਹ ਕੁੜੀ ਜਦ ਵੀ ਪੰਜਾਬ ਆਉਂਦੀ ਹੈ, ਇਸ ਦਾ ਸਭ ਤੋਂ ਪਹਿਲਾ ਕਰਮ ਹੁੰਦਾ ਹੈ ਕਿਸੇ ਅਨਾਥ ਆਸ਼ਰਮ ਦੀ ਪਰਿਕਰਮਾਂ ਕਰਨੀ। ਇਸ ਕੁੜੀ ਨੂੰ ਤਸਕੀਨ ਮਿਲਦੀ ਹੈ ਜ਼ਿੰਦਗੀ ਦੇ ਉਸਰੱਈਏ ਸਾਡੀ ਖ਼ਾਤਰ ਆਪਣੀਆਂ ਖ਼ੁਸ਼ੀਆਂ ਦਾਅ ਤੇ ਲਾਉਣ ਵਾਲੇ, ਜ਼ਿੰਦਗੀ ਦੇ ਲੌਢੇ ਵੇਲੇ ਬਿਰਧ ਘਰਾਂ 'ਚ ਰੁਲ ਰਹੇ ਬਜ਼ੁਰਗਾਂ ਦੀ ਸੇਵਾ ਕਰ ਕੇ, ਰਣਜੀਤ ਬੇਸਹਾਰਾ ਲੋਕਾਂ ਦੀ ਜ਼ਿੰਦਗੀ 'ਚ ਆਸ ਦੀ ਕਿਰਨ ਜਗਾ ਰਹੀ ਹੈ। ਪੈਸਾ ਕਦੇ ਵੀ ਉਸ ਦੀ ਪ੍ਰਾਥਮਿਕਤਾ ਨਹੀਂ ਰਿਹਾ। ਇਹ ਦੌਲਤ, ਇਹ ਸ਼ੁਹਰਤ, ਉਸ ਲਈ ਕਦੇ ਵੀ ਸਮੁੱਚੀ ਜ਼ਿੰਦਗੀ ਨਹੀਂ, ਸਗੋਂ ਜ਼ਿੰਦਗੀ ਦਾ ਸਿਰਫ਼ ਇਕ ਹਿੱਸਾ ਹੈ। ਸਮਾਜ ਸੇਵਾ ਹੀ ਉਸ ਦੀ ਅਸਲ ਜ਼ਿੰਦਗੀ ਹੈ। ਲੰਬੇ ਸਮੇਂ ਤੋਂ ਰਣਜੀਤ ਸਾਡੀ ਸੰਸਥਾ ਨਾਲ ਜੁੜੀ ਹੋਈ ਹੈ। ਇਸ ਵਾਰ ਜਦੋਂ ਅਮਰੀਕਾ ਤੋਂ ਚੱਲਣ ਲੱਗੀ ਤਾਂ ਉਨ੍ਹਾਂ ਦੇ ਸਾਊਥ ਇੰਡੀਅਨ ਕੁਲੀਗ ਡਾ. ਕਿਰਨ ਰਾਜਾ ਸਨਿਨ ਨੇ ਸਾਡੀ ਸੰਸਥਾ ਦੀਆਂ ਹੋਣਹਾਰ ਤੇ ਲੋੜਵੰਦ ਬੱਚੀਆਂ ਦੀ ਮਦਦ ਲਈ ਹੱਥ ਵਧਾਇਆ। ਮੈਂ ਹੈਰਾਨ ਸੀ ਕਿ ਕਿਸ ਸ਼ਿੱਦਤ ਨਾਲ ਇਸ ਕੁੜੀ ਨੇ ਸਾਡੀ ਮਾਣਮੱਤੀ ਸੰਸਥਾ ਦੀ ਖ਼ੁਸ਼ਬੂ ਪਰਾਈ ਧਰਤੀ 'ਤੇ ਫੈਲਾਈ ਹੋਵੇਗੀ ਕਿ ਕਿਸੇ ਅਣਜਾਨ ਨੂੰ ਸਾਡਾ ਬਹੁਤ ਆਪਣਾ ਬਣਾ ਦਿੱਤਾ।

ਨੈਤਿਕ ਤੇ ਆਰਥਿਕ ਪੱਖੋਂ ਸੰਪੰਨ ਪ੍ਰਿੰ. ਕੁਲਵੰਤ ਕੌਰ ਸਿੱਧੂ

ਪੰਜਾਬੀ ਬੰਦੇ ਦਾ ਅਸਲ ਉਸ ਦੇ ਅਤੀਤ 'ਚ ਹੁੰਦਾ ਹੈ। ਬਠਿੰਡਾ ਤੋਂ ਕੈਨੇਡਾ ਵਸੇ ਪ੍ਰਿੰਸੀਪਲ ਕੁਲਵੰਤ ਕੌਰ ਸਿੱਧੂ ਨੇ ਇਮਾਨਦਾਰੀ ਨਾਲ ਮਾਣਯੋਗ ਅਹੁਦਿਆਂ ਤਕ ਪਹੁੰਚੀ। ਉਨ੍ਹਾਂ ਪੰਜਾਬ ਵਿਚ ਹਜ਼ਾਰਾਂ ਧੀਆਂ ਨੂੰ ਪੜ੍ਹਾ ਲਿਖਾ ਕੇ ਨਾ ਸਿਰਫ਼ ਨੈਤਿਕ ਪੱਖੋਂ ਸਗੋਂ ਆਰਥਿਕ ਪੱਖੋਂ ਵੀ ਸੰਪੰਨ ਕੀਤਾ। ਬੇਗ਼ਾਨੀ ਧਰਤੀ 'ਤੇ ਜਾ ਕੇ ਇਨ੍ਹਾਂ ਦਾ ਦਿਲ ਆਪਣੇ ਵਤਨ ਲਈ ਧੜਕਦਾ ਰਹਿੰਦਾ ਹੈ। ਇਨ੍ਹਾਂ ਦਾ ਵੀ ਇਹੀ ਮੱਤ ਹੈ ਕਿ ਗ਼ਰੀਬ ਦਾ ਮੂੰਹ ਗੁਰੂ ਦੀ ਗੋਲਕ ਹੁੰਦੀ ਹੈ। ਇਹ ਬਹੁਤ ਹੀ ਭਾਵੁਕ ਇਸਤਰੀ, ਹਰ ਘੜੀ ਲਾਇਕ ਲੋੜਵੰਦ ਧੀਆਂ ਦੇ ਸਰਵਪੱਖੀ ਵਿਕਾਸ ਲਈ ਸੋਚਦੀ ਹੀ ਨਹੀਂ ਸਗੋਂ ਵਿੱਤੋਂ ਵੱਧ ਮਦਦ ਕਰ ਕੇ ਮਨ ਦਾ ਸਕੂਨ ਭਾਲਦੀ ਰਹਿੰਦੀ ਹੈ।

ਜਾਣੀ ਪਛਾਣੀ ਹਸਤੀ ਜੋਗਾ ਸਿੰਘ ਜੌਹਲ

ਜੋਗਾ ਸਿੰਘ ਜੌਹਲ, ਇੰਗਲੈਂਡ ਦੀ ਬਹੁਤ ਹੀ ਜਾਣੀ ਪਛਾਣੀ ਹਸਤੀ ਜੋ ਕਿਸੇ ਜਾਣ ਪਛਾਣ ਦੇ ਮੁਥਾਜ ਨਹੀਂ। ਇਹ ਸੂਝਵਾਨ ਤੇ ਚੇਤੰਨ ਇਨਸਾਨ ਬਹੁਤ ਸਾਲ ਪਿੰਡ ਦੇ ਸਰਪੰਚ ਰਹੇ। ਕੁਝ ਕਾਰਨਾਂ ਕਰਕੇ ਇਨ੍ਹਾਂ ਨੇ ਪਰਵਾਸ ਧਾਰਨ ਕੀਤਾ। ਪਿਛਲੇ ਦਿਨੀਂ ਇਨ੍ਹਾਂ ਦੇ ਪਿੰਡ (ਬਜੂਹਾ ਕਲਾਂ) ਜਾਣ ਦਾ ਸੁਭਾਗ ਪ੍ਰਾਪਤ ਹੋਇਆ ਤੇ ਸੱਚ-ਮੁੱਚ ਮੈਨੂੰ ਇੰਜ ਭਾਸਿਆ ਕਿ ਮੈਂ ਪੰਜਾਬ 'ਚ ਨਹੀਂ ਸਗੋਂ ਕੈਲੀਫੋਰਨੀਆਂ ਦੇ ਕਿਸੇ ਪਿੰਡ 'ਚ ਘੁੰਮ ਰਹੀ ਹਾਂ। ਜੌਹਲ ਸਾਹਿਬ ਸਰਕਾਰੀ ਖ਼ਜ਼ਾਨਿਆਂ ਵੱਲ ਝਾਕ ਨਹੀਂ ਰੱਖਦੇ। ਪੱਲਿਓਂ ਪੈਸੇ ਖ਼ਰਚ ਕੇ ਉਨ੍ਹਾਂ ਆਪਣੇ ਪਿੰਡ ਦੀ ਨੁਹਾਰ ਬਦਲ ਦਿੱਤੀ। ਉਨ੍ਹਾਂ ਦੇ ਪਿੰਡ ਦੀਆਂ ਸੜਕਾਂ ਪੰਜਾਬ ਦੇ ਪਿੰਡਾਂ ਦਾ ਇਕ ਵੱਖਰਾ ਨਮੂਨਾ ਪੇਸ਼ ਕਰਦੀਆਂ ਹਨ। ਸੱਚ-ਮੁੱਚ ਉਨ੍ਹਾਂ ਨੇ ਪਿੰਡ ਦੇ ਵਿਕਾਸ ਲਈ ਵੱਡੀਆਂ ਪੁਲਾਂਘਾ ਪੁੱਟੀਆਂ ਤੇ ਇਕ ਨਵੀਂ ਸੱਭਿਅਤਾ ਦਾ ਆਗ਼ਾਜ਼ ਕੀਤਾ। ਜੌਹਲ ਸਾਹਿਬ ਕੋਲ ਵਿਸ਼ਵ ਸੋਝੀ ਹੈ, ਦੋਹਰੀ ਜੀਵਨ ਦ੍ਰਿਸ਼ਟੀ ਹੈ। ਉਨ੍ਹਾਂ ਦਾ ਸੁਪਨਾ ਵਿਕਸਿਤ ਦੇਸ਼ਾਂ ਵਰਗਾ ਪੰਜਾਬ ਸਿਰਜਣਾ ਹੈ। ਨਾ ਸਿਰਫ਼ ਆਪਣੇ ਪਿੰਡ ਦੇ ਵਿਕਾਸ ਵਿਚ ਮਹੱਤਵਪੂਰਨ ਦੇਣ ਹੈ ਸਗੋਂ ਆਪਣੇ ਇਲਾਕੇ ਦੇ ਗ਼ਰੀਬ ਲੋਕਾਂ ਲਈ ਵੀ ਉਹ ਮਸੀਹਾ ਹਨ। ਬਹੁਤ ਸੰਵੇਦਨਸ਼ੀਲ ਇਨਸਾਨ, ਕਿਸੇ ਦੀ ਦਰਦ ਕਹਾਣੀ ਸੁਣ ਕੇ ਪਰਲ-ਪਰਲ ਹੰਝੂ ਵਗਾਉਂਦੇ ਮੈਂ ਉਨ੍ਹਾਂ ਨੂੰ ਅੱਖੀਂ ਦੇਖਿਆ ਹੈ। ਸਿਰਫ਼ ਮਾਨਵਤਾ ਦੇ ਦਰਦ ਨੂੰ ਮਹਿਸੂਸ ਹੀ ਨਹੀਂ ਕਰਦੇ ਸਗੋਂ ਉਸ ਦਰਦ ਨੂੰ ਨਿਵਾਰਨ ਲਈ ਵੀ ਤੱਤਪਰ ਰਹਿੰਦੇ ਹਨ। ਆਪਣੀ ਧੁਨ ਵਿਚ ਮਗਨ, ਅਡੋਲ ਆਪਣੀ ਰਾਹ ਤੇ ਤੁਰੇ ਹੋਏ ਹਨ। ਧੀਆਂ ਨਾਲ ਇਨ੍ਹਾਂ ਨੂੰ ਖ਼ਾਸ ਹਮਦਰਦੀ ਹੈ। ਧੀਆਂ ਲਈ ਕੀਤੇ ਕਰਮ ਨੂੰ ਇਹ ਪੁੰਨ ਦਾ ਕਾਰਜ ਮੰਨਦੇ ਹਨ ਤੇ ਉਸ ਵਿੱਚੋਂ ਉਨ੍ਹਾਂ ਨੂੰ ਧਰਮ ਦੀ ਪਾਕੀਜ਼ਗੀ ਵਰਗਾ ਅਨੰਦ ਮਿਲਦਾ ਹੈ। ਇਸ ਤਰ੍ਹਾਂ ਦੀ ਕਮਿਟਮੈਂਟ ਵਿਰਲੇ ਟਾਵੇਂ ਬੰਦੇ ਦੇ ਹਿੱਸੇ ਆਉਂਦੀ ਹੈ। ਪਾਰਖੂ ਅੱਖ ਵਾਲੇ ਇਸ ਅਲਬੇਲੇ, ਫ਼ੱਕਰ ਇਨਸਾਨ ਨੂੰ ਮੈਂ ਸਲਾਮ ਕਰਦੀ ਹਾਂ।

ਮਾਂ-ਬੋਲੀ ਨੂੰ ਜੀਅ ਜਾਨ ਨਾਲ ਪਿਆਰਨ ਵਾਲਾ ਸਲਿੰਦਰ ਸਿੰਘ ਸਲਿੰਦਰਾ

ਸਲਿੰਦਰ ਸਿੰਘ ਸਲਿੰਦਰਾ ਆਸਟ੍ਰੇਲੀਆ ਦੇ ਉੱਘੇ ਕਾਰੋਬਾਰੀ ਨੇ। ਆਪਣੀ ਧਰਤੀ, ਆਪਣੇ ਸੱਭਿਆਚਾਰ ਤੇ ਆਪਣੀ ਮਾਂ-ਬੋਲੀ ਨੂੰ ਜੀਅ ਜਾਨ ਨਾਲ ਪਿਆਰਨ ਵਾਲਾ ਇਹ ਇਨਸਾਨ ਲੋੜਵੰਦਾਂ ਦੀ ਮਦਦ ਲਈ ਹਰ ਘੜੀ ਤਿਆਰ ਰਹਿੰਦਾ ਹੈ। ਮਾਂ ਬੋਲੀ ਪੰਜਾਬੀ ਤੇ ਸੱਭਿਆਚਾਰ ਨੂੰ ਸਾਂਭਣ ਦੇ ਯਤਨ 'ਚ ਰਾਜਮਹਿਲ ਪ੍ਰੋਡਕਸ਼ਨ ਦੇ ਤਹਿਤ ਜੋ ਕੰਮ ਇਨ੍ਹਾਂ ਨੇ ਕੀਤਾ ਹੈ, ਉਹ ਕਿਸੇ ਸੰਸਥਾ ਦੇ ਕਰਨਯੋਗ ਕੰਮ ਹੈ ਜੋ ਇਹ ਇਕੱਲੇ ਹੀ ਕਰੀ ਜਾ ਰਹੇ ਹਨ।

ਮਾਨਵਤਾ ਦੀ ਸੇਵਾ ਲਈ ਤੱਤਪਰ ਦੋ ਭੈਣਾਂ

ਕੁਝ ਸਮਾਂ ਪਹਿਲਾਂ ਹੀ ਸ਼ਹਿਰ ਦੇ ਉੱਘੇ ਕਾਰੋਬਾਰੀ, ਸਮਾਜ ਸੇਵੀ, ਪਟਿਆਲਾ ਰੋਡ ਕੈਰੀਅਰ ਦੇ ਮਾਲਿਕ ਰਵਿੰਦਰ ਸਿੰਘ ਧਾਲੀਵਾਲ ਦੇ ਰਾਹੀਂ ਸਾਡੀ ਸੰਸਥਾ ਦੀਆਂ ਪੁਰਾਣੀਆਂ ਵਿਦਿਆਰਥਣਾਂ, ਦੋ ਭੈਣਾਂ ਬੀਬਾ ਜਸਵੰਤ ਕੌਰ ਤੇ ਬਲਵੀਰ ਕੌਰ ਨੂੰ ਮਿਲਣ ਦਾ ਸਬੱਬ ਬਣਿਆ। ਸੇਵਾ ਤੇ ਸਿਮਰਨ ਜਿਨ੍ਹਾਂ ਦੀ ਜ਼ਿੰਦਗੀ ਦਾ ਮੁੱਖ ਉਦੇਸ਼ ਹੈ। ਸਿਮਰਨ ਦੇ ਅਰਥ ਇਨ੍ਹਾਂ ਦੀਆਂ ਨਜ਼ਰਾਂ ਵਿਚ ਬਹੁਤ ਡੂੰਘੇ ਨੇ। ਗੁਰਮਤਿ ਦੇ ਦਰਸਾਏ ਮਾਰਗ ਤੇ ਚਲਦਿਆਂ ਮਾਨਵਤਾ ਦੀ ਸੇਵਾ ਲਈ ਤੱਤਪਰ ਇਹ ਦੋਨੋਂ ਭੈਣਾਂ ਬਹੁਤ ਹੀ ਕੋਮਲਭਾਵੀ ਤੇ ਆਪਣੀ ਸੰਸਥਾ ਦੇ ਜ਼ਰੇ-ਜ਼ਰੇ ਨੂੰ ਪਿਆਰਨ ਵਾਲੀਆਂ ਨੇ। ਅਮਰੀਕਾ ਦੀ ਧਰਤੀ ਤੇ ਵਸਦੇ ਸ਼ਰਨਜੀਤ ਸਿੰਘ ਹੋਰੀਂ ਵਿਦੇਸ਼ੀ ਲੋਕਾਂ ਦੀ ਜੀਵਨ ਜਾਚ ਤੇ ਰਹਿਣੀ-ਬਹਿਣੀ ਤੋਂ ਇਸ ਕਦਰ ਪ੍ਰਭਾਵਿਤ ਹਨ ਕਿ ਪੰਜਾਬ ਨੂੰ ਉਸੇ ਤਰਜ਼ ਦਾ ਬਣਾਉਣਾ ਲੋਚਦੇ ਹਨ। ਪੁਰਾਣੀਆਂ ਸੋਚਾਂ ਤੇ ਬੰਧਨਾਂ ਤੋਂ ਮੁਕਤ ਧੀਆਂ ਦੇ ਸੰਪੂਰਨ ਵਿਕਾਸ ਲਈ ਹਮੇਸ਼ਾਂ ਵਚਨਬੱਧ ਹਨ। ਜ਼ਿੰਦਗੀ ਦੇ ਸ਼ਾਹ ਸਵਾਰ ਬਲਿੰਦਰ ਸਿੰਘ ਤੇ ਜਗਮੇਲ ਭੰਡਾਲ ਹੋਰੀਂ ਜਿੱਥੇ ਵਿਦੇਸ਼ੀ ਧਰਤੀ 'ਤੇ ਆਪਣੇ ਆਪਣੇ ਕਸਬ 'ਚ ਮੁਹਾਰਤ ਰੱਖਦੇ ਨੇ ਉੱਥੇ ਆਪਣੇ ਵਤਨ ਲਈ ਵੀ ਇਨ੍ਹਾਂ ਦੇ ਮਨ 'ਚ ਅਨੰਤ ਮੋਹ ਹੈ। ਵੇਲਾ ਵਿਹਾ ਚੁੱਕੀਆਂ ਕਦਰਾਂ ਕੀਮਤਾਂ ਦੇ ਖ਼ਿਲਾਫ਼, ਅਗਾਂਹਵਧੂ ਸੋਚ ਦੇ ਧਾਰਨੀ ਇਹ ਦੋਨੋਂ ਇਨਸਾਨ ਸਮਾਜਿਕ ਬਾਰਬਰੀ ਦਾ ਸੁਪਨਾ ਆਪਣੀਆਂ ਅੱਖਾਂ ਵਿਚ ਸਮੋਈ ਪੰਜਾਬ ਦੇ ਭਵਿੱਖ ਲਈ ਚਿੰਤਨਸ਼ੀਲ ਹਨ।

ਮਸ਼ੀਨੀ ਮਾਨਸਿਕਤਾ

ਭਾਵੇਂ ਦੇਸ਼ ਕੁਝ ਸਮੇਂ ਬਾਅਦ ਇਨ੍ਹਾਂ ਪਰਵਾਸੀਆਂ ਨੂੰ ਪਰਦੇਸੀ ਸਮਝਣ ਲੱਗ ਜਾਂਦਾ ਹੈ ਪਰ ਮਾਨਸਿਕ ਤੌਰ ਤੇ ਇਹ ਸਾਰੇ ਪਰਵਾਸੀ ਬਹੁਤ ਸਾਰੇ ਆਵਾਸੀਆਂ ਨਾਲੋਂ ਵੱਧ ਹਰ ਘੜੀ, ਹਰ ਪਲ ਆਪਣੇ ਦੇਸ਼ ਨਾਲ ਜੁੜੇ ਰਹਿੰਦੇ ਹਨ। ਸਵੈ-ਪਛਾਣ ਬਣਾਉਣ ਤੇ ਬਚਾਉਣ ਦੇ ਉੱਦਮ 'ਚ ਵੀ ਹਨ। ਅਜੋਕੇ ਪਦਾਰਥਵਾਦੀ ਤੇ ਮਸ਼ੀਨੀ ਮਾਨਸਿਕਤਾ ਵਾਲੇ ਯੁੱਗ ਵਿਚ ਜਦੋਂ ਸਰਮਾਇਆ ਹੀ ਆਮ ਬੰਦੇ ਦਾ ਧਰਮ ਹੋਵੇ, ਆਪਣੀ ਆਤਮਾ ਦੀ ਆਵਾਜ਼ 'ਤੇ ਸਾਬਤ ਕਦਮੀਂ ਪਹਿਰਾ ਦੇਣ ਵਾਲੇ ਲੋਕ ਬਹੁਤ ਘੱਟ ਮਿਲਦੇ ਹਨ। ਲੋਕ ਹਿੱਤਕਾਰੀ ਭੂਮਿਕਾ ਨਿਭਾਉਣ ਵਾਲੇ ਵਤਨ ਦੀ ਮੁਹੱਬਤ 'ਚ ਰੰਗੇ ਹੋਏ ਇਨ੍ਹਾਂ ਸਾਰੇ ਹੀ ਪਰਵਾਸੀਆਂ ਨੂੰ ਮੈਂ ਉਸ ਸੱਚੇ ਆਦਰਸ਼ ਨੂੰ ਸਲਾਮ ਕਰਦੀ ਹਾਂ ਜਿਸ ਨੂੰ ਲੈ ਕੇ ਇਹ ਲੋਕ ਚੱਲੇ ਹਨ। •

ਜੀਵਨ 'ਚ ਖ਼ੁਸ਼ੀਆਂ ਲਿਆਉਂਦੈ ਹਾਂ-ਪੱਖੀ ਨਜ਼ਰੀਆ

ਸਮਾਜ ਵਿਚ ਹਰ ਕੋਈ ਆਪਣੇ ਹੀ ਬੁਣੇ ਤਾਣੇ ਵਿਚ ਇਸ ਕਦਰ ਉਲਝਿਆ ਹੋਇਆ ਹੈ ਕਿ ਉਹ ਚਾਹ ਕੇ ਵੀ ਇਸ ਜੰਜਾਲ 'ਚੋਂ ਨਿਕਲਣ ਵਿਚ ਅਸਮਰੱਥ ਹੈ। ਕੁਦਰਤੀ ਢੰਗ ਨਾਲ ਜੀਵਨ ਜਿਊਣ ਤੋਂ ਅੱਜ ਦਾ ਮਨੁੱਖ ਬਹੁਤ ਦੂਰ ਹੈ। ਪਰਿਵਰਤਨ ਜੀਵਨ ਦੀ ਇਕ ਸਚਾਈ ਹੈ। ਜਿਸ ਤਰ੍ਹਾਂ ਜੇ ਪਾਣੀ ਦਾ ਰੁਖ ਢਲਾਣ ਵੱਲ ਕਰ ਦਈਏ ਤਾਂ ਉਹ ਆਪਣੀ ਚਾਲ ਵਿਚ ਵਹਿਣ ਲੱਗ ਪੈਂਦਾ ਹੈ, ਉਸੇ ਹੀ ਤਰ੍ਹਾਂ ਸਮਾਂ ਵੀ ਹਮੇਸ਼ਾ ਆਪਣੀ ਚਾਲ ਚਲਦਾ ਰਹਿੰਦਾ ਹੈ। ਕੁਦਰਤ ਵੀ ਆਪਣੇ ਨਿੱਤ ਦੇ ਜੀਵਨ ਵਿਚ ਪਰਿਵਰਤਨ ਨੂੰ ਤਰਜੀਹ ਦਿੰਦੀ ਹੈ। ਜਿਸ ਸਵੇਰ ਤੋਂ ਬਾਅਦ ਦੁਪਿਹਰ ਅਤੇ ਸ਼ਾਮ ਤੋਂ ਬਾਅਦ ਰਾਤ ਹੁੰਦੀ ਹੈ ਉਸੇ ਤਰ੍ਹਾਂ ਦਿਨ ਚੜ੍ਹਦਾ ਤੇ ਢਲਦਾ ਰਹਿੰਦਾ ਹੈ। ਇਹ ਸਭ ਮਨੁੱਖ ਦੀ ਸੋਚ ਉੱਤੇ ਅਧਾਰਿਤ ਹੈ। ਵਿਅਕਤੀ ਜਿਸ ਤਰ੍ਹਾਂ ਦੀ ਸੋਚ ਸੋਚਦਾ ਹੈ ਕੁਦਰਤੀ ਸ਼ਕਤੀਆਂ ਉਸੇ ਰੂਪ ਵਿਚ ਕੰਮ ਕਰਨ ਲੱਗ ਪੈਂਦੀਆਂ ਹਨ। ਮਨੁੱਖੀ ਸੋਚ ਅਨੁਸਾਰ ਇਹ ਨਿਸ਼ਚਿਤ ਹੈ ਕਿ ਦਿਨ ਤੋਂ ਬਾਅਦ ਰਾਤ ਹੋਵੇਗੀ ਤੇ ਹੁੰਦਾ ਵੀ ਇਦਾਂ ਹੀ ਹੈ ਪਰ ਕੀ ਕਦੇ ਇੰਜ ਹੋਇਆ ਕਿ ਦਿਨ ਤੋਂ ਬਾਅਦ ਰਾਤ ਹੋਣੀ ਭੁੱਲ ਗਈ ਹੋਵੇ ਜਾਂ ਫੇਰ ਰਾਤ ਤੋਂ ਬਾਅਦ ਆਪਣੇ ਨਿਸ਼ਚਿਤ ਸਮੇਂ ਦੌਰਾਨ ਦਿਨ ਨਾ ਨਿਕਲਿਆ ਹੋਵੇ? ਨਹੀਂ ਬਿਲਕੁਲ ਨਹੀਂ ਕਿਉਂਕਿ ਕੁਦਰਤ ਆਪਣੇ ਨਿਯਮਾਂ ਤੋਂ ਕਦੇ ਨਹੀਂ ਖਿੜਕਦੀ ਤੇ ਉਹ ਬਿਨਾਂ ਰੁਕੇ ਨਿਯਮਾਂ ਅਨੁਸਾਰ ਚਲਦੀ ਰਹਿੰਦੀ ਹੈ। ਮਨੁੱਖ ਨੂੰ ਇਹ ਧਾਰਨਾ ਜੀਵਨ ਵਿਚ ਅਪਣਾਉਣ ਦੀ ਲੋੜ ਹੈ ਕਿਉਂਕਿ ਜੇ ਰੱਬ ਦੀ ਕੁਦਰਤ ਨਿਯਮਾਂ ਅਨੁਸਾਰ ਚਲਦੀ ਹੈ ਫੇਰ ਮਨੁੱਖ ਨਿਯਮਾਂ ਨੂੰ ਧਾਰ ਕੇ ਜੀਵਨ ਕਿਉਂ ਨਹੀਂ ਜੀਅ ਸਕਦਾ? ਕੁਦਰਤੀ ਸ਼ਕਤੀਆਂ ਉਸ ਵੇਲੇ ਹੀ ਮਨੁੱਖੀ ਹੱਕ ਵਿਚ ਹੋ ਨਿਬੜਦੀਆਂ ਹਨ ਜਦੋਂ ਮਨੁੱਖ ਦੇ ਇਰਾਦੇ ਨੇਕ ਹੋਣ ਤੇ ਉਹ ਵਫ਼ਾਦਾਰੀ ਨਾਲ ਆਪਣੇ ਨਿਸ਼ਚੇ ਨੂੰ ਹਾਸਲ ਕਰਨ ਵਿਚ ਜੁਟਿਆ ਹੋਵੇ। ਮਨੁੱਖੀ ਸਰੀਰ ਪੰਜ ਤੱਤਾਂ ਦਾ ਸੁਮੇਲ ਹੈ ਤੇ ਜੇ ਮਨੁੱਖ ਆਪਣੀ ਸ਼ਕਤੀ ਦੀ ਪਛਾਣ ਕਰ ਉਨ੍ਹਾਂ ਨੂੰ ਇਕੱਤਰ ਕਰ ਲਵੇ ਤਾਂ ਇਹ ਕੁਦਰਤੀ ਸ਼ਕਤੀਆਂ ਉਸ ਦੀ ਮਦਦ ਕਰਨ ਵਿਚ ਜੁਟ ਜਾਂਦੀਆਂ ਹਨ ਤੇ ਫੇਰ ਉਹ ਹਰ ਮੁਕਾਮ ਹਾਸਲ ਕਰ ਸਕਦਾ ਹੈ। ਇਹ ਰੱਬੀ ਕੁਦਰਤ ਬੜੀ ਹੀ ਧੰਨ ਹੈ ਜਦੋਂ ਕੋਈ ਬੱਚਾ ਮਾਂ ਦੀ ਕੁੱਖ ਵਿਚ ਆ ਜਾਂਦਾ ਹੈ ਤਾਂ ਕੁਦਰਤ ਇਕ-ਇਕ ਕਰ ਕੇ ਉਸ ਦੇ ਸਰੀਰਕ ਅੰਗਾਂ ਨੂੰ ਘੜਣ ਵਿਚ ਲੱਗ ਜਾਂਦੀ ਹੈ ਅਤੇ ਫੇਰ ਜਦੋਂ ਉਹ ਸੰਸਾਰ ਵਿਚ ਆ ਜਾਂਦਾ ਹੈ ਤਾਂ ਉਹ ਵੇਖਦੇ ਹੀ ਵੇਖਦੇ ਕਈ ਰੂਪ ਧਾਰਦਾ ਹੈ ਤੇ ਕੁਦਰਤ ਉਸ ਵਿਚ ਨਿੱਤ ਤਬਦੀਲੀ ਲਿਆਉਂਦੀ ਹੈ। ਇਸੇ ਤਰ੍ਹਾਂ ਹੀ ਜਦੋਂ ਕੋਈ ਬੀਜ ਧਰਤੀ ਵਿਚ ਬੋਆ ਜਾਂਦਾ ਹੈ ਤਾਂ ਉਹ ਹੌਲੀ-ਹੌਲੀ ਧਰਤੀ ਵਿਚ ਹੀ ਪੁੰਘਰ ਕੇ ਕਿਸੇ ਬੂਟੇ ਦੇ ਰੂਪ ਵਿਚ ਧਰਤੀ ਦੀ ਹਿੱਕ ਵਿੱਚੋਂ ਬਾਹਰ ਨਿਕਲ ਆਉਂਦਾ ਹੈ ਤੇ ਫੇਰ ਕਦੋਂ ਕੁਦਰਤ ਦੀ ਕਾਰਵਾਈ ਹੇਠ ਰੁੱਖ ਬਣ ਜਾਂਦਾ ਹੈ ਪਤਾ ਹੀ ਨਹੀਂ ਲੱਗਦਾ। ਫਿਰ ਇਹ ਰੁੱਖ ਮੌਸਮਾਂ ਅਨੁਸਾਰ ਪੱਤਝੜ ਵਿਚ ਆਪਣੇ ਪੱਤੇ ਝਾੜਦਾ ਹੈ ਤੇ ਬਹਾਰ ਰੁੱਤੇ ਇਸ ਦੇ ਨਵੇਂ ਪੱਤੇ ਫੁੱਟ ਪੈਂਦੇ ਹਨ। ਇਹ ਰੁੱਤਾਂ ਵੀ ਉਸ ਰੱਬ ਦੀ ਕੁਦਰਤ ਦਾ ਹੀ ਇਕ ਕਰਿਸ਼ਮਾ ਹੈ। ਕਦੇ ਲੋਹੜੇ ਦੀ ਠੰਡ, ਕਦੇ ਦਿਲ ਖਿਚਵੀ ਬਹਾਰ ਤੇ ਕਦੇ ਪਤਝੜ। ਮਨੁੱਖ ਦੀ ਤਰ੍ਹਾਂ ਹਰ ਜੀਵ, ਪਸ਼ੂ, ਪੰਛੀ ਜਾਨਵਰ ਜੀਅ ਪੈਦਾ ਕਰਦਾ ਤੇ ਫੇਰ ਕੁਦਰਤ ਉਸ ਨੂੰ ਰੂਪ ਦੇ ਕੇ ਉਸ ਦੇ ਸਰੀਰਕ ਵਿਕਾਸ ਵਿਚ ਜੁੱਟ ਜਾਂਦੀ ਹੈ। ਮਨੁੱਖ ਦੀ ਸੋਚ ਹੀ ਕੁਦਰਤ ਦੇ ਫ਼ੈਸਲੇ ਤੈਅ ਕਰਦੀ ਹੈ। ਸਕਾਰਾਤਮਕ ਸੋਚ ਸਾਕਾਰਾਤਮਕ ਨਤੀਜਿਆਂ ਨੂੰ ਸਿਰਜਦੀ ਹੈ ਤੇ ਨਕਾਰਾਤਮਕ ਸੋਚ ਦਾ ਨਤੀਜਾ ਨਕਾਰਾਤਮਕ ਸਾਹਮਣੇ ਆਉਂਦਾ ਹੈ ਪਰ ਮਨੁੱਖੀ ਕਿਰਦਾਰ ਅਜਿਹਾ ਹੋ ਗਿਆ ਹੈ ਕਿ ਕੁਦਰਤ ਦੀਆਂ ਸ਼ਕਤੀਆਂ ਅਨੁਸਾਰ ਚਲਣਾ ਹੀ ਨਹੀਂ ਚਾਹੁੰਦਾ ਇਹੀ ਕਾਰਨ ਹੈ ਕਿ ਉਹ ਸੰਸਾਰ ਵਿਚ ਦੁੱਖਾਂ ਨੂੰ ਭੋਗਦਾ ਹੈ। ਅੱਜ ਦਾ ਮਨੁੱਖ ਕੁਦਰਤ ਦੀ ਸ਼ਰਨ ਤੋਂ ਬਹੁਤ ਦੂਰ ਬੰਦ ਕਮਰਿਆਂ ਵਿਚ ਆਪਣਾ ਜੀਵਨ ਜੀਅ ਰਿਹਾ ਹੈ। ਪੰਛੀਆਂ ਦੀ ਚਹਿਲ ਪਹਿਲ, ਵਗਦੇ ਦਰਿਆਂ, ਪਾਣੀ ਦੀਆਂ ਛੱਲਾਂ, ਚੜ੍ਹਦਾ ਲਾਲ ਸੁਰਖ਼ ਸੂਰਜ, ਮੁਸਕਰਾਉਂਦੇ ਫੁੱਲ, ਹਵਾ ਦੇ ਹਲੂਰੇ ਇਹ ਸਭ ਉਸ ਨੂੰ ਵਿਅਰਥ ਜਾਪਦਾ ਹੈ। ਮਨੁੱਖ ਕੋਲ ਕੁਦਰਤ ਦੀ ਗੋਦੀ ਵਿਚ ਬਹਿ ਕੇ ਉਸ ਨੂੰ ਮਾਨਣ ਦਾ ਵਕਤ ਨਹੀਂ ਰਿਹਾ ਹੈ। ਉਹ ਤਾਂ ਬਸ ਪੈਸਾ ਕਮਾਉਣ ਦੀਆਂ ਜਦੋਂ-ਜਹਿਦ ਵਿਚ ਆਪਣਾ ਕੀਮਤੀ ਜੀਵਨ ਵਿਅਰਥ ਗਵਾਅ ਰਿਹਾ ਹੈ। ਅੰਤਾਂ ਦਾ ਪੈਸਾ ਇਕੱਠਾ ਕਰਨ ਤੋਂ ਬਾਅਦ ਵੀ ਉਸ ਕੋਲ ਸਕੂਨ ਨਹੀਂ ਹੈ। ਇਸ ਦਾ ਮੁੱਖ ਕਾਰਨ ਕੁਦਰਤ ਅਨੁਸਾਰ ਜੀਵਨ ਜਿਊਣ ਤੋਂ ਗੁਰੇਜ ਕਰਨਾ ਹੈ। ਕੁਦਰਤ ਹੀ ਮਨੁੱਖ ਵਿਚਾਰਾਂ ਅਨੁਸਾਰ ਉਸ ਦੇ ਚਿਹਰੇ ਦੇ ਹਾਵ-ਭਾਵ ਨੂੰ ਬਿਆਨ ਕਰਦੀ ਹੈ ਜੇਕਰ ਮਨੁੱਖ ਦਿਲੋਂ ਦਿਮਾਗ਼ ਵਿਚ ਖ਼ੁਸ਼ੀ ਵਾਲੇ ਵਿਚਾਰ ਲਿਆਉਂਦਾ ਹੈ ਤਾਂ ਕੁਦਰਤ ਵੱਲੋਂ ਇਕ ਵੱਖਰਾ ਹੀ ਨੂਰ ਉਸ ਦੇ ਚਿਹਰੇ 'ਤੇ ਝਲਕਣ ਲੱਗ ਪੈਂਦਾ ਹੈ। ਇਸ ਦੇ ਉਲਟ ਜੇ ਮਨੁੱਖੀ ਦਿਮਾਗ਼ ਦੂਜਿਆਂ ਪ੍ਰਤੀ ਈਰਖਾ ਭਰੇ ਵਿਚਾਰ ਰੱਖਦਾ ਹੈ ਤਾਂ ਈਰਖਾ ਦੇ ਭਾਵ ਆਪ ਮੁਹਾਰੇ ਉਸ ਦੇ ਚਿਹਰੇ ਤੋਂ ਝਲਕਣ ਲੱਗ ਪੈਂਦੇ ਹਨ।

• ਨੂਰਦੀਪ ਕੋਮਲ
9814634446

ਪਰਮਜੀਤ ਭੁੱਲਰ

ਲੋਕ ਸੱਥਾਂ ਵਿਚ ਇਕੱਠੇ ਹੋ ਸਾਰਾ ਦਿਨ ਜਿੱਥੇ ਕਿਸੇ ਨਾ ਕਿਸੇ ਵਿਸ਼ੇ 'ਤੇ ਵਿਚਾਰ ਚਰਚਾ ਕਰਦੇ ਸਨ ਉੱਥੇ ਇਹ ਉਨ੍ਹਾਂ ਲਈ ਮਨੋਰਜਨ ਦਾ ਸਾਧਨ ਸਨ। ਇਹ ਸੱਭਿਆਚਾਰ ਨੂੰ ਬਰਕਰਾਰ ਰੱਖਣ 'ਚ ਵੀ ਸਹਾਈ ਹੁੰਦੀਆਂ ਸਨ...

ਗਿਆਨ ਦਾ ਸਰੋਤ ਹੁੰਦੀਆਂ ਸਨ ਕਦੇ ਸੱਥਾਂ

ਨਵੇਂ ਜ਼ਮਾਨੇ ਦੇ ਦੌਰ ਦੇ ਯੁੱਗ ਵਿਚ ਲੋਪ ਹੋ ਗਈਆਂ ਸੱਥਾਂ ਦੀ ਥਾਂ ਕਲੱਬਾਂ ਨੇ ਲੈ ਲਈ ਹੈ। ਕਦੇ ਲੋਪ ਹੋ ਗਈਆਂ ਸੱਥਾਂ ਦੇ ਬਜ਼ੁਰਗ ਰੌਣਕ ਹੋਇਆ ਕਰਦੇ ਸਨ ਜਿੰਨਾਂ ਤੋਂ ਸਾਨੂੰ ਸਿਆਣਪ ਦੀਆਂ ਗੱਲ ਸਿੱਖਣ ਨੂੰ ਮਿਲਦੀਆਂ, ਹੁਣ ਉਹ ਵੀ ਜ਼ਮਾਨੇ ਨਾਲ ਬਦਲਣ ਲਈ ਮਜ਼ਬੂਰ ਹੋ ਗਏ ਹਨ ਤੇ ਇਨ੍ਹਾਂ ਬਜ਼ੁਰਗਾਂ ਨੂੰ ਵੀ ਘਰਾਂ ਦੀਆਂ ਕੰਧਾਂ ਨੇ ਕੈਦ ਕਰ ਲਿਆ ਹੈ। ਬਸ ਹੁਣ ਤਾਂ ਬਜ਼ੁਰਗ ਘਰਾਂ ਤੇ ਬੱਚਿਆ ਦੇ ਪਹਿਰੇਦਾਰ ਬਣ ਕੇ ਰਹਿ ਗਏ ਹਨ।

ਪਿੰਡਾਂ ਦੀਆਂ ਸੱਥਾਂ ਵਿਚ ਜਿੱਥੇ ਲੋਕ ਇਕੱਠੇ ਹੋ ਕੇ ਮਹਿਫ਼ਲਾਂ ਲਾ ਸਾਰਾ ਦਿਨ ਕਿਸੇ ਨਾ ਕਿਸੇ ਵਿਸ਼ੇ 'ਤੇ ਵਿਚਾਰ ਚਰਚਾ ਕਰਦੇ ਸਨ ਉਥੇ ਹੀ ਉਨ੍ਹਾਂ ਲਈ ਮਨੋਰਜਨ ਦਾ ਸਾਧਨ ਹੋਇਆ ਕਰਦੀਆਂ ਸਨ। ਸੱਥਾਂ ਪੁਰਾਣੇ ਸੱਭਿਆਚਾਰ ਤੇ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਣ ਵਿਚ ਸਹਾਈ ਹੁੰਦੀਆਂ ਸਨ ਅਤੇ ਨਵੀਂ ਪੀੜ੍ਹੀ ਨੂੰ ਇੱਕੋ ਥਾਂ 'ਤੇ ਇਕੱਠੇ ਰੱਖਣ ਦਾ ਜ਼ਰੀਆ ਵੀ ਬਣਦੀਆਂ ਸਨ। ਉਨ੍ਹਾਂ ਸਮਿਆਂ ਵਿਚ ਜ਼ਿਆਦਾ ਤਰ੍ਹਾਂ ਸੱਥਾਂ ਛੱਪੜ ਕਿਨਾਰੇ ਲੱਗੇ ਪਿੱਪਲ, ਬੋਹੜ ਥੱਲੇ ਹੋਇਆ ਕਰਦੀਆਂ ਜਾਂ ਪਿੰਡਾਂ ਦੇ ਵਿਚਕਾਰ ਹੁੰਦੀਆਂ ਸਨ ਜਿੱਥੇ ਲੋਕਾਂ ਨੂੰ ਆਪਣੀ ਸਾਂਝ ਵਧਾਉਣ ਦੇ ਮੌਕੇ ਮਿਲਦੇ ਸਨ। ਪਿੰਡਾਂ ਦੇ ਸਰਬ ਸਾਂਝੇ ਫ਼ੈਸਲੇ ਵੀ ਇਨ੍ਹਾਂ ਸੱਥਾਂ ਵਿਚ ਹੋਇਆ ਕਰਦੇ ਸਨ। ਬਜ਼ੁਰਗ ਇਕੱਠੇ ਹੋ ਕੇ ਤਾਸ ਖੇਡ ਕੇ ਆਪਣਾ ਮੰਨੋਰੰਜਨ ਕਰਦੇ ਸਨ।

ਉਸ ਸਮੇਂ ਇਲਾਕੇ ਵਿਚ ਵਾਪਰੀ ਹਰ ਘਟਨਾ ਜਾਂ ਹੋਰ ਕਿਸੇ ਕਿਸਮ ਦੀ ਹਰ ਇਕ ਜਾਣਕਾਰੀ ਦਾ ਸਰੋਤ ਸਨ ਤੇ ਦੁਨੀਆ ਭਰ ਦੀਆਂ ਗੱਲਾਂ ਚਲਦੀਆਂ ਇਨ੍ਹਾਂ ਸੱਥਾਂ 'ਤੇ। ਉਨ੍ਹਾਂ ਸਮਿਆਂ ਵਿਚ ਟੈਲੀਵਿਜ਼ਨ ਜਾਂ ਟੈਲੀਫੋਨ ਨਾ ਹੋਣ ਕਾਰਨ ਜ਼ਿਆਦਾ ਜਾਣਕਾਰੀ ਸੱਥ ਵਿੱਚੋਂ ਹੀ ਉਪਲਬਧ ਹੁੰਦੀ। ਇਹ ਅਜਿਹੀ ਥਾਂ ਹੁੰਦੀ ਸੀ ਜਿੱਥੇ ਹਰ ਕੋਈ ਆਪਣੇ ਮਨ ਦੀਆਂ ਖੁੱਲ੍ਹ ਕੇ ਗੱਲ ਕਰਦਾ ਤੇ ਖੁੱਲ੍ਹ ਕੇ ਹਾਸਾ ਠੱਠਾ। ਉਸ ਵੇਲੇ ਸੱਥਾਂ ਵਿਚ ਬੈਠੇ ਬਜ਼ੁਰਗ ਸੀਸੀਟੀਵੀ ਕੈਮਰੇ ਦਾ ਕੰਮ ਕਰਦੇ ਸਨ ਤੇ ਹਰ ਆਉਣ ਜਾਣ ਵਾਲੇ 'ਤੇ ਨਜ਼ਰ ਰੱਖਦੇ ਸਨ ।

ਬਜ਼ੁਰਗਾਂ ਵੱਲੋਂ ਨੌਜਵਾਨਾਂ ਨੂੰ ਆਪਣੀ ਹੰਢਾਈ ਹੋਈ ਉਮਰ ਦੇ ਤਜਰਬੇ ਸਾਂਝੇ ਕਰਨ ਕਰਕੇ ਸੱਥਾਂ ਗਿਆਨ ਦਾ ਸਰੋਤ ਵੀ ਬਣਦੀਆਂ। ਪਿੰਡਾਂ ਦੀਆ ਪੰਚਾਇਤਾਂ ਵੱਲੋਂ ਝਗੜਿਆ ਦੇ ਕੀਤੇ ਜਾਂਦੇ ਫ਼ੈਸਲੇ ਸੱਥਾਂ ਵਿਚ ਹੀ ਨਿਬੇੜੇ ਜਾਂਦੇ ਸਨ। ਇਸ ਕਰਕੇ ਕਈ ਪਿੰਡਾਂ ਦੀਆਂ ਸੱਥਾਂ ਨੂੰ ਅਦਾਲਤ ਜਾਂ ਸਪਰੀਮ ਕੋਰਟ ਕਿਹਾ ਜਾਂਦਾ ਸੀ। ਬਠਿੰਡੇ ਜ਼ਿਲ੍ਹੇ ਦੇ ਇਕ ਪਿੰਡ ਦੀ ਸੱਥ ਤੇ ਅੱਜ ਵੀ ਹਾਈ ਕੋਰਟ ਵਾਲਾ ਨਾਂ ਉੱਕਰਿਆ ਹੋਇਆ ਹੈ। ਇਹ ਅਮੀਰੀ ਗ਼ਰੀਬੀ ਤੇ ਜਾਤ-ਪਾਤ ਤੋਂ ਉੱਪਰ ਉਠ ਕੇ ਸਾਂਝੀਵਾਲਤਾ ਤੇ ਭਾਈਚਾਰਕ ਸਾਂਝ ਦਾ ਸਨੇਹਾ ਦਿੰਦੀਆਂ ਸਨ । ਸੱਥਾਂ ਕੋਲ ਬੋਹੜ, ਪਿੱਪਲ ਆਦਿ ਹੋਰ ਦਰਖ਼ਤ ਹੋਣ ਕਾਰਨ ਵਾਤਾਵਰਣ ਵੀ ਸ਼ੁੱਧ ਰਹਿੰਦਾ ਸੀ ਪਰ ਹੁਣ ਨਾ ਹੀ ਉਹ ਸੱਥਾਂ ਹਨ ਤੇ ਨਾ ਹੀ ਉਹ ਪਿੱਪਲ, ਬੋਹੜ ਤੇ ਨਾ ਹੀ ਉਹ ਬਜ਼ੁਰਗ। ਸ਼ਹਿਰੀ ਜੀਵਨ ਦੇ ਮੁਕਾਬਲੇ ਪਿੰਡਾ ਵਿਚ ਬਣੀਆਂ ਸੱਥਾਂ ਅਹਿਮ ਰੋਲ ਅਦਾ ਕਰਦੀਆਂ ਸਨ ।

ਬਦਲੇ ਸਮੇਂ 'ਚ ਮਾਪਿਆ ਨੂੰ ਵੀ ਆਪਣੇ ਬੱਚਿਆਂ ਨੂੰ ਬਾਹਰ ਜਾਣ ਤੋਂ ਰੋਕਣਾ ਪੈ ਰਿਹਾ ਹੈ ਤੇ ਬਜ਼ੁਰਗ ਵੀ ਆਪਣੇ ਪੁੱਤ, ਪੋਤਿਆਂ ਨਾਲ ਗੱਲਾਂ ਕਰਨ ਨੂੰ ਤਰਸਦੇ ਹਨ। ਪੋਤਿਆਂ ਕੋਲ ਬਜ਼ੁਰਗਾਂ ਨਾਲ ਬੈਠਣ ਦਾ ਸਮਾਂ ਨਹੀਂ ਕਿਉਂਕਿ ਉਨ੍ਹਾਂ ਨੂੰ ਤਾਂ ਫੇਸਬੁੱਕ ਤੇ ਵੱਟਸਐਪ ਨੇ ਘੇਰ ਰੱਖਿਆ ਹੈ । ਜੋ ਮਨੋਰੰਜਨ ਸੱਥਾਂ ਵਿਚ ਹੁੰਦਾ ਸੀ ਉਸ ਦੀ ਥਾਂ ਕਲੱਬਾਂ ਨੇ ਲੈ ਲਈ। ਮੇਰੇ ਰੰਗਲੇ ਪੰਜਾਬ ਨੂੰ ਅਜਿਹੀ ਨਜ਼ਰ ਲੱਗੀ ਕਿ ਪਿੰਡ ਸਿਆਸਤਾਂ ਦੀ ਭੇਂਟ ਚੜ੍ਹ ਕੇ ਧੜੇਬੰਦੀਆਂ ਦੇ ਸ਼ਿਕਾਰ ਹੋਣ ਕਰਕੇ ਚਾਰ ਬੰਦੇ ਵੀ ਜੁੜ ਕੇ ਨ੍ਹੀਂ ਬੈਠ ਸਕਦੇ। ਪੰਜਾਬ ਦੇ ਕੁਝ ਉੱਦਮੀ ਲੋਕਾਂ ਨੇ ਪਿੰਡਾਂ ਦੀਆਂ ਵਿਰਾਸਤਾਂ ਨੂੰ ਸੰਭਾਲਣ ਦੇ ਉਪਰਾਲੇ ਕੀਤੇ ਹਨ ਤਾਂ ਕਿ ਨਵੀਂ ਪੀੜ੍ਹੀ ਨੂੰ ਪੁਰਾਤਨ ਸੱਭਿਆਚਾਰ ਤੋਂ ਜਾਣੂ ਕਰਵਾਇਆ ਜਾ ਸਕੇ। ਇਨ੍ਹਾਂ ਨੌਜਵਾਨਾਂ ਨੇ ਪਿੰਡਾਂ ਵਿਚ ਜਿੱਥੇ ਕਿਤੇ ਥੋੜ੍ਹੀ ਬਹੁਤੀ ਸਾਂਝੀ ਜਗ੍ਹਾ ਬਚੀ ਹੈ ਉੱਥੇ ਪਿੰਡਾ ਦੇ ਲੋਕਾਂ ਦੇ ਸਹਿਯੋਗ ਨਾਲ ਆਪਣੇ ਪੱਧਰ 'ਤੇ ਅਤੇ ਕੁਝ ਥਾਵਾਂ 'ਤੇ ਸਰਕਾਰੀ ਪੱਧਰ ਤੇ ਆਧੁਨਿਕ ਕਿਸਮ ਦੀਆਂ ਸੱਥਾਂ ਬਣਾ ਲਾਈਆਂ ਹਨ ਤਾਂ ਕਿ ਪਹਿਲਾਂ ਵਾਲੀ ਭਾਈਚਾਰਕ ਸਾਂਝ ਨੂੰ ਸੁਰਜੀਤ ਕੀਤਾ ਜਾ ਸਕੇ ਅਤੇ ਲੋਪ ਹੋ ਰਹੀਆਂ ਸੱਥਾਂ ਨਵੀਂ ਪੀੜ੍ਹੀ ਲਈ ਪ੍ਰੇਰਨਾ ਸਰੋਤ ਬਣ ਸਕਣ।

94174-73260

ਸਰਕਾਰ ਨਸ਼ਿਆਂ ਦੇ ਖ਼ਾਤਮੇ ਲਈ ਵਚਨਬੱਧ; ਪਿੰਡ ਅਤੇ ਵਾਰਡ ਸੁਰੱਖਿਆ ਕਮੇਟੀਆਂ ਰਾਹੀਂ 1.26 ਲੱਖ ਤੋਂ ਵੱਧ ਮੈਂਬਰ ਲਾਮਬੰਦ ਕੀਤੇ: ਬਰਿੰਦਰ ਕੁਮਾਰ ਗੋਇਲ

ਚੰਡੀਗੜ੍ਹ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਨਸ਼ਿਆਂ ਵਿਰੁੱਧ ਭਗਵੰਤ ਮਾਨ ਸਰਕਾਰ ਦੀ ਜ਼ੀਰੋ ਟਾਲਰੈਂਸ ਨੀਤੀ ਨੂੰ ਦੁਹਰਾਉਂਦਿਆਂ ਅੱਜ ਕਿਹਾ ਕਿ ਸਰਕਾਰ ਦੀ ਨਸ਼ਿਆਂ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਲੋਕਾਂ ਦੀ ਸ਼ਮੂਲੀਅਤ ਵਧਾ ਕੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਨਸ਼ਿਆਂ ਤੋਂ ਪੀੜਤ ਲੋਕਾਂ ਦੇ ਮੁੜ ਵਸੇਬੇ ਲਈ ਵੀ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਭਰ ਵਿੱਚ ਵਾਰਡ ਅਤੇ ਪਿੰਡ ਸੁਰੱਖਿਆ ਕਮੇਟੀਆਂ ਰਾਹੀਂ 1.26 ਲੱਖ ਤੋਂ ਵੱਧ ਮੈਂਬਰਾਂ ਨੂੰ ਲਾਮਬੰਦ ਕੀਤਾ ਗਿਆ ਹੈ, ਜਦਕਿ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਸਣੇ ਨਸ਼ਿਆਂ ਦੇ ਕਾਰੋਬਾਰ ਰਾਹੀਂ ਗ਼ੈਰ-ਕਾਨੂੰਨੀ ਢੰਗ ਨਾਲ ਹਾਸਲ ਕੀਤੀਆਂ ਜਾਇਦਾਦਾਂ ਵੀ ਢਾਹੀਆਂ ਗਈਆਂ ਹਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ, ਭਗਵੰਤ ਮਾਨ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਜ਼ਮੀਨੀ ਪੱਧਰ 'ਤੇ ਲਗਾਤਾਰ ਕੰਮ ਕਰ ਰਹੀ ਹੈ। 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਅਸੀਂ ਅਜਿਹੀ ਪਹੁੰਚ ਅਪਣਾਈ ਹੈ ਜਿਸ ਵਿੱਚ ਲੋਕਾਂ ਦੀ ਸ਼ਮੂਲੀਅਤ, ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਅਤੇ ਨਸ਼ਿਆਂ ਤੋਂ ਪੀੜਤ ਲੋਕਾਂ ਦਾ ਮੁੜ ਵਸੇਬਾ ਸ਼ਾਮਲ ਹੈ। ਸਾਡਾ ਟੀਚਾ ਸਪੱਸ਼ਟ ਹੈ ਪੰਜਾਬ ਨੂੰ ਨਸ਼ਿਆਂ ਤੋਂ ਨਿਜਾਤ ਦਿਵਾਉਣਾ ਹੈ।

ਕੈਬਨਿਟ ਮੰਤਰੀ ਨੇ ਕਿਹਾ, ਇਸ ਲੜਾਈ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਪੂਰੇ ਪੰਜਾਬ ਵਿੱਚ ਵਾਰਡ ਅਤੇ ਪਿੰਡ ਸੁਰੱਖਿਆ ਕਮੇਟੀਆਂ ਦਾ ਯੋਜਨਾਬੱਧ ਢੰਗ ਨਾਲ ਗਠਨ ਕੀਤਾ ਗਿਆ ਹੈ। ਸੂਬੇ ਭਰ ਵਿੱਚ 1.26 ਲੱਖ ਤੋਂ ਵੱਧ ਮੈਂਬਰਾਂ ਨੂੰ ਲਾਮਬੰਦ ਕਰਕੇ ਲੋਕਾਂ ਦੀ ਭਾਗੀਦਾਰੀ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ਿਆਂ ਵਿਰੁੱਧ ਮੁਹਿੰਮ ਹਰ ਪਿੰਡ ਅਤੇ ਹਰ ਵਾਰਡ ਤੱਕ ਪਹੁੰਚ ਸਕੇ।

ਉਨ੍ਹਾਂ ਕਿਹਾ, ਅਸੀਂ ਨਸ਼ਿਆਂ ਦੀ ਸਪਲਾਈ ਚੇਨ ਵਿਰੁੱਧ ਵੱਡੀ ਕਾਰਵਾਈ ਸ਼ੁਰੂ ਕੀਤੀ ਹੈ। ਨਸ਼ਾ ਵੇਚਣ ਵਾਲਿਆਂ ਅਤੇ ਤਸਕਰਾਂ ਵੱਲੋਂ ਗ਼ੈਰ-ਕਾਨੂੰਨੀ ਢੰਗ ਨਾਲ ਹਾਸਲ ਕੀਤੀਆਂ ਜਾਇਦਾਦਾਂ ਨੂੰ ਜ਼ਬਤ ਕਰਨ ਅਤੇ ਢਾਹੁਣ ਦੀ ਕਾਰਵਾਈ ਨਿਰੰਤਰ ਜਾਰੀ ਹੈ ਤਾਂ ਜੋ ਉਨ੍ਹਾਂ ਦੇ ਨੈੱਟਵਰਕ ਨੂੰ ਬੇਅਸਰ ਕਰਕੇ ਨਸ਼ਿਆਂ ਦੇ ਗ਼ੈਰ-ਕਾਨੂੰਨੀ ਕਾਰੋਬਾਰ ਦਾ ਲੱਕ ਤੋੜਿਆ ਜਾ ਸਕੇ।"

ਵਿਰੋਧੀ ਪਾਰਟੀਆਂ ਨੂੰ ਕਰੜੇ ਹੱਥੀਂ ਲੈਂਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਉਹ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਕੀਤੇ ਜਾ ਰਹੇ ਨਿਰੰਤਰ ਯਤਨਾਂ ਨੂੰ ਸਵੀਕਾਰ ਕਰਨ ਦੀ ਥਾਂ ਸਿਆਸੀ ਵਿਖਾਵੇਬਾਜ਼ੀ ਕਰ ਰਹੀਆਂ ਹਨ ਅਤੇ ਪੰਜਾਬ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ। ਉਨ੍ਹਾਂ ਕਿਹਾ, ਅਸੀਂ ਵਿਰੋਧੀਆਂ ਵਾਂਗ ਦਿਖਾਵੇਬਾਜ਼ੀ ਦੀ ਬਜਾਏ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਨਤੀਜੇ ਦੇ ਰਹੇ ਹਾਂ। ਜਦੋਂ ਅਸੀਂ ਨਸ਼ਿਆਂ ਦੇ ਖ਼ਾਤਮੇ ਲਈ ਲਗਾਤਾਰ ਯਤਨ ਕਰ ਰਹੇ ਹਾਂ ਤਾਂ ਵਿਰੋਧੀ ਪਾਰਟੀਆਂ ਪੰਜਾਬ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਨੂੰ ਗੁਮਰਾਹਕੁੰਨ ਬਿਆਨਬਾਜ਼ੀ ਕਰਕੇ ਸੂਬੇ ਨੂੰ ਬਦਨਾਮ ਕਰਨ ਵਿੱਚ ਜੁਟੀਆਂ ਹੋਈਆਂ ਹਨ।"

ਉਨ੍ਹਾਂ ਕਿਹਾ, ਕਾਨੂੰਨ ਵਿਵਸਥਾ ਅਤੇ ਨਸ਼ਿਆਂ 'ਤੇ ਕਾਬੂ ਪਾਉਣ ਵਿੱਚ ਪੰਜਾਬ ਦੀ ਸਥਿਤੀ ਵਿਰੋਧੀ ਪਾਰਟੀਆਂ ਦੇ ਸ਼ਾਸਨ ਵਾਲੇ ਸੂਬਿਆਂ ਨਾਲੋਂ ਕਿਤੇ ਬਿਹਤਰ ਹੈ। ਸਿਆਸੀ ਪਾਰਟੀਆਂ ਨੂੰ ਲੋਕਾਂ ਨੂੰ ਗੁਮਰਾਹ ਕਰਨ ਅਤੇ ਸਿਆਸੀ ਬਿਆਨਬਾਜ਼ੀ ਕਰਨ ਦੀ ਬਜਾਏ ਆਪਣੇ ਸ਼ਾਸਨ ਵਾਲੇ ਸੂਬਿਆਂ ਦੇ ਰਿਕਾਰਡ 'ਤੇ ਝਾਤ ਮਾਰਨੀ ਚਾਹੀਦੀ ਹੈ।

ਭਗਵੰਤ ਮਾਨ ਸਰਕਾਰ ਦੀ ਕਾਰਜਸ਼ੈਲੀ ਦੀ ਤੁਲਨਾ ਵਿਰੋਧੀ ਪਾਰਟੀਆਂ ਦੇ ਪਿਛਲੇ ਕੰਮਾਂ ਨਾਲ ਕਰਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ, ਵਿਰੋਧੀਆਂ ਵਾਂਗ ਅਸੀਂ ਮਹਿਜ਼ ਦਿਖਾਵੇ ਲਈ ਐਂਟੀ-ਡਰੱਗ ਮਾਰਚ ਨਹੀਂ ਕੱਢੇ ਅਤੇ ਨਾ ਹੀ 10 ਤੋਂ 12 ਦਿਨਾਂ ਵਿੱਚ ਨਸ਼ੇ ਖ਼ਤਮ ਕਰਨ ਦੇ ਦਾਅਵੇ ਕਰਕੇ ਸਿਆਸੀ ਡਰਾਮੇਬਾਜ਼ੀ ਕੀਤੀ। ਅਸੀਂ ਗੁਟਕਾ ਸਾਹਿਬ ਦੀ ਝੂਠੀ ਸਹੁੰ ਵੀ ਨਹੀਂ ਖਾਧੀ। ਸਾਡੀ ਪਹੁੰਚ ਲਗਾਤਾਰ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਠੋਸ ਨਤੀਜੇ ਦੇਣ ਦੀ ਰਹੀ ਹੈ।

ਉਨ੍ਹਾਂ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਪਿਛਲੇ ਲਗਭਗ ਡੇਢ-ਦੋ ਸਾਲਾਂ ਤੋਂ ਚੱਲ ਰਹੀ ਹੈ ਅਤੇ ਇਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਹਜ਼ਾਰਾਂ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਨਸ਼ਿਆਂ ਦੀ ਅਲਾਮਤ ਤੋਂ ਪੀੜਤ ਲੋਕਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜਿਆ ਗਿਆ ਹੈ। ਇਸ ਤੋਂ ਇਲਾਵਾ ਨਸ਼ਾ ਤਸਕਰੀ ਰਾਹੀਂ ਹਾਸਲ ਕੀਤੀਆਂ ਜਾਇਦਾਦਾਂ ਵੀ ਢਾਹੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਨੈੱਟਵਰਕ ਨੂੰ ਤੋੜਨ ਲਈ ਅਜਿਹੀ ਨਿਰੰਤਰ ਅਤੇ ਸਖ਼ਤ ਕਾਰਵਾਈ ਜ਼ਰੂਰੀ ਹੈ। ਭਗਵੰਤ ਮਾਨ ਸਰਕਾਰ ਦੇ ਪ੍ਰਸ਼ਾਸਨਿਕ ਏਜੰਡੇ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਹਨ। ਅਸੀਂ ਠੋਸ ਕਾਰਵਾਈ ਅਤੇ ਜ਼ਿੰਮੇਵਾਰ ਪ੍ਰਸ਼ਾਸਨ ਰਾਹੀਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਵਚਨਬੱਧ ਹਾਂ।"

ਉਨ੍ਹਾਂ ਕਿਹਾ, ਅਸੀਂ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਹੈ। ਨਸ਼ਿਆਂ ਦੇ ਨੈੱਟਵਰਕ ਦਾ ਸਫ਼ਾਇਆ ਕਰਨ ਅਤੇ ਵਾਤਾਵਰਣ ਦੀ ਸੰਭਾਲ ਸਬੰਧੀ ਨੀਤੀਆਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਕੇ ਅਸੀਂ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਦੇ ਨਾਲ-ਨਾਲ ਧਰਤੀ ਹੇਠਲੇ ਸਾਡੇ ਕੀਮਤੀ ਪਾਣੀ ਦੇ ਭੰਡਾਰਾਂ ਦੀ ਰਾਖੀ ਵੀ ਕਰ ਰਹੇ ਹਾਂ।"

ਸੂਬੇ ਦੇ ਵਡੇਰੇ ਹਿੱਤਾਂ ਪ੍ਰਤੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਕਾਰਵਾਈ ਹੋਰ ਤੇਜ਼ ਕਰਦੀ ਰਹੇਗੀ ਅਤੇ ਇਸ ਦੇ ਨਾਲ ਲੋਕ ਭਲਾਈ, ਵਾਤਾਵਰਣ ਦੀ ਸੰਭਾਲ ਅਤੇ ਨਾਗਰਿਕਾਂ ਦੀ ਭਲਾਈ ਨੂੰ ਤਰਜੀਹ ਦਿੱਤੀ ਜਾਵੇਗੀ। ਉਨ੍ਹਾਂ ਕਿਹਾ, ਸਾਡਾ ਸੁਪਨਾ ਖੁਸ਼ਹਾਲ, ਸਿਹਤਮੰਦ ਅਤੇ ਨਸ਼ਾ ਮੁਕਤ ਪੰਜਾਬ ਬਣਾਉਣਾ ਹੈ। ਅਸੀਂ ਆਪਣੇ ਨੌਜਵਾਨੀ ਦੀ ਰਾਖੀ , ਨਸ਼ਾ ਤਸਕਰੀ ਨੈੱਟਵਰਕ ਨੂੰ ਤੋੜਨ ਅਤੇ ਸੂਬੇ ਦੇ ਹਰ ਨਾਗਰਿਕ ਲਈ ਸੁਰੱਖਿਅਤ ਭਵਿੱਖ ਯਕੀਨੀ ਬਣਾਉਣ ਲਈ ਲਗਾਤਾਰ ਯਤਨ ਕਰਦੇ ਰਹਾਂਗੇ।"

ਕੱਬ-ਬੁਲਬੁਲ ਕੈਂਪ ਰਾਹੀਂ ਬੱਚਿਆਂ ਨੂੰ ਅਨੁਸ਼ਾਸਨ, ਸੇਵਾ ਅਤੇ ਸਹਿਯੋਗ ਦਾ ਪਾਠ ਪੜ੍ਹਾਇਆ

ਜੈਤੋਂ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪ੍ਰਾਇਮਰੀ ਪੱਧਰ ਦੇ ਬੱਚਿਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਸਹਿਯੋਗ ਅਤੇ ਸੇਵਾ ਭਾਵਨਾ ਦੇ ਗੁਣ ਵਿਕਸਿਤ ਕਰਨ ਦੇ ਉਦੇਸ਼ ਨਾਲ ਭਾਰਤ ਸਕਾਊਟਸ ਐਂਡ ਗਾਈਡਜ਼ ਦੇ ਕੱਬ-ਬੁਲਬੁਲ ਸੈਕਸ਼ਨ ਦਾ ਤੀਜੇ ਚਰਨ ਦਾ ਕੈਂਪ ਸੈਂਟਰ ਜੈਤੋਂ ਵਿਖੇ ਸ਼ੁਰੂ ਹੋ ਗਿਆ ਹੈ। ਕੈਂਪ ਦੌਰਾਨ ਬੱਚਿਆਂ ਨੂੰ ਖੇਡਾਂ ਅਤੇ ਰੌਚਕ ਗਤੀਵਿਧੀਆਂ ਰਾਹੀਂ ਜੀਵਨ ਦੀਆਂ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਿਆ ਜਾ ਰਿਹਾ ਹੈ। ਕੈਂਪ ਵਿੱਚ ਬੱਚਿਆਂ ਨੂੰ ਪਰਮ ਸਨਮਾਨ, ਭਾਲੂ ਦੀ ਖੇਡ, ਸਕਾਊਟਿੰਗ ਦੇ ਨਿਯਮ, ਬੁਲਬੁਲ ਗਰੀਟਿੰਗ ਅਤੇ ਪ੍ਰਾਰਥਨਾ ਵਰਗੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਰਾਹੀਂ ਬੱਚਿਆਂ ਨੂੰ ਸਤਿਕਾਰ, ਅਨੁਸ਼ਾਸਨ, ਆਪਸੀ ਸਾਂਝ ਅਤੇ ਮਿਲਜੁਲ ਕੇ ਕੰਮ ਕਰਨ ਦੀ ਸਿੱਖਿਆ ਦਿੱਤੀ ਗਈ। ਕੈਂਪ ਦੌਰਾਨ ਸਕਾਊਟਿੰਗ ਦੀ ਮਹੱਤਤਾ ਉਜਾਗਰ ਕਰਦਿਆਂ ਦੱਸਿਆ ਗਿਆ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਨ੍ਹਾਂ ਨਾਲ ਬੱਚਿਆਂ ਵਿੱਚ ਆਤਮ-ਨਿਰਭਰਤਾ, ਸਵੈ-ਅਨੁਸ਼ਾਸਨ, ਕੁਦਰਤ ਪ੍ਰਤੀ ਪਿਆਰ ਅਤੇ ਸਮਾਜ ਸੇਵਾ ਦੀ ਭਾਵਨਾ ਵਿਕਸਿਤ ਹੁੰਦੀ ਹੈ।

ਇਸ ਮੌਕੇ ਫਲਾਕ ਲੀਡਰ ਰਾਜਬੀਰ ਕੌਰ, ਕੱਬ ਮਾਸਟਰ ਕਰਨਵੀਰ ਸਿੰਘ, ਰਾਕੇਸ਼ ਕੁਮਾਰ, ਰਣਜੀਤ ਸਿੰਘ, ਅਧਿਆਪਕਾ ਜਸਬੀਰ ਕੌਰ, ਗੀਤੂ ਗਰਗ, ਨੀਟਾ, ਰਾਮ ਗੋਪਾਲ ਅਤੇ ਮੁੱਖ ਅਧਿਆਪਕ ਚਰਨਜੀਤ ਸਿੰਘ ਹਾਜ਼ਰ ਸਨ।

ਫ਼ਿਰੌਤੀ ਅਤੇ ਹਮਲਿਆਂ ਨੂੰ ਲੈ ਕੇ ਅਮਰੀਕਾ ਸਥਿਤ ਗੈਂਗਸਟਰ ਸ਼ੱਕ ਦੇ ਘੇਰੇ 'ਚ

ਨਵੀਂ ਦਿੱਲੀ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਅਮਰੀਕਾ ਤੋਂ ਆਪਣਾ ਗੈਂਗ ਚਲਾਉਣ ਵਾਲਾ ਗੈਂਗਸਟਰ ਅਨਿਲ ਪੰਡਿਤ ਬੌਲੀਵੁੱਡ ਅਦਾਕਾਰ ਟਾਈਗਰ ਸ਼ਰਾਫ਼ ਨਾਲ ਜੁੜੀ ਗੋਲੀਬਾਰੀ ਦੀ ਘਟਨਾ 'ਚ ਮੁੱਖ ਸ਼ੱਕੀ ਵਜੋਂ ਸਾਹਮਣੇ ਆਇਆ ਹੈ। ਪੁਲੀਸ ਮੁਤਾਬਿਕ ਉਸ ਦਾ ਨਾਂ ਹਰਿਆਣਾ ਅਤੇ ਦਿੱਲੀ 'ਚ ਫ਼ਿਰੌਤੀ ਅਤੇ ਟਾਰਗੈਟਿਡ ਹਮਲਿਆਂ ਦੇ ਇੱਕ ਦਰਜਨ ਤੋਂ ਵੱਧ ਮਾਮਲਿਆਂ ਨਾਲ ਜੁੜਿਆ ਹੋਇਆ ਹੈ।

ਦਿੱਲੀ ਪੁਲੀਸ ਵੱਖ-ਵੱਖ ਮਾਮਲਿਆਂ ਦੀ ਜਾਂਚ ਕਰ ਰਹੀ ਹੈ ਜਿਸ 'ਚ ਇੱਕ ਮਸ਼ਹੂਰ ਪੰਜਾਬੀ ਗਾਇਕ ਦੇ ਜਿੰਮ ਬਾਹਰ ਹੋਈ ਗੋਲੀਬਾਰੀ ਦੀ ਘਟਨਾ ਵੀ ਸ਼ਾਮਿਲ ਹੈ। ਹਰਿਆਣਾ ਦੇ ਪਾਣੀਪਤ ਜ਼ਿਲ੍ਹੇ ਦਾ ਰਹਿਣ ਵਾਲਾ ਪੰਡਿਤ ਅਮਰੀਕਾ 'ਚ ਬੈਠ ਕੇ ਭਾਰਤ 'ਚ ਆਪਣੇ ਸ਼ੂਟਰਾਂ ਨਾਲ ਤਾਲਮੇਲ ਰੱਖਦਾ ਹੈ। ਇਸ ਮਾਮਲੇ 'ਚ ਕੋਟਾ ਪੁਲੀਸ ਨੇ ਹਰਿਆਣਾ ਅਤੇ ਬਿਹਾਰ ਦੇ ਤਿੰਨ ਸ਼ੂਟਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਦਿੱਲੀ ਪੁਲੀਸ ਦਾ ਸਪੈਸ਼ਲ ਸੈੱਲ ਵੀ ਸਰਗਰਮ ਸ਼ੂਟਰਾਂ ਦੇ ਵੇਰਵੇ ਇਕੱਠੇ ਕਰ ਰਿਹਾ ਹੈ ਅਤੇ ਇਸ ਮਾਮਲੇ ਦੀ ਜਾਂਚ ਲਈ ਲਗਭਗ 10 ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ।

ਜਾਂਚਕਾਰਤਾ ਉਸ ਸੋਸ਼ਲ ਮੀਡੀਆ ਪੋਸਟ ਦੀ ਵੀ ਜਾਂਚ ਕਰ ਰਹੇ ਹਨ ਜਿਸ 'ਚ ਪੰਡਿਤ ਨੇ ਇਸ ਘਟਨਾ ਦੀ ਜ਼ਿੰਮੇਵਾਰੀ ਲੈਂਦਿਆਂ ਬੌਲੀਵੁੱਡ ਉਦਯੋਗ ਨੂੰ ਧਮਕੀ ਦਿੱਤੀ ਸੀ। ਇਸ ਤੋਂ ਪਹਿਲਾਂ ਗਾਇਕ ਗੁਰੂ ਰੰਧਾਵਾ ਦੇ ਜਿੰਮ ਬਾਹਰ ਹੋਈ ਗੋਲੀਬਾਰੀ 'ਚ ਵੀ ਉਸ ਦਾ ਨਾਂ ਆਇਆ ਸੀ। ਇਹ ਅਪਰਾਧਕ ਨੈੱਟਵਰਕ ਸ਼ੂਟਰਾਂ ਨਾਲ ਗੱਲਬਾਤ ਕਰਨ ਲਈ ਮੈਸੇਜਿੰਗ ਐਪਸ ਦੀ ਵਰਤੋਂ ਕਰਦਾ ਹੈ। ਪੁਲੀਸ ਹਥਿਆਰਾਂ ਦੇ ਸਰੋਤਾਂ ਅਤੇ ਵਿੱਤੀ ਮਦਦ ਦਾ ਪਤਾ ਲਗਾਉਣ ਲਈ ਤਿਹਾੜ ਅਤੇ ਮੰਡੋਲੀ ਜੇਲ੍ਹਾਂ 'ਚ ਬੰਦ ਸਾਥੀਆਂ ਤੋਂ ਵੀ ਪੁੱਛਗਿੱਛ ਕਰ ਸਕਦੀ ਹੈ। ਇਸ ਮਾਮਲੇ 'ਚ ਇੱਕ ਔਡੀਓ ਕਲਿੱਪ ਵੀ ਵਾਇਰਲ ਹੋਈ ਹੈ ਜਿਸ 'ਚ 32 ਸਾਲਾ ਪੰਡਿਤ ਇਹ ਕਹਿੰਦਾ ਸੁਣਿਆ ਜਾ ਸਕਦਾ ਹੈ ਕਿ ਟਾਈਗਰ ਸ਼ਰਾਫ਼ ਉੱਤੇ ਹਮਲਾ ਇਸ ਲਈ ਕੀਤਾ ਗਿਆ ਕਿਉਂਕਿ ਉਸ ਨੇ ਸੁਪਰ ਸਟਾਰ ਸਲਮਾਨ ਖ਼ਾਨ ਨਾਲ ਕੰਮ ਨਾ ਕਰਨ ਦੀ ਚਿਤਾਵਨੀ ਨੂੰ ਨਜ਼ਰਅੰਦਾਜ਼ ਕੀਤਾ ਸੀ। ਪੰਡਿਤ ਨੇ ਮੰਗ ਕੀਤੀ ਹੈ ਕਿ ਸਲਮਾਨ ਖ਼ਾਨ 1998 'ਚ ਕਾਲੇ ਹਿਰਨ ਦੇ ਸ਼ਿਕਾਰ ਦੇ ਮਾਮਲੇ 'ਚ ਲੌਰੈਂਸ ਬਿਸ਼ਨੋਈ ਗੈਂਗ ਅਤੇ ਭਾਈਚਾਰੇ ਤੋਂ ਮੁਆਫ਼ੀ ਮੰਗੇ। ਉਸ ਨੇ ਧਮਕੀ ਦਿੱਤੀ ਹੈ ਕਿ ਜੇ ਮੁਆਫ਼ੀ ਨਾ ਮੰਗੀ ਗਈ ਤਾਂ ਸਟਾਰ ਦੇ ਕਰੀਬੀ ਹੋਰ ਲੋਕਾਂ ਨੂੰ ਵੀ ਨਿਸ਼ਾਨਾ ਬਣਾਇਆ ਜਾਵੇਗਾ।

ਪੰਜਾਬ ਵਿਧਾਨ ਸਭਾ ਨੇ ਵਿਦਿਆਰਥੀਆਂ ਲਈ ਖੋਲ੍ਹੇ ਦਰਵਾਜ਼ੇ; ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਵੱਡੇ ਸੁਪਨੇ ਦੇਖਣ ਲਈ ਕੀਤਾ ਉਤਸ਼ਾਹਿਤ

➢ ਨੌਜਵਾਨ ਪੰਜਾਬ ਦੀ ਸਭ ਤੋਂ ਵੱਡੀ ਤਾਕਤ, ਅਸੀਂ ਉਨ੍ਹਾਂ ਨੂੰ ਪੰਜਾਬ ਦਾ ਭਵਿੱਖ ਰੌਸ਼ਨ ਬਣਾਉਣ ਦੇ ਮੌਕੇ ਦੇ ਰਹੇ ਹਾਂ
➢ ਪੰਜਾਬ ਸਰਕਾਰ ਵੱਲੋਂ ਯੋਗਤਾ ਦੇ ਆਧਾਰ 'ਤੇ ਨੌਕਰੀਆਂ ਦਿੱਤੀਆਂ ਜਾਂਦੀਆਂ ਹਨ, ਨਾ ਕਿ ਪਹੁੰਚ ਜਾਂ ਸਿਫ਼ਾਰਸ਼ਾਂ ਦੇ ਆਧਾਰ 'ਤੇ ➢ ਸਹੀ ਸਮੇਂ ਦੀ ਉਡੀਕ ਛੱਡੋ, ਅੱਜ ਹੀ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਲਈ ਮਿਹਨਤ ਸ਼ੁਰੂ ਕਰੋ

ਚੰਡੀਗੜ੍ਹ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿਧਾਨ ਸਭਾ ਨੇ ਅੱਜ ਵਿਦਿਆਰਥੀਆਂ ਲਈ ਆਪਣੇ ਦਰਵਾਜ਼ੇ ਖੋਲ੍ਹ ਦਿੱਤੇ, ਜਿਸ ਨਾਲ ਨੌਜਵਾਨਾਂ ਨੂੰ ਇਹ ਜਾਣਨ ਦਾ ਮੌਕਾ ਮਿਲੇਗਾ ਕਿ ਕਾਨੂੰਨ ਕਿਸ ਤਰ੍ਹਾਂ ਬਣਦੇ ਹਨ, ਬਜਟ ਕਿਵੇਂ ਪਾਸ ਹੁੰਦੇ ਹਨ ਅਤੇ ਚੁਣੇ ਹੋਏ ਨੁਮਾਇੰਦਿਆਂ ਨੂੰ ਕਿਵੇਂ ਜਵਾਬਦੇਹ ਬਣਾਇਆ ਜਾਂਦਾ ਹੈ। ਫਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਵੱਡੇ ਸੁਪਨੇ ਦੇਖਣ ਅਤੇ ਇਮਾਨਦਾਰੀ ਤੇ ਸਖ਼ਤ ਮਿਹਨਤ ਰਾਹੀਂ ਆਪਣੇ ਟੀਚਿਆਂ ਨੂੰ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਭਵਿੱਖ ਦਾ ਫੈਸਲਾ ਹੁਨਰ ਅਤੇ ਯੋਗਤਾ ਦੇ ਆਧਾਰ 'ਤੇ ਹੋਣਾ ਚਾਹੀਦਾ ਹੈ, ਨਾ ਕਿ ਪਹੁੰਚ ਜਾਂ ਸਿਫ਼ਾਰਸ਼ਾਂ ਦੇ ਆਧਾਰ 'ਤੇ। ਉਨ੍ਹਾਂ ਨੇ ਯੋਗਤਾ-ਆਧਾਰਿਤ ਭਰਤੀ ਪ੍ਰਤੀ ਸਰਕਾਰ ਦੀ ਵਚਨਬੱਧਤਾ ਅਤੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਯੋਗ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਕਵਰ ਪ੍ਰਦਾਨ ਕਰਨ ਬਾਰੇ ਵੀ ਚਾਨਣਾ ਪਾਇਆ।

ਪੰਜਾਬ ਵਿਧਾਨ ਸਭਾ ਵਿਖੇ ਫਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਨੌਜਵਾਨ ਪੰਜਾਬ ਦੀ ਸਭ ਤੋਂ ਵੱਡੀ ਤਾਕਤ ਹਨ। ਉਨ੍ਹਾਂ ਨੂੰ ਪ੍ਰੇਰਨਾ, ਮੌਕੇ ਅਤੇ ਅਗਾਂਹਵਧੂ ਮਾਹੌਲ ਪ੍ਰਦਾਨ ਕਰਨਾ ਪੰਜਾਬ ਦੇ ਰੌਸ਼ਨ ਭਵਿੱਖ ਦੇ ਨਿਰਮਾਣ ਲਈ ਬੇਹੱਦ ਜ਼ਰੂਰੀ ਹੈ। ਕਦੇ ਵੀ ਅਸਥਾਈ ਰੁਕਾਵਟਾਂ ਨੂੰ ਆਪਣੇ ਇਰਾਦੇ ਕਮਜ਼ੋਰ ਨਾ ਕਰਨ ਦਿਓ। ਸਫਲਤਾ ਦਾ ਅਸਲ ਪੈਮਾਨਾ ਇਹ ਨਹੀਂ ਹੈ ਕਿ ਤੁਸੀਂ ਕਿੱਥੋਂ ਆਏ ਹੋ, ਸਗੋਂ ਇਹ ਹੈ ਕਿ ਤੁਸੀਂ ਕਿੰਨੀ ਇਮਾਨਦਾਰੀ, ਸਖ਼ਤ ਮਿਹਨਤ ਅਤੇ ਦ੍ਰਿੜਤਾ ਨਾਲ ਆਪਣੇ ਟੀਚਿਆਂ ਦਾ ਪਿੱਛਾ ਕਰਦੇ ਹੋ।

ਆਪਣੇ ਨਿੱਜੀ ਜੀਵਨ ਦੇ ਤਜਰਬੇ ਸਾਂਝੇ ਕਰਦਿਆਂ ਮੁੱਖ ਮੰਤਰੀ ਨੇ ਸਿਵਲ ਸੇਵਾਵਾਂ ਵਿੱਚ ਜਾਣ, ਵਕੀਲ, ਡਾਕਟਰ ਬਣਨ ਦੇ ਇੱਛੁਕ ਵਿਦਿਆਰਥੀਆਂ ਨੂੰ ਸਹੀ ਸਮੇਂ ਦੀ ਉਡੀਕ ਕਰਨ ਦੀ ਬਜਾਏ ਅੱਜ ਹੀ ਮਿਹਨਤ ਸ਼ੁਰੂ ਕਰਨ ਲਈ ਉਤਸ਼ਾਹਿਤ ਕੀਤਾ।

ਸਾਬਕਾ ਰਾਸ਼ਟਰਪਤੀ ਡਾ. ਏ.ਪੀ.ਜੇ. ਅਬਦੁਲ ਕਲਾਮ ਦੇ ਕਥਨ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਦਿਆਰਥੀਆਂ ਨੂੰ ਯਾਦ ਦਿਵਾਇਆ, ਅਸਲ ਸੁਪਨੇ ਉਹ ਹੁੰਦੇ ਹਨ ਜੋ ਇਨਸਾਨ ਨੂੰ ਉਦੋਂ ਵੀ ਕੋਸ਼ਿਸ਼ ਕਰਦੇ ਰਹਿਣ ਲਈ ਪ੍ਰੇਰਿਤ ਕਰਦੇ ਹਨ ਜਦੋਂ ਦੁਨੀਆ ਸੌਂ ਰਹੀ ਹੁੰਦੀ ਹੈ। ਇਮਤਿਹਾਨਾਂ ਦੇ ਨਤੀਜਿਆਂ ਜਾਂ ਸ਼ੁਰੂਆਤੀ ਅਸਫਲਤਾਵਾਂ ਤੋਂ ਨਿਰਾਸ਼ ਨਾ ਹੋਵੋ। ਮੈਂ ਖੁਦ ਆਪਣੀ ਪਹਿਲੀ ਚੋਣ ਹਾਰ ਗਿਆ ਸੀ, ਪਰ ਮੈਂ ਦ੍ਰਿੜ ਇਰਾਦੇ ਨਾਲ ਕੰਮ ਕਰਨਾ ਜਾਰੀ ਰੱਖਿਆ। ਰੁਕਾਵਟਾਂ ਸਫ਼ਰ ਦਾ ਅੰਤ ਨਹੀਂ ਹੁੰਦੀਆਂ; ਸਗੋਂ ਇਹ ਸਿੱਖਣ, ਸੁਧਾਰ ਕਰਨ ਅਤੇ ਹੋਰ ਮਜ਼ਬੂਤ ਹੋ ਕੇ ਵਾਪਸੀ ਕਰਨ ਦੇ ਮੌਕੇ ਹੁੰਦੇ ਹਨ।

ਪੰਜਾਬ ਵਿਧਾਨ ਸਭਾ ਦੀ ਮਹੱਤਤਾ ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਵਿਦਿਆਰਥੀਆਂ ਨੂੰ ਸੂਬੇ ਦੀ ਸਭ ਤੋਂ ਉੱਚੀ ਵਿਧਾਨਕ ਸੰਸਥਾ ਦੇ ਕੰਮਕਾਜ ਤੋਂ ਜਾਣੂ ਕਰਵਾਇਆ। ਉਨ੍ਹਾਂ ਦੱਸਿਆ, ਵਿਧਾਨ ਸਭਾ ਵਿੱਚ ਬਿੱਲ ਪੇਸ਼ ਕੀਤੇ ਜਾਂਦੇ ਹਨ, ਉਨ੍ਹਾਂ 'ਤੇ ਬਹਿਸ ਹੁੰਦੀ ਹੈ ਅਤੇ ਉਨ੍ਹਾਂ ਨੂੰ ਕਾਨੂੰਨ ਵਜੋਂ ਪਾਸ ਕੀਤਾ ਜਾਂਦਾ ਹੈ; ਇੱਥੋਂ ਹੀ ਸੂਬੇ ਦਾ ਬਜਟ ਵੀ ਮਨਜ਼ੂਰ ਹੁੰਦਾ ਹੈ। ਵਿਧਾਨ ਸਭਾ ਵਰਗੀਆਂ ਸੰਸਥਾਵਾਂ ਲੋਕਾਂ ਦੀਆਂ ਹਨ। ਨੌਜਵਾਨ ਨਾਗਰਿਕਾਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਲੋਕਤੰਤਰ ਕਿਵੇਂ ਕੰਮ ਕਰਦਾ ਹੈ, ਉਨ੍ਹਾਂ ਦੇ ਜੀਵਨ ਨੂੰ ਪ੍ਰਭਾਵਿਤ ਕਰਨ ਵਾਲੇ ਫੈਸਲੇ ਕਿਵੇਂ ਲਏ ਜਾਂਦੇ ਹਨ ਅਤੇ ਲੋਕ ਦੇ ਨੁਮਾਇੰਦੇ ਜਨਤਾ ਪ੍ਰਤੀ ਕਿਵੇਂ ਜਵਾਬਦੇਹ ਹੁੰਦੇ ਹਨ। ਬਚਪਨ ਤੋਂ ਹੀ ਸੰਸਦੀ ਕਾਰਵਾਈਆਂ ਵਿੱਚ ਆਪਣੀ ਦਿਲਚਸਪੀ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਕਿਵੇਂ ਉਨ੍ਹਾਂ ਨੇ ਸੰਸਦ ਮੈਂਬਰ ਵਜੋਂ ਆਪਣੇ ਕਾਰਜਕਾਲ ਦੌਰਾਨ ਵਿਦਿਆਰਥੀਆਂ ਨੂੰ ਸੰਸਦ ਵਿੱਚ ਸੱਦਾ ਦਿੱਤਾ ਸੀ ਤਾਂ ਜੋ ਉਹ ਲੋਕਤੰਤਰੀ ਇਕਾਈਆਂ ਦੇ ਕੰਮਕਾਜ ਨੂੰ ਨੇੜਿਓਂ ਦੇਖ ਸਕਣ।

ਮੁੱਖ ਮੰਤਰੀ ਨੇ ਕਿਹਾ, ਮੇਰੀ ਸਰਕਾਰ ਅਜਿਹਾ ਪੰਜਾਬ ਸਿਰਜਣ ਲਈ ਵਚਨਬੱਧ ਹੈ ਜਿੱਥੇ ਨੌਜਵਾਨ ਸਿਫ਼ਾਰਸ਼ਾਂ ਜਾਂ ਰਸੂਖ ਦੀ ਬਜਾਏ, ਆਪਣੀ ਹੁਨਰ ਅਤੇ ਸਖ਼ਤ ਮਿਹਨਤ ਦੇ ਜ਼ਰੀਏ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਣ। ਸਰਕਾਰੀ ਭਰਤੀ ਪ੍ਰਕਿਰਿਆ ਵਿੱਚ ਆਏ ਬਦਲਾਅ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, ਪੰਜਾਬ ਵਿੱਚ ਸਰਕਾਰੀ ਨੌਕਰੀਆਂ ਹੁਣ ਯੋਗਤਾ ਦੇ ਆਧਾਰ 'ਤੇ ਦਿੱਤੀਆਂ ਜਾ ਰਹੀਆਂ ਹਨ, ਜਿਸ ਨਾਲ ਯੋਗ ਉਮੀਦਵਾਰਾਂ ਨੂੰ ਸੂਬੇ ਦੀ ਸੇਵਾ ਕਰਨ ਦਾ ਬਰਾਬਰ ਮੌਕਾ ਮਿਲ ਰਿਹਾ ਹੈ। ਹਰ ਨੌਜਵਾਨ ਨੂੰ ਭਾਵੇਂ ਉਸਦਾ ਪਿਛੋਕੜ ਕੋਈ ਵੀ ਹੋਵੇ, ਇਹ ਭਰੋਸਾ ਹੋਣਾ ਚਾਹੀਦਾ ਹੈ ਕਿ ਲਗਨ, ਯੋਗਤਾ ਅਤੇ ਦ੍ਰਿੜਤਾ ਬਿਹਤਰ ਭਵਿੱਖ ਦੇ ਰਾਹ ਖੋਲ੍ਹ ਸਕਦੇ ਹਨ।

ਜਨਤਕ ਭਲਾਈ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਦਿਆਰਥੀਆਂ ਨੂੰ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਬਾਰੇ ਦੱਸਿਆ, ਜਿਸ ਤਹਿਤ ਯੋਗ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਕਵਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ, ਸਿਹਤ ਸੰਭਾਲ ਤੱਕ ਬਿਹਤਰ ਪਹੁੰਚ ਪ੍ਰਦਾਨ ਕਰਨਾ ਇਹ ਯਕੀਨੀ ਬਣਾਉਣ ਦਾ ਇੱਕ ਅਹਿਮ ਹਿੱਸਾ ਹੈ ਕਿ ਪਰਿਵਾਰਾਂ ਨੂੰ ਆਰਥਿਕ ਤੰਗੀ ਕਾਰਨ ਇਲਾਜ ਨਾਲ ਸਮਝੌਤਾ ਕਰਨ ਲਈ ਮਜਬੂਰ ਨਾ ਹੋਣਾ ਪਵੇ। ਮੁੱਖ ਮੰਤਰੀ ਨੇ ਕਿ ਉਨ੍ਹਾਂ ਦੀ ਸਰਕਾਰ ਜ਼ਰੂਰੀ ਸੇਵਾਵਾਂ ਨੂੰ ਵਧੇਰੇ ਪਹੁੰਚਯੋਗ ਬਣਾਉਣ ਅਤੇ ਸੂਬੇ ਦੇ ਲੋਕਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਕੰਮ ਕਰ ਰਹੀ ਹੈ।

ਵਿਦਿਆਰਥੀਆਂ ਨੂੰ ਸਪੱਸ਼ਟ ਟੀਚੇ ਨਿਰਧਾਰਤ ਕਰਨ ਅਤੇ ਪੂਰੀ ਇਮਾਨਦਾਰੀ, ਅਨੁਸ਼ਾਸਨ ਅਤੇ ਸਮਰਪਣ ਨਾਲ ਉਨ੍ਹਾਂ ਦਾ ਪਿੱਛਾ ਕਰਨ ਲਈ ਪ੍ਰੇਰਿਤ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਫਲਤਾ ਉਨ੍ਹਾਂ ਨੂੰ ਮਿਲਦੀ ਹੈ ਜੋ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਇਮਾਨਦਾਰ ਰਹਿੰਦੇ ਹਨ ਅਤੇ ਰਸਤਾ ਔਖਾ ਹੋਣ 'ਤੇ ਵੀ ਸਖ਼ਤ ਮਿਹਨਤ ਕਰਦੇ ਰਹਿੰਦੇ ਹਨ। ਇਮਾਨਦਾਰੀ ਨਾਲ ਕੀਤੀ ਗਈ ਸਖ਼ਤ ਮਿਹਨਤ ਕਦੇ ਵੀ ਵਿਅਰਥ ਨਹੀਂ ਜਾਂਦੀ। ਵਿਦਿਆਰਥੀਆਂ ਨੂੰ ਬਿਨਾਂ ਡਰ ਦੇ ਸੁਪਨੇ ਦੇਖਣੇ ਚਾਹੀਦੇ ਹਨ, ਬਿਨਾਂ ਕਿਸੇ ਬਹਾਨੇ ਦੇ ਕੰਮ ਕਰਨਾ ਚਾਹੀਦਾ ਹੈ ਅਤੇ ਆਪਣੀਆਂ ਕਦਰਾਂ-ਕੀਮਤਾਂ ਨਾਲ ਸਮਝੌਤਾ ਕੀਤੇ ਬਿਨਾਂ ਸਫਲ ਹੋਣਾ ਚਾਹੀਦਾ ਹੈ।

ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

ਮੈਨੀਟੋਬਾ 'ਚ ਵਿਦਿਆਰਥਣ ਨਾਲ ਹੱਦਾਂ ਟੱਪਣ ਵਾਲੇ ਅਧਿਆਪਕ ਦਾ ਲਾਇਸੈਂਸ ਰੱਦ

ਵਿਨੀਪੈਗ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਵਿਦਿਆਰਥੀਆਂ ਦੀ ਸੁਰੱਖਿਆ ਅਤੇ ਅਧਿਆਪਕਾਂ ਦੇ ਪੇਸ਼ੇਵਰ ਆਚਰਨ 'ਤੇ ਗੰਭੀਰ ਸਵਾਲ ਖੜ੍ਹੇ ਕਰਦੇ ਇੱਕ ਮਾਮਲੇ 'ਚ Manitoba ਦੇ ਸਾਬਕਾ ਅਧਿਆਪਕ ਦਾ ਅਧਿਆਪਨ ਸਰਟੀਫ਼ਿਕੇਟ ਪੱਕੇ ਤੌਰ 'ਤੇ ਰੱਦ ਕਰ ਦਿੱਤਾ ਗਿਆ ਹੈ। ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਅਧਿਆਪਕ ਰੌਬਰਟ ਗ੍ਰੇਗੁਆਰ ਨੇ ਇੱਕ ਵਿਦਿਆਰਥਣ ਨਾਲ ਸਾਲਾਂ ਤਕ ਹੱਦੋਂ ਪਾਰ ਜਾ ਕੇ ਨਿੱਜੀ ਸੰਪਰਕ ਬਣਾਈ ਰੱਖਿਆ। ਅਨੁਸ਼ਾਸਨੀ ਫ਼ੈਸਲੇ ਅਨੁਸਾਰ ਰਿਵਰ ਈਸਟ ਟਰਾਂਸਕੋਨਾ ਸਕੂਲ ਡਿਵਿਜ਼ਨ 'ਚ ਕੰਮ ਕਰਦਿਆਂ ਗ੍ਰੇਗੁਆਰ ਨੇ ਸਾਲ 2022 'ਚ ਅੱਠਵੀਂ ਜਮਾਤ ਦੀ ਵਿਦਿਆਰਥਣ ਨਾਲ ਨਿੱਜੀ ਕਿਸਮ ਦਾ ਸਬੰਧ ਬਣਾਉਣਾ ਸ਼ੁਰੂ ਕੀਤਾ। ਉਸ ਨੇ ਆਪਣੇ ਨਿੱਜੀ ਫ਼ੋਨ ਰਾਹੀਂ ਸੈਂਕੜੇ ਸੰਦੇਸ਼ ਭੇਜੇ ਜਦੋਂ ਕਿ ਮਾਈਕਰੋਸੌਫ਼ਟ ਟੀਮਜ਼ 'ਤੇ ਸਾਲ 2022 ਤੋਂ 2024 ਦਰਮਿਆਨ ਇੱਕ ਹਜ਼ਾਰ ਤੋਂ ਵੱਧ ਸੁਨੇਹਿਆਂ ਦਾ ਆਦਾਨ-ਪ੍ਰਦਾਨ ਹੋਇਆ।

ਰਿਪੋਰਟ ਮੁਤਾਬਿਕ ਅਧਿਆਪਕ ਵਿਦਿਆਰਥਣ ਨੂੰ ਮੇਰੀ ਸੋਹਣੀਏ, ਮਫ਼ਿਨ, ਰਾਜਕੁਮਾਰੀ ਅਤੇ ਮਨਪਸੰਦ ਵਿਦਿਆਰਥਣ ਵਰਗੇ ਸ਼ਬਦਾਂ ਨਾਲ ਸੰਬੋਧਨ ਕਰਦਾ ਸੀ। ਉਹ ਦੇਰ ਰਾਤ ਅਤੇ ਤੜਕੇ ਵੀ ਸੁਨੇਹੇ ਭੇਜਦਾ ਰਿਹਾ। ਵਿਦਿਆਰਥਣ ਦੇ ਮਿਡਲ ਸਕੂਲ ਤੋਂ ਹਾਈ ਸਕੂਲ ਜਾਣ ਮਗਰੋਂ ਵੀ ਉਸ ਨੇ ਸੰਪਰਕ ਜਾਰੀ ਰੱਖਿਆ। ਇੱਥੋਂ ਤਕ ਕਿ ਅਧਿਆਪਕ ਨੇ ਵਿਦਿਆਰਥਣ ਦੇ ਨਵੇਂ ਸਕੂਲ 'ਚ ਨੌਕਰੀ ਹਾਸਿਲ ਕਰਨ ਦਾ ਯਤਨ ਕੀਤਾ ਅਤੇ ਬਾਅਦ 'ਚ ਉਸ ਦੀਆਂ ਜਮਾਤਾਂ ਨੂੰ ਪੜ੍ਹਾਉਣ ਦੀ ਖ਼ੁਸ਼ੀ ਵੀ ਸੁਨੇਹੇ ਰਾਹੀਂ ਜ਼ਾਹਰ ਕੀਤੀ। ਉਸ ਨੇ ਵਿਦਿਆਰਥਣ ਨੂੰ ਸਕੂਲ ਤੋਂ ਬਾਹਰ ਰੈਸਟੋਰੈਂਟਾਂ 'ਚ ਮਿਲਣ, ਆਈਸਕਰੀਮ ਖਾਣ ਅਤੇ ਛੁੱਟੀਆਂ ਦੌਰਾਨ ਸਕੇਟਿੰਗ ਲਈ ਜਾਣ ਦੇ ਸੱਦੇ ਵੀ ਦਿੱਤੇ।

ਜੂਨ 2024 'ਚ ਮਿਡਲ ਸਕੂਲ ਦੇ ਪ੍ਰਿੰਸੀਪਲ ਨੇ ਉਸ ਨੂੰ ਵਿਦਿਆਰਥੀਆਂ ਨਾਲ ਨਿੱਜੀ ਸੁਨੇਹਿਆਂ ਰਾਹੀਂ ਸੰਪਰਕ ਕਰਨ ਤੋਂ ਰੋਕਿਆ ਸੀ। ਉਸ ਨੂੰ ਸਪੱਸ਼ਟ ਕੀਤਾ ਗਿਆ ਸੀ ਕਿ ਵਿਦਿਆਰਥੀਆਂ ਨਾਲ ਔਨਲਾਈਨ ਗੱਲਬਾਤ ਸਿਰਫ਼ ਪੜ੍ਹਾਈ ਨਾਲ ਸਬੰਧਤ ਅਤੇ ਮਨਜ਼ੂਰਸ਼ੁਦਾ ਪਲੈਟਫ਼ੌਰਮਾਂ ਰਾਹੀਂ ਹੀ ਹੋਣੀ ਚਾਹੀਦੀ ਹੈ।

ਦਸੰਬਰ 2024 'ਚ ਸਕੂਲ ਡਿਵਿਜ਼ਨ ਨੇ ਉਸ ਨੂੰ ਪ੍ਰਸ਼ਾਸ਼ਕੀ ਛੁੱਟੀ 'ਤੇ ਭੇਜ ਦਿੱਤਾ। ਅਗਲੇ ਸਾਲ ਅਪ੍ਰੈਲ 'ਚ ਇਹ ਮਾਮਲਾ ਸੂਬੇ ਦੇ ਸੁਤੰਤਰ ਅਧਿਆਪਕ ਆਚਰਨ ਕਮਿਸ਼ਨਰ ਕੋਲ ਪਹੁੰਚਿਆ।

ਜਾਂਚ ਦੌਰਾਨ ਗ੍ਰੇਗੁਆਰ ਨੇ ਸਾਹਮਣੇ ਆਏ ਤੱਥਾਂ ਨੂੰ ਸਵੀਕਾਰ ਕਰਦਿਆਂ ਇਸ ਨੂੰ ਪੇਸ਼ੇਵਰ ਦੁਰਵਿਹਾਰ ਮੰਨਿਆ। ਉਸ ਨੇ ਮਈ 'ਚ ਆਪਣਾ ਅਧਿਆਪਨ ਸਰਟੀਫ਼ਿਕੇਟ ਸੌਂਪ ਦਿੱਤਾ ਜਿਸ ਨੂੰ ਜਾਂਚ ਮੁਕੰਮਲ ਹੋਣ ਤੋਂ ਬਾਅਦ ਪੱਕੇ ਤੌਰ 'ਤੇ ਰੱਦ ਕਰ ਦਿੱਤਾ ਗਿਆ।

ਅਨੁਸ਼ਾਸ਼ਨੀ ਰਿਪੋਰਟ ਅਨੁਸਾਰ, ਕਈ ਸਾਲਾਂ ਤਕ ਹਜ਼ਾਰਾਂ ਸੁਨੇਹਿਆਂ ਦਾ ਆਦਾਨ-ਪ੍ਰਦਾਨ ਕਰਨਾ ਅਤੇ ਇਸ ਰਿਸ਼ਤੇ ਬਾਰੇ ਜਾਣਕਾਰੀ ਛੁਪਾਉਣਾ ਕਿਸੇ ਇਕੱਲੀ ਗ਼ਲਤੀ ਦਾ ਨਤੀਜਾ ਨਹੀਂ ਸਗੋਂ ਲਗਾਤਾਰ ਚੱਲਿਆ ਗੰਭੀਰ ਦੁਰਵਿਹਾਰ ਸੀ। ਮਾਹਿਰਾਂ ਦਾ ਮੰਨਣਾ ਹੈ ਕਿ ਅਜਿਹੀਆਂ ਕਾਰਵਾਈਆਂ 'ਗਰੂਮਿੰਗ 'ਦਾ ਹਿੱਸਾ ਹੁੰਦੀਆਂ ਹਨ ਜਿੱਥੇ ਅਧਿਆਪਕ ਆਪਣੀ ਪਦਵੀ ਦਾ ਗ਼ਲਤ ਫ਼ਾਇਦਾ ਉਠਾ ਕੇ ਬੱਚਿਆਂ ਦਾ ਭਾਵਨਾਤਮਕ ਸ਼ੋਸ਼ਣ ਕਰਦੇ ਹਨ।

ਕਮਿਸ਼ਨਰ ਦੀ ਰਿਪੋਰਟ ਸਪੱਸ਼ਟ ਕਰਦੀ ਹੈ ਕਿ ਇਹ ਕੋਈ ਅਣਜਾਣੇ 'ਚ ਹੋਈਆਂ ਗ਼ਲਤੀਆਂ ਨਹੀਂ ਸਨ ਸਗੋਂ ਸੋਚ-ਸਮਝ ਕੇ ਕੀਤਾ ਗਿਆ ਦੁਰਵਿਹਾਰ ਸੀ। ਇਹ ਘਟਨਾ ਸਕੂਲਾਂ 'ਚ ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਅਧਿਆਪਕਾਂ ਦੀ ਨੈਤਿਕਤਾ ਦੀ ਸਖ਼ਤ ਨਿਗਰਾਨੀ ਦੀ ਲੋੜ ਨੂੰ ਦਰਸਾਉਂਦੀ ਹੈ।

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਦੀ ਭਲਾਈ ਅਤੇ ਨਸ਼ਿਆਂ ਦੀ ਰੋਕਥਾਮ ਲਈ ਸੂਬੇ ਦੇ 40 ਕਾਲਜਾਂ ਵਿੱਚ ਸੰਗਤ ਮਾਨਸਿਕ ਸਿਹਤ ਕਲੱਬਾਂ ਦੀ ਸ਼ੁਰੂਆਤ

'ਸੰਗਤ' ਨੂੰ, ਆਪਸੀ ਸਹਿਯੋਗ ਅਤੇ ਸਿਹਤਮੰਦ ਜੀਵਨ-ਸ਼ੈਲੀ ਦੀ ਚੋਣ ਕਰਨ ਲਈ ਨੌਜਵਾਨਾਂ ਵੱਲੋਂ, ਨੌਜਵਾਨਾਂ ਲਈ ਕੀਤਾ ਗਿਆ ਤਿਆਰ: ਹਰਜੋਤ ਸਿੰਘ ਬੈਂਸ

ਚੰਡੀਗੜ੍ਹ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਨੇ ਆਪਣੀ ਪ੍ਰਮੁੱਖ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨੌਜਵਾਨਾਂ ਵਿੱਚ ਮਾਨਸਿਕ ਸਿਹਤ ਜਾਗਰੂਕਤਾ ਮਜ਼ਬੂਤ ਕਰਨ, ਸ਼ੁਰੂਆਤੀ ਦਖ਼ਲ ਉਤਸ਼ਾਹਿਤ ਕਰਨ ਅਤੇ ਨਸ਼ਾਖੋਰੀ ਨੂੰ ਰੋਕਣ ਵਿੱਚ ਮਦਦ ਕਰਨ ਲਈ ਸੂਬੇ ਭਰ ਦੇ 40 ਕਾਲਜਾਂ ਵਿੱਚ ਸੰਗਤ ਮਾਨਸਿਕ ਸਿਹਤ ਕਲੱਬਾਂ ਦੀ ਸ਼ੁਰੂਆਤ ਕੀਤੀ ਹੈ। ਆਦਿਤਿਆ ਬਿਰਲਾ ਐਜੂਕੇਸ਼ਨ ਟਰੱਸਟ (ਏ.ਬੀ.ਈ.ਟੀ.) ਦੇ ਸਹਿਯੋਗ ਅਤੇ ਉਚੇਰੀ ਸਿੱਖਿਆ ਵਿਭਾਗ, ਪੰਜਾਬ ਦੀ ਅਗਵਾਈ ਹੇਠ ਸ਼ੁਰੂ ਕੀਤੀ ਇਸ ਪਹਿਲਕਦਮੀ ਦਾ ਉਦੇਸ਼ ਵਿਦਿਅਕ ਕੈਂਪਸ ਵਿੱਚ ਅਜਿਹਾ ਦੋਸਤਾਨਾ ਵਾਤਾਵਰਣ ਬਣਾਉਣਾ ਹੈ, ਜਿੱਥੇ ਵਿਦਿਆਰਥੀ ਭਾਵਨਾਤਮਕ ਪ੍ਰੇਸ਼ਾਨੀ ਨੂੰ ਪਛਾਣ ਸਕਣ, ਢੁਕਵੀਂ ਸਹਾਇਤਾ ਪ੍ਰਾਪਤ ਕਰਨ ਅਤੇ ਮਾਨਸਿਕ ਸਿਹਤ ਮੁੱਦਿਆਂ 'ਤੇ ਖੁੱਲ੍ਹ ਕੇ ਚਰਚਾ ਕਰ ਸਕਣ।

ਇਸ ਨਿਵੇਕਲੀ ਪਹਿਲ ਦੇ ਲਾਂਚ ਦੌਰਾਨ, ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉਪ- ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਕਲੱਬ ਦੇ ਪ੍ਰਤੀਭਾਗੀਆਂ ਨਾਲ ਗੱਲਬਾਤ ਕੀਤੀ ਅਤੇ ਨੌਜਵਾਨ ਸਸ਼ਕਤੀਕਰਨ ਨੂੰ ਅਗਾਂਹ ਵਧਾਉਣ ਵਿੱਚ ਵਿਦਿਅਕ ਸੰਸਥਾਵਾਂ ਦੀ ਭੂਮਿਕਾ 'ਤੇ ਵਿਚਾਰ-ਚਰਚਾ ਕੀਤੀ। ਇਸ ਵਿਚਾਰ-ਵਟਾਂਦਰੇ ਦੌਰਾਨ ਸਮਾਜਿਕ ਹੀਣ-ਭਾਵਨਾ ਨੂੰ ਘਟਾਉਣ, ਨੌਜਵਾਨਾਂ ਨੂੰ ਮਦਦ ਲਈ ਉਤਸ਼ਾਹਿਤ ਕਰਨ ਅਤੇ ਨਸ਼ਿਆਂ ਨਾਲ ਨਜਿੱਠਣ ਵਿੱਚ ਵਿਦਿਅਕ ਸੰਸਥਾਵਾਂ, ਪਰਿਵਾਰਾਂ ਅਤੇ ਪੀਅਰ ਨੈੱਟਵਰਕਾਂ ਵਿਚਕਾਰ ਆਪਸੀ ਤਾਲਮੇਲ ਦੀ ਮਹੱਤਤਾ 'ਤੇ ਜੋਰ ਦਿੱਤਾ ਗਿਆ।

ਪਲਾਕਸ਼ਾ ਯੂਨੀਵਰਸਿਟੀ, ਮੋਹਾਲੀ ਵਿਖੇ ਕਰਵਾਏ ਗਏ ਸਮਾਗਮ ਮੌਕੇ ਬੋਲਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ 'ਸੰਗਤ' ਨੌਜਵਾਨਾਂ ਨੂੰ ਜਾਗਰੂਕਤਾ, ਸਾਥੀਆਂ ਦੀ ਸਹਾਇਤਾ ਅਤੇ ਸਮੂਹਿਕ ਯਤਨਾਂ ਰਾਹੀਂ ਮਾਨਸਿਕ ਸਿਹਤ ਚੁਣੌਤੀਆਂ ਅਤੇ ਨਸ਼ਾਖੋਰੀ ਨਾਲ ਨਜਿੱਠਣ ਲਈ ਸਮਰੱਥ ਬਣਾਉਣ ਵੱਲ ਅਹਿਮ ਤੇ ਨਿਵੇਕਲਾ ਕਦਮ ਹੈ। ਉਨ੍ਹਾਂ ਕਿਹਾ, " ਭਗਵਾਨ ਕ੍ਰਿਸ਼ਨ ਦੇ ਨਾਲ ਰਹਿਣ ਦੇ ਬਾਵਜੂਦ ਮਹਾਨ ਯੋਧੇ, ਅਰਜੁਨ ਨੂੰ ਵੀ ਮਾਨਸਿਕ ਅਤੇ ਭਾਵਨਾਤਮਕ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਸੀ। ਇਹ ਸਾਨੂੰ ਯਾਦ ਦਿਵਾਉਂਦਾ ਹੈ ਕਿ ਨੌਜਵਾਨਾਂ ਨੂੰ ਵੀ ਸਹੀ ਮਾਰਗਦਰਸ਼ਨ ਅਤੇ ਸਲਾਹਕਾਰਾਂ ਦੀ ਲੋੜ ਹੁੰਦੀ ਹੈ। ਨਸ਼ੇ ਕਰਨਾ ਮਾਣ ਵਾਲੀ ਗੱਲ ਨਹੀਂ ਹੈ। ਕਿਸੇ ਨੂੰ ਗਲਤ ਸੰਗਤ ਤੋਂ ਵਾਪਸ ਆਉਣ ਦਾ ਰਸਤਾ ਲੱਭਣ ਵਿੱਚ ਮਦਦ ਕਰਨਾ ਹੈ ਬਹੁਤ ਨੇਕ ਕਾਰਜ ਹੈ। 'ਸੰਗਤ' , ਨੌਜਵਾਨਾਂ ਵੱਲੋਂ, ਨੌਜਵਾਨਾਂ ਲਈ, ਸਾਥੀਆਂ ਦੀ ਸਹਾਇਤਾ , ਮਾਨਸਿਕ ਤੰਦਰੁਸਤੀ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਹੋਰ ਸਿਹਤਮੰਦ ਵਿਕਲਪ ਚੁਣਨ ਵਿੱਚ ਮਦਦ ਕਰਨ ਲਈ ਤਿਆਰ ਕੀਤਾ ਗਿਆ ਹੈ।"

'ਆਦਿਤਿਆ ਬਿਰਲਾ ਐਜੂਕੇਸ਼ਨ ਟਰੱਸਟ' ਅਤੇ 'ਐਮਪਾਵਰ' ਦੀ ਸੰਸਥਾਪਕ ਅਤੇ ਚੇਅਰਪਰਸਨ, ਨੀਰਜਾ ਬਿਰਲਾ ਨੇ ਨੌਜਵਾਨਾਂ ਵਿੱਚ ਭਾਵਨਾਤਮਕ ਚੁਣੌਤੀਆਂ , ਮਾਨਸਿਕ ਸਿਹਤ ਸਬੰਧੀ ਚਿੰਤਾਵਾਂ ਅਤੇ ਨਸ਼ਾਖੋਰੀ ਦੇ ਆਪਸੀ ਸਬੰਧਾਂ ਨੂੰ ਹੱਲ ਕਰਨ ਲਈ ਨਿਰੰਤਰ ਤੇ ਸਥਾਈ ਰੋਕਥਾਮ ਉਪਾਵਾਂ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, "ਅੱਜ ਨੌਜਵਾਨਾਂ ਨੂੰ ਦਰਪੇਸ਼ ਚੁਣੌਤੀਆਂ ਸਿਰਫ਼ ਨਸ਼ਿਆਂ ਦੀ ਵਰਤੋਂ ਤੱਕ ਸੀਮਤ ਨਹੀਂ ਹਨ। ਭਾਵਨਾਤਮਕ ਤੰਦਰੁਸਤੀ ਅਤੇ ਮਾਨਸਿਕ ਸਿਹਤ ਬਾਰੇ ਵਧਦੀਆਂ ਚਿੰਤਾਵਾਂ ਕਾਰਨ, ਸਮੱਸਿਆ ਦੇ ਸ਼ੁਰੂਆਤੀ ਪੜਾਅ ਵਿੱਚ ਹੀ ਦਖ਼ਲ ਪਹਿਲਾਂ ਨਾਲੋਂ ਕਿਤੇ ਵੱਧ ਅਹਿਮ ਹੋ ਗਿਆ ਹੈ। 'ਐਮਪਾਵਰ' ਵਿੱਚ, 'ਸੀਓਪੀਈ' ਨਾਲ ਕੀਤੇ ਗਏ ਸਾਡੇ ਕੰਮ ਰਾਹੀਂ, ਅਸੀਂ ਦੇਖਿਆ ਹੈ ਕਿ ਭਾਵਨਾਤਮਕ ਪਰੇਸ਼ਾਨੀ, ਮਾਨਸਿਕ ਸਿਹਤ ਸਬੰਧੀ ਅਣਗੌਲੀਆਂ ਸਮੱਸਿਆਵਾਂ ਅਤੇ ਨਸ਼ਿਆਂ ਦੀ ਵਰਤੋਂ ਆਪਸ ਵਿੱਚ ਕਿਵੇਂ ਜੁੜੇ ਹੋ ਸਕਦੇ ਹਨ। ਇਹ ਸਥਿਤੀ ਲਗਾਤਾਰ ਅਤੇ ਰੋਕਥਾਮ ਉਪਾਵਾਂ ਦੀ ਲੋੜ ਨੂੰ ਉਜਾਗਰ ਕਰਦੀ ਹੈ।"

MENTAL HEALTH CLUB
An initiative by the Government of Punjab Aditya Birla Education Trust– Mpower

ਪੰਜਾਬ ਸਰਕਾਰ ਦੇ ਸਾਂਝੇ ਦੇ ਦੂਰਅੰਦੇਸ਼ ਯਤਨਾਂ ਦੀ ਸ਼ਲਾਘਾ ਕਰਦਿਆਂ ਬਿਰਲਾ ਨੇ ਕਿਹਾ, "ਮੈਂ ਪੰਜਾਬ ਸਰਕਾਰ ਦੀ ਸ਼ਲਾਘਾ ਕਰਦੀ ਹਾਂ ਕਿ ਉਨ੍ਹਾਂ ਨੇ ਸਰਕਾਰੀ ਵਿਭਾਗਾਂ, ਸਿਵਲ ਸੁਸਾਇਟੀ ਸੰਸਥਾਵਾਂ, ਸਿੱਖਿਆ ਸ਼ਾਸਤਰੀਆਂ, ਸਿਹਤ ਸੰਭਾਲ ਪੇਸ਼ੇਵਰਾਂ ਅਤੇ ਸਮਾਜਿਕ ਆਗੂਆਂ ਨੂੰ ਇੱਕ ਸਾਂਝੇ ਟੀਚੇ ਤਹਿਤ ਇਕੱਤਰ ਕੀਤਾ ਹੈ। ਇਸ ਦਾ ਉਦੇਸ਼ ਵੱਖ-ਵੱਖ ਪੱਧਰਾਂ 'ਤੇ ਹੋਣ ਵਾਲੇ ਖਿੰਡੇ-ਪੁੰਡੇ ਯਤਨਾਂ ਤੋਂ ਅਗਾਂਹ ਵਧ ਕੇ, ਰੋਕਥਾਮ, ਇਲਾਜ, ਮੁੜ-ਵਸੇਬਾ ਅਤੇ ਮੁੱਖ ਧਾਰਾ ਵਿੱਚ ਲਿਆਉਣ ਲਈ ਇੱਕ ਟਿਕਾਊ ਢਾਂਚਾ ਤਿਆਰ ਕਰਨਾ ਹੈ। ਅਜਿਹੇ ਸਹਿਯੋਗੀ ਮਾਡਲ ਪੰਜਾਬ ਦੇ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਜੀਵਨ 'ਤੇ ਇੱਕ ਸਥਾਈ ਅਤੇ ਅਰਥਪੂਰਨ ਪ੍ਰਭਾਵ ਪਾਉਣ ਦੀ ਸਮਰੱਥਾ ਰੱਖਦੇ ਹਨ।"

ਆਪਣੇ ਨਿੱਜੀ ਤਜ਼ਰਬੇ ਸਾਂਝੇ ਕਰਦੇ ਹੋਏ ਅਤੇ ਮਾਨਸਿਕ ਸਿਹਤ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਅਦਾਕਾਰ ਅਪਾਰਸ਼ਕਤੀ ਖੁਰਾਣਾ ਨੇ ਅਜਿਹੇ ਸਾਜ਼ਗਾਰ ਮਾਹੌਲ ਸਿਰਜਣ ਦੀ ਲੋੜ 'ਤੇ ਜ਼ੋਰ ਦਿੱਤਾ ਜਿੱਥੇ ਨੌਜਵਾਨ ਆਪਣੀਆਂ ਮੁਸ਼ਕਲਾਂ ਬਾਰੇ ਖੁੱਲ੍ਹ ਕੇ ਗੱਲ ਕਰ ਸਕਣ। ਉਨ੍ਹਾਂ ਕਿਹਾ, "ਅਸੀਂ ਅਕਸਰ ਨੌਜਵਾਨਾਂ ਨੂੰ ਮਜ਼ਬੂਤ ਬਣਨ ਲਈ ਕਹਿੰਦੇ ਹਾਂ, ਪਰ ਮਜ਼ਬੂਤੀ ਦਾ ਮਤਲਬ ਇਹ ਵੀ ਹੈ ਕਿ ਤੁਸੀਂ ਜੋ ਕੁਝ ਵੀ ਅਨੁਭਵ ਕਰ ਰਹੇ ਹੋ, ਉਸ ਬਾਰੇ ਇਮਾਨਦਾਰੀ ਨਾਲ ਗੱਲ ਕਰ ਸਕੋ ਅਤੇ ਲੋੜ ਪੈਣ 'ਤੇ ਮਦਦ ਮੰਗ ਸਕੋ। ਨੌਜਵਾਨਾਂ ਨੂੰ ਦਰਪੇਸ਼ ਦਬਾਅ ਹਮੇਸ਼ਾ ਸਾਹਮਣੇ ਨਹੀਂ ਆਉਂਦੇ, ਇਸ ਲਈ ਦੋਸਤਾਂ, ਪਰਿਵਾਰਾਂ ਅਤੇ ਵਿਦਿਅਕ ਸੰਸਥਾਵਾਂ ਲਈ ਇਹ ਜ਼ਰੂਰੀ ਹੈ ਕਿ ਉਹ ਅਜਿਹਾ ਦੋਸਤਾਨਾ ਮਾਹੌਲ ਬਣਾਉਣ ਜਿੱਥੇ ਨੌਜਵਾਨਾਂ ਦੀ ਗੱਲ ਸੁਣੀ ਜਾਵੇ, ਨਾ ਕਿ ਉਨ੍ਹਾਂ ਨੂੰ ਸਹੀ -ਗਲ਼ਤ ਦੇ ਅਧਾਰ 'ਤੇ ਪਰਖਿਆ ਜਾਵੇ।"

ਉਨ੍ਹਾਂ ਅੱਗੇ ਕਿਹਾ, " ਮੇਰੀ ਦਾਦੀ ਕਹਿੰਦੀ ਹੁੰਦੀ ਸੀ ,ਭਾਵੇਂ ਕਿੰਨੀਆਂ ਵੀ ਚੁਣੌਤੀਆਂ ਕਿਉਂ ਨਾ ਆਉਣ, ਚੰਗੀ ਸੰਗਤ ਬਹੁਤ ਜ਼ਰੂਰੀ ਹੈ।" ਉਨ੍ਹਾਂ ਕਿਹਾ ਕਿ 'ਸੰਗਤ' ਵਰਗੀਆਂ ਪਹਿਲਕਦਮੀਆਂ ਨੌਜਵਾਨਾਂ ਨੂੰ ਇੱਕ-ਦੂਜੇ ਦਾ ਖਿਆਲ ਰੱਖਣ ਅਤੇ ਮਾਨਸਿਕ ਸਿਹਤ ਬਾਰੇ ਵਧੇਰੇ ਖੁੱਲ੍ਹ ਕੇ ਗੱਲਬਾਤ ਕਰਨ ਲਈ ਉਤਸ਼ਾਹਿਤ ਕਰ ਸਕਦੀਆਂ ਹਨ।" ਇਸ ਪ੍ਰੋਗਰਾਮ ਦੇ ਤਹਿਤ, ਭਾਗ ਲੈਣ ਵਾਲੇ ਹਰੇਕ ਕਾਲਜ ਦੇ 25 ਵਿਦਿਆਰਥੀਆਂ ਨੂੰ 'ਯੂਥ ਮੈਂਟਲ ਹੈਲਥ ਫਸਟ ਏਡ' (ਵਾਈ ਐਮ ਐਚ ਐਫ ਏ) ਦੀ 14 ਘੰਟਿਆਂ ਦੀ ਸਿਖਲਾਈ ਦਿੱਤੀ ਜਾਵੇਗੀ ਅਤੇ ਸਰਟੀਫਿਕੇਟ ਪ੍ਰਦਾਨ ਕੀਤੇ ਜਾਣਗੇ। ਇਹ ਸਿਖਲਾਈ ਵਿਦਿਆਰਥੀਆਂ ਨੂੰ ਭਾਵਨਾਤਮਕ ਚੁਣੌਤੀਆਂ ਦੇ ਸੰਕੇਤਾਂ ਨੂੰ ਪਛਾਣਨ, ਸ਼ੁਰੂਆਤੀ ਪੱਧਰ 'ਤੇ ਆਪਣੇ ਸਾਥੀਆਂ ਦੀ ਮਦਦ ਕਰਨ ਅਤੇ ਲੋੜ ਪੈਣ 'ਤੇ ਉਨ੍ਹਾਂ ਨੂੰ ਪੇਸ਼ੇਵਰ ਮਦਦ ਲੈਣ ਲਈ ਪ੍ਰੇਰੇਗੀ। ਇਹ ਕਲੱਬ ਮਾਨਸਿਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ, ਭਾਵਨਾਤਮਕ ਚੁਣੌਤੀਆਂ ਬਾਰੇ ਖੁੱਲ੍ਹੀ ਗੱਲਬਾਤ ਵਧਾਉਣ ਅਤੇ ਨਸ਼ਾਖੋਰੀ ਤੋਂ ਗੁਰੇਜ਼ ਕਰਨ ਲਈ ਕੈਂਪਸ-ਪੱਧਰ ਦੀਆਂ ਗਤੀਵਿਧੀਆਂ ਦਾ ਆਯੋਜਨ ਕਰਨਗੇ। ਯੋਗ ਸਾਥੀਆਂ ਦੀ ਅਗਵਾਈ ਅਤੇ ਪੇਸ਼ੇਵਰ ਸਹਾਇਤਾ ਰਾਹੀਂ, ਇਹ ਪਹਿਲ ਸਮਾਂ ਰਹਿੰਦਿਆ ਚਿੰਤਾਵਾਂ ਦੀ ਪਛਾਣ ਕਰਨ ਅਤੇ ਇੱਕ ਕੈਂਪਸ ਸੱਭਿਆਚਾਰ ਬਣਾਉਣ ਦਾ ਯਤਨ ਕਰਦੀ ਹੈ , ਜਿਸ ਵਿੱਚ ਮਦਦ ਮੰਗਣਾ ਮਾੜਾ ਨਹੀਂ ਸਮਝਿਆ ਜਾਂਦਾ ਸਗੋਂ ਉਤਸ਼ਾਹਿਤ ਕੀਤਾ ਜਾਂਦਾ ਹੈ।

ਇਹ ਪ੍ਰੋਗਰਾਮ ਏ ਬੀ ਈ ਟੀ ਦੀ ਸਹਾਇਕ ਕੰਪਨੀ ਐਮਪਾਵਰ ਵੱਲੋਂ ਇਸਦੇ ਸੀਓਪੀਈ (ਕਾਉਂਸਲਿੰਗ ਐਂਡ ਆਊਟਰੀਚ ਫਾਰ ਪੀਅਰ ਇਨਪਾਵਰਮੈਂਟ) ਫਰੇਮਵਰਕ ਦੇ ਤਹਿਤ ਲਾਗੂ ਕੀਤਾ ਜਾ ਰਿਹਾ ਹੈ।

ਲਾਂਚ ਪ੍ਰੋਗਰਾਮ ਵਿੱਚ 'ਯੁਵਾ' ਦੇ ਸਹਿ-ਸੰਸਥਾਪਕ ਅਤੇ ਮੁਖੀ ਨਿਖਿਲ ਤਨੇਜਾ ਅਤੇ ਬਾਲੀਵੁੱਡ ਅਦਾਕਾਰ ਅਪਾਰਸ਼ਕਤੀ ਖੁਰਾਣਾ ਸ਼ਾਮਲ ਹੋਏ, ਜਿਨ੍ਹਾਂ ਨੇ ਨੌਜਵਾਨਾਂ ਦੀ ਤੰਦਰੁਸਤੀ ਅਤੇ ਅਜਿਹੀਆਂ ਥਾਵਾਂ ਬਣਾਉਣ ਬਾਰੇ ਗੱਲਬਾਤ ਕੀਤੀ ਗਈ , ਜਿੱਥੇ ਨੌਜਵਾਨ ਦੀ ਗੱਲ ਨੇੜਿਓਂ ਸੁਣੀ-ਸਮਝੀ ਜਾਂਦੀ ਹੋਵੇ ਅਤੇ ਉਨ੍ਹਾਂ ਨੂੰ ਮਦਦ ਦਿੱਤੀ ਜਾਂਦੀ ਹੋਵੇ। ਕੌਮਿਕ ਸਿੰਘ ਵਜੋਂ ਜਾਣੇ ਜਾਂਦੇ ਪੰਜਾਬੀ ਕਾਮੇਡੀਅਨ ਮਨਪ੍ਰੀਤ ਸਿੰਘ ਨੇ ਵੀ ਇਸ ਪ੍ਰੋਗਰਾਮ ਵਿੱਚ ਆਪਣੀ ਪੇਸ਼ਕਾਰੀ ਦਿੱਤੀ ।

ਸਿੱਖਿਆ ਅਧਿਕਾਰੀ, ਭਾਗ ਲੈਣ ਵਾਲੇ ਕਾਲਜਾਂ ਦੇ ਨੋਡਲ ਪ੍ਰੋਫੈਸਰ, ਸੰਗਤ ਵਿਦਿਆਰਥੀ ਮੈਂਬਰ ਅਤੇ ਏ ਬੀ ਈ ਟੀ ਦੇ ਨੁਮਾਇੰਦੇ ਪ੍ਰੋਗਰਾਮ ਵਿੱਚ ਸ਼ਾਮਲ ਹੋਏ।

ਮਾਨਸਿਕ ਤੰਦਰੁਸਤੀ ਨੂੰ ਰੋਕਥਾਮ ਰਣਨੀਤੀ ਦਾ ਅਧਾਰ ਬਣਾ ਕੇ, 'ਸੰਗਤ' , ਵਿਦਿਆਰਥੀਆਂ ਨੂੰ ,ਆਪਣੇ ਸਾਥੀਆਂ ਦੀ ਮਦਦ ਕਰਨ, ਸ਼ੁਰੂਆਤੀ ਦਖਲ ਮਜ਼ਬੂਤ ਕਰਨ ਅਤੇ ਹੋਰ ਖੁੱਲ੍ਹੇ ਅਤੇ ਸਹਾਇਕ ਕਾਲਜ ਕੈਂਪਸਾਂ ਨੂੰ ਉਤਸ਼ਾਹਿਤ ਕਰਨ ਲਈ ਸਸ਼ਕਤ ਬਣਾਉਣ ਦੀ ਕੋਸ਼ਿਸ਼ ਕਰਦੀ ਹੈ। ਇਹ ਪਹਿਲਕਦਮੀ ਪੰਜਾਬ ਸਰਕਾਰ ਦੇ ਯੁੱਧ ਨਸ਼ਿਆਂ ਵਿਰੁਧ ਤਹਿਤ ਰੋਕਥਾਮ, ਜਾਗਰੂਕਤਾ ਅਤੇ ਸਮੂਹਿਕ ਜ਼ਿੰਮੇਵਾਰੀ ਰਾਹੀਂ ਨਸ਼ਿਆਂ ਨਾਲ ਨਜਿੱਠਣ ਦੇ ਵਡੇਰੇ ਯਤਨਾਂ ਦਾ ਹਿੱਸਾ ਹੈ।

ਸੰਪਾਦਕੀ

ਭਾਰਤ ਦੇ ਡਿਜੀਟਲ ਬੈਂਕਿੰਗ ਸਿਸਟਮ ਦੀ ਵੱਡੀ ਕਮਜ਼ੋਰੀ ਬੇਪਰਦ

ਦੇਸ਼ ਦੇ ਸਭ ਤੋਂ ਵੱਡੇ ਬੈਂਕ ਯਾਨੀ ਸਟੇਟ ਬੈਂਕ ਆਫ ਇੰਡੀਆ (ਐੱਸ ਬੀ ਆਈ) ਦੇ ਲਗਪਗ 4,000 ਗਾਹਕਾਂ ਦਾ ਰਿਕਾਰਡ ਡਾਰਕ ਵੈੱਬ ’ਤੇ ਲੀਕ ਹੋਣ ਦੇ ਸ਼ੱਕ ਨੇ ਭਾਰਤ ਦੇ ਡਿਜੀਟਲ ਬੈਂਕਿੰਗ ਸਿਸਟਮ ਦੀ ਵੱਡੀ ਕਮਜ਼ੋਰੀ ਨੂੰ ਬੇਪਰਦ ਕੀਤਾ ਹੈ। ਇਹ ਸਮਝਣਾ ਬਿਲਕੁਲ ਔਖਾ ਨਹੀਂ ਹੈ ਕਿ ਸਿਰਫ਼ ਆਪਣੇ ਕੰਮਕਾਜ ਨੂੰ ਸੁਰੱਖਿਅਤ ਰੱਖਣਾ ਹੀ ਕਾਫ਼ੀ ਨਹੀਂ ਹੈ ਸਗੋਂ ਗਾਹਕਾਂ ਦੀ ਜਾਣਕਾਰੀ ਦੀ ਸੁਰੱਖਿਆ ਵੀ ਓਨੀ ਹੀ ਜ਼ਰੂਰੀ ਹੈ। ਲੀਕ ਹੋਈ ਜਾਣਕਾਰੀ ਵਿੱਚ ਗਾਹਕਾਂ ਦੇ ਨਾਮ, ਮੋਬਾਈਲ ਨੰਬਰ, ਜਨਮ ਤਾਰੀਖ਼, ਈ-ਮੇਲ ਆਈਡੀ, ਘਰਾਂ ਦੇ ਪਤੇ, ਬਰਾਂਚ ਦੇ ਕੋਡ ਅਤੇ ਕਰਜ਼ੇ (ਲੋਨ) ਨਾਲ ਜੁੜਿਆ ਰਿਕਾਰਡ ਸ਼ਾਮਿਲ ਹੈ। 16 ਅਕਤੂਬਰ ਨੂੰ ਡਿਫੈਂਸ ਸਾਈਬਰ ਏਜੰਸੀ ਅਤੇ ਸੀ ਈ ਆਰ ਟੀ- ਇਨ (ਭਾਰਤੀ ਕੰਪਿਊਟਰ ਐਮਰਜੈਂਸੀ ਰਿਸਪੌਂਸ ਟੀਮ) ਵੱਲੋਂ ਚਿਤਾਵਨੀ ਮਿਲਣ ਤੋਂ ਬਾਅਦ ਐੱਸ ਬੀ ਆਈ ਨੇ ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਇੱਕ ਸੁਤੰਤਰ ਸਾਈਬਰ ਸੁਰੱਖਿਆ ਏਜੰਸੀ ਨੂੰ ਵੀ ਇਸ ਕੰਮ ’ਤੇ ਲਗਾ ਦਿੱਤਾ ਹੈ।

ਦੇਸ਼ ਦੇ ਇਸ ਪ੍ਰਮੁੱਖ ਸਰਕਾਰੀ ਬੈਂਕ ਨੇ ਕਿਹਾ ਹੈ ਕਿ ਇਸ ਘਟਨਾ ਦਾ ਉਸ ਦੀ ਵਿੱਤੀ ਕਾਰਗੁਜ਼ਾਰੀ, ਮੁੱਖ ਕੰਮਕਾਜ ਜਾਂ ਕਾਰੋਬਾਰ ਦੀ ਨਿਰੰਤਰਤਾ ’ਤੇ ਕੋਈ ਖ਼ਾਸ ਅਸਰ ਨਹੀਂ ਪਿਆ। ਹਾਲਾਂਕਿ ਇਹ ਭਰੋਸਾ ਦੇਣਾ ਬਹੁਤ ਜ਼ਰੂਰੀ ਹੈ ਪਰ ਸਿਰਫ਼ ਕੰਮਕਾਜ ਦੇ ਸੁਰੱਖਿਅਤ ਹੋਣ ਨਾਲ ਪ੍ਰਭਾਵਿਤ ਗਾਹਕਾਂ ਨੂੰ ਹੋਣ ਵਾਲੀਆਂ ਮੁਸ਼ਕਿਲਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਨਿੱਜੀ ਡੇਟਾ ਲੀਕ ਹੋਣ ਨਾਲ ਗਾਹਕਾਂ ਨੂੰ ਨਿਸ਼ਾਨਾ ਬਣਾ ਕੇ ਠੱਗ ਫਿਸ਼ਿੰਗ, ਪਛਾਣ ਦੀ ਦੁਰਵਰਤੋਂ ਅਤੇ ਬੈਂਕ ਅਧਿਕਾਰੀ ਬਣ ਕੇ ਫ਼ਰਜ਼ੀ ਫੋਨ ਕਾਲਾਂ ਕਰ ਸਕਦੇ ਹਨ।

ਪੰਜਾਹ ਕਰੋੜ ਤੋਂ ਵੱਧ ਗਾਹਕਾਂ ਵਾਲੇ ਸਟੇਟ ਬੈਂਕ ਆਫ ਇੰਡੀਆ ਦਾ ਇਹ ਇਖ਼ਲਾਕੀ ਫ਼ਰਜ਼ ਬਣਦਾ ਹੈ ਕਿ ਉਹ ਖ਼ਤਰੇ ਦੀ ਜ਼ਦ ਵਿੱਚ ਆਏ ਖਾਤਾਧਾਰਕਾਂ ਨੂੰ ਸਿੱਧੇ ਤੌਰ ’ਤੇ ਸੂਚਿਤ ਕਰੇ ਅਤੇ ਉਨ੍ਹਾਂ ਨੂੰ ਇਹ ਸਪੱਸ਼ਟ ਦੱਸੇ ਕਿ ਕਿਹੜੀ ਜਾਣਕਾਰੀ ਲੀਕ ਹੋਈ ਹੈ। ਇਸ ਦੇ ਨਾਲ ਹੀ ਗਾਹਕਾਂ ਨੂੰ ਧੋਖਾਧੜੀ ਤੋਂ ਬਚਾਅ ਲਈ ਵਿਹਾਰਕ ਸੇਧ ਦੇਵੇ। ਗਾਹਕਾਂ ਦਾ ਭਰੋਸਾ ਬਹਾਲ ਕਰਨ ਲਈ ਇੱਕ ਸਮਰਪਿਤ ਹੈਲਪ ਲਾਈਨ ਅਤੇ ਡੇਟਾ ਲੀਕ ਦੀ ਜਾਂਚ ਕਰਨ ਵਾਸਤੇ ਸੁਰੱਖਿਅਤ ਪ੍ਰਬੰਧ ਮੁਹੱਈਆ ਕਰਵਾਏ ਜਾਣੇ ਚਾਹੀਦੇ ਹਨ। ਜਾਂਚ ਮੁਕੰਮਲ ਹੋਣ ਤੋਂ ਬਾਅਦ ਬੈਂਕ ਨੂੰ ਘਟਨਾ ਦੇ ਅਸਲ ਕਾਰਨਾਂ ਅਤੇ ਸੰਵੇਦਨਸ਼ੀਲ ਡੇਟਾ ਨੂੰ ਸੁਰੱਖਿਅਤ ਰੱਖਣ ਲਈ ਚੁੱਕੇ ਗਏ ਸੁਧਾਰਾਤਮਿਕ ਕਦਮਾਂ ਸਮੇਤ ਸਾਰੇ ਤੱਥਾਂ ਨੂੰ ਜਨਤਕ ਕਰਨਾ ਚਾਹੀਦਾ ਹੈ। ਸਾਈਬਰ ਸੁਰੱਖਿਆ ਸਿਰਫ਼ ਕੋਈ ਤਕਨੀਕੀ ਜਾਂ ਕਾਨੂੰਨੀ ਜ਼ਿੰਮੇਵਾਰੀ ਨਹੀਂ ਹੈ ਸਗੋਂ ਇਹ ਲੋਕਾਂ ਪ੍ਰਤੀ ਇੱਕ ਵੱਡਾ ਫ਼ਰਜ਼ ਹੈ। ਭਾਰਤ ਦੀ ਇਸ ਸਭ ਤੋਂ ਵੱਡੀ ਬੈਂਕਿੰਗ ਸੰਸਥਾ ਲਈ ਪਾਰਦਰਸ਼ਤਾ, ਸਮੇਂ ਸਿਰ ਰਾਬਤਾ ਅਤੇ ਜਵਾਬਦੇਹੀ ਓਨੀ ਹੀ ਅਹਿਮ ਹੋਣੀ ਚਾਹੀਦੀ ਹੈ, ਜਿੰਨਾ ਨਿਰਵਿਘਨ ਸੇਵਾਵਾਂ ਪ੍ਰਦਾਨ ਕਰਨਾ ਹੈ। ਬੈਂਕ ਨੂੰ ਆਪਣੇ ਕਰੋੜਾਂ ਗਾਹਕਾਂ ਦੇ ਵਿਸ਼ਵਾਸ ਨੂੰ ਕਾਇਮ ਰੱਖਣ ਲਈ ਸੁਰੱਖਿਆ ਦੇ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਤਾਹੀ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

ਪੰਜਾਬ ਫਾਰਮੇਸੀ ਕੌਂਸਲ ਵੱਲੋਂ ਅਸ਼ਵਨੀ ਕੁਮਾਰ ਦੀ ਰਜਿਸਟਰੇਸ਼ਨ ਰੱਦ

ਚੰਡੀਗੜ੍ਹ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮਾਨਸਾ ਵਿੱਚ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਵਾਲੇ ਪਰਵਿੰਦਰ ਸਿੰਘ ਝੋਟਾ ਦੀ ਮੌਤ ਦੇ ਮਾਮਲੇ ਵਿੱਚ ਮੁਲਜ਼ਮ ਅਸ਼ਵਨੀ ਕੁਮਾਰ ਵਿਰੁੱਧ ਕਾਰਵਾਈ ਕਰਦਿਆਂ ਪੰਜਾਬ ਫਾਰਮੇਸੀ ਕੌਂਸਲ ਨੇ ਉਸ ਦੀ ਰਜਿਸਟਰੇਸ਼ਨ ਰੱਦ ਕਰ ਦਿੱਤੀ ਹੈ। ਕੌਂਸਲ ਦੇ ਚੇਅਰਮੈਨ ਸੁਨੀਲ ਬਾਂਸਲ ਨੇ ਦੱਸਿਆ ਕਿ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਨੂੰ ਲੈ ਕੇ ਫਾਰਮਾਸਿਸਟ ਖਿਲਾਫ਼ ਸਖ਼ਤ ਕਾਰਵਾਈ ਕੀਤੀ ਗਈ ਹੈ। ਉਸ ਦੀ ਫਾਰਮਾਸਿਸਟ ਰਜਿਸਟਰੇਸ਼ਨ 10 ਜੁਲਾਈ, 2020 ਨੂੰ ਜਾਰੀ ਹੋਈ ਸੀ ਜਿਸ ਨੂੰ ਰੱਦ ਕਰ ਦਿੱਤਾ ਗਿਆ ਹੈ। ਅਸ਼ਵਨੀ ਕੁਮਾਰ ਪਰਵਿੰਦਰ ਸਿੰਘ ਝੋਟਾ ਦੀ ਮੌਤ ਦੇ ਮਾਮਲੇ ਵਿੱਚ ਮੁੱਖ ਮੁਲਜ਼ਮ ਹੈ। ਇਸ ਘਟਨਾ ਤੋਂ ਬਾਅਦ ਨਸ਼ਿਆਂ ਦੀ ਗ਼ੈਰਕਾਨੂੰਨੀ ਵਿਕਰੀ ਅਤੇ ਇਸ ਵਿਰੁੱਧ ਕਾਰਵਾਈ ਕਰਨ ਵਾਲੀਆਂ ਸਰਕਾਰੀ ਏਜੰਸੀਆਂ ਦੀ ਭੂਮਿਕਾ ਨੂੰ ਲੈ ਕੇ ਵੀ ਸਵਾਲ ਉੱਠੇ ਸਨ।

ਇਸ ਤੋਂ ਪਹਿਲਾਂ ਸਾਹਮਣੇ ਆਈ ਜਾਣਕਾਰੀ ਅਨੁਸਾਰ ਅਸ਼ਵਨੀ ਕੁਮਾਰ ਦੇ ਟਿਕਾਣਿਆਂ ’ਤੇ ਪਿਛਲੇ ਚਾਰ ਸਾਲਾਂ ਦੌਰਾਨ ਕਰੀਬ 10 ਵਾਰ ਛਾਪੇ ਮਾਰੇ ਗਏ ਸਨ ਅਤੇ ਉਸ ਦੇ ਡਰੱਗ ਲਾਇਸੈਂਸ ਨੂੰ ਤਿੰਨ ਵਾਰ ਮੁਅੱਤਲ ਕੀਤਾ ਗਿਆ ਸੀ। ਪੰਜਾਬ ਸਰਕਾਰ ਦੇ ਅੰਕੜਿਆਂ ਅਨੁਸਾਰ ਅਪਰੈਲ 2025 ਤੋਂ ਸਤੰਬਰ 2026 ਤੱਕ ਸੂਬੇ ਵਿੱਚ ਨਿਯਮਾਂ ਦੀ ਉਲੰਘਣਾ ਕਰਨ ਵਾਲੇ 520 ਦਵਾਈ ਵਿਕਰੇਤਾਵਾਂ ਦੇ ਲਾਇਸੈਂਸ ਮੁਅੱਤਲ ਕੀਤੇ ਗਏ ਅਤੇ 22 ਦੇ ਲਾਇਸੈਂਸ ਰੱਦ ਕੀਤੇ ਗਏ ਸਨ।

ਇਸ ਮਾਮਲੇ ਵਿੱਚ ਇਹ ਵੀ ਸਾਹਮਣੇ ਆਇਆ ਸੀ ਕਿ ਸਬੰਧਤ ਮੈਡੀਕਲ ਸਟੋਰ ਦਾ ਡਰੱਗ ਲਾਇਸੈਂਸ ਅਸ਼ਵਨੀ ਕੁਮਾਰ ਦੀ ਪਤਨੀ ਸੰਤੋਸ਼ ਰਾਣੀ ਦੇ ਨਾਮ ’ਤੇ ਸੀ। ਅਸ਼ਵਨੀ ਕੁਮਾਰ ਖ਼ੁਦ ਉਸ ਲਾਇਸੈਂਸ ਤਹਿਤ ਦਵਾਈਆਂ ਵੇਚਣ ਲਈ ਅਧਿਕਾਰਤ ਨਹੀਂ ਸੀ। ਇਸ ਤੋਂ ਪਹਿਲਾਂ ਜ਼ਿਲ੍ਹਾ ਪ੍ਰਸ਼ਾਸਨ ਨੇ ਪੁਲੀਸ ਦੀ ਸਿਫ਼ਾਰਸ਼ ’ਤੇ ਅਸ਼ਵਨੀ ਕੁਮਾਰ ਦਾ ਅਸਲਾ ਲਾਇਸੈਂਸ ਵੀ ਰੱਦ ਕਰ ਦਿੱਤਾ ਸੀ। ਪ੍ਰਸ਼ਾਸਨ ਮੁਤਾਬਕ, ਉਸ ਨੇ ਲਾਇਸੈਂਸ ਤਹਿਤ ਹਾਸਲ ਕੀਤੇ ਹਥਿਆਰ ਦੀ ਵਰਤੋਂ ਕਤਲ ਦੀ ਘਟਨਾ ਵਿੱਚ ਕੀਤੀ ਸੀ।

ਫਾਰਮੇਸੀ ਕੌਂਸਲ ਵੱਲੋਂ ਰਜਿਸਟਰੇਸ਼ਨ ਰੱਦ ਕਰਨ ਦੀ ਖ਼ਬਰ ਅਜਿਹੇ ਸਮੇਂ ਸਾਹਮਣੇ ਆਈ ਹੈ ਜਦੋਂ ਝੋਟਾ ਮਾਮਲੇ ਵਿੱਚ ਇਨਸਾਫ਼ ਅਤੇ ਨਸ਼ਿਆਂ ਦੀ ਵਿਕਰੀ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਹੈ।

ਜ਼ਿਕਰਯੋਗ ਹੈ ਕਿ ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ ਦੀ ਜਾਂਚ ਕਰ ਰਹੀ ਸੀ.ਬੀ.ਆਈ. ਦੀ ਟੀਮ ਅੱਜ ਵਿਪਿਨ ਕੁਮਾਰ ਦੇ ਘਰ ਪਹੁੰਚੀ। ਜਾਣਕਾਰੀ ਮੁਤਾਬਿਕ ਵਿਪਿਨ ਉਹ ਵਿਅਕਤੀ ਦੱਸਿਆ ਜਾ ਰਿਹਾ ਹੈ, ਜੋ ਅਸ਼ਵਨੀ ਕੁਮਾਰ ਨੂੰ ਆਪਣੇ ਨਾਲ ਲੈ ਕੇ ਗਿਆ ਸੀ। ਇਸੇ ਸਬੰਧ ਵਿੱਚ ਸੀ.ਬੀ.ਆਈ. ਦੀ ਟੀਮ ਨੇ ਵਿਪਿਨ ਦੇ ਘਰ ਪਹੁੰਚ ਕੇ ਜਾਂਚ ਕੀਤੀ।

ਜ਼ਿਕਰਯੋਗ ਹੈ ਕਿ ਵਿਪਿਨ ਕੁਮਾਰ ਉੱਪਰ ਅਸ਼ਵਨੀ ਕੁਮਾਰ ਨੂੰ ਪਨਾਹ ਦੇਣ ਦਾ ਦੋਸ਼ ਹੈ ਅਤੇ ਪੁਲੀਸ ਵੱਲੋਂ ਉਸ ਉੱਪਰ ਮਾਮਲਾ ਦਰਜ ਕਰਕੇ ਉਸ ਨੂੰ ਪਹਿਲੇ ਦਿਨ ਹੀ ਗ੍ਰਿਫ਼ਤਾਰ ਕੀਤਾ ਗਿਆ ਸੀ।

ਮੇਰਾ ਘਰ ਮੇਰੇ ਨਾਮ ਸਕੀਮ ਤਹਿਤ ਈਸਾਪੁਰ ਵਿਚ ਪਰਿਵਾਰਾਂ ਨੂੰ ਵੰਡੇ ਮਾਲਕਾਨਾ ਕਾਰਡ ,ਸਰਕਾਰ ਦਾ ਫੈਸਲਾ ਸ਼ਲਾਘਾਯੋਗ : ਸਰਪੰਚ ਜਸਪ੍ਰੀਤ

ਮਾਛੀਵਾੜਾ ਸਾਹਿਬ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮਾਛੀਵਾੜਾ ਨਜ਼ਦੀਕੀ ਪਿੰਡ ਈਸਾਪੁਰ ਵਿਖੇ ਮੇਰਾ ਘਰ ਮੇਰੇ ਨਾਮ ਸਕੀਮ ਤਹਿਤ ਅਨੇਕਾਂ ਪਰਿਵਾਰਾਂ ਨੂੰ ਮਾਲਕਾਨਾ ਹੱਕ ਦਿੰਦਿਆਂ ਕਾਰਡ ਸੌਂਪੇ ਗਏ।

ਜਾਣਕਾਰੀ ਦਿੰਦਿਆਂ ਸਰਪੰਚ ਜਸਪ੍ਰੀਤ ਸਿੰਘ ਈਸਾਪੁਰ ਨੇ ਦੱਸਿਆ ਕਿ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੀ ਰਹਿਨੁਮਾਈ ਹੇਠ ਅਤੇ ਤਹਿਸੀਲਦਾਰ ਹਰਕੀਰਤ ਸਿੰਘ,ਬਲਾਕ ਪ੍ਰਧਾਨ ਗੁਰਵੀਰ ਸਿੰਘ ਖੇੜਾ ਆਪਣੀ ਸਮੁੱਚੀ ਟੀਮ ਸਮੇਤ ਪੁੱਜੇ ਜਿੱਥੇ ਉਹਨਾਂ ਪਰਿਵਾਰਾਂ ਨੂੰ ਮਾਲਕਾਨਾ ਹੱਕ ਕਾਰਡ ਸੌਂਪੇ। ਸਰਪੰਚ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਹਲਕਾ ਵਿਧਾਇਕ ਸਿੰਘ ਦਿਆਲਪੁਰਾ ਦੀ ਅਗਵਾਈ ਵਿੱਚ ਹਲਕੇ ਵਿੱਚ ਵਿਕਾਸ ਕਾਰਜ ਜ਼ੋਰਾਂ ਤੇ ਹਨ।ਆਪ ਸਰਕਾਰ ਪਹਿਲੀ ਸਰਕਾਰ ਹੈ ਜਿਸਨੇ ਜਨਤਾ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਸਾਢੇ ਚਾਰ ਸਾਲ ਦੇ ਸਮੇਂ ਦੌਰਾਨ ਜਨਤਾ ਨਾਲ ਕੀਤੇ ਗਏ ਹਰ ਵਾਅਦੇ ਨੂੰ ਪਹਿਲ ਦੇ ਅਧਾਰ ਤੇ ਪੂਰਾ ਕੀਤਾ ਹੈ, ਤੇ ਆਪਣੇ ਘਰਾਂ ਦੇ ਮਾਲਕਾਨਾ ਹੱਕ ਲੈਣ ਲਈ ਪੰਜਾਬ ਸਰਕਾਰ ਦੇ ਵਾਅਦਿਆਂ ਵਿੱਚ ਇਹ ਵਾਅਦਾ ਵੀ ਸਮਾਂ ਰਹਿੰਦੇ ਪੂਰਾ ਕਰ ਲਿਆ ਗਿਆ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਕੀਤੇ ਗਏ ਕੰਮਾਂ ਨੂੰ ਦੇਖਦਿਆਂ ਵਿਰੋਧੀਆਂ ਕੋਲ ਕੋਈ ਵੀ ਮੁੱਦਾ ਨਹੀਂ ਰਹਿ ਗਿਆ ਹੈ, ਇਸ ਲਈ ਉਹ ਸਰਕਾਰ ਵਿਰੁੱਧ ਕੂੜ ਪ੍ਰਚਾਰ ਕਰਨ ਤੇ ਤੁਲੇ ਹੋਏ ਹਨ । ਬਲਾਕ ਪ੍ਰਧਾਨ ਗੁਰਵੀਰ ਸਿੰਘ ਖੇੜਾ ਨੇ ਕਿਹਾ ਕਿ ਜਿਨਾਂ ਲੋਕਾਂ ਦੇ ਲਾਲ ਲਕੀਰ ਦੇ ਅੰਦਰ ਪਿਛਲੇ ਸਮੇਂ ਤੋਂ ਘਰ ਬਣੇ ਹੋਏ ਹਨ, ਉਹਨਾਂ ਨੂੰ ਮਾਲਕਾਨਾ ਹੱਕ ਦਿੰਦਿਆਂ ਰਜਿਸਟਰੀਆਂ ਕਰਵਾਈਆਂ ਜਾਣਗੀਆਂ ,ਜਿਸ ਦੀ ਪੈਮਾਇਸ਼ ਵਿਭਾਗ ਵੱਲੋਂ ਕੀਤੀ ਜਾ ਰਹੀ ਹੈ। ਸਰਪੰਚ ਜਸਪ੍ਰੀਤ ਸਿੰਘ ਨੇ ਆਈ ਸਮੁੱਚੀ ਟੀਮ ਦਾ ਧੰਨਵਾਦ ਪ੍ਰਗਟ ਕੀਤਾ ਅਤੇ ਕਿਹਾ ਕਿ ਇਹ ਸਰਕਾਰ ਦਾ ਇੱਕ ਸ਼ਲਾਂਘਾਯੋਗ ਫੈਸਲਾ ਹੈ ਜਿਸ ਨਾਲ ਮਾਲਕਾਨਾ ਹੱਕ ਲੈਣ ਵਾਲੇ ਪਰਿਵਾਰਾਂ ਵਿੱਚ ਖੁਸ਼ੀ ਦਾ ਮਾਹੌਲ ਹੈ।

ਸਬਜ਼ੀ ਮੰਡੀ ’ਚ ਟਰੱਕ ਦੀ ਲਪੇਟ ’ਚ ਆ ਕੇ 16 ਸਾਲਾ ਵਿਦਿਆਰਥੀ ਦੀ ਮੌਤ

ਜੈਤੋਂ,27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਜੈਤੋ-ਮੁਕਤਸਰ ਰੋਡ ’ਤੇ ਸਥਿਤ ਸਬਜ਼ੀ ਮੰਡੀ ਵਿਖੇ ਟਰੱਕ ਦੀ ਲਪੇਟ ’ਚ ਆਉਣ ਕਾਰਨ 17 ਸਾਲਾ ਵਿਦਿਆਰਥੀ ਦੀ ਮੌਤ ਨੇ ਸ਼ਹਿਰ ਦੇ ਟ੍ਰੈਫਿਕ ਪ੍ਰਬੰਧਾਂ ’ਤੇ ਮੁੜ ਸਵਾਲ ਖੜ੍ਹੇ ਕਰ ਦਿੱਤੇ ਹਨ।

ਇਸ ਦਰਦਨਾਕ ਹਾਦਸੇ ਨੇ ਇੱਕ ਪਰਿਵਾਰ ਦੀਆਂ ਖ਼ੁਸ਼ੀਆਂ ਖੋਹ ਲਈਆਂ ਅਤੇ ਸ਼ਹਿਰ ਵਿੱਚ ਆਵਾਜਾਈ ਨੂੰ ਸੁਚੱਜੇ ਢੰਗ ਨਾਲ ਚਲਾਉਣ ਦੀ ਲੋੜ ਨੂੰ ਉਭਾਰਿਆ ਹੈ। ਮੌਕੇ ਤੋਂ ਹਾਦਸੇ ਦੌਰਾਨ ਟਰੱਕ ਚਾਲਕ ਫ਼ਰਾਰ ਹੋ ਗਿਆ ਦੱਸਿਆ ਗਿਆ।

ਮ੍ਰਿਤਕ ਦੀ ਪਛਾਣ ਹਰਜਿੰਦਰ ਸਿੰਘ ਪੁੱਤਰ ਜਸਵੀਰ ਸਿੰਘ, ਵਾਸੀ ਪਿੰਡ ਉਕੰਦਵਾਲਾ ਵਜੋਂ ਹੋਈ ਹੈ। ਉਹ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਜੈਤੋ ਵਿਖੇ ਬਾਰ੍ਹਵੀਂ ਜਮਾਤ ਦਾ ਵਿਦਿਆਰਥੀ ਸੀ। ਜਾਣਕਾਰੀ ਅਨੁਸਾਰ, ਬੁੱਧਵਾਰ ਸਵੇਰੇ ਕਰੀਬ 10 ਵਜੇ ਉਹ ਟਰੱਕ ਦੇ ਪਿਛਲੇ ਟਾਇਰ ਹੇਠਾਂ ਆ ਕੇ ਗੰਭੀਰ ਜ਼ਖ਼ਮੀ ਹੋ ਗਿਆ।

ਉਸ ਨੂੰ ਸਿਵਲ ਹਸਪਤਾਲ ਜੈਤੋ ਲਿਜਾਇਆ ਗਿਆ, ਜਿੱਥੋਂ ਗੰਭੀਰ ਹਾਲਤ ਕਾਰਨ ਰੈਫਰ ਕਰ ਦਿੱਤਾ ਗਿਆ। ਪਰਿਵਾਰਕ ਮੈਂਬਰਾਂ ਅਨੁਸਾਰ, ਉਸ ਦੀ ਮੌਤ ਹੋ ਗਈ। ਪੁਲਿਸ ਵੱਲੋਂ ਹਾਦਸੇ ਦੀ ਜਾਂਚ ਕੀਤੀ ਜਾ ਰਹੀ ਹੈ।

ਇਸ ਘਟਨਾ ਮਗਰੋਂ ਜੈਤੋ ਸ਼ਹਿਰ ਵਿੱਚ ਟ੍ਰੈਫਿਕ ਪ੍ਰਬੰਧਾਂ ਦੀ ਕਾਰਗੁਜ਼ਾਰੀ ਅਤੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਸਬੰਧੀ ਚਰਚਾ ਤੇਜ਼ ਹੋ ਗਈ ਹੈ।

ਸ਼ਹਿਰ ਦੀਆਂ ਸੜਕਾਂ ’ਤੇ ਵਾਹਨਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ, ਭੀੜ ਵਾਲੀਆਂ ਥਾਵਾਂ ’ਤੇ ਨਿਗਰਾਨੀ ਵਧਾਉਣ ਅਤੇ ਭਾਰੀ ਵਾਹਨਾਂ ਦੀ ਆਵਾਜਾਈ ਨੂੰ ਨਿਯਮਬੱਧ ਕਰਨ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਹੈ।

ਜ਼ਿਲ੍ਹਾ ਫ਼ਰੀਦਕੋਟ ਦੇ ਟ੍ਰੈਫਿਕ ਇੰਚਾਰਜ ਅਤੇ ਐੱਸਐੱਸਪੀ ਨੂੰ ਅਪੀਲ ਹੈ ਕਿ ਜੈਤੋ ਦੇ ਟ੍ਰੈਫਿਕ ਪ੍ਰਬੰਧਾਂ ਵੱਲ ਵਿਸ਼ੇਸ਼ ਧਿਆਨ ਦੇ ਕੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ।

ਸੜਕ ਸੁਰੱਖਿਆ ਸਿਰਫ਼ ਨਿਯਮਾਂ ਤੱਕ ਸੀਮਤ ਨਹੀਂ, ਸਗੋਂ ਕੀਮਤੀ ਜਾਨਾਂ ਬਚਾਉਣ ਦੀ ਜ਼ਿੰਮੇਵਾਰੀ ਵੀ ਹੈ

30 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਪਟਵਾਰੀ ਦਾ ਪ੍ਰਾਈਵੇਟ ਸਹਾਇਕ ਵਿਜੀਲੈਂਸ ਬਿਊਰੋ ਨੇ ਕੀਤਾ ਕਾਬੂ

ਚੰਡੀਗੜ੍ਹ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਮਾਲ ਹਲਕਾ ਚਾਉਕੇ ਤਹਿਸੀਲ ਮੌੜ ਜ਼ਿਲ੍ਹਾ ਬਠਿੰਡਾ ਦੇ ਪਟਵਾਰੀ ਮਨਿੰਦਰ ਸਿੰਘ ਦੇ ਪ੍ਰਾਈਵੇਟ ਸਹਾਇਕ ਪ੍ਰਿਤਪਾਲ ਸਿੰਘ ਨੂੰ 30000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਠੀਕਰੀਵਾਲਾ ਜ਼ਿਲ੍ਹਾ ਬਰਨਾਲਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਕਿਹਾ ਕਿ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਹੈ ਕਿ ਸ਼ਿਕਾਇਤਕਰਤਾ ਨੇ ਆਪਣੇ ਭਰਾ ਅਤੇ ਭੈਣ ਨਾਲ ਮਿਲ ਕੇ ਸਾਲ 2002 ਵਿੱਚ ਪਿੰਡ ਚਾਉਕੇ ਵਿੱਚ ਜ਼ਮੀਨ ਖਰੀਦੀ ਸੀ। ਹਾਲ ਹੀ ਵਿੱਚ, ਸ਼ਿਕਾਇਤਕਰਤਾ ਨੇ ਪਾਇਆ ਕਿ ਮਾਲ ਰਿਕਾਰਡ ਵਿੱਚ ਹਾਲੇ ਵੀ ਉਨ੍ਹਾਂ ਦੇ ਨਾਵਾਂ ਦੀ ਬਜਾਏ ਪਿਛਲੇ ਵੇਚਣ ਵਾਲੇ ਦਾ ਨਾਮ ਦਰਜ ਹੈ।

ਇਸ ਤਰੁਟੀ ਨੂੰ ਦਰੁਸਤ ਕਰਵਾਉਣ ਲਈ ਸ਼ਿਕਾਇਤਕਰਤਾ ਨੇ ਸਬੰਧਤ ਪਟਵਾਰੀ, ਮਨਿੰਦਰ ਸਿੰਘ, ਮਾਲ ਹਲਕਾ, ਚਾਉਕੇ ਨਾਲ ਸੰਪਰਕ ਕੀਤਾ। ਉਨ੍ਹਾਂ ਦੱਸਿਆ ਕਿ ਪਟਵਾਰੀ ਨੇ ਉਸਨੂੰ ਆਪਣੇ ਪ੍ਰਾਈਵੇਟ ਸਹਾਇਕ, ਪ੍ਰਿਤਪਾਲ ਸਿੰਘ ਨਾਲ ਰਾਬਤਾ ਕਰਨ ਲਈ ਕਿਹਾ। ਬਾਅਦ ਵਿੱਚ ਪ੍ਰਿਤਪਾਲ ਨੇ ਰਿਕਾਰਡ ਵਿੱਚ ਉਕਤ ਸੋਧ ਕਰਨ ਲਈ 150000 ਰਿਸ਼ਵਤ ਦੀ ਮੰਗ ਕੀਤੀ।

ਬੁਲਾਰੇ ਨੇ ਅੱਗੇ ਕਿਹਾ ਕਿ ਜਦੋਂ ਸ਼ਿਕਾਇਤਕਰਤਾ ਪਟਵਾਰੀ ਦਫ਼ਤਰ ਦੁਬਾਰਾ ਗਿਆ ਤਾਂ ਦੋਸ਼ੀ ਪ੍ਰਿਤਪਾਲ ਸਿੰਘ ਉਸਨੂੰ ਦਫ਼ਤਰ ਦੀ ਇਮਾਰਤ ਦੇ ਪਿੱਛੇ ਲੈ ਗਿਆ ਅਤੇ ਪਟਵਾਰੀ ਮਨਿੰਦਰ ਸਿੰਘ ਨਾਲ ਉਸ ਦੀ ਫ਼ੋਨ ’ਤੇ ਗੱਲ ਕਰਵਾਈ ਗਈ।

ਇਸ ਗੱਲਬਾਤ ਦੌਰਾਨ, ਪਟਵਾਰੀ 1,40,000 ਰਿਸ਼ਵਤ ਲਈ ਮੰਨ ਗਿਆ ਅਤੇ ਦੋਸ਼ੀ ਪ੍ਰਿਤਪਾਲ ਸਿੰਘ ਨੇ ਮੌਕੇ ’ਤੇ ਸ਼ਿਕਾਇਤਕਰਤਾ ਤੋਂ 2000 ਦੀ ਰਿਸ਼ਵਤ ਲੈ ਲਈ ਅਤੇ ਸ਼ਿਕਾਇਤਕਰਤਾ ਨੂੰ ਅਗਲੀ ਕਿਸ਼ਤ 22 ਅਕਤੂਬਰ, 2026 ਨੂੰ ਦੇਣ ਲਈ ਕਿਹਾ।

ਗੈਰ-ਕਾਨੂੰਨੀ ਰਿਸ਼ਵਤ ਦੇਣ ਤੋਂ ਇਨਕਾਰ ਕਰਦਿਆਂ ਸ਼ਿਕਾਇਤਕਰਤਾ ਨੇ ਵਿਜੀਲੈਂਯ ਬਿਊਰੋ ਰੇਂਜ ਬਠਿੰਡਾ ਨਾਲ ਰਾਬਤਾ ਕੀਤਾ। ਉਸਦੀ ਸ਼ਿਕਾਇਤ ’ਤੇ ਕਾਰਵਾਈ ਕਰਦੇ ਹੋਏ, ਵਿਜੀਲੈਂਸ ਬਿਊਰੋ ਦੀ ਟੀਮ ਨੇ ਪਟਵਾਰੀ ਦੇ ਪ੍ਰਾਇਵੇਟ ਸਹਾਇਕ ਦੋਸ਼ੀ ਪ੍ਰਿਤਪਾਲ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 30000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ।

ਇਸ ਸਬੰਧ ਵਿੱਚ ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

ਆਦਰਸ਼ ਨਗਰ ਦੀਆਂ ਗਲੀਆਂ ਦਾ ਹੋਵੇਗਾ ਸੁੰਦਰੀਕਰਨ, ਮੇਅਰ ਪਦਮਜੀਤ ਸਿੰਘ ਮਹਿਤਾ ਨੇ ਗਲੀ ਨੰਬਰ 25 ਤੋਂ ਇੰਟਰਲਾਕਿੰਗ ਟਾਈਲਾਂ ਲਗਾਉਣ ਦੇ ਕੰਮ ਦੀ ਕਰਵਾਈ ਸ਼ੁਰੂਆਤ

ਬਠਿੰਡਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਹਿਰ ਨੂੰ ਆਧੁਨਿਕ, ਸੁੰਦਰ ਅਤੇ ਸਹੂਲਤਾਂ ਭਰਪੂਰ ਬਣਾਉਣ ਦੀ ਦਿਸ਼ਾ ਵਿੱਚ ਵਿਕਾਸ ਕਾਰਜਾਂ ਨੂੰ ਗਤੀ ਦਿੰਦਿਆਂ ਨਗਰ ਨਿਗਮ ਬਠਿੰਡਾ ਦੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਅੱਜ ਕੌਂਸਲਰ ਸ੍ਰੀਮਤੀ ਅਮਨਦੀਪ ਕੌਰ ਦੇ ਵਾਰਡ ਨੰਬਰ 1 ਵਿੱਚ ਸਥਿਤ ਆਦਰਸ਼ ਨਗਰ ਦੀਆਂ ਗਲੀਆਂ ਦੇ ਸੁੰਦਰੀਕਰਨ ਲਈ ਇੰਟਰਲਾਕਿੰਗ ਟਾਈਲਾਂ ਲਗਾਉਣ ਦੇ ਕੰਮ ਦੀ ਗਲੀ ਨੰਬਰ 25 ਤੋਂ ਸ਼ੁਰੂਆਤ ਕਰਵਾਈ।

ਇਸ ਮੌਕੇ ਨਗਰ ਨਿਗਮ ਦੇ ਜੇ.ਈ. ਸ੍ਰੀ ਪਵਨ ਕੁਮਾਰ, ਐਮ.ਸੀ. ਸ੍ਰੀ ਰਾਣਾ ਰਣਦੀਪ ਸਿੰਘ, ਬਲਾਕ ਪ੍ਰਧਾਨ ਸ੍ਰੀ ਅੰਕਿਤ ਸਹਿਗਲ, ਪੱਤਰਕਾਰ ਸ੍ਰੀ ਰਜਿੰਦਰ ਅਬਲੂ, ਡਾ. ਚੌਧਰੀ ਅਜੀਤ ਸਿੰਘ ਨੈਣ ਸਮੇਤ ਇਲਾਕਾ ਨਿਵਾਸੀ ਹਾਜ਼ਰ ਸਨ।ਇਸ ਦੌਰਾਨ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਬਠਿੰਡਾ ਸ਼ਹਿਰ ਦੇ ਹਰ ਵਾਰਡ ਦਾ ਬਰਾਬਰ ਵਿਕਾਸ ਕਰਵਾਉਣਾ ਅਤੇ ਲੋਕਾਂ ਨੂੰ ਸਾਫ਼-ਸੁਥਰਾ, ਸੁੰਦਰ ਤੇ ਬਿਹਤਰ ਬੁਨਿਆਦੀ ਸਹੂਲਤਾਂ ਵਾਲਾ ਮਾਹੌਲ ਮੁਹੱਈਆ ਕਰਵਾਉਣਾ ਨਗਰ ਨਿਗਮ ਦੀ ਮੁੱਖ ਤਰਜੀਹ ਹੈ। ਸ਼ਹਿਰ ਦੇ ਵਿਕਾਸ ਲਈ ਯੋਜਨਾਵਾਂ ਤਿਆਰ ਕਰਦੇ ਸਮੇਂ ਲੋਕਾਂ ਦੀਆਂ ਲੋੜਾਂ ਅਤੇ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖਿਆ ਜਾ ਰਿਹਾ ਹੈ, ਤਾਂ ਜੋ ਵਿਕਾਸ ਕਾਰਜਾਂ ਦਾ ਸਿੱਧਾ ਲਾਭ ਆਮ ਲੋਕਾਂ ਤੱਕ ਪਹੁੰਚ ਸਕੇ।

ਉਨ੍ਹਾਂ ਕਿਹਾ ਕਿ ਆਦਰਸ਼ ਨਗਰ ਸਮੇਤ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸੜਕਾਂ, ਗਲੀਆਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਯੋਜਨਾਬੱਧ ਢੰਗ ਨਾਲ ਕੰਮ ਕਰਵਾਏ ਜਾ ਰਹੇ ਹਨ। ਇੰਟਰਲਾਕਿੰਗ ਟਾਈਲਾਂ ਲੱਗਣ ਨਾਲ ਗਲੀਆਂ ਨੂੰ ਵਿਵਸਥਿਤ ਅਤੇ ਆਕਰਸ਼ਕ ਦਿੱਖ ਮਿਲੇਗੀ ਅਤੇ ਇਲਾਕੇ ਦੀ ਸਫ਼ਾਈ ਤੇ ਸਾਂਭ-ਸੰਭਾਲ ਵਿੱਚ ਵੀ ਸਹੂਲਤ ਹੋਵੇਗੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜ ਨਿਰਧਾਰਤ ਮਾਪਦੰਡਾਂ ਅਨੁਸਾਰ ਉੱਚ ਗੁਣਵੱਤਾ ਨਾਲ ਮੁਕੰਮਲ ਕੀਤੇ ਜਾਣ, ਤਾਂ ਜੋ ਲੋਕਾਂ ਨੂੰ ਲੰਬੇ ਸਮੇਂ ਤੱਕ ਇਨ੍ਹਾਂ ਦਾ ਲਾਭ ਮਿਲ ਸਕੇ।

ਮੇਅਰ ਸ੍ਰੀ ਮਹਿਤਾ ਨੇ ਕਿਹਾ ਕਿ ਨਗਰ ਨਿਗਮ ਦਾ ਉਦੇਸ਼ ਸਿਰਫ਼ ਉਸਾਰੀ ਦੇ ਕੰਮ ਕਰਵਾਉਣਾ ਹੀ ਨਹੀਂ, ਸਗੋਂ ਸ਼ਹਿਰ ਦੇ ਹਰ ਮੁਹੱਲੇ ਵਿੱਚ ਰਹਿਣ ਵਾਲੇ ਲੋਕਾਂ ਨੂੰ ਬਿਹਤਰ ਜੀਵਨ ਸਹੂਲਤਾਂ ਮੁਹੱਈਆ ਕਰਵਾਉਣਾ ਵੀ ਹੈ। ਇਸ ਲਈ ਵਾਰਡ ਪੱਧਰ ’ਤੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਕੌਂਸਲਰਾਂ ਤੇ ਸਥਾਨਕ ਨਿਵਾਸੀਆਂ ਵੱਲੋਂ ਮਿਲਣ ਵਾਲੇ ਸੁਝਾਵਾਂ ਨੂੰ ਵੀ ਮਹੱਤਵ ਦਿੱਤਾ ਜਾ ਰਿਹਾ ਹੈ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਲੋਕ-ਪੱਖੀ ਸੋਚ ਦਾ ਜ਼ਿਕਰ ਕਰਦਿਆਂ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਸਰਕਾਰ ਦਾ ਟੀਚਾ ਪੰਜਾਬ ਦੇ ਸ਼ਹਿਰਾਂ ਨੂੰ ਸਾਫ਼-ਸੁਥਰਾ, ਸੁੰਦਰ, ਆਧੁਨਿਕ ਅਤੇ ਜਨਤਕ ਸਹੂਲਤਾਂ ਨਾਲ ਲੈਸ ਬਣਾਉਣਾ ਹੈ। ਇਸੇ ਦਿਸ਼ਾ ਵਿੱਚ ਨਗਰ ਨਿਗਮ ਵੱਲੋਂ ਸੜਕਾਂ ਦੇ ਨਿਰਮਾਣ, ਗਲੀਆਂ ਦੇ ਸੁਧਾਰ, ਪੀਣ ਵਾਲੇ ਪਾਣੀ ਦੀ ਸਪਲਾਈ, ਸੀਵਰੇਜ ਪ੍ਰਬੰਧ, ਸਫ਼ਾਈ ਅਤੇ ਹੋਰ ਲੋੜੀਂਦੀਆਂ ਜਨਤਕ ਸਹੂਲਤਾਂ ਨਾਲ ਸਬੰਧਤ ਕੰਮਾਂ ਨੂੰ ਅੱਗੇ ਵਧਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਰਕਾਰੀ ਯੋਜਨਾਵਾਂ ਦਾ ਅਸਲ ਉਦੇਸ਼ ਉਦੋਂ ਹੀ ਪੂਰਾ ਹੁੰਦਾ ਹੈ, ਜਦੋਂ ਇਨ੍ਹਾਂ ਦਾ ਲਾਭ ਆਮ ਆਦਮੀ ਤੱਕ ਪਹੁੰਚਦਾ ਹੈ। ਇਸ ਲਈ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਜਨਹਿੱਤ ਨੂੰ ਕੇਂਦਰ ਵਿੱਚ ਰੱਖ ਕੇ ਕੰਮ ਕੀਤਾ ਜਾ ਰਿਹਾ ਹੈ। ਬਠਿੰਡਾ ਨੂੰ ਇੱਕ ਆਦਰਸ਼ ਸ਼ਹਿਰ ਬਣਾਉਣ ਲਈ ਜ਼ਰੂਰੀ ਹੈ ਕਿ ਹਰ ਵਾਰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕੀਤਾ ਜਾਵੇ ਅਤੇ ਲੋਕਾਂ ਨੂੰ ਆਪਣੇ ਆਲੇ-ਦੁਆਲੇ ਸਾਫ਼-ਸੁਥਰਾ ਤੇ ਸੁਚੱਜਾ ਮਾਹੌਲ ਮਿਲੇ।

ਮੇਅਰ ਨੇ ਕਿਹਾ ਕਿ ਪੰਜਾਬ ਸਰਕਾਰ ਦੀ ‘ਰੰਗਲਾ ਪੰਜਾਬ’ ਦੀ ਸੋਚ ਅਨੁਸਾਰ ਬਠਿੰਡਾ ਨੂੰ ਵਿਕਾਸ ਦੇ ਨਵੇਂ ਰਾਹ ’ਤੇ ਅੱਗੇ ਲਿਜਾਣ ਲਈ ਨਗਰ ਨਿਗਮ ਲਗਾਤਾਰ ਯਤਨਸ਼ੀਲ ਹੈ। ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਜਨਤਕ ਸਹੂਲਤਾਂ ਦੇ ਵਿਸਥਾਰ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਯੁੱਧ ਨਸ਼ਿਆਂ ਵਿਰੁੱਧ ਸਬੰਧੀ ਕੀਤੀ ਗਈ ਵਿਸ਼ੇਸ਼ ਬੈਠਕ

ਬਠਿੰਡਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ਗਈ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਵੱਖ-ਵੱਖ ਗਤੀਵਿਧੀਆਂ ਰਾਹੀਂ ਕੰਮ ਕਰਦਿਆਂ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾ ਰਿਹਾ ਹੈ।ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਕੰਚਨ ਨੇ ਮੀਟਿੰਗ ਦੌਰਾਨ ਮੌਜੂਦ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਹੌਟ ਸਪਾਟ ਪਿੰਡਾਂ ਵਿੱਚ ਲੋਕਾਂ ਨਾਲ ਜਾਗਰੂਕਤਾ ਮੀਟਿੰਗ ਕਰਦਿਆਂ ਨਸ਼ਿਆਂ ਨਾਲ ਹੋਣ ਵਾਲੇ ਬੁਰੇ ਪ੍ਰਭਾਵਾਂ ਬਾਰੇ ਦੱਸਣ ਦੇ ਨਾਲ ਸਰਕਾਰ ਦੁਆਰਾ ਨਸ਼ਿਆਂ ਦੇ ਸੌਦਾਗਰਾਂ ਬਾਰੇ ਜਾਣਕਾਰੀ ਦੇਣ ਲਈ ਜਾਰੀ ਕੀਤੇ ਗਏ ਹੈਲਪ ਲਾਈਨ ਨੰਬਰਾਂ ਬਾਰੇ ਵੀ ਜਾਣਕਾਰੀ ਮੁਹੱਈਆ ਕਰਵਾਈ ਜਾਵੇ।

ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ ਰਾਮਪੁਰਾ ਫੂਲ ਸ. ਬਲਕਰਨ ਸਿੰਘ ਮਾਹਲ, ਉਪ ਮੰਡਲ ਮੈਜਿਸਟ੍ਰੇਟ ਮੌੜ ਸ੍ਰੀ ਹਰਜਿੰਦਰ ਸਿੰਘ, ਉਪ ਮੰਡਲ ਮੈਜਿਸਟ੍ਰੇਟ ਬਠਿੰਡਾ ਸ੍ਰੀ ਅਮਨਦੀਪ ਸਿੰਘ ਮਾਵੀ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸ੍ਰੀ ਅਭਿਨਵ ਗੋਇਲ, ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਰੁਪਿੰਦਰ ਸਿੰਘ ਤੋਂ ਇਲਾਵਾ ਸਿਹਤ ਵਿਭਾਗ ਤੇ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

ਕਿਸਾਨਾਂ ਦਾ ਦਾਣਾ ਦਾਣਾ ਮੰਡੀਆਂ ਵਿਚੋ ਖਰੀਦਿਆ ਜਾ ਰਿਹਾ : ਸੁਖਪਾਲ ਸਿੰਘ

ਸ੍ਰੀ ਆਨੰਦਪੁਰ ਸਾਹਿਬ,
27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਝੋਨੇ ਦੇ ਸੀਜ਼ਨ ਦੌਰਾਨ ਅਗੰਮਪੁਰ ਅਨਾਜ ਮੰਡੀ ਵਿੱਚ 2975 ਕੁਇੰਟਲ ਜਿਣਸ ਦੀ ਆਮਦ ਹੋਈ ਹੈ ਤੇ 2975 ਕੁਇੰਟਲ ਝੋਨਾ ਖਰੀਦਿਆ ਗਿਆ ਹੈ। ਕਿਸਾਨਾ ਦੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਮੇਸ਼ਾ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ। ਫਸਲ ਦਾ ਦਾਣਾ ਦਾਣਾ ਮੰਡੀਆਂ ਵਿਚੋ ਖਰੀਦਿਆ ਜਾ ਰਿਹਾ ਹੈ।

ਇਨ੍ਹਾਂ ਵਿਚਾਰਾ ਦਾ ਪ੍ਰਗਟਾਵਾ ਸੁਖਪਾਲ ਸਿੰਘ ਐਸ.ਡੀ.ਐਮ ਸ੍ਰੀ ਅਨੰਦਪੁਰ ਸਾਹਿਬ ਨੇ ਕਰਦੇ ਹੋਏ ਕਿਹਾ ਕਿ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸੂਚਨਾ ਤੇ ਲੋਕ ਸੰਪਰਕ ਵਿਭਾਗ, ਸਕੂਲ ਸਿੱਖਿਆ, ਉਚੇਰੀ ਸਿੱਖਿਆ ਅਤੇ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਪੰਜਾਬ ਵੱਲੋਂ ਆਪਣੇ ਵਿਧਾਨ ਸਭਾ ਹਲਕੇ ਦੀਆਂ ਮੰਡੀਆਂ ਦੀ ਨਿਰੰਤਰ ਮੋਨੀਟਰਿੰਗ ਕੀਤੀ ਜਾ ਰਹੀ ਹੈ। ਫਸਲ ਦੀ ਆਮਦ, ਖਰੀਦ, ਲਿਫਟਿੰਗ ਤੇ ਅਦਾਇਗੀ ਦਾ ਜਾਇਜ਼ਾ ਲਿਆ ਜਾ ਰਿਹਾ ਹੈ।

ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਸੁਚਾਰੂ ਪ੍ਰਬੰਧਾਂ ਕਾਰਨ ਹੀ ਅੱਜ ਮੰਡੀਆਂ ਵਿੱਚ ਖਰੀਦ ਤੇ ਲਿਫਟਿੰਗ ਨਾਲ ਅਦਾਇਗੀ ਵੀ ਹੋ ਰਹੀ ਹੈ। ਪੰਜਾਬ ਸਰਕਾਰ ਵੱਲੋਂ ਝੋਨੇ ਦੀ ਫ਼ਸਲ ਦੀ ਤੁਰੰਤ ਖਰੀਦ ਅਤੇ ਚੁਕਾਈ ਨੂੰ ਯਕੀਨੀ ਬਣਾਉਣ ਲਈ ਪੁਖਤਾ ਪ੍ਰਬੰਧ ਕੀਤੇ ਗਏ। ਉਨ੍ਹਾਂ ਨੇ ਦੱਸਿਆ ਕਿ ਕਿਸਾਨਾਂ ਤੋਂ ਮੰਡੀਆਂ ਵਿੱਚ ਤਹਿ ਸਮੇਂ ਵਿੱਚ ਝੋਨੇ ਦੀ ਖ਼ਰੀਦ ਨੂੰ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਕਿਸਾਨਾਂ ਦੀ ਜਿਣਸ ਦਾ ਦਾਣਾ ਦਾਣਾ ਖਰੀਦਿਆਂ ਜਾ ਰਿਹਾ ਹੈ ਅਤੇ ਤਹਿ ਮਾਪਦੰਡਾਂ ਅਨੁਸਾਰ ਅਦਾਇਗੀ ਕੀਤੀ ਜਾ ਰਹੀ ਹੈ।

ਰੈਸ਼ਨੇਲਾਈਜ਼ੇਸ਼ਨ ਤੋਂ ਬਾਅਦ ਜ਼ਿਲ੍ਹੇ ’ਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ 925 ਤੋਂ ਵਧ ਕੇ 927 ਹੋਵੇਗੀ

ਤਰਨਤਾਰਨ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਚੋਣ ਕਮਿਸ਼ਨ ਵੱਲੋਂ ਐੱਸ.ਆਈ.ਆਰ ਮੁਹਿੰਮ ਤਹਿਤ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜ਼ੇਸ਼ਨ ਤੋਂ ਬਾਅਦ ਤਰਨ ਤਾਰਨ ਜ਼ਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ 925 ਤੋਂ ਵਧਾ ਕੇ 927 ਕਰਨ ਦੀ ਤਜਵੀਜ਼ ਹੈ।ਇਹ ਪ੍ਰਗਟਾਵਾ ਸਹਾਇਕ ਕਮਿਸ਼ਨਰ (ਜਨਰਲ) ਤਰਨ ਤਾਰਨ ਸੰਜੀਵ ਸ਼ਰਮਾ ਨੇ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਪੋਲਿੰਗ ਸਟੇਸ਼ਨਾਂ ਦੀ ਪ੍ਰਸਤਾਵਿਤ ਰੈਸ਼ਨੇਲਾਈਜ਼ੇਸ਼ਨ ਸਬੰਧੀ ਮੀਟਿੰਗ ਦੌਰਾਨ ਕੀਤਾ ਅਤੇ ਪ੍ਰਸਤਾਵ ਨੂੰ ਪ੍ਰਵਾਨਗੀ ਲਈ ਭੇਜਣ ਤੋਂ ਪਹਿਲਾਂ ਉਨ੍ਹਾਂ ਤੋਂ ਸੁਝਾਅ ਮੰਗੇ।

ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ 1,200 ਤੋਂ ਵੱਧ ਵੋਟਰਾਂ ਵਾਲੇ ਪੋਲਿੰਗ ਬੂਥਾਂ ਨੂੰ ਜਾਂ ਤਾਂ ਨਵੇਂ ਪੋਲਿੰਗ ਬੂਥ ਸਥਾਪਿਤ ਕਰਕੇ ਜਾਂ ਜਿੱਥੇ ਸੰਭਵ ਹੋਵੇ, ਉਸੇ ਪੋਲਿੰਗ ਸਟੇਸ਼ਨ ਦੀ ਇਮਾਰਤ ਦੇ ਅੰਦਰ ਹੀ ਵੋਟਰਾਂ ਦੀ ਮੁੜ-ਵੰਡ ਕਰਕੇ ਰੈਸ਼ਨੇਲਾਈਜ਼ ਕੀਤਾ ਜਾ ਰਿਹਾ ਹੈ। ਇਸ ਦਾ ਉਦੇਸ਼ ਪੋਲਿੰਗ ਸਟੇਸ਼ਨਾਂ ਦਾ ਬਿਹਤਰ ਪ੍ਰਬੰਧਨ ਯਕੀਨੀ ਬਣਾਉਣਾ ਅਤੇ ਚੋਣਾਂ ਦੌਰਾਨ ਵੋਟਰਾਂ ਨੂੰ ਵਧੇਰੇ ਸਹੂਲਤ ਪ੍ਰਦਾਨ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਸ ਰੈਸ਼ਨੇਲਾਈਜ਼ੇਸ਼ਨ ਤੋਂ ਬਾਅਦ, 2 ਨਵੇਂ ਪੋਲਿੰਗ ਬੂਥਾਂ ਦੀ ਸਥਾਪਨਾ ਨਾਲ ਜ਼ਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਕੁੱਲ ਗਿਣਤੀ 925 ਤੋਂ ਵਧ ਕੇ 927 ਹੋਣ ਦੀ ਤਜਵੀਜ਼ ਹੈ। ਇਹ ਤਜਵੀਜ਼ ਅੰਤਿਮ ਪ੍ਰਵਾਨਗੀ ਲਈ ਮੁੱਖ ਚੋਣ ਅਫ਼ਸਰ, ਪੰਜਾਬ ਨੂੰ ਭੇਜੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਪੱਟੀ ਵਿੱਚ 2 ਨਵੇਂ ਪੋਲਿੰਗ ਸਟੇਸ਼ਨ ਸਥਾਪਿਤ ਕਰਨ ਦੀ ਤਜਵੀਜ਼ ਹੈ। ਵਿਧਾਨ ਸਭਾ ਹਲਕਾ ਤਰਨ ਤਾਰਨ ਅਤੇ ਖਡੂਰ ਸਾਹਿਬ ਵਿਖੇ ਕੁਝ ਬੂਥ ਸ਼ਿਫਟ ਕੀਤੇ ਜਾਣ ਦੀ ਤਜਵੀਜ਼ ਹੈ ਪਰੰਤੂ ਇਨ੍ਹਾਂ ਵਿੱਚ ਵਾਧਾ ਕਰਨ ਦੀ ਕੋਈ ਤਜਵੀਜ਼ ਨਹੀਂ ਹੈ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਖੇਮਕਰਨ ਵਿੱਚ ਪੋਲਿੰਗ ਸਟੇਸ਼ਨਾਂ ਦੀ ਮੌਜੂਦਾ ਸਥਿਤੀ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ। ਇਸ ਦੌਰਾਨ ਸਮੂਹ ਨੁਮਾਇੰਦਿਆਂ ਨੇ ਤਜਵੀਜ਼ ਨਾਲ ਸਹਿਮਤੀ ਪ੍ਰਗਟ ਕੀਤੀ।

ਸਹਾਇ ਕਮਿਸ਼ਨਰ ਨੇ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ 24 ਅਕਤੂਬਰ ਨੂੰ ਜ਼ਿਲ੍ਹੇ ਦੇ ਸਮੂਹ ਪੋਲਿੰਗ ਬੂਥਾਂ ’ਤੇ ਲੱਗ ਰਹੇ ਵਿਸ਼ੇਸ਼ ਕੈਂਪਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦੇਣ।

ਇਸ ਮੌਕੇ ਤਹਿਸੀਲਦਾਰ ਚੋਣਾਂ ਇੰਦਰਜੀਤ ਸਿੰਘ, ਚੋਣ ਕਾਨੂੰਗੋ ਦਿਲਬਾਗ ਸਿੰਘ ਤੋਂ ਇਲਾਵਾ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਤੋਂ ਸੰਜੀਵ ਕੁੰਦਰਾ, ਅਕਾਸ਼ਦੀਪ ਸਿੰਘ ਤੇ ਗੁਰਭੇਜ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਬਰਕਤ ਸਿੰਘ ਵੋਹਰਾ ਤੇ ਕੰਵਲਜੀਤ ਸਿੰਘ ਅਤੇ ਆਮ ਆਦਮੀ ਪਾਰਟੀ ਤੋਂ ਮਨਦੀਪ ਸਿੰਘ ਹਾਜ਼ਰ ਸਨ।

ਹੀਰੋ ਹਾਕੀ ਏਸ਼ੀਅਨ ਚੈਂਪੀਅਨਜ਼ ਟਰਾਫ਼ੀ-2026 ਦੇ ਟਰਾਫ਼ੀ ਟੂਰ ਦਾ ਤਰਨ ਤਾਰਨ ਵਿਖੇ ਭਰਵਾਂ ਸਵਾਗਤ

ਤਰਨਤਾਰਨ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੀ ਧਰਤੀ ਉੱਤੇ ਪਹਿਲੀ ਵਾਰ ਖੇਡੇ ਜਾਣ ਵਾਲੇ ਵਿਸ਼ਵ ਪੱਧਰੀ ਹਾਕੀ ਟੂਰਨਾਮੈਂਟ ‘ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫ਼ੀ-2026’ ਦੇ ਟਰਾਫ਼ੀ ਟੂਰ ਦਾ ਅੱਜ ਤਰਨ ਤਾਰਨ ਜ਼ਿਲ੍ਹੇ ਵਿੱਚ ਪੁੱਜਣ ’ਤੇ ਸ੍ਰੀ ਗੁਰੂ ਅਰਜਨ ਦੇਵ ਖੇਡ ਸਟੇਡੀਅਮ ਚੋਹਲਾ ਸਾਹਿਬ ਵਿਖੇ ਜ਼ਿਲ੍ਹਾ ਖੇਡ ਅਫ਼ਸਰ ਸਤਵੰਤ ਕੌਰ ਦੀ ਅਗਵਾਈ ਹੇਠ ਭਰਵਾਂ ਸਵਾਗਤ ਕੀਤਾ ਗਿਆ।

ਇਸ ਮੌਕੇ ਹਾਕੀ ਖਿਡਾਰਨ ਰੀਨੂ ਅਨੰਤ ਅਤੇ ਐਥਲੀਟ ਨਰਿੰਦਰ ਕੌਰ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਇਸ ਦੌਰਾਨ ਹਾਕੀ ਦਾ ਪ੍ਰਦਰਸ਼ਨੀ ਮੈਚ ਵੀ ਕਰਵਾਇਆ ਗਿਆ।

ਜ਼ਿਲ੍ਹਾ ਖੇਡ ਅਫਸਰ ਸਤਵੰਤ ਕੌਰ ਨੇ ਇਸ ਮੌਕੇ ਕਿਹਾ ਕਿ ਇਸ ਟਰਾਫ਼ੀ ਟੂਰ ਦਾ ਉਦੇਸ਼ ਪੰਜਾਬ ਵਿੱਚ ਹੋਣ ਜਾ ਰਹੇ ਵੱਕਾਰੀ ਅੰਤਰਰਾਸ਼ਟਰੀ ਹਾਕੀ ਟੂਰਨਾਮੈਂਟ ਪ੍ਰਤੀ ਖੇਡ ਪ੍ਰੇਮੀਆਂ ਵਿੱਚ ਉਤਸ਼ਾਹ ਪੈਦਾ ਕਰਨਾ ਅਤੇ ਨੌਜਵਾਨਾਂ ਨੂੰ ਹਾਕੀ ਨਾਲ ਜੁੜਨ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਸੂਬੇ ਭਰ ਦਾ ਇਹ ਟੂਰ 27 ਅਕਤੂਬਰ ਨੂੰ ਜਲੰਧਰ ਵਿਖੇ ਸਮਾਪਤ ਹੋਵੇਗਾ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਏਸ਼ੀਅਨ ਚੈਂਪੀਅਨਜ਼ ਟਰਾਫ਼ੀ ਦੀ ਮੇਜ਼ਬਾਨੀ ਪੰਜਾਬ ਵਿੱਚ ਕਰਵਾਉਣ ਲਈ ਕੀਤੇ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸੂਬੇ ਦੇ ਹਾਕੀ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਅਜਿਹੇ ਕੌਮਾਂਤਰੀ ਮੁਕਾਬਲੇ ਨੌਜਵਾਨ ਖਿਡਾਰੀਆਂ ਨੂੰ ਪ੍ਰੇਰਿਤ ਕਰਨ ਦੇ ਨਾਲ-ਨਾਲ ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨਗੇ।

ਉਨ੍ਹਾਂ ਕਿਹਾ ਕਿ 27 ਅਕਤੂਬਰ ਤੋਂ 5 ਨਵੰਬਰ, 2026 ਤੱਕ ਹੋਣ ਵਾਲੇ ਇਸ ਵੱਕਾਰੀ ਟੂਰਨਾਮੈਂਟ ਦੇ ਮੁਕਾਬਲੇ ਜਲੰਧਰ ਅਤੇ ਐਸ.ਏ.ਐਸ. ਨਗਰ (ਮੁਹਾਲੀ) ਵਿਖੇ ਕਰਵਾਏ ਜਾਣਗੇ। ਜਲੰਧਰ ਵਿਖੇ 27 ਅਕਤੂਬਰ ਤੋਂ 2 ਨਵੰਬਰ ਤੱਕ ਛੇ ਦੇਸ਼ਾਂ ਦੀਆਂ ਟੀਮਾਂ ਦੇ ਲੀਗ ਮੁਕਾਬਲੇ ਹੋਣਗੇ।

ਆਹ ਲੈ ਮਾਏ ਸਾਂਭ ਕੁੰਜੀਆਂ

ਪ੍ਰੋ. ਬੇਅੰਤ ਸਿੰਘ ਬਾਜਵਾ

ਪੰਜਾਬੀ ਵਿਰਾਸਤ ਵਿਚ ਵਿਆਹਾਂ ਮੌਕੇ ਅਨੇਕਾਂ ਹੀ ਰਸਮਾਂ ਰਿਵਾਜ ਕੀਤੇ ਜਾਂਦੇ ਹਨ। ਵਿਆਹਾਂ ਦੀਆਂ ਰਸਮਾਂ ਨਿਭਾਉਣ ਵਿਚ ਪਰਿਵਾਰ ਦੇ ਨਾਲ-ਨਾਲ ਰਿਸ਼ਤੇਦਾਰ ਅਤੇ ਸਕੇ ਸਬੰਧੀ ਆਪਣਾ ਯੋਗਦਾਨ ਪਾਉਂਦੇ ਹਨ। ਆਪਾਂ ਪਿਛਲੇ ਲੇਖਾਂ ਵਿਚ ਕਈ ਪੁਰਾਤਨ ਰਸਮਾਂ ਦੀ ਗੱਲ ਕੀਤੀ ਹੈ।

ਕੁੜੀ ਦੇ ਘਰ ਵਿਆਹ ਵਾਲੇ ਦਿਨ ਸ਼ਾਮ ਨੂੰ ਡੋਲੀ ਦੀ ਵਿਦਾਇਗੀ ਅਤੇ ਆਉਣ ਸਮੇਂ ਅਨੇਕਾਂ ਰਸਮੋ-ਰਿਵਾਜ ਕੀਤੇ ਜਾਂਦੇ ਹਨ ਅਤੇ ਲੋਕ-ਗੀਤ ਗਾਏ ਜਾਂਦੇ ਹਨ। ਡੋਲੀ ਤੁਰਨ ਤੋਂ ਪਹਿਲਾਂ ਕੁੜੀ ਵੱਲੋਂ ਘਰ ਵਧਾਉਣ ਦੀ ਰਸਮ ਕਰਵਾਈ ਜਾਂਦੀ ਹੈ। ਇਸ ਰਸਮ ਵਿਚ ਵਿਆਹੁਲੀ ਕੁੜੀ ਡੋਲੀ ਵਿਚ ਬੈਠਣ ਤੋਂ ਪਹਿਲਾਂ ਤੁਰੀ ਜਾਂਦੀ ਇਕ ਥਾਲ਼ੀ ਵਿੱਚੋਂ ਜਿਸ ਵਿਚ ਮੇਵੇ, ਚਾਵਲ ਅਤੇ ਜੌਂ ਰਲੇ ਹੁੰਦੇ ਹਨ ਦਾ ਬੁੱਕ ਭਰ-ਭਰ ਕੇ ਪਿਛਲੇ ਪਾਸੇ ਵੱਲ ਸੁੱਟਦੀ ਹੈ। ਇਸ ਰਸਮ ਦਾ ਭਾਵ ਪੇਕੇ ਪਰਿਵਾਰ ਦੀ ਸੁੱਖ ਮੰਗਣਾ ਅਤੇ ਉਨ੍ਹਾਂ ਦੀ ਆਰਥਿਕ ਖ਼ੁਸ਼ਹਾਲੀ ਨਾਲ ਜੁੜਿਆ ਹੋਇਆ ਹੈ। ਇਸ ਰਸਮ ਨਿਭਾਉਂਦੇ ਸਮੇਂ ਇਹ ਲੋਕ ਗੀਤ ਗਾਇਆ ਜਾਂਦਾ ਹੈ :

ਲਾਡੋ ਛੱਡ ਨੀ ਪੀੜੀ ਦਾ ਪਾਵਾ
ਸਾਡਾ ਨਹੀਂਓ ਦਾਵਾ
ਦਾਵੇ ਵਾਲੇ ਲੈ ਨੀ ਚੱਲੇ...

ਇਸੇ ਮੌਕੇ ਧੀ ਦੇ ਪੇਕੇ ਘਰ ਨਾਲ ਡੂੰਘਾ ਰਿਸ਼ਤਾ ਨਿੱਖੜ ਜਾਣ ਦਾ ਹੌਲ ਇਸ ਗੀਤ ਦੀ ਸਤਰਾਂ ਵਿੱਚੋਂ ਉਜਾਗਰ ਹੁੰਦਾ ਹੈ :

ਬਾਬਲ ਧਰਮ ਕਰੇਂਦਿਆਂ
ਮੈਨੂੰ ਰੱਖ ਲੈ ਅੱਜ ਦੀ ਰਾਤ
ਮੈਂ ਕੀਕਣ ਰੱਖਾਂ ਬੇਟੀਏ
ਤੇਰੀ ਜੰਞ ਬੜੀ ਉਦਾਸ
ਮੇਰੀ ਜੰਞ ਨੂੰ ਦੇ ਦਿਉ ਛੁੱਟੀਆਂ
ਮੇਰੇ ਕਾਹਨ ਨੂੰ ਰੱਖ ਲਓ ਰਾਤ
ਤੇਰੀ ਜੰਞ ਨਾ ਲੈਂਦੀ ਛੁੱਟੀਆਂ
ਤੇਰਾ ਕਾਹਨ ਨਾ ਰਹਿੰਦਾ ਰਾਤ...

ਇਸ ਮਾਹੌਲ ਸਬੰਧੀ ਧੀ ਵੱਲੋਂ ਲਿਆ ਗਿਆ ਇਕ ਹੋਰ ਹੌਕਾਂ ਜਦੋਂ ਜਨਾਨੀਆਂ ਪੇਸ਼ ਕਰਦੀਆਂ ਤਾਂ ਉਦਾਸੀ ਦੇ ਰੰਗ ਹੋਰ ਗੂੜ੍ਹੇ ਹੋ ਜਾਂਦੇ ਹਨ :

ਤੇਰੇ ਮਹਿਲਾਂ ਦੇ ਵਿੱਚੋਂ ਵੇ
ਬਾਬਲ ਡੋਲਾ ਨਹੀਂਓ ਲੰਘਦਾ
ਇਕ ਇੱਟ ਪੁਟਾ ਦੇਵਾਂ
ਧੀਏ ਘਰ ਜਾ ਆਪਣੇ
ਤੇਰੇ ਬਾਗ਼ਾਂ ਦੇ ਵਿਚ ਵਿਚ ਵੇ
ਬਾਬਲ ਡੋਲਾ ਨਹੀਂਓ ਲੰਘਦਾ
ਮੈਂ ਟਾਹਣ ਕਟਾ ਦੇਵਾਂ
ਧੀਏ ਘਰ ਜਾ ਆਪਣੇ
ਤੇਰੇ ਮਹਿਲਾਂ ਦੇ ਵਿਚ-ਵਿਚ ਵੇ
ਬਾਬਲ ਗੁੱਡੀਆਂ ਕੌਣ ਖੇਡੂ?
ਮੇਰੀਆਂ ਖੇਡਣ ਪੋਤਰੀਆਂ
ਧੀਏ ਘਰ ਜਾ ਆਪਣੇ...

ਇਸ ਸਮੇਂ ਅਜਿਹਾ ਪ੍ਰਭਾਵ ਸਿਰਜਿਆ ਜਾਂਦਾ ਹੈ ਜਿਵੇਂ ਧੀ ਦੇ ਰੁਕਣ ਦੇ ਸਭ ਵਸੀਲੇ ਫ਼ੇਲ੍ਹ ਹੋ ਗਏ ਹੋਣ ਤੇ ਸਹੁਰੇ ਘਰ ਜਾਣਾ ਤੈਅ ਹੋ ਗਿਆ ਹੋਵੇ। ਅਜਿਹੇ ਵੇਲੇ ਗੀਤ ਦੀਆਂ ਇਹ ਸਤਰਾਂ ਜ਼ਬਾਨ 'ਤੇ ਆਉਂਦੀਆਂ ਹਨ :

ਰੋਂਦੀ ਕੁਰਲਾਉਂਦੀ ਧੀ ਨੂੰ ਉਸ ਦਾ ਭਰਾ ਤੇ ਮਾਮਾ ਡੋਲੀ 'ਚ ਬਿਠਾ ਦਿੰਦੇ ਹਨ। ਇਸ ਸਮੇਂ ਧੀ ਮਾਂ ਨੂੰ ਘਰ ਦੀਆਂ ਚਾਬੀਆਂ ਸੌਂਪਦੀ ਹੈ। ਮਾਂ ਪਿਉ ਤੋਂ ਬਿਨਾਂ ਹੋਰ ਰਿਸ਼ਤੇਦਾਰ ਉਸ ਨੂੰ ਸ਼ਗਨ ਦਿੰਦੇ ਹਨ...

ਬੋਲ ਨੀ ਮੇਰੀਏ ਬਣ-ਤਣ ਕੋਇਲੇ
ਦੇਸ਼ ਬਿਗਾਨੜੇ ਕਿਉਂ ਚੱਲੀ ਆ?
ਇਕ ਵਚਨ ਮੇਰੇ ਬਾਬਲ ਕੀਤਾ
ਵਚਨ ਪੁਗਾਵਣ ਮੈਂ ਚੱਲੀ ਆ
ਮਾਤਾ ਮੇਰੀ ਨੇ ਦਾਜ ਬਣਾਇਆ
ਦਾਜ ਪੁਚਾਵਣ ਮੈਂ ਚੱਲੀ ਆ...

ਇਸ ਦੇ ਨਾਲ ਹੀ ਇਹ ਬੋਲ ਵੀ ਗੂੰਜਦੇ ਹਨ :

ਕਿੱਥੇ ਨੀ ਬੀਬੀ ਤੇਰਾ ਤੋਰਾ ਫੇਰਾ
ਕਿੱਥੇ ਬੈਠੀ ਆ ਪੀੜ੍ਹਾ ਡਾਹ
ਯੋਧੀਂ ਵੇ ਮਾਪਿਓ ਮੇਰਾ ਤੋਰਾ-ਫੇਰਾ
ਅੰਬਰਸਰ ਬੈਠੀ ਆ ਪੀੜ੍ਹਾ ਡਾਹ...

ਵਿਛੋੜੇ ਦਾ ਸੱਲ ਹਰ ਇਕ ਨੂੰ ਸੱਲਦਾ ਹੈ। ਬਾਬਲ ਵੀ ਮਨ ਦੀ ਕੂੜੀ ਨੂੰ ਤੋਰਨ ਲੱਗਾ ਬੁੱਕ-ਬੁੱਕ ਹੰਝੂ ਕੇਰਦਾ ਹੈ। ਉਸ ਦਾ ਵੀਰਾ ਵੀ ਉਦਾਸੀ ਵਿਚ ਡੁੱਬਦਾ ਹੈ। ਭਾਬੀ ਉੱਪਰ ਉਦਾਸੀ ਦਾ ਪਰਛਾਵਾਂ ਥੋੜ੍ਹਾ ਪੇਤਲਾ ਹੁੰਦਾ ਹੈ। ਉਸ ਵੇਲੇ ਹੇਠਲੀਆਂ ਸਤਰਾਂ ਬੋਲੀਆਂ ਜਾਂਦੀਆਂ ਹਨ :

ਬੀਬੀ ਦਾ ਬਾਬਲ ਇਉਂ ਰੋਵੇ
ਜਿਵੇਂ ਘਟਾ ਸਾਵਣ ਦੀ ਆਈ
ਤੁਸੀਂ ਕਿਉਂ ਰੋਂਦੇ ਹੋ ਮਾਪਿਓ
ਇਹ ਜਗ ਹੁੰਦੜੀ ਆਈ
ਬੀਬੀ ਦਾ ਵੀਰਾ ਇਉਂ ਰੋਵੈ
ਜਿਉਂ ਘਟਾ ਸਾਵਣ ਦੀ ਆਈ
ਬਾਹਰ ਰੋਵੇ ਬੀਬੀ ਦਾ ਵੀਰਾ
ਅੰਦਰ ਹੱਸੇ ਭਰਜਾਈ
ਉਦੋਂ ਤਾਂ ਰੋਵੇਂਗੀ ਭਾਬੀਏ ਨੀ
ਜਦੋਂ ਤੋਰੇਂਗੀ ਆਪਣੀ ਜਾਈ...

ਜਿਉਂ-ਜਿਉਂ ਡੋਲੀ ਦੇ ਤੁਰਨ ਦਾ ਵੇਲਾ ਆਉਂਦਾ ਹੈ ਤਾਂ ਮਾਹੌਲ ਹੋਰ ਵਧੇਰੇ ਭਾਵੁਕ ਮਈ ਹੋ ਜਾਂਦਾ ਹੈ। ਡੋਲੀ ਵੱਲ ਧੀ ਨੂੰ ਤੋਰਨ ਵੇਲੇ ਇਹ ਗੀਤ ਵੇਦਨਾ ਬਣ ਕੇ ਉੱਭਰਦੇ :

ਆ ਵੇ ਬਾਬਲਾ ਦੋ ਗੱਲਾਂ ਕਰੀਏ

ਆਈ ਵਿਛੋੜੇ ਵਾਲੀ ਰਾਤ
ਅੱਜ ਦੀ ਦਿਹਾੜੀ ਰੱਖ ਡੋਲੀ ਨੀ ਮਾਂ
ਰਹਾਂ ਬਾਪ ਦੀ ਬਣ ਕੇ ਗੋਲੀ ਨੀ ਮਾਂ
ਹੰਸ ਤੁਰ ਚੱਲੇ ਅੱਖੀਆਂ ਤੋਂ ਦੂਰ
ਪਾ ਕੇ ਗੂੜ੍ਹਾ ਪਿਆਰ ਬਾਬਲ
ਆਹ ਲੈ ਮਾਏ ਸਾਂਭ ਕੁੰਜੀਆਂ
ਧੀਆਂ ਕਰ ਚੱਲੀਆਂ ਸਰਦਾਰੀ...

ਧੀ ਨੂੰ ਰੋਂਦੀ ਕੁਰਲਾਉਂਦੀ ਨੂੰ ਉਸ ਦਾ ਭਰਾ ਮਾਮਾ ਡੋਲੀ ਵਾਲੀ ਕਾਰ ਵਿਚ ਬਿਠਾ ਦਿੰਦੇ ਹਨ। ਇਸ ਸਮੇਂ ਧੀ ਮਾਂ ਨੂੰ ਘਰ ਦੀਆਂ ਚਾਬੀਆਂ ਸੌਂਪਦੀ ਹੈ। ਡੋਲੀ ਵਾਲੀ ਕਾਰ ਵਿਚ ਬੈਠੇ ਧੀ ਜਵਾਈ ਦਾ ਮਾਂ ਲੱਡੂਆਂ ਨਾਲ ਮੂੰਹ ਜੁਠਾਉਂਦੀ ਹੈ ਤੇ ਮਾਂ ਪਿਉ ਤੋਂ ਬਿਨਾਂ ਹੋਰ ਨਜ਼ਦੀਕੀ ਰਿਸ਼ਤੇਦਾਰਾਂ ਵੱਲੋਂ ਪੈਸੇ ਸ਼ਗਨ ਵਜੋਂ ਦਿੱਤੇ ਜਾਂਦੇ ਹਨ। ਫਿਰ ਮਾਂ ਡੋਲੀ ਵਾਲੀ ਕਾਰ ਦੇ ਚਾਰੇ ਟਾਇਰਾਂ ਤੇ ਪਾਣੀ ਪਾਉਂਦੀ ਹੈ। ਧੀ ਨਾ ਚਾਹੁੰਦੇ ਹੋਏ ਵੀ ਬਾਬਲ ਘਰੋਂ ਵਿਦਾ ਹੋ ਜਾਂਦੀ ਹੈ। ਅਜੋਕੇ ਸਮੇਂ ਵਿਚ ਡੋਲੀ ਦੀ ਰਸਮ ਵੇਲੇ ਬਹੁਤੀਆਂ ਰਸਮਾਂ ਪੁਰਾਤਨ ਵਿਆਹਾਂ ਵਾਲੀਆਂ ਹੀ ਨਿਭਾਈਆਂ ਜਾਂਦੀਆਂ ਹਨ। ਪੰਜਾਬੀ ਲੋਕ-ਧਾਰਾ ਵਿਚ ਡੋਲੀ ਦੀ ਰਸਮ ਨੂੰ ਇੰਝ ਬਿਆਨ ਕੀਤਾ ਜਾਂਦਾ ਹੈ :

ਬਾਬਲ ਵਿਦਿਆ ਕਰੇਂਦਿਆ,
ਵੇ ਮੈਨੂੰ ਰੱਖ ਲੈ ਅੱਜ ਦੀ ਰਾਤ ਵੇ
ਮੈਨੂੰ ਰੱਖ...

ਡੋਲੀ ਤੁਰਨ ਸਮੇਂ ਵਿਦਾਇਗੀ ਦੀਆਂ ਰਸਮਾਂ ਖ਼ਤਮ ਹੋਣ ਤੋਂ ਬਾਅਦ ਕੁੜੀ ਦੇ ਭਰਾ ਡੋਲੀ ਵਾਲੀ ਕਾਰ ਨੂੰ ਧੱਕਾ ਲਾਉਂਦੇ ਹਨ ਤੇ ਡੋਲੀ ਤੁਰ ਜਾਂਦੀ ਹੈ। ਇਸ ਸਮੇਂ ਲਾੜੇ ਦਾ ਪਿਉ ਡੋਲੀ ਉੱਤੋਂ ਪੈਸੇ ਸੁੱਟਦਾ ਹੈ। ਇਸ ਰਸਮ ਨੂੰ ਕਈਆਂ ਇਲਾਕਿਆਂ ਵਿਚ ਸੋਟ ਦੀ ਰਸਮ ਵੀ ਕਿਹਾ ਜਾਂਦਾ ਹੈ। ਲੋਕ ਗੀਤਾਂ ਰਾਹੀਂ ਲੋਕ ਸਮੂਹ ਆਪਣੀਆਂ ਦੱਬੀਆਂ ਹੋਈਆਂ ਖਵਾਇਸ਼ਾਂ ਦਾ ਪ੍ਰਗਟਾਵਾ ਕਰਦੇ ਹਨ। ਪ੍ਰੋ. ਸ਼ੈਰੀ ਸਿੰਘ ਅਨੁਸਾਰ ਲੋਕਾਂ ਦੁਆਰਾ ਰਚੇ ਗਏ ਗੀਤਾਂ ਨੂੰ 'ਲੋਕ-ਗੀਤ' ਕਿਹਾ ਜਾਂਦਾ ਹੈ। ਲੇਖਕ ਦਾ ਅਗਿਆਤ ਹੋਣਾ ਇਸ ਦੀ ਮੁੱਖ ਸ਼ਰਤ ਹੈ। ਸੁਹਾਗ ਲੋਕ ਗੀਤਾਂ ਦੀ ਇਕ ਵੰਨਗੀ ਹੈ। ਇਹ ਵਿਆਹੁਲੀ ਕੁੜੀ ਦੇ ਘਰ ਗਾਏ ਜਾਂਦੇ ਹਨ। ਡਾ. ਰਾਜਵੰਤ ਕੌਰ ਪੰਜਾਬੀ ਅਨੁਸਾਰ ਵਿਦਾਇਗੀ ਦੇ ਮੌਕੇ 'ਤੇ ਜੋ ਸੁਹਾਗ ਗੀਤ ਗਾਏ ਜਾਂਦੇ ਹਨ। ਉਨ੍ਹਾਂ ਵਿਚਲੀ ਜਜ਼ਬਾਤੀ ਸੁਰ ਦਿਲਾਂ ਨੂੰ ਸਿੱਧੇ ਤੌਰ 'ਤੇ ਟਟ- ਫਟੀ ਰੂਪ ਵਿਚ ਵਧੇਰੇ ਪ੍ਰਭਾਵਿਤ ਕਰਦੀ ਹੈ। ਡੋਲੀ ਦੀ ਵਿਦਾਇਗੀ ਦੇ ਗੀਤ ਜਿੱਥੇ ਰਸਮਾਂ-ਰਿਵਾਜਾਂ ਨਾਲ ਸਬੰਧਿਤ ਹੁੰਦੇ ਹਨ। ਉੱਥੇ ਉਸ ਸਮੇਂ ਧੀ ਦੇ ਪੇਕੇ ਘਰ ਰਹਿਣ ਦੀਆਂ ਮਨੋਭਾਵਨਾ ਨੂੰ ਵੀ ਪੇਸ਼ ਕਰਦੇ ਹਨ। ਅਜੋਕੇ ਵਿਆਹਾਂ ਵਿਚ ਵੀ ਵਿਦਾਇਗੀ ਵੇਲੇ ਗੀਤ ਗਾਏ ਜਾਂਦੇ ਹਨ। ਪੁਰਾਤਨ ਸਮਿਆਂ ਵਿਚ ਕੁੜੀ ਦੀ ਡੋਲੀ ਉਠਾਂ ਜਾਂ ਗੱਡੀਆਂ ਤੇ ਜਾਂਦੀ ਸੀ ਪਰ ਅੱਜ ਆਧੁਨਿਕਤਾ ਦੇ ਯੁੱਗ ਵਿਚ ਤੇਜ਼ ਰਫ਼ਤਾਰ ਵਾਲੀਆਂ ਮਹਿੰਗੀਆਂ ਕਾਰਾਂ ਆ ਗਈਆਂ ਹਨ। ਅੱਜ ਫੋਕੀ ਸ਼ੁਹਰਤ ਦੇ ਪੱਟੇ ਪੰਜਾਬੀ ਮਹਿੰਗੀ ਤੋਂ ਮਹਿੰਗੀ ਕਿਰਾਏ ਦੀ ਕਾਰ ਲੈ ਜਾਂਦੇ ਹਨ। ਜਿਸ ਨਾਲ ਆਰਥਿਕਤਾ 'ਤੇ ਮਾੜਾ ਅਸਰ ਪੈਂਦਾ ਹੈ ਤੇ ਵਿਆਹ ਮਗਰੋਂ ਮੁੰਡੇ ਜਾਂ ਉਸ ਦੇ ਪਰਿਵਾਰ 'ਤੇ ਲੱਖਾਂ ਦਾ ਕਰਜ਼ ਹੋ ਜਾਂਦਾ ਹੈ। ਸੋ ਲੋੜ ਹੈ ਅੱਜ ਪੰਜਾਬੀ ਰੀਤੀ ਰਸਮਾਂ ਨੂੰ ਸਾਦੇ ਢੰਗ ਨਾਲ ਨਿਭਾਉਣ ਦੀ ਤਾਂ ਸੋ ਜ਼ਿੰਦਗੀ ਭਰ ਪਰਿਵਾਰ ਸੁਖੀ ਰਹੇ। •

70878-00168

ਰਾਜਿੰਦਰ ਕੌਰ ਚੋਹਕਾ

ਰਾਣੀ ਝਾਂਸੀ ਰਜਮੈਂਟ ਦੀ ਨਾਇਕਾ

ਡਾ. ਲਕਸ਼ਮੀ ਸਹਿਗਲ

'ਰਾਣੀ ਝਾਂਸੀ ਰਜਮੈਂਟ ਦੀ ਹੀਰੋ ਅਤੇ ਦੇਸ਼ ਦੀ ਅਜ਼ਾਦੀ ਦੀ ਲੜਾਈ ਦੀ ਦੀਵਾਨੀ ਲਕਸ਼ਮੀ ਸਹਿਗਲ ਦਾ ਜਨਮ 24-ਸਤੰਬਰ 1914 ਨੂੰ ਪਿਤਾ ਐੱਸ ਸਵਾਮੀਨਾਥਨ ਜੋ ਇਕ ਉੱਘੇ ਵਕੀਲ ਤੇ ਮਦਰਾਸ ਹਾਈ ਕੋਰਟ ਵਿਚ ਵਕੀਲ ਸਨ। ਮਾਤਾ ਏਵੀ ਅਮੂ ਕੁੱਟੀ ਜੋ ਇਕ ਸਮਾਜ ਸੇਵਕਾ, ਦੇਸ਼ ਦੀ ਆਜ਼ਾਦੀ ਦੀ ਲੜਾਈ ਵਿਚ ਮੋਹਰੀ ਭੂਮਿਕਾ ਨਿਭਾਉਣ ਵਾਲੀ ਜਿਸ ਨੂੰ ਅਮੂ ਸਵਾਮੀਨਾਥਨ ਵੀ ਕਿਹਾ ਜਾਂਦਾ ਸੀ, ਦੇ ਘਰ ਮਦਰਾਸ ਵਿਖੇ ਹੋਇਆ। ਅਮੂ ਕੁੱਟੀ ਨਈਅਰ ਪਰਿਵਾਰ ਦੇ ਇਕ ਅਮੀਰ ਘਰ ਦੀ ਧੀ ਸੀ ਅਤੇ ਪਿਤਾ ਬ੍ਰਾਹਮਣ ਪਰਿਵਾਰ 'ਚੋਂ ਸੀ। ਨਈਅਰ ਪਰਿਵਾਰ ਦੀ ਪਰੰਪਰਾ ਸੀ ਕਿ ਉਹ ਆਪਣੀਆਂ ਲੜਕੀਆਂ ਦੇ ਰਿਸ਼ਤੇ (ਕੇਰਲਾ) ਸਿਰਫ਼ ਨੰਬੂਦਰੀਆ ਵਿਚ ਹੀ ਕਰਦੇ ਸਨ (ਕੇਰਲਾ ਦੇ ਬ੍ਰਾਹਮਣਾਂ 'ਚ)। ਜਦ ਕਿ ਲਕਸ਼ਮੀ ਦੇ ਪਿਤਾ ਨੰਬੂਦਰੀ ਨਹੀਂ ਸਨ। ਉਨ੍ਹਾਂ ਨੇ ਉਸ ਬੰਧਨ ਨੂੰ ਤੋੜ ਕੇ ਵਿਆਹ ਕੀਤਾ ਤੇ ਆਪਣੀ ਪਤਨੀ ਨੂੰ ਇੰਗਲੈਂਡ ਲੈ ਗਏ। ਲਕਸ਼ਮੀ ਸਹਿਗਲ ਦਾ ਜਨਮ ਦਾ ਨਾਂ ਲਕਸ਼ਮੀ ਸਵਾਮੀਨਾਥਨ ਰੱਖਿਆ ਗਿਆ।

ਵਹਿਮਾਂ-ਭਰਮਾਂ ਵਿੱਚੋਂ ਕੱਢਣਾ

ਲਕਸ਼ਮੀ ਪੜ੍ਹਨ-ਲਿਖਣ, ਘੋੜ ਸਵਾਰੀ ਕਰਨ, ਟੈਨਿਸ ਖੇਡਣ ਅਤੇ ਤੈਰਾਕੀ (ਤਰਨ) ਦੀ ਸ਼ੌਕੀਨ ਸੀ। ਉਹ ਛੋਟੀ ਹੁੰਦੀ ਕੇਰਲਾ ਆਪਣੇ ਨਾਨਕਿਆਂ ਦੇ ਕੋਲ ਜ਼ਿਆਦਾ ਰਹੀ। ਕੇਰਲਾ ਵਿਚ ਜਾਤੀਵਾਦ-ਛੂਆ-ਛੂਤ ਕਾਫ਼ੀ ਸੀ। ਇਸ ਜਾਤੀਵਾਦ ਅਤੇ ਦਲਿਤ ਪਰਿਵਾਰਾਂ ਨੂੰ ਵਹਿਮਾਂ-ਭਰਮਾਂ ਵਿੱਚੋਂ ਕੱਢਣ ਲਈ ਲਕਸ਼ਮੀ ਨੇ ਬਹੁਤ ਹੀ ਬੁਲੰਦ ਹੌਸਲੇ ਨਾਲ ਇਕ ਇਹੋ ਜਿਹਾ ਕਾਰਨਾਮਾ ਕਰ ਦਿਖਾਇਆ ਜਿਸ ਨੂੰ ਦੇਖ ਸਾਰੇ ਹੈਰਾਨ ਹੋ ਗਏ। ਨਾਨੀ ਦੇ ਘਰ ਲਾਗੇ, ਜੰਗਲ 'ਤੇ ਪਹਾੜੀਆਂ ਸਨ, ਉੱਥੋਂ ਰੋਜ਼ ਹੀ ਇਕ ਆਵਾਜ਼ 'ਥੰਬੂਰਾਨੇ' ਕਹਿ ਕੇ ਆਈ ਤਾਂ ਲਕਸ਼ਮੀ ਨੇ ਆਪਣੀ ਨਾਨੀ ਨੂੰ ਪੁਛਿਆ ਕਿ ਰੋਜ਼ ਆਵਾਜ਼ ਕਿੱਥੋਂ ਆਉਂਦੀ ਹੈ ? ਤਾਂ ! ਉਸ ਨੇ ਦੱਸਿਆ ਕਿ ਇਨ੍ਹਾਂ ਪਹਾੜੀਆਂ 'ਚ ਛੋਟੀਆਂ ਜਾਤੀਆਂ ਦੇ ਲੋਕ ਰਹਿੰਦੇ ਹਨ। ਇਨ੍ਹਾਂ ਦਾ ਪਰਛਾਵਾਂ ਲੈਣਾ ਵੀ ਮਾੜਾ ਹੈ। ਇਹ ਸਾਨੂੰ ਆਵਾਜ਼ਾਂ ਮਾਰ ਕੇ ਕੋਈ ਚੀਜ਼ ਖਾਣ ਲਈ ਮੰਗਦੇ ਹਨ ਤੇ ਅਸੀਂ ਉਹ ਚੀਜ਼ ਉਨ੍ਹਾਂ ਨੂੰ ਭੇਜ ਦਿੰਦੇ ਹਾਂ। ਇਕ ਦਿਨ ਲਕਸ਼ਮੀ ਇਕ ਕਬਾਇਲੀ ਲੜਕੀ ਦਾ ਹੱਥ ਫੜ ਕੇ ਘਰ ਲੈ ਆਈ। ਉਸ ਲੜਕੀ ਦੇ ਸਰੀਰ 'ਤੇ ਕੱਪੜੇ ਨਹੀਂ ਸਨ ਤੇ ਪਤਿਆ ਨਾਲ ਜਾਂ ਕੋਈ ਮਾਲਾ ਪਾ ਕੇ ਸਰੀਰ ਢੱਕਿਆ ਹੋਇਆ ਸੀ। ਜਦੋਂ ਲੜਕੀ ਨੇ ਨਾਨੀ ਨੂੰ ਦੇਖਿਆ ਤਾਂ ਉਹ ਉੱਚੀ-ਉੱਚੀ ਰੋਣ ਲੱਗ ਪਈ। ਲਕਸ਼ਮੀ ਨੇ ਆਪਣੀ ਨਾਨੀ ਨੂੰ ਕਿਹਾ ਕਿ ਕਿਸੇ ਨੂੰ ਫੜਨ ਨਾਲ ਜਾਂ ਛੂਹਣ ਨਾਲ ਕੋਈ ਅਪਵਿੱਤਰ ਨਹੀਂ ਹੁੰਦਾ ? ਇਹ ਵੀ ਇਨਸਾਨ ਹਨ ਹੁਣ ਸਾਨੂੰ ਇਨ੍ਹਾਂ ਨਾਲ ਮਿਲ ਕੇ ਰਹਿਣਾ ਚਾਹੀਦਾ ਹੈ! ਹੁਣ ਸਮਾਂ ਇਹੋ ਜਿਹਾ ਆ ਗਿਆ ਹੈ ਕਿ ਸਾਨੂੰ ਸਾਰਿਆਂ ਨਾਲ ਮਿਲ ਵਰਤੋਂ ਕਰ ਕੇ ਇੱਕਠੇ ਰਹਿਣਾ ਚਾਹੀਦਾ ਹੈ? ਲਕਸ਼ਮੀ ਨੇ ਪਹਿਲੀ ਬਗ਼ਾਵਤ ਜਾਤ-ਪਾਤ ਤੇ ਛੂਆ-ਛੂਤ ਵਿਰੁੱਧ ਕੀਤੀ। ਲਕਸ਼ਮੀ ਨੇ ਪਹਿਲੀ ਪੜ੍ਹਾਈ 'ਚਰਚ ਪਾਰਕ ਕੌਨਵੈਂਟ ਸਕੂਲ ਮਦਰਾਸ ਤੋਂ ਪੂਰੀ ਕਰ ਕੇ ਹਾਈ ਸਕੂਲ ਦੀ ਪੜ੍ਹਾਈ ਤੋਂ ਬਾਅਦ ਡਾਕਟਰੀ (ਐੱਮਬੀਬੀਐੱਸ) ਦੀ ਪੜ੍ਹਾਈ ਮੈਡੀਕਲ ਕਾਲਜ ਮਦਰਾਸ ਤੋਂ 1938 'ਚ ਪੂਰੀ ਕੀਤੀ।

ਪਾਇਲਟ ਨਾਲ ਵਿਆਹ

1938 'ਚ ਮੈਡੀਕਲ ਦੀ ਪੜ੍ਹਾਈ ਕਰਦਿਆਂ ਹੀ ਲਕਸ਼ਮੀ ਨੇ ਇਕ ਪਾਇਲਟ ਨਾਲ ਵਿਆਹ ਕਰ ਲਿਆ। ਪਰ ਉਸ ਨੇ ਜਲਦੀ ਹੀ ਮਹਿਸੂਸ ਕੀਤਾ ਕਿ ਇਹ ਬਹੁਤ ਵੱਡੀ ਭੁੱਲ ਹੋਈ ਹੈ ਕਿਉਂਕਿ ਸਾਡੇ ਵਿਚਾਰ ਇਕ ਦੂਸਰੇ ਨਾਲ ਨਹੀਂ ਮਿਲਦੇ, ਦੂਸਰਾ ਉਹ ਮੈਨੂੰ ਆਪਣੇ ਅਧੀਨ ਹੀ ਰੱਖਣਾ ਚਾਹੁੰਦਾ ਹੈ। ਇਹ ਸ਼ਾਦੀ ਸਿਰਫ਼ ਦੋ ਸਾਲ ਹੀ ਨਿਭੀ ! 1938 'ਚ ਲਕਸ਼ਮੀ ਉਸ ਨਾਲ ਸਿੰਘਾਪੁਰ ਚਲੀ ਗਈ, ਅੰਗਰੇਜ਼ੀ ਸੈਨਾ ਵਿਚ ਇਸਤਰੀ ਡਾਕਟਰਾਂ ਦੀ ਜ਼ਬਰ-ਦਸਤੀ ਭਰਤੀ ਕੀਤੀ ਜਾ ਰਹੀ ਸੀ ਤੇ ਉਹ ਆਪਣੇ ਵਿਆਹ ਤੋਂ ਛੁਟਕਾਰਾ ਪਾਉਣਾ ਚਾਹੁੰਦੀ ਸੀ। ਲਕਸ਼ਮੀ ਨੇ ਮਦਰਾਸ ਤੋਂ ਮੈਡੀਕਲ ਦੀ ਡਿਗਰੀ ਲੈ ਕੇ 1940 'ਚ ਸਿੰਘਾਪੁਰ ਪੁਹੰਚ ਕੇ ਇਕ ਡਾਕਟਰ ਦੇ ਹਸਪਤਾਲ ਵਿਚ ਜੋ ਕੇਰਲਾ ਦਾ ਹੀ ਸੀ, ਨੌਕਰੀ ਕਰ ਲਈ। ਲਕਸ਼ਮੀ ਜਦੋਂ ਸਿੰਘਾਪੁਰ ਗਈ ਤਾਂ ਉਹ 26 ਸਾਲ ਦੀ ਸੀ। ਇਸ ਤੋਂ ਪਹਿਲਾ 1925 ਵਿਚ ਜਦੋਂ ਉਹ 14 ਸਾਲ ਦੀ ਸੀ ਤਾਂ ਪਹਿਲੀ ਵਾਰ ਸ਼ੁਭਾਸ਼ ਚੰਦਰ ਬੋਸ ਨੂੰ ਕਲਕੱਤੇ ਕਾਂਗਰਸ ਸੈਸ਼ਨ ਦੇ ਸਮੇਂ ਦੇਖਿਆ ਸੀ।

ਟਰੇਨਿੰਗ ਕੈਂਪ

ਸਿੰਘਾਪੁਰ ਆ ਕੇ ਲਕਸ਼ਮੀ ਨੇ ਜਰਮਨੀ ਤੋਂ ਕੱਲਕੱਤੇ ਪਾਣੀ ਵਾਲੇ ਜਹਾਜ਼ ਵਿਚ ਸ਼ੁਭਾਸ਼ ਚੰਦਰ ਬੋਸ ਦਾ ਬੱਚ ਕੇ ਜਾਣਾ ਸੁਣਿਆ! ਦਸੰਬਰ 1941 'ਚ ਜਪਾਨੀਆਂ ਨੇ ਸਿੰਘਾਪੁਰ 'ਤੇ ਹਮਲਾ ਕਰ ਦਿੱਤਾ। ਸਿੰਘਾਪੁਰ ਵਿਚ ਸੁਭਾਸ਼ ਚੰਦਰ ਬੋਸ ਵੱਲੋਂ ਆਈਐਨਏ ਦਾ ਗਠਨ ਕੀਤਾ ਜਾ ਰਿਹਾ ਸੀ ! ਬੋਸ ਨੇ ਆਈਐੱਨਏ ਵਿਚ ਸ਼ਾਮਿਲ ਹੋਣ ਲਈ ਜੋ 18 ਤੋਂ 25 ਸਾਲ ਦੇ ਨੌਜਵਾਨ ਸਨ, ਨੂੰ ਅਪੀਲ ਕੀਤੀ। ਬਹੁਤ ਸਾਰੇ ਨੌਜਵਾਨ ਆਈਐੱਨਏ ਵਿਚ ਭਰਤੀ ਹੋਣੇ ਸ਼ੁਰੂ ਹੋ ਗਏ ਤਾਂ ਉਨ੍ਹਾਂ ਨੂੰ ਟਰੇਨਿੰਗ ਕੈਂਪਾਂ ਵਿਚ ਭੇਜ ਦਿੱਤਾ ਗਿਆ। ਲਕਸ਼ਮੀ ਸਹਿਗਲ ਨੇ ਸੁਭਾਸ਼ ਚੰਦਰ ਬੋਸ ਨੂੰ ਆਈਐਨਏ ਵਿਚ ਸਪੈਸ਼ਲ ਪੋਸਟ 'ਤੇ ਰੱਖਣ ਦੀ ਬੇਨਤੀ ਕੀਤੀ ਤਾਂ ਉਨ੍ਹਾਂ ਨੇ ਰਾਣੀ ਝਾਂਸੀ ਰਜਮੈਂਟ ਦੀ ਅਗਵਾਈ ਕਰਨ ਦੀ ਆਗਿਆ ਦਿੱਤੀ।

ਮੈਡੀਕਲ ਦੀ ਦੁਕਾਨ

ਅਗਸਤ 1945-ਵਿਚ ਹੀ ਸ਼ੁਭਾਸ਼ ਚੰਦਰ ਬੋਸ ਹਵਾਈ ਜਹਾਜ਼ ਵਿਚ ਜਦੋਂ ਟੋਕੀਓ ਜਾ ਰਹੇ ਸੀ ਤਾਂ ਜਹਾਜ਼ ਦੇ ਕਰੈਸ਼ ਹੋ ਜਾਣ ਕਾਰਨ ਉਹ ਮਾਰੇ ਗਏ ! ਮਈ-ਅਗਸਤ 'ਚ ਲਕਸ਼ਮੀ ਨੂੰ ਅੰਗਰੇਜ਼ਾਂ ਨੇ ਫੜ ਲਿਆ ਤੇ ਉਸ ਨੂੰ ਰੰਗੂਨ ਵਿਖੇ ਲੈ ਗਏ। ਇੱਥੇ ਉਸ ਨੂੰ ਘਰ ਵਿਚ ਨਜ਼ਰ ਬੰਦ ਕਰ ਦਿੱਤਾ। ਇਕ ਸਿੱਖ ਪਰਿਵਾਰ ਜੋ ਆਈਐੱਨਏ ਦਾ ਸੀ ਦੇ ਘਰ ਹੀ ਡਾ ਲਕਸ਼ਮੀ ਨੇ ਮੈਡੀਕਲ ਦੀ ਦੁਕਾਨ 'ਤੇ ਹੀ ਮਰੀਜ਼ਾਂ ਨੂੰ ਦੇਖਣਾ ਸ਼ੁਰੂ ਕਰ ਦਿੱਤਾ। ਫਿਰ ਉਸ ਨੂੰ ਬਰਮਾਂ ਲਿਜਾ ਕੇ ਅਕਤੂਬਰ 1945 ਤੋਂ ਮਾਰਚ 1946 ਤਕ ਘਰ ਨਜ਼ਰਬੰਦ ਕਰ ਦਿੱਤਾ। ਦਿੱਲੀ ਵਿਖੇ ਆਈਐੱਨਏ ਦੇ ਮੁਕੱਦਮੇ ਚੱਲ ਰਹੇ ਸਨ।

ਇਸਤਰੀਆਂ ਦੀ ਆਜ਼ਾਦੀ

1971 'ਚ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੀ ਮੈਂਬਰ ਬਣੀ ਤੇ ਅੰਤ ਤੱਕ ਲਾਲ ਝੰਡਾ ਚੁੱਕੀ ਰੱਖਿਆ। ਉਹ ਆਲ ਇੰਡੀਆਂ ਡੈਮੋਕਰੇਟਿਕ ਵੋਮੈਨ ਐਸੋਸੀਏਸ਼ਨ ਦੀ ਪਹਿਲੀ ਕਨਵੈਨਸ਼ਨ ਜੋ ਮਦਰਾਸ ਵਿਖੇ 11-12 ਮਾਰਚ 1981 ਨੂੰ ਹੋਈ, 'ਦੇ ਮੋਢੀ ਮੈਂਬਰਾਂ ਵਿਚ ਇਕ ਸਨ। 1981 ਤੋਂ ਬਾਅਦ 2000 ਤਕ ਸਾਰੀਆਂ ਹੀ ਆਲ ਇੰਡੀਆ ਲੈਵਲ ਦੀਆਂ ਕਾਨਫਰੰਸਾਂ 'ਚ 'ਇਸਤਰੀਆਂ ਦੀ ਆਜ਼ਾਦੀ ਦਾ ਪਰਚਮ' ਚੁੱਕੀ ਰੱਖਿਆ।

ਸੰਘਰਸ਼ ਵਿਚ ਮੋਹਰੀ

ਇਸਤਰੀਆਂ ਦੀ ਮੁਕਤੀ, ਉਨ੍ਹਾਂ ਦੇ ਹੱਕਾਂ ਦੀ ਰਾਖੀ ਲਈ ਸੰਘਰਸ਼ ਵਿਚ ਮੋਹਰੀ ਰੋਲ ਅਦਾ ਕੀਤਾ। ਲਕਸ਼ਮੀ ਸਹਿਗਲ 'ਰਾਣੀ ਝਾਂਸੀ ਰਜਮੈਂਟ ਦੀ ਕੈਪਟਨ, (ਐਡਵਾ) ਆਲ ਇੰਡੀਆ ਡੈਮੋਕਰੇਟਿਕ ਵੋਮੈਨ ਐਸੋਸ਼ੀਏਸ਼ਨ ਦੀ ਲੰਬੀ ਸਮਾਂ ਉਪ-ਪ੍ਰਧਾਨ ਰਹੀ। ਗ਼ਰੀਬਾਂ ਦੀ ਮਸੀਹਾ 23-ਜੁਲਾਈ 2012, ਨੂੰ ਸਦੀਵੀਂ ਵਿਛੋੜਾ ਦੇ ਗਈ। ਉਨ੍ਹਾਂ ਦੀਆਂ ਦੋ ਬੇਟੀਆਂ ਹਨ, ਉਨ੍ਹਾਂ ਦੀ ਵੱਡੀ ਬੇਟੀ ਸ਼ੁਭਾਸ਼ਨੀ ਅਲੀ, ਲੰਮਾਂ ਸਮਾਂ (ਐਡਵਾ) ਦੀ ਪ੍ਰਧਾਨ ਅਤੇ ਹੁਣ ਮੀਤ ਪ੍ਰਧਾਨ ਹਨ। ਕਮਿਊਨਿਸਟ ਪਾਰਟੀ ਆਫ ਮਾਰਕਸਵਾਦੀ ਦੀ 'ਪੋਲਿਟ ਬਿਊਰੋ ਮੈਂਬਰ ਹੈ'। ਕੈਪਟਨ ਲਕਸ਼ਮੀ ਸਹਿਗਲ ਨੂੰ 1998-ਵਿਚ ਰਾਸ਼ਟਰਪਤੀ ਕੇਆਰਨਰਾਇਣਨ ਵੱਲੋਂ ਵਿਭੂਸ਼ਣ ਨਾਲ ਸਨਮਾਨਿਤ ਕੀਤਾ ਗਿਆ ਸੀ। •

98725-44738

ਮਿੱਟੀ ਨਾਲ ਮਿੱਟੀ ਹੋਣ ਦਾ ਅਨੰਦ

ਗੁਰਮਾਨ ਸਿੰਘ ਸੀਤਲ

ਪੁਰਾਣੇ ਸਮਿਆਂ ਦੀ ਜਾਂ ਇੰਝ ਕਹਿ ਲਓ ਕਿ ਭਲੇ ਸਮਿਆਂ ਦੀ ਗੱਲ ਕਰੀਏ ਜਦੋਂ ਆਮ ਤੌਰ 'ਤੇ ਰਾਜੇ ਹੁੰਦੇ ਸਨ ਧਰਮੀ, ਪਰਜਾ ਹੁੰਦੀ ਸੀ ਭੋਲੀ ਪਰ ਅੱਜ ਦੀ ਪੜ੍ਹੀ-ਲਿਖੀ ਸੱਭਿਅਤਾ ਤੋਂ ਕਿਤੇ ਵੱਧ ਵਿਲੱਖਣਤਾ ਵਾਲੀ, ਧੀਰਜ ਵਾਲੀ, ਮਿਲਣਸਾਰ ਪਰ ਸੀ ਸੱਚ ਅਤੇ ਇਮਾਨ ਦੀ ਦੀਵਾਰ। ਇਹ ਗੱਲ ਉਨ੍ਹਾਂ ਹੀ ਸਮਿਆਂ ਦੀ ਹੈ ਕਿ ਇਕ ਧਰਮੀ ਰਾਜਾ ਜਿਸ ਦਾ ਉਦੇਸ਼ ਸੀ ਪਰਜਾ ਦਾ ਹਰ ਬਸ਼ਰ ਸੁਖੀ ਹੋਵੇ ਅਤੇ ਜੇਕਰ ਕੋਈ ਆਂਢ-ਗੁਆਂਢ ਦੇ ਰਾਜ ਵਿੱਚੋਂ ਦੁਖੀ ਆ ਜਾਵੇ, ਉਸ ਦੀ ਵੀ ਮਦਤ ਕਰਨਾ। ਉਸ ਨੇ ਰਾਜ ਵਿਚ ਢੰਡੋਰਾ ਦੁਆਇਆ ਹੋਇਆ ਸੀ ਕਿ ਜੇਕਰ ਕਿਸੇ ਦਾ ਸਾਮਾਨ ਨਾ ਵਿਕਦਾ ਹੋਵੇ ਤਾਂ ਉਹ ਖ਼ਰੀਦ ਲਿਆ ਜਾਵੇ ਤੇ ਭੁਗਤਾਨ ਸਰਕਾਰੀ ਖਜ਼ਾਨੇ ਵਿੱਚੋਂ ਕਰ ਦਿੱਤਾ ਜਾਵੇ।

ਈਰਖਾਲੂ ਗੁਆਂਢੀ

ਇਸ ਰਾਜ ਦੀ ਇੰਨੀ ਵਡਿਆਈ ਈਰਖਾਲੂ ਗੁਆਂਢੀ ਰਾਜਿਆਂ ਤੋਂ ਬਰਦਾਸ਼ਤ ਨਾ ਹੋਈ ਅਤੇ ਉਨ੍ਹਾਂ ਨੇ ਆਪਣੀ ਮੰਦ-ਬੁੱਧੀ ਨਾਲ ਵਿਉਂਤਾਂ ਘੜਨੀਆਂ ਸ਼ੁਰੂ ਕੀਤੀਆਂ ਕਿ ਕਿਵੇਂ ਨਾ ਕਿਵੇਂ ਇਸ ਰਾਜੇ ਦੀ ਮਾਣ-ਮਰਿਆਦਾ ਨੂੰ ਭੰਗ ਕਰਵਾਇਆ ਜਾਵੇ। ਖ਼ੈਰ, ਸ਼ੈਤਾਨੀ ਦਿਮਾਗ਼ ਦੀ ਕਾਰਵਾਈ ਸ਼ੁਰੂ ਹੋਈ ਅਤੇ ਇਕ ਆਦਮੀ ਨੂੰ ਰਾਜ ਦੇ ਅੰਦਰ ਦਾਖ਼ਲ ਕਰ ਦਿੱਤਾ ਜਿਸ ਨੇ ਇਹ ਹੋਕਾ ਦਿੱਤਾ ਕਿ ਦਲਿੱਦਰ ਲੈ ਲਓ ਭਾਈ...ਦਲਿੱਦਰ ਲੈ ਲਓ! ਸਭ ਨੇ ਸੁਣਿਆ ਕਿ ਇਹ ਆਦਮੀ ਕਿਹੋ ਜਿਹੀ ਹਾਸੋ-ਹੀਣੀ ਗੱਲ ਕਰਦਾ ਹੈ! ਦਲਿੱਦਰ ਵੀ ਕੋਈ ਮੁੱਲ ਲੈਣ ਵਾਲੀ ਸ਼ੈਅ ਹੈ। ਆਦਮੀ ਬਹੁਤ ਤਰਲੇ ਲੈਣ ਲੱਗਾ ਕਿ ਉਸ ਦੀ ਫ਼ਰਿਆਦ ਮਹਾਰਾਜ ਅੱਗੇ ਕਰਵਾ ਦਿਉ, ਉਹ ਅਵੱਸ਼ ਹੀ ਉਸ ਦੀ ਮੱਦਤ ਕਰਨਗੇ।

ਸ਼ੈਤਾਨੀ ਮਨਸੂਬੇ

ਖ਼ੈਰ, ਮਸਲਾ ਸ਼ਾਹੀ ਮਹਿਲਾਂ ਵਿਚ ਪਹੁੰਚ ਗਿਆ ਅਤੇ ਮਹਾਰਾਜ ਨੇ ਹੁਕਮ ਦਿੱਤਾ ਕਿ ਇਸ ਵਿਅਕਤੀ ਦਾ ਸਮਾਨ ਖ਼ਰੀਦ ਲਿਆ ਜਾਵੇ। ਆਦਮੀ ਖ਼ੁਸ਼ੀ-ਖ਼ੁਸ਼ੀ ਵਿਦਾ ਹੋਇਆ ਅਤੇ ਦਿਲ ਵਿਚ ਸੋਚ ਰਿਹਾ ਸੀ ਕਿ ਉਹ ਆਪਣੇ ਸ਼ੈਤਾਨੀ ਮਨਸੂਬੇ ਵਿਚ ਅਵੱਲ ਰਿਹਾ ਹੈ। ਉਧਰ ਲੋਕ ਆਪਣੇ ਮਹਾਰਾਜ ਪ੍ਰਤੀ ਤਰ੍ਹਾਂ-ਤਰ੍ਹਾਂ ਦੀਆਂ ਗੱਲਾਂ ਕਰਨ ਵਿਚ ਰੁੱਝ ਗਏ। ਕੰਨੀ ਪਈਆਂ ਗੱਲਾਂ ਦਾ ਰਾਜੇ ਉੱਪਰ ਕੋਈ ਅਸਰ ਨਹੀਂ ਹੋਇਆ ਪਰ ਰਾਜਾ ਆਰਾਮ ਦੀ ਨੀਂਦ ਸੌਂ ਗਿਆ।

ਪ੍ਰਭਾਤ ਵੇਲੇ ਜਦੋਂ ਮਹਾਰਾਜ ਸੌਂ ਰਹੇ ਸਨ ਅਤੇ ਇਕ ਦੇਵੀ ਦਾ ਰੂਪ ਧਾਰਨ ਕੀਤੀ ਇਸਤਰੀ ਹਾਜ਼ਰ ਹੋਈ ਅਤੇ ਕਿਹਾ, 'ਮਹਾਰਾਜ ਕੀ ਜੈ ਹੋ।'

ਰਾਜਾ ਉੱਠ ਕੇ ਬੈਠ ਗਿਆ ਅਤੇ ਪੁੱਛਿਆ ਕਿ ਤੂੰ ਕੌਣ ਹੈਂ?

ਬੀਬੀ ਕਹਿਣ ਲੱਗੀ, 'ਮਹਰਾਜ ਮੈਂ ਮਾਇਆ ਹਾਂ ਅਤੇ ਹੁਣ ਇੱਥੋਂ ਜਾ ਰਹੀ ਹਾਂ, ਮੈਨੂੰ ਇਜਾਜਤ ਦਿਉ।'

ਮਹਾਰਾਜ ਬੜੇ ਹੈਰਾਨ ਹੋਏ ਕਿ ਤੈਨੂੰ ਇੱਥੇ ਕੀ ਦੁੱਖ ਜਾਂ ਤਕਲੀਫ਼ ਹੈ? ਬੀਬੀ ਕਹਿਣ ਲੱਗੀ , 'ਜੀ ਤੁਹਾਡੇ ਰਾਜ ਵਿਚ ਦਲਿੱਦਰ ਆਣ ਵੜਿਆ ਹੈ ਅਤੇ ਜਿੱਥੇ ਦਲਿੱਦਰ ਹੋਵੇ, ਮੈਂ ਉੱਥੇ ਨਹੀਂ ਰਹਿ ਸਕਦੀ। ਇਸ ਕਰਕੇ ਮੈਨੂੰ ਇਜ਼ਾਜ਼ਤ ਦਿਉ।' ਰਾਜਾ ਕਹਿਣ ਲੱਗਾ, ਠੀਕ ਹੈ ਜੇ ਤੂੰ ਜਾਣਾ ਹੀ ਚਾਹੁੰਦੀ ਹੈ ਤਾਂ ਮੇਰੇ ਵੱਲੋਂ ਕੋਈ ਰੁਕਾਵਟ ਨਹੀਂ।

ਇਹ ਗੱਲ ਸੁਣ ਕੇ ਬੀਬੀ ਨੇ ਸਿਰ ਨਿਵਾਇਆ ਤੇ ਗਾਇਬ ਹੋ ਗਈ। ਥੋੜ੍ਹੀ ਦੇਰ ਬਾਅਦ ਇਕ ਹੋਰ ਸ਼ਖ਼ਸ ਹਾਜ਼ਰ ਹੋਇਆ, 'ਮਹਾਰਾਜ ਕੀ ਜੈ ਹੋ।'

'ਹਾਂ ਬਈ ਤੁਸੀਂ ਕੌਣ ਹੋ?' ਰਾਜੇ ਨਾ ਪੁਛਿਆ।

'ਜੀ ਮੈਂ ਉੱਦਮ ਹਾਂ ਅਤੇ ਇੱਥੋਂ ਜਾਣ ਦੀ ਇਜ਼ਾਜ਼ਤ ਚਾਹੁੰਦਾ ਹਾਂ ਕਿਉਂਕਿ ਜਿੱਥੇ ਦਲਿੱਦਰ ਹੋਵੇ, ਉੱਥੇ ਮੈਂ ਨਹੀਂ ਰਹਿ ਸਕਦਾ। ਇਸ ਕਰ ਕੇ ਮੈਨੂੰ ਇੱਥੋਂ ਜਾਣ ਦੀ ਇਜ਼ਾਜਤ ਦਿੱਤੀ ਜਾਵੇ ਜੀ।'

'ਠੀਕ ਹੈ ਭਾਈ ਤੂੰ ਵੀ ਜਾ।' ਰਾਜੇ ਨੇ ਕਿਹਾ।

ਰਾਜ ਦੀ ਮਾਲੀ ਹਾਲਤ ਕਮਜ਼ੋਰ ਹੋਣ ਲੱਗੀ ਅਤੇ ਸ਼ਿਰਕਤ ਕਰਨ ਵਾਲੇ ਗੁਆਂਢੀ ਰਾਜ ਖ਼ੁਸ਼ ਹੋ ਰਹੇ ਸਨ। ਇਕ ਦਿਨ ਪ੍ਰਭਾਤ ਵੇਲੇ ਰਾਜੇ ਦੇ ਸਾਹਮਣੇ ਇਕ ਸ਼ਖ਼ਸ ਪ੍ਰਗਟ ਹੋਇਆ, 'ਮਹਾਰਾਜ ਕੀ ਜੈ ਹੋ।'

'ਹਾਂ ਬਈ ਤੂੰ ਕੌਣ ?'

'ਜੀ ਮੈਂ ਧਰਮ ਹਾਂ ਅਤੇ ਇੱਥੋਂ ਜਾਣ ਦਾ ਮਨ ਬਣਾ ਲਿਆ ਹੈ।'

'ਉਹ ਕਿਉਂ ਬਈ?'

ਕਿਉਂਕਿ ਇਸ ਰਾਜ ਵਿਚ ਦਲਿੱਦਰ ਆਣ ਵੜਿਆ ਹੈ ਅਤੇ ਜਿੱਥੇ ਦਲਿੱਦਰ ਹੋਵੇ, ਉੱਥੇ ਮੈਂ ਨਹੀਂ ਰਹਿ ਸਕਦਾ। ਇਸ ਕਰਕੇ ਮੈਨੂੰ ਜਾਣ ਦੀ ਇਜ਼ਾਜ਼ਤ ਦਿਉ।'

ਦਲਿੱਦਰ

ਰਾਜਾ ਚੇਤੰਨ ਹੋ ਕੇ ਬੈਠ ਗਿਆ ਅਤੇ ਹੁਕਮ ਕੀਤਾ ਕਿ ਤੂੰ ਨਹੀਂ ਜਾ ਸਕਦਾ ਕਿਉਂਕਿ ਤੈਨੂੰ ਰੱਖਣ ਵਾਸਤੇ ਹੀ ਤਾਂ ਮੈਂ ਦਲਿੱਦਰ ਖ਼ਰੀਦਿਆ ਸੀ। ਜੇ ਮੈਂ ਦਲਿੱਦਰ ਨਾ ਖ਼ਰੀਦਦਾ ਤਾਂ ਮੇਰਾ ਧਰਮ ਮਤਲਬ ਤੂੰ ਤਾਂ ਉਸੇ ਵੇਲੇ ਖ਼ਤਮ ਸੀ। ਓਹ ਭਲਿਆ ਮਾਣਸਾ ! ਤੈਨੂੰ ਬਚਾਉਣ ਲਈ ਹੀ ਤਾਂ ਮੈਂ ਦਲਿੱਦਰ ਖ਼ਰੀਦਿਆ ਸੀ ਕਿਉਂ ਕਿ ਮੇਰਾ ਧਰਮ ਹੈ ਮੈਂ ਕਿਸੇ ਨੂੰ ਵੀ ਨਿਰਾਸ਼ ਜਾਂ ਨਰਾਜ ਨਹੀਂ ਦੇਖ ਸਕਦਾ, ਕਿਸੇ ਨੂੰ ਅਵਾਜ਼ਾਰ ਨਹੀਂ ਦੇਖ ਸਕਦਾ। ਇਸ ਕਰਕੇ ਤੂੰ ਕਿਵੇਂ ਜਾ ਸਕਦਾ ਹੈਂ?'

ਰਾਜੇ ਦੀ ਇਹ ਗੱਲ ਸੁਣ ਕੇ ਧਰਮ ਦੇ ਹੋਸ਼ ਟਿਕਾਣੇ ਆ ਗਏ। ਹੈਂ ! ਮੈਂ ਇਹ ਕੀ ਕਰਨ ਲੱਗਾ ਸਾਂ ? ਆਪਣੇ ਆਪ ਨੂੰ ਕੋਸਣ ਲੱਗਾ ਅਤੇ ਕਹਿਣ ਲੱਗਾ, 'ਜੀ ਬਹੁਤ ਵੱਡੀ ਭੁੱਲ ਹੋ ਗਈ ਮੈਥੋਂ। ਉਸ ਦੀ ਮਾਫ਼ੀ ਦਿਉ ਅਤੇ ਇਜ਼ਾਜਤ ਦਿਉ ਕਿ ਮੈਂ ਮਾਇਆ, ਉੱਦਮ ਅਤੇ ਸੱਚ ਨੂੰ ਮੋੜ ਕੇ ਲਿਆਵਾਂ।'

ਰਾਜਾ ਕਹਿਣ ਲੱਗਾ, 'ਪੁੱਤਰ ਤੁਸੀਂ ਸਾਰੀਆਂ ਤਾਕਤਾਂ ਮਿਲ ਕੇ ਇਕ ਦਲਿੱਦਰ ਨੂੰ ਭਜਾ ਨਹੀਂ ਸਕੇ ਪਰ ਇਸ ਦੇ ਉਲਟ ਇਕ ਦਲਿੱਦਰ ਤੋਂ ਡਰ ਕੇ ਆਪ ਸਾਰੇ ਭੱਜਣ ਲਈ ਤਿਆਰ ਹੋ ਗਏ।' ਖ਼ੈਰ ਧਰਮ ਨੇ ਮਾਫ਼ੀ ਮੰਗਦੇ ਹੋਏ ਵਿਦਾ ਮੰਗੀ ਅਤੇ ਮਾਇਆ ਅਤੇ ਉੱਦਮ ਨੂੰ ਵਾਪਸ ਲੈ ਆਇਆ। ਇਨ੍ਹਾਂ ਦੀ ਏਕਤਾ ਦੇਖ ਕੇ ਦਲਿੱਦਰ ਨੂੰ ਉੱਥੋਂ ਆਪਣੇ ਆਪ ਭਜਣਾ ਪੈ ਗਿਆ।

ਬੇ-ਸ਼ੁਮਾਰ ਮੁਸ਼ਕਲਾਂ

ਇਹ ਗੱਲ ਭਾਂਵੇ ਪੁਰਾਣੇ ਸਮਿਆਂ ਦੀ ਹੈ ਪਰ ਅੱਜ ਸਾਡੀ ਜ਼ਿੰਦਗੀ ਵਿਚ ਬਹੁਤੀ ਢੁੱਕਦੀ ਹੈ। ਸਾਡੀਆ ਬੇ-ਸ਼ੁਮਾਰ ਮੁਸ਼ਕਲਾਂ ਦਾ ਕਾਰਨ ਹੈ ਸਾਡਾ ਦਲਿੱਦਰ। ਇਕ ਗੱਲ ਅਸੀਂ ਇਕ ਬੰਦੇ ਦੇ ਸਾਹਮਣੇ ਹੋਰ ਰੂਪ ਵਿਚ ਕਰਦੇ ਹਾਂ ਅਤੇ ਦੂਸਰੇ, ਤੀਸਰੇ ਬੰਦੇ ਦੇ ਸਾਹਮਣੇ ਹੋਰ ਰੂਪ ਵਿਚ ਪੇਸ਼ ਕਰਦੇ ਹਾਂ। ਸਾਡਾ ਕਿਰਦਾਰ ਇੰਨਾ ਪਤਲਾ ਹੁੰਦਾ ਜਾ ਰਿਹਾ ਹੈ ਕਿ ਆਪਣੀ ਹੀ ਗੱਲ ਤੋਂ ਮੁਕਰਨ ਲਈ ਸੌ ਬਹਾਨੇ ਘੜਨ ਦੀ ਸਮਰੱਥਾ ਤਾਂ ਸਾਡੇ ਵਿਚ ਆ ਜਾਂਦੀ ਹੈ ਪਰ ਉਸ ਇਕ ਗੱਲ ਉੱਪਰ ਪੂਰਾ ਉਤਰ ਕੇ ਇਮਾਨ ਬਚਾਉਣਾ ਡਾਹਢਾ-ਔਖਾ ਮਹਿਸੂਸ ਕਰਦੇ ਹਾਂ। ਇਮਾਨ ਦੀ ਪੂਜਾ ਕਰਨੀ ਧਰਮ ਨਹੀਂ ਬਲਕਿ ਇਸ ਨੂੰ ਪੱਲੇ ਬੰਨ੍ਹਣਾ ਧਰਮ ਹੈ।

ਦੇਖੇ-ਦਿਖਾਏ ਅਤੇ ਕਹੇ-ਕਹਾਏ
ਜਿਸ ਲਾਈ ਗੱਲੀਂ, ਉਸੇ ਨਾਲ ਧਾਏ।
ਦਲਿੱਦਰ ਦੇ ਮਾਰੇ ਭਟਕ ਗਏ ਹਾਂ,
ਨਸ਼ਿਆਂ ਦੇ ਵਿਚ ਅਟਕ ਗਏ ਹਾਂ
ਪਛਤਾਏ ਕੁਝ ਨੀਂ ਜੇ ਬਣਨਾ



ਚਿੜੀਆਂ ਨੇ ਜਦ ਖੇਤ ਹੀ ਉਡਾਏ...

ਫ਼ਰਜ਼ ਤੋਂ ਅਵੇਸਲੇ ਹੋਣਾ

ਹੱਦੋਂ ਵੱਧ ਕਮਾਏ ਮੁਨਾਫ਼ੇ ਨਾਲ ਅੱਯਾਸੀ ਕੀਤੀ ਜਾਂਦੀ ਹੈ ਅਤੇ ਬੱਚਿਆਂ ਦੀਆਂ ਆਦਤਾਂ ਵਿਗੜਦੀਆਂ-ਵਿਗੜਦੀਆਂ ਇੰਨੀਆਂ ਵਿਗੜ ਜਾਂਦੀਆਂ ਹਨ ਕਿ ਇਹੋ ਬੱਚੇ ਕਾਬੂ ਤੋਂ ਬਾਹਰ ਹੋ ਜਾਂਦੇ ਹਨ। ਅਖੀਰ ਬੁਰੀ ਸੰਗਤ ਬੁਰਾ ਬਣਾ ਦਿੰਦੀ ਹੈ। ਸਾਡੇ ਪਿੰਡਾਂ ਵਿਚ ਜਿੱਥੇ ਜ਼ਿਆਦਾ ਕਾਮਿਆਂ ਦੀ ਲੋੜ ਹੈ, ਉੱਥੇ ਤਾਂ ਠੀਕ ਹੈ ਕਿ ਮਜ਼ਦੂਰ ਲਾਉਣੇ ਬਣਦੇ ਹਨ ਪਰ ਦੇਖਿਆ ਇਹ ਗਿਆ ਹੈ ਕਿ ਛੋਟੇ ਜ਼ਿਮੀਂਦਾਰਾਂ ਦੇ ਬੱਚੇ ਵੀ ਦੇਖੇ-ਦਿਖਾਏ ਆਪ ਹੱਥੀਂ ਕੰਮ ਕਰਨ ਨੂੰ ਤਿਆਰ ਨਹੀਂ। ਦਲਿੱਦਰ ਨੂੰ ਆਵਾਜ਼ਾਂ ਤਾਂ ਉਹ ਆਪ ਮਾਰਦੇ ਹਨ। ਇਨ੍ਹਾਂ ਬੱਚਿਆਂ ਦੇ ਉੱਪਰ ਤਾਂ ਦਾਰ-ਓ-ਮਦਾਰ ਹੁੰਦਾ ਹੈ ਮਾਪਿਆਂ ਦੇ ਦਿਨ ਬਦਲਣ ਦਾ ਪਰ ਜੇ ਇਹੋ ਬੱਚੇ ਆਪਣਾ ਧਰਮ ਨਾ ਪਾਲ ਕੇ ਮੋਟਰ ਸਾਈਕਲਾਂ ਤੇ ਘੁੰਮਦੇ ਰਹਿਣ ਤਾਂ ਹੁੰਦਾ ਇੰਝ ਹੈ ਕਿ ਇਨ੍ਹਾਂ ਵਿੱਚੋਂ ਬਹੁਤ ਸਾਰੇ ਖ਼ੁਦ ਮਜ਼ਦੂਰੀ ਕਰਨ ਲਈ ਮਜ਼ਬੂਰ ਹੋ ਜਾਂਦੇ ਹਨ। ਉਨ੍ਹਾਂ ਹੀ ਮਜ਼ਦੂਰਾਂ ਦੇ ਵਿਚ ਬੈਠ ਕੇ ਉਹੋ ਜਿਹੀਆਂ ਆਦਤਾਂ ਤੇ ਸੁਭਾਅ ਬਣ ਜਾਂਦੇ ਹਨ, ਲੀੜੇ ਫਟੇ ਹੋਏ ਅਤੇ ਮੋਟਰ ਸਾਈਕਲ ਦੀ ਜਗ੍ਹਾ ਜਾਂ ਤਾਂ ਪੈਦਲ ਤੇ ਜਾਂ ਟੁੱਟਾ ਜਿਹਾ ਸਾਈਕਲ ਤੇ ਮੈਲੇ ਜਿਹੇ ਝੋਲੇ ਵਿਚ ਰੋਟੀ ਦਾ ਡੱਬਾ।

ਆਪਣੇ ਧਰਮ ਨੂੰ ਪਿੱਠ ਦਿਖਾਉਣ ਦਾ ਇਹ ਫਲ਼ ਮਿਲਿਆ ਹੈ ਜਾਂ ਇੰਝ ਕਹੋ ਕਿ ਆਪਣੇ ਫ਼ਰਜ਼ ਤੋਂ ਅਵੇਸਲੇ ਹੋਣ ਦਾ ਇਹ ਸਰਾਪ ਮਿਲਿਆ ਹੈ। ਇਨ੍ਹਾਂ ਹੀ ਬੱਚਿਆਂ ਨੂੰ ਮਾਵਾਂ ਕਿੰਨੇ ਚਾਅ ਨਾਲ ਵਧੀਆ ਪਰੌਂਠੇ ਬਣਾ ਕੇ ਖੁਆਉਂਦੀਆਂ ਸਨ। ਦੁੱਧ, ਦਹੀਂ ਅਤੇ ਲੱਸੀ ਪਿਲਾਉਂਦੀਆਂ ਸਨ ਅਤੇ ਉਨ੍ਹਾਂ ਦੇ ਚਿਹਰਿਆਂ ਤੇ ਅੱਖਾਂ ਵਿੱਚੋਂ ਆਪਣਾ ਉਜੱਵਲ ਭਵਿੱਸ ਦੇਖ ਦੀਆਂ ਸਰਸ਼ਾਰ ਹੁੰਦੀਆਂ ਸਨ ਪਰ ਹਾਇ! ਅੱਜ ਜਦੋਂ ਇਹੋ ਮਾਵਾਂ ਆਪਣੇ ਲਾਡਾਂ ਨਾਲ ਪਾਲੇ ਬੱਚਿਆਂ ਦੀ ਬਦਹਾਲੀ ਦੇਖ ਦੀਆਂ ਹਨ ਤਾਂ ਉਨ੍ਹਾਂ ਦਾ ਅੰਦਰ ਵਲੂੰਧਰਿਆ ਜਾਂਦਾ ਹੈ।

ਹੁਸੀਨ ਸੁਪਨੇ

ਆਪਣੇ ਖੇਤਾਂ ਦੀ ਮਿੱਟੀ ਨਾਲ ਮਿੱਟੀ ਹੋਣ ਦਾ ਅਨੰਦ ਹੀ ਕੁਝ ਹੋਰ ਹੁੰਦਾ ਹੈ ਪਰ ਬਿਗਾਨੇ ਖੇਤਾਂ ਜਾਂ ਸ਼ਹਿਰ ਵਿਚ ਮਜ਼ਦੂਰੀ ਕਰਨਾ ਖ਼ੂਨ ਦੇ ਘੁੱਟ ਭਰਨ ਦੇ ਬਰਾਬਰ ਹੈ। ਜ਼ਿੰਦਗੀ ਦੇ ਹੁਸੀਨ ਸੁਪਨੇ ਚਕਨਾਚੂਰ ਹੋ ਕੇ ਰਹਿ ਜਾਂਦੇ ਹਨ। ਇਸ ਦੇ ਪਿੱਛੇ ਬੱਚਿਆਂ ਦੇ ਕੱਚੇ ਦਿਮਾਗ਼ ਦੀਆਂ ਕਰਤੂਤਾਂ ਤਾਂ ਹੈ ਹੀ ਹਨ ਪਰ ਕਿਤੇ ਨਾ ਕਿਤੇ ਮਾਪਿਆਂ ਨੇ ਵੀ ਆਪਣਾ ਧਰਮ ਨਾ ਨਿਭਾਅ ਕੇ ਬੱਚਿਆਂ ਨਾਲ ਲੋੜੀਂਦਾ ਪਿਆਰ ਅਤੇ ਸਖ਼ਤੀ ਦਾ ਮਿਸ਼ਰਨ ਅਖ਼ਤਿਆਰ ਨਹੀਂ ਕੀਤਾ। ਸਿੱਟਾ ਇਹ ਨਿਕਲਿਆ ਕਿ ਮਾਪਿਆਂ ਦੀਆਂ ਆਸਾਂ-ਉਮੀਦਾਂ ਢਹੀਆਂ ਸੋ ਢਹੀਆਂ, ਬੱਚਿਆਂ ਦਾ ਭਵਿੱਖ ਦਾਅ ਉੱਪਰ ਲੱਗਾ ਸੋ ਲੱਗਾ, ਸਮੁੱਚੇ ਸਮਾਜ ਨੂੰ ਹੀਰਿਆਂ ਵਰਗੇ ਪੁੱਤਰ ਖੋ ਕੇ ਵੈਲੀਆਂ ਦਾ ਵੱਗ ਪਾਲਣਾ ਪੈ ਗਿਆ। ਕੀ ਮਾਪਿਆਂ ਦੀ ਇਸ ਹੂਕ ਬੱਚਿਆਂ ਦੇ ਕੰਨੀ ਪਏਗੀ ? ਉਨ੍ਹਾ ਦਾ ਧਰਮ ਮਾਪਿਆਂ ਦੀਆਂ ਆਂਦਰਾਂ ਠੰਡੀਆਂ ਕਰ ਸਕੇਗਾ? ਇਹ ਹਨ ਦੋ-ਇਕ ਸਵਾਲ ਜਿਨ੍ਹਾਂ ਦਾ ਜਵਾਬ ਦੇਣਾ ਅੱਜ ਦੇ ਪੁੱਤਰਾਂ ਅਤੇ ਧੀਆਂ ਦਾ ਧਰਮ ਹੈ। ਇਸ ਧਰਮ ਦੇ ਪਾਲਣ ਨਾਲ ਉਹ ਨਸ਼ਈਆਂ ਅਤੇ ਮਜ਼ਦੂਰਾਂ ਤੋਂ ਉੱਭਰ ਕੇ ਸਰਦਾਰੀ ਵਾਲੀ ਜ਼ਿੰਦਗੀ ਦੇ ਹੱਕਦਾਰ ਬਣ ਸਕਣਗੇ।

ਅਨਮੋਲ ਇਹ ਜ਼ਿੰਦਗੀ
ਐਂਵੇ ਨਾ ਗਵਾਈਂ ਓਇ
ਦਲਿੱਦਰ ਦੀ ਪੰਡ ਕਦੇ
ਸਿਰ 'ਤੇ ਨਾ ਚਾਈਂ ਓਇ
ਅੰਦਰ-ਬਾਹਰ ਝਾਤ ਮਾਰ
ਅਕਾਸ਼ ਵੱਲ ਨਿਗ੍ਹਾ ਮਾਰ
ਹੌਸਲੇ ਤੇ ਹਿੰਮਤਾਂ ਨੇ ਜਿੱਤੀ
ਹੈ ਖ਼ੁਦਾਈ ਓਏ। •

98761-05647

ਬੱਚਿਆਂ ਉੱਪਰ ਬਾਜ਼ ਅੱਖ ਰੱਖਣਾ

ਮਾਪਿਆਂ ਦਾ ਧਰਮ ਕਦੇ ਇਸ ਗੱਲ ਦੀ ਇਜਾਜ਼ਤ ਨਹੀਂ ਦਿੰਦਾ ਕਿ ਉਹ ਆਪਣੇ ਬੱਚਿਆਂ ਉੱਪਰ ਬਾਜ਼ ਅੱਖ ਨਾ ਰੱਖਣ। ਬੱਚੇ ਨੂੰ ਕਿਹੋ ਜਿਹੀ ਸੇਧ ਦੇਣੀ ਹੈ, ਕਿਹੋ ਜਿਹੇ ਖ਼ਿਆਲਾਤ ਅਤੇ ਸੰਸਕ੍ਰੀਤੀ ਤੋਂ ਜਾਗਰੂਕ ਕਰਾਉਣਾ ਹੈ, ਕਿਹੋ ਜਿਹੀਆਂ ਕਦਰਾਂ-ਕੀਮਤਾਂ ਨੂੰ ਪਰਖਣਾ ਹੈ ਅਤੇ ਉਨ੍ਹਾ ਨਾਲ ਦੋ-ਚਾਰ ਹੋਣਾ ਹੈ, ਇਸ ਸਭ ਦੀ ਮੁੱਢਲੀ ਜ਼ਿੰਮੇਵਾਰੀ ਜਾਂ ਧਰਮ ਮਾਪਿਆਂ ਦਾ ਹੈ। ਜੇਕਰ ਬਾਪ ਨੇ ਹੱਲ ਦੀ ਹੱਥੀ ਹੀ ਫੜੀ ਨਾ ਹੋਵੇ, ਕਹੀ ਮੋਢੇ ਤੇ ਰੱਖੀ ਹੀ ਨਾ ਹੋਵੇ ਤੇ ਦਾਰੂ ਨਾਲੋਂ ਆੜੀ ਛੱਡੀ ਹੀ ਨਾ ਹੋਵੇ ਤਾਂ ਉਮੀਦ ਕਰੇ ਕਿ ਉਸ ਦਾ ਪੁੱਤਰ ਇਕ ਦਰਵੇਸ਼ ਬਣ ਕੇ ਸਾਹਮਣੇ ਆ ਜਾਵੇਗਾ, ਇਹ ਇਕ ਖ਼ਿਆਲੀ ਪੁਲਾਓ ਤੋਂ ਵੱਧ ਕੁਝ ਨਹੀਂ ਹੈ। ਇਕ ਦੁਕਾਨਦਾਰ ਦਾ ਧਰਮ ਹੈ ਕਿ ਗਾਹਕ ਨੂੰ ਸਹੀ ਸਮਾਨ ਵੇਚਣਾ ਅਤੇ ਮੁਨਾਫ਼ਾ ਵੀ ਵਾਜ਼ਬ ਲਵੇ ਪਰ ਉਸ ਦਾ ਧਰਮ ਤਾਂ ਦਿਨ ਵਿਚ ਹਰ ਇਕ ਗਾਹਕ ਆਉਣ ਨਾਲ ਟੁੱਟਦਾ ਹੈ। ਜਿਹੜੇ ਗਾਹਕ ਭੋਲੇ ਹਨ, ਖ਼ਾਸ ਕਰ ਕੇ ਪਿੰਡਾਂ ਦੇ, ਉਨ੍ਹਾਂ ਦੀ ਤਾਂ ਛਿੱਲ ਬਹੁਤੀ ਹੀ ਉਤਾਰੀ ਜਾਂਦੀ ਹੈ, ਵਿਚਾਰੇ ਜੀ-ਜੀ ਕਰ ਕੇ ਪੱਲਾ ਲੁੱਟਾ ਕੇ ਦੁਕਾਨ ਵਿੱਚੋਂ ਬਾਹਰ ਹੋ ਜਾਂਦੇ ਹਨ ਪ੍ਰੰਤੂ ਰਾਮ-ਰਾਮ ! ਵਾਹਿਗੁਰ-ਵਾਹਿਗੁਰੂ ਕਹਿਣ ਵਾਲੇ ਧਰਮੀ ਦੁਕਾਨਦਾਰ ਆਪਣਾ ਧਰਮ ਅਤੇ ਇਮਾਨ ਗਵਾ ਬੈਠਦੇ ਹਨ।

ਡਰੱਮ ਹੈਲਰ ਪ੍ਰਾਚੀਨਤਾ ਤੇ ਆਧੁਨਿਕਤਾ ਕਾਰਨ ਅੱਜ ਕੱਲ੍ਹ ਟੂਰਿਜ਼ਮ ਵਾਲਾ ਅਤੇ ਹਜ਼ਾਰਾਂ ਲੋਕਾਂ ਦੇ ਮਨੋਰੰਜਨ ਦਾ ਸਥਾਨ ਬਣ ਗਿਆ ਹੈ। ਇਸ ਸ਼ਹਿਰ 'ਚ ਬਹੁਤ ਵੱਡਾ ਵਿਸ਼ਵ ਪ੍ਰਸਿੱਧ ਡਾਇਨਾਸੋਰ ਦਾ 'ਟਾਇਰਲ ਮਿਊਜ਼ੀਅਮ' ਹੈ। ਅਮੀਰ ਵਿਰਸੇ ਦੀ ਖ਼ੂਬਸੂਰਤ ਦਿੱਖ ਵਾਲਾ ਇਹ ਇਲਾਕਾ ਖ਼ੂਬਸੂਰਤ ਮੌਸਮ ਤੇ ਮਨੋਰੰਜਨ ਕਿਰਿਆਵਾਂ ਦਾ ਸਥਾਨ ਹੈ...

ਡਰੱਮ ਹੈਲਰ
ਸਭ ਤੋਂ ਵੱਡੇ ਡਾਇਨਾਸੋਰ ਵਾਲਾ ਸ਼ਹਿਰ

• ਰਾਜ ਗੋਗਨਾ

ਕੈਨੇਡਾ ਦਾ ਖ਼ੂਬਸੂਰਤ ਸਹੂਲਤਾਂ ਵਾਲਾ ਅਤੇ ਲਘੂ ਪਹਾੜੀਆਂ ਵਾਲਾ, ਕੁਦਰਤ ਦੀ ਕ੍ਰਿਪਾ ਦ੍ਰਿਸ਼ਟੀ ਨਾਲ ਮਾਲਾ-ਮਾਲ ਹੋਇਆ ਸ਼ਹਿਰ ਹੈ ਡਰੱਮ ਹੈਲਰ। ਇਸ ਸ਼ਹਿਰ ਵਿਖੇ ਦੁਨੀਆ ਦਾ ਸਭ ਤੋਂ ਵੱਡਾ ਡਾਇਨਾਸੋਰ ਹੈ। ਇਹ ਸਥਾਨ ਖ਼ਾਸ ਕਰ ਕੇ ਬੱਚਿਆਂ ਦੇ ਖਿੱਚ ਦਾ ਕੇਂਦਰ ਹੈ। ਬੱਚੇ ਇੱਥੇ ਆਣ ਕੇ ਸਮੋਹਿਤ ਹੋ ਜਾਂਦੇ ਹਨ। ਡਰੱਮ ਹੈਲਰ ਸ਼ਹਿਰ ਜਾਣ ਲਈ ਕੈਨੇਡਾ ਦੇ ਸ਼ਹਿਰ ਐਡਮਿੰਟਨ, ਹੈੱਡ ਡੀਅਰ, ਕੈਲਗਰੀ ਤੋਂ ਅਸਾਨੀ ਨਾਲ ਲਾਈਕਾਰ, ਟੈਕਸੀ, ਟ੍ਰੇਨ ਜਾਂ ਬਾਈ ਏਅਰ ਜਾਇਆ ਜਾ ਸਕਦਾ ਹੈ।

ਇਸ ਸ਼ਹਿਰ ਦਾ ਨਿਰਮਾਣ ਆਧੁਨਿਕ, ਵਿਗਿਆਨਕ ਸ਼ੈਲੀ, ਸ਼ਿਲਪ ਅਤੇ ਪ੍ਰਾਚੀਨ ਪਿੱਠੂ ਭੂਮੀ ਦੇ ਮੁਤਾਬਕ ਤਿਆਰ ਕੀਤਾ ਗਿਆ ਹੈ। ਇਹ ਸ਼ਹਿਰ ਜਿੱਥੇ ਅਨੇਕ ਸਿਰਜਣਸ਼ੀਲ ਕਿਰਿਆਵਾਂ ਕਰਕੇ ਪ੍ਰਸਿੱਧ ਹੈ, ਉੱਥੇ ਇਹ ਡਾਇਨਾਸੋਰ ਕਰਕੇ ਵਿਸ਼ਵ-ਪ੍ਰਸਿੱਧ ਹੈ। ਇਸ ਸ਼ਹਿਰ ਦੇ ਹਰ ਚੌਕ ਵਿਚ ਤੁਹਾਨੂੰ ਡਾਇਨਾਸੋਰ ਦਾ ਸਟੈਚੂ ਮਿਲੇਗਾ। ਇੱਥੇ ਕਈ ਸੌ ਡਾਇਨਾਸੋਰ ਦੇ ਸਟੈਚੂ ਮੌਜੂਦ ਹਨ।

ਦੁਨੀਆ 'ਚੋਂ ਸਭ ਤੋਂ ਵੱਡਾ ਡਾਇਨਾਸੋਰ ਸਟੈਚੂ ਇਕ ਉੱਚੀ ਗੁਫ਼ਾ ਵਾਂਗ ਬਣਾਇਆ ਗਿਆ ਹੈ। ਬਾਹਰੋਂ ਇਕ ਵੱਡਾ ਡਾਇਨਾਸੋਰ ਨਜ਼ਰ ਆਉਂਦਾ ਹੈ ਪਰ ਇਸ ਦੇ ਅੰਦਰ ਮੂੰਹ ਤਕ ਰੰਗਦਾਰ ਗੁਫ਼ਾ ਨੁਮਾ ਪੌੜੀਆਂ ਹਨ ਜੋ ਉਸ ਦੇ ਮੂੰਹ ਤਕ ਜਾਂਦੀਆਂ ਹਨ। ਇਸ ਡਾਇਨਾਸੋਰ ਵਿਚ ਲਗਪਗ 106 ਪੌੜੀਆਂ ਹਨ। ਜੋ ਪੈਰਾਂ ਤੋਂ ਲੈ ਕੇ ਮੂੰਹ ਦੇ ਫੈਲਾਓ ਤਕ ਅੰਦਰੋ ਅੰਦਰੀ ਜਾਂਦੀਆਂ ਹਨ। ਡਾਇਨਾਸੋਰ ਦਾ ਇਹ ਸਟੈਚੂ ਪੈਰਾਂ ਉੱਪਰ ਖੜ੍ਹਾ ਅਸਮਾਨ ਦੀ ਦਿਸ਼ਾ ਵੱਲ ਸਥਿਰ ਹੈ। ਇਸ ਦਾ ਅੰਦਰਲਾ ਭਾਗ ਇਸ ਦੇ ਜਿਸਮ ਦੇ ਰੰਗਾਂ ਨਾਲ ਮੇਲ ਖਾਂਦਾ ਬਣਾਇਆ ਗਿਆ ਹੈ। ਮਾਸ ਦੇ ਰੰਗ ਵਰਗਾ ਅੰਦਰਲਾ ਭਾਗ ਹੈ। ਪੌੜੀਆਂ ਵੀ ਮਾਸ ਦੇ ਰੰਗ ਵਰਗੀਆਂ ਹਨ। ਤੁਸੀਂ ਮਹਿਸੂਸ ਕਰੋਗੇ ਕਿ ਜਿਉਂਦੇ ਡਾਇਨਾਸੋਰ ਵਿੱਚੋਂ ਲੰਘ ਰਹੇ ਹਾਂ। ਡਾਇਨਾਸੋਰ ਦੇ ਅੰਦਰਲੇ ਭਾਗ ਵਿਚ ਉਸ ਦੀਆਂ ਮਾਸਪੇਸ਼ੀਆਂ, ਧਮਣੀਆਂ, ਸਿਰਾਵਾਂ, ਚਰਬੀ ਆਦਿ ਦੇ ਰੰਗ ਰੂਪ, ਸ਼ੈਲੀ, ਸ਼ਿਲਪ ਵਾਂਗ ਬਣਾਈਆਂ ਗਈਆਂ ਹਨ।

ਡਾਇਨਾਸੋਰ ਦੇ ਮੂੰਹ ਤਕ ਜਾਣ ਲਈ 106 ਪੌੜੀਆਂ ਦੇ ਰਸਤੇ ਵਿਚ ਕੁਝ-ਕੁਝ ਦੂਰੀ ਉੱਪਰ 'ਠਹਿਰਨ ਸਥਾਨ' ਬਣਾਏ ਹੋਏ ਹਨ, ਜਿੱਥੇ ਤੁਸੀਂ ਰੁਕ ਸਕਦੇ ਹੋ ਜਾਂ ਬੈਂਚ ਉੱਪਰ ਬੈਠ ਸਕਦੇ। ਜਿਵੇਂ ਡਾਇਨਾਸੋਰ ਦੇ ਪੇਟ ਵਿਚ ਕੋਈ ਰਸਤਾ (ਸੜਕ) ਜਾ ਰਹੀ ਹੋਵੇ। ਇਸ ਦਾ ਅੰਦਰਲਾ ਭਾਗ ਉਤਾਰ-ਚੜ੍ਹਾਅ ਵਾਲਾ ਅਤੇ ਵਿਗਿਆਨਕ ਕਲਾਕਾਰੀ ਦਾ ਨਾਯਾਬ ਨਮੂਨਾ ਹੈ। ਦੁਰਲੱਭ ਅਤੇ ਸ੍ਰੇਸ਼ਟਤਾ ਦਾ ਅਨੂਠਾ ਤਲਿੱਸਮ ਹੈ।

ਇਸ ਦੀਆਂ ਪੌੜੀਆਂ ਚੜ੍ਹਕੇ ਇਸ ਦੇ ਖੁੱਲ੍ਹੇ ਮੂੰਹ ਤਕ ਜਦ ਜਾਉਗੇ ਤਾਂ ਉਸ ਦੇ ਮੂੰਹ ਦਾ ਆਕਾਰ ਇਕ ਵੱਡੇ ਕਮਰੇ ਜਿਨ੍ਹਾਂ ਖੁੱਲ੍ਹਾ ਹੈ। ਜਿਸ 'ਚੋਂ ਖਲੋ ਕੇ ਤੁਸੀਂ ਕਈ ਮੀਲ ਦੂਰ ਦੇ ਸੁੰਦਰ ਦ੍ਰਿਸ਼ ਨਜ਼ਾਰੇ ਵੇਖ ਸਕਦੇ ਹੋ। ਇਸ ਦੇ ਮੂੰਹ ਵਿਚ ਕਈ ਵਿਅਕਤੀ ਖਲੋ ਸਕਦੇ ਹਨ। ਇਸ ਦੇ ਮੂੰਹ ਵਿਚ ਜਾਲੀਨੁਮਾ ਇਕ ਜੰਗਲਾ ਬਣਾਇਆ ਹੋਇਆ ਹੈ ਜਿਸ ਵਿਚ ਤੁਸੀਂ ਸੁਰੱਖਿਅਤ ਖਲੋ ਕੇ ਦੂਰ-ਦੂਰ ਦੇ ਅਨੇਕਾਂ ਹੀ ਸੁੰਦਰ ਦ੍ਰਿਸ਼ ਆਪਣੇ ਕੈਮਰੇ ਵਿਚ ਅਤੇ ਅੱਖਾਂ ਵਿਚ ਸਦਾ ਲਈ ਕੈਦ ਕਰ ਸਕਦੇ ਹੋ। ਡਾਇਨਾਸੋਰ ਦੇ ਸਭ ਤੋਂ ਪਹਿਲਾਂ ਇਸ ਇਲਾਕੇ ਵਿਚ ਹੀ ਸਰੀਰਕ ਚਿੰਨ੍ਹ ਮਿਲਦੇ ਸਨ। ਜਬਾੜੇ ਅਤੇ ਹੱਡੀਆਂ ਦੇ ਚਿੰਨ੍ਹਾਂ ਨੂੰ ਇਕ ਵੱਡੇ ਅਜਾਇਬ ਘਰ ਵਿਚ ਸੰਭਾਲ ਕੇ ਰੱਖਿਆ ਹੋਇਆ ਹੈ। ਜਿੱਥੇ ਲੋਕ ਇਨ੍ਹਾਂ ਨੂੰ ਉਤਸ਼ਾਹ ਨਾਲ ਵੇਖਣਾ ਆਉਂਦੇ ਹਨ।

ਡਰੱਮ ਹੈਲਰ ਨੂੰ 'ਡਾਇਨਾਸੋਰ ਕੈਪੀਟਲ' ਵੀ ਕਹਿੰਦੇ ਹਨ। ਲੱਖਾਂ ਸਾਲ ਪਹਿਲਾਂ ਇਹ ਇਲਾਕਾ ਜਾਣਿਆ-ਪਛਾਣਿਆ ਇਲਾਕਾ ਸੀ ਕਿਉਂਕਿ ਇੱਥੇ ਤਰ੍ਹਾਂ-ਤਰ੍ਹਾਂ, ਵੱਖ-ਵੱਖ ਸ਼੍ਰੇਣੀਆਂ ਜਾਤੀਆਂ ਦੇ ਪੌਦੇ ਪਾਏ ਜਾਂਦੇ ਹਨ। ਜਿੱਥੇ ਡਾਇਨਾਸੋਰ ਰਹਿਣਾ ਪਸੰਦ ਕਰਦੇ ਸਨ ਅਤੇ ਉਹ ਇਸ ਇਲਾਕੇ ਦੇ ਜਲਵਾਯੂ, ਵਾਤਾਵਰਨ ਵਿਚ ਖ਼ੁਸ਼ ਰਹਿੰਦੇ ਸਨ। ਹਾਲਾਤ ਤੇ ਸਮੇਂ ਦੀ ਕਰਵਟ ਨਾਲ ਇਨ੍ਹਾਂ ਜਾਨਵਰਾਂ (ਡਾਇਨਾਸੋਰ) ਦੀ ਨਸਲ ਖ਼ਤਮ ਹੁੰਦੀ ਚਲੀ ਗਈ ਤੇ ਇਸ ਇਲਾਕੇ ਵਲ ਕੇਵਲ ਉਨ੍ਹਾਂ ਦੇ ਸਰੀਰ ਦੇ ਪਿੰਜਰ ਹੀ ਰਹਿ ਗਏ।

ਵਿਗਿਆਨਕ ਖੋਜ ਨਾਲ ਪਤਾ ਲੱਗਾ ਕਿ ਇਸ ਇਲਾਕੇ ਵਲ ਡਾਇਨਾਸੋਰ ਜਾਤੀ ਦੇ ਜਾਨਵਰ ਰਹਿੰਦੇ ਸਨ। ਲਗਪਗ 1880 ਦੇ ਲਾਗੇ-ਚਾਗੇ ਇਨ੍ਹਾਂ ਦੀ ਹੋਂਦ ਦਾ ਪਤਾ ਲੱਗਾ ਤੇ ਸਿਰਫ਼ ਪਿੰਜਰ ਚਿੰਨ੍ਹ ਹੀ ਮਿਲੇ। ਸਭ ਤੋਂ ਪਹਿਲਾ 'ਟਾਇਰਲ' ਨਾਂਅ ਦਾ ਵਿਅਕਤੀ ਇਸ ਇਲਾਕੇ ਵੱਲ ਆਇਆ। ਉਸ ਨੂੰ ਗਿਆਨ ਹੋਇਆ ਕਿ ਇਸ ਇਲਾਕੇ ਵਿਚ ਡਾਇਨਾਸੋਰ ਰਹਿੰਦੇ ਰਹੇ ਹਨ। ਅੰਦਾਜ਼ਾ ਹੈ ਕਿ ਲਗਪਗ 11 ਹਜ਼ਾਰ ਸਾਲ ਪਹਿਲਾਂ ਇਸ ਇਲਾਕੇ ਵੱਲ ਡਾਇਨਾਸੋਰ ਮੌਜੂਦ ਸਨ। ਇਸ ਇਲਾਕੇ ਵੱਲ ਤੇਲ ਅਤੇ ਕੋਇਲੇ ਦੀਆਂ ਖਾਨਾਂ ਦੇ ਭੰਡਾਰ ਵੀ ਮੌਜੂਦ ਸਨ। ਇਸ ਇਲਾਕੇ ਨੂੰ ਅਲਬਰਟਾ ਸੋਰੂ ਨਾਂ ਨਾਲ ਵੀ ਪ੍ਰਸਿੱਧੀ ਮਿਲੀ। ਏਧਰ 'ਰੈਡ ਡੀਅਰ ਰਿਵਰ ਵੈਲੀ' ਦੇ ਨਜ਼ਦੀਕ ਬਰਫ਼ ਦੇ ਵੱਡੇ-ਵੱਡੇ ਗਲੇਸ਼ੀਅਰ ਦੀ ਤਦਾਦ ਬਹੁਤ ਜ਼ਿਆਦਾ ਸੀ ਜਿਨ੍ਹਾਂ ਦੇ ਧਿਆਨ ਨਾਲ ਦੂਰ-ਦੂਰ ਤਕ ਅਨੇਕਾਂ ਹੀ ਵਾਦੀਆਂ ਦੀ ਹੋਂਦ ਪੈਦਾ ਹੋਈ। ਇਸ ਇਲਾਕੇ ਵੱਲ ਘੁੰਮਣ ਫਿਰਨ ਆਏ ਲੋਕਾਂ ਨੇ ਡਾਇਨਾਸੋਰ ਦੇ ਚਿੰਨ੍ਹ ਵੇਖੇ ਸਨ। ਜਿਸ ਤੋਂ ਖੋਜ ਸੰਭਵ ਹੋਈ।

ਕੈਲਗਰੀ ਸ਼ਹਿਰ ਤੋਂ ਡਰੱਮ ਹੈਲਰ ਨੂੰ 1913 ਦੇ ਕਰੀਬ ਰੇਲਵੇ ਸਫ਼ਰ ਸ਼ੁਰੂ ਹੋਇਆ ਅਤੇ ਹੌਲੀ-ਹੌਲੀ ਧੰਦਾ ਯੁਕਤ ਲੋਕ ਇਸ ਇਲਾਕੇ ਵੱਲ ਵਸਦੇ ਗਏ। ਜਿਨ੍ਹਾਂ ਲੋਕਾਂ ਨੂੰ ਵੀ ਇਹ ਇਲਾਕਾ ਚੰਗਾ ਲੱਗਾ ਇੱਥੇ ਵਸਦੇ ਗਏ। ਲਗਪਗ 1911 ਦੇ ਕਰੀਬ ਕੋਇਲੇ ਦੇ ਸ਼ਿੱਪ ਲੋਡ ਹੁੰਦੇ ਰਹੇ ਅਤੇ ਕੈਨੇਡਾ ਵਿਚ ਜਾਂਦੇ ਰਹੇ। ਇਹ ਵੀ ਇਕ ਅਦਭੁਤ ਘਟਨਾ ਹੈ ਜਾਂ ਵਾਕਿਆ ਹੈ ਕਿ 'ਡਰੱਮ ਹੈਲਰ' ਸ਼ਹਿਰ ਦਾ ਨਾਂ ਕਿੱਥੋਂ, ਕਦੋਂ ਤੇ ਕਿਵੇਂ ਬਣਿਆ? ਇਸ ਇਲਾਕੇ ਵੱਲ 'ਸੈਮੂਅਲ ਡਰੱਮ ਹੈਲਰ' ਨਾਂ ਦੇ ਇਕ ਵਿਅਕਤੀ ਨੇ ਜ਼ਮੀਨ ਖ਼ਰੀਦੀ, ਉਸ ਨੇ ਇਹ ਜ਼ਮੀਨ ਨੈਸ਼ਨਲ ਰੇਲਵੇ ਨੂੰ ਵੇਚ ਦਿੱਤੀ ਨਵਾਂ ਸ਼ਹਿਰ ਬਣਾਉਣ ਲਈ।

ਸੈਮੂਅਲ ਡਰੱਮ ਹੈਲਰ ਅਤੇ ਇਕ ਹੋਰ ਵਿਅਕਤੀ ਨੇ ਆਪਣੇ ਨਾਵਾਂ ਦਾ ਸਿੱਕੇ ਨਾਲ ਟਾਸ ਪਾਇਆ ਕਿ ਜਿਸ ਦਾ ਨਾਂ ਟਾਸ ਵਿਚ ਸਹੀ ਆਵੇਗਾ ਉਸ ਦੇ ਨਾਂ ਉੱਪਰ ਇਸ ਇਲਾਕੇ ਦਾ ਨਾਮ ਹੋਵੇਗਾ। ਸਿੱਕੇ ਦੇ ਟਾਸ ਦਾ ਨਤੀਜਾ ਇਹ ਨਿਕਲਿਆ ਕਿ ਸੈਮੂਅਲ ਡਰੱਮ ਹੈਲਰ ਟਾਸ ਜਿੱਤ ਗਿਆ ਅਤੇ ਉਸ ਦੇ ਨਾਂ ਉੱਪਰ ਇਸ ਇਲਾਕੇ ਦਾ ਨਾਮ 'ਡਰੱਮ ਹੈਲਰ' ਰੱਖ ਦਿੱਤਾ ਗਿਆ। ਇਸ ਇਲਾਕੇ ਵਲ 1911-1979 ਦੇ ਸਮੇਂ ਦੌਰਾਨ ਲਗਪਗ 139 ਕੋਇਲੇ ਦੀਆਂ ਖਾਨਾਂ ਰਜਿਸਟਰ ਹੋਈਆਂ ਅਤੇ ਲਗਪਗ 56 ਲੱਖ ਟਨ ਕੋਇਲਾ ਸ਼ਿੱਪ ਦੇ ਜ਼ਰੀਏ ਕੈਨੇਡਾ ਦੇ ਸ਼ਹਿਰਾਂ ਨੂੰ ਭੇਜਿਆ। ਕੋਇਲੇ ਦੀਆਂ ਖਾਨਾਂ ਵਿਚ ਨੌਕਰੀ ਕਰਨਾ ਇਕ ਖ਼ਤਰਨਾਕ ਧੰਦਾ ਸੀ। ਇਨ੍ਹਾਂ ਕੋਇਲੇ ਦੀਆਂ ਖਾਨਾਂ ਵਿਚ ਅਨੇਕਾਂ ਹੀ ਕਾਮਿਆਂ ਦੀਆਂ ਜਾਨਾਂ ਗਈਆਂ। ਜਿਨ੍ਹਾਂ ਕਾਮਿਆਂ ਦੀਆਂ ਮੌਤਾਂ ਕੋਇਲੇ ਦੀਆਂ ਖਾਨਾਂ ਕਰਕੇ ਹੋਈਆਂ ਉਨ੍ਹਾਂ ਦੀ ਯਾਦ ਵਿੱਚ 224, ਸੈਂਟਰਲ ਸਟਰੀਟ ਵਿਖੇ ਇੱਕ ਯਾਦਗਾਰ ਸਥਾਪਤ ਕਰ ਦਿੱਤੀ ਗਈ ਜੋ 'ਐਟਲਸ ਡਰੱਗ ਹੈਲਰ ਦੀ ਪ੍ਰਾਚੀਨਤਾ ਅਤੇ ਆਧੁਨਿਕਤਾ ਦਾ ਗਹਿਰਾ ਪ੍ਰਭਾਵ ਪੈਂਦਾ ਹੈ। ਕੋਲ ਮਾਈਨ ਨੈਸ਼ਨਲ ਹਿਸਟੋਰੀਕਲ ਸਾਈਟ' ਨਾਲ ਪ੍ਰਸਿੱਧ ਹੈ। 1979 ਵਿੱਚ ਇਹ ਆਖਰੀ ਕੋਇਲੇ ਦੀ ਖਾਨ ਸੀ। ਇਸ ਸਥਾਨ ਨੂੰ ਵੇਖਣ ਲਈ ਹਜ਼ਾਰਾਂ ਲੋਕ ਹੀ ਆਉਂਦੇ ਹਨ। ਅਜਕਲ ਇਹ ਇਲਾਕਾ ਡਾਇਨਾਸੋਰ ਦੀ ਵਿਸ਼ਵ ਪ੍ਰਸਿੱਧੀ ਲਈ ਅਤੇ ਖੇਤੀਬਾੜੀ (ਖੇਤੀ ਧੰਦੇ) ਦੇ ਉਦਯੋਗ ਦਾ ਸਭ ਤੋਂ ਵੱਡਾ ਕੇਂਦਰ ਹੈ। ਤੇਲ ਤੇ ਗੈਸ ਦੇ ਭੰਡਾਰ ਤੋਂ ਇਲਾਕਾ ਖੇਤੀ ਉਦਯੋਗ ਦਾ ਵੱਡਾ ਕੇਂਦਰ ਹੈ। ਅਨੇਕਾਂ ਹੀ ਲੋਕ ਇਸ ਇਲਾਕੇ ਵਿੱਚ ਇਨ੍ਹਾਂ ਭੰਡਾਰਾਂ ਕਰਕੇ ਨੌਕਰੀਆਂ ਕਰਦੇ ਹਨ।

ਅੱਜਕੱਲ੍ਹ ਇਹ ਟੂਰਿਜ਼ਮ ਵਾਲਾ ਅਤੇ ਹਜ਼ਾਰਾਂ ਲੋਕਾਂ ਦੇ ਮਨੋਰੰਜਨ ਦਾ ਸਥਾਨ ਬਣ ਗਿਆ ਹੈ। ਇਸ ਸ਼ਹਿਰ ਵਿਚ ਬਹੁਤ ਵੱਡਾ ਵਿਸ਼ਵ ਪ੍ਰਸਿੱਧ ਡਾਇਨਾਸੋਰ ਦਾ 'ਟਾਇਰਲ ਮਿਊਜ਼ੀਅਮ' ਹੈ। ਅਮੀਰ ਵਿਰਸੇ ਦੀ ਖ਼ੂਬਸੂਰਤ ਦਿਖ ਵਾਲਾ ਇਹ ਇਲਾਕਾ ਖ਼ੂਬਸੂਰਤ ਮੌਸਮ ਅਤੇ ਮਨੋਰੰਜਨ ਕਿਰਿਆਵਾਂ ਦਾ ਸਥਾਨ ਹੈ। ਡਰੱਗ ਹੈਲਰ ਦੀ ਪ੍ਰਾਚੀਨਤਾ ਅਤੇ ਆਧੁਨਿਕਤਾ ਦਾ ਗਹਿਰਾ ਪ੍ਰਭਾਵ ਪੈਂਦਾ ਹੈ। ਇਸ ਇਲਾਕੇ ਦੀ ਆਧੁਨਿਕ ਸੰਵੇਦਨਸ਼ੀਲਤਾ ਦਾ ਵਿਕਾਸ ਕਰਕੇ ਜੰਨਤ ਦਾ ਨਾਂ ਦਿੱਤਾ ਗਿਆ ਹੈ। ਕਿਉਂਕਿ ਸੁੰਦਰ ਨਰ-ਨਾਰੀ, ਵਿਗਿਆਨ, ਕੁਦਰਤ ਅਤੇ ਸਵਾਦ ਦੇ ਮਿਸ਼ਰਣ ਨੂੰ ਹੀ ਜੰਨਤ ਕਿਹਾ ਗਿਆ ਹੈ। ਖ਼ਾਸ ਕਰ ਕੇ ਇਸ ਇਲਾਕੇ ਨੇ ਡਾਇਨਾਸੋਰ ਦੇ ਭੂਮੀ ਚਿੰਨ੍ਹ, ਵਿਭੇਦਕ ਚਿੰਨ੍ਹ, ਸਿਥਲਾ ਕ੍ਰਿਤੀ ਆਦਿ ਚਿੰਨ੍ਹਾਂ ਕਰਕੇ ਵੀ ਵਿਸ਼ਵ ਪ੍ਰਸਿੱਧੀ ਹਾਸਿਲ ਕੀਤੀ ਹੈ। ਰੈਡ ਡੀਅਰ ਨਦੀ ਦੀ ਮਹਾਨਤਾ ਵੀ ਇਸ ਇਲਾਕੇ ਨੂੰ ਚਾਰ ਚੰਨ੍ਹ ਲਾਉਂਦੀ ਹੈ। ਸਵੇਰੇ ਸ਼ਾਮ ਪਹਾੜੀ ਇਲਾਕੇ ਦੀਆਂ ਭੂਮੀ ਨੁਕਰਾਂ 'ਚੋਂ ਉਸਦੇ ਆਕਰਸ਼ਕ ਸੁੰਦਰ ਦ੍ਰਿਸ਼ ਅਤੇ ਨਦੀ ਵਿਚ ਕਈ ਤਰ੍ਹਾਂ ਦੀਆਂ ਕਿਸ਼ਤੀ ਖੇਡਾਂ ਦੇ ਨਜ਼ਾਰੇ ਮਾਨਣ ਵਾਲੇ ਹੁੰਦੇ ਹਨ। ਇਸ ਇਲਾਕੇ ਦਾ ਪ੍ਰਸਿੱਧ ਲੰਕੀ ਫਿੱਗਰ ਡਰੈੱਸ (ਲੰਬਾ ਪਹਿਰਾਵਾ) ਵੀ ਮਜਬੂਰ ਹੈ। ਇਕ ਲੰਬਾ ਲਿਬਾਸ ਜੋ ਗੋਡਿਆਂ ਤਕ ਹੁੰਦਾ ਹੈ।

ਇਸ ਇਲਾਕੇ ਦੀ ਬੈਡ ਲੈਂਡ (ਨਿਸਫਲ ਮਿੱਟੀ) ਜ਼ਮੀਨ ਨੂੰ ਵੀ ਮਨੋਰੰਜਨ ਕਿਰਿਆਵਾਂ ਲਈ ਵਰਤਿਆ ਜਾਂਦਾ ਹੈ। ਭਾਵੇਂ ਇਹ ਜ਼ਮੀਨ ਉਪਜਾਊ ਨਹੀਂ ਹੈ ਪਰ ਇਸ ਨੂੰ ਮਨੋਰੰਜਨ ਕਿਰਿਆਵਾਂ ਨਾਲ ਜੋੜਕੇ ਆਮਦਨ ਦਾ ਸਾਧਨ ਬਣਾ ਲਿਆ ਗਿਆ ਹੈ। ਇਸ ਬੰਜਰ ਪਥਰੀਲੀ ਰਸਤਿਆਂ ਉੱਪਰ ਸਾਈਕਲ ਚਲਾਉਂਦਾ ਘੋੜ ਖੇਡਾਂ ਆਦਿ ਦਾ ਮਜ਼ਾ ਲਿਆ ਜਾ ਸਕਦਾ ਹੈ। ਮੋਟਰ ਸਾਈਕਲ ਦੇ ਵੀ ਇਸ ਉੱਪਰ ਮਜ਼ੇ ਲਏ ਜਾ ਸਕਦੇ ਹਨ।

ਇਸ ਇਲਾਕੇ ਵੱਲ ਸੁੰਦਰ ਹਰੀਆਂ ਭਰੀਆਂ ਵਾਦੀਆਂ, ਝੀਲਾਂ, ਝਰਨੇ, ਨਦੀਆਂ, ਸੁੰਦਰਤਾ ਅਤੇ ਅਦਭੁਦਤਾ ਨਾਲ ਲਬਰੇਜ਼ ਹਨ। ਇਸ ਇਲਾਕੇ ਦਾ ਨੀਮ ਪਹਾੜੀ ਇਲਾਕਾ ਵੀ ਕਮਾਲ ਦੇ ਮਨਮੋਹਕ ਦ੍ਰਿਸ਼ ਬਣਾਉਂਦਾ ਹੋਇਆ ਇਸ ਦੀ ਅਹਿਮੀਅਤ ਨੂੰ ਮਹਾਨਤਾ ਦਿੰਦਾ ਹੈ। ਇਸ ਇਲਾਕੇ ਦੀਆਂ ਲਘੂ ਪਹਾੜੀਆਂ ਦੁਨੀਆ ਦੀਆਂ ਪਹਾੜੀਆਂ ਨਾਲੋਂ ਬਿਲਕੁਲ ਵੱਖਰੀਆਂ ਹਨ। ਖੁੰਭਾਂ ਵਰਗੀਆਂ ਛੋਟੀਆਂ-ਛੋਟੀਆਂ ਚੂੜੀਦਾਰ ਪਹਾੜੀਆਂ ਦੇ ਵਜੂਦ ਆਪਣੀ ਪਰਿਭਾਸ਼ਾ ਦਾ ਸੰਤੁਸ਼ਟ ਨਿਵਾਰਣ ਕਰਦੇ ਹਨ। ਚਾਕਲੇਟ ਅਤੇ ਗੁੜ ਦੀਆਂ ਪੇਸੀਆਂ ਵਰਗੀਆਂ ਕਿੰਗਰੇਦਾਰ, ਬਹੁ ਰੰਗੀ ਧਾਰੀਆਂਦਾਰ, ਕਿਸੇ ਦੁਪੱਟੇ ਦੇ ਅਨੇਕਾਂ ਰੰਗਾਂ ਵਰਗੀਆਂ ਨਿਹਾਇਤ ਖ਼ੂਬਸੂਰਤ, ਅਨੂਠੈਪਣ ਵਾਲੀਆਂ ਪਹਾੜੀਆਂ ਵੇਖ-ਵੇਖਕੇ ਜੀ ਨਹੀਂ ਰੱਜਦਾ। ਦੂਰ-ਦੂਰ ਤਕ ਦੇ ਖੇਤ, ਜਿਵੇਂ ਕੋਈ ਫੁਲਕਾਰੀ ਆਪਣੇ ਜਲਵੇ ਵਿਚ ਕਿਸੇ ਨਾਰੀਤਵ ਦੀ ਹੋਂਦ ਦਾ ਅਹਿਸਾਸ ਕਰਵਾ ਰਹੀ ਹੋਵੇ, ਇਕ ਜੰਨਤ ਹੈ।

ਹੋਰ ਵੇਖਣ ਯੋਗ ਸਥਾਨ

ਮੋਰੀਨ ਹਿਸਟੋਰੀਕਲ ਪਾਰਕ, ਮੋਰੀਨ ਕਾਰਨਰ, ਬੁਫਾਲੇ ਟ੍ਰਰਜ, ਮਕਲਰੇਨ ਡਮ, ਮਸ਼ੀਸ਼ੀ ਡਮ, ਸਟਾਰਲੈਂਡ, ਰੀਕਰੀਏਸ਼ਨ ਏਹੀਆ, ਡੇਲੀਆ ਮਿਊਜ਼ੀਅਮ ਤੇ ਗਰਿਸਟ ਮਿੱਲ, ਬੈਡ ਲੈਂਡ ਗੈਲਰੀ, ਆਰਟਿਸਟ ਤੇ ਗੈਲਰੀ, ਕਾਗਕੇਲ ਕਲੇ ਸਟੂਡੀਓ, ਵੈਲੀ ਡੋਲ ਮਿਊਜ਼ੀਅਮ, ਜੰਗਲਿੰਗ ਵਰਕਸ ਹੋਮ ਐਂਡ ਗਿਫਟ, ਕੈਨੇਡੀਅਨ ਬੈਡ ਲੈਂਡਸ, ਨਿਊ ਕਾਸਟਲ ਕੰਟਰੀ, ਰਿਵਰ ਗਰੋਵ ਕੰਪਾਊਂਡ ਐਂਡ ਕੈਬਿਨਸ 'ਦ ਫੋਕਸ ਡੈਨ, ਹਾਰਟ ਵੁਡਇਨ ਐਂਡ ਸਪਾ ਬੈਡ ਲੈਂਡ ਗੈਲਰੀ, ਬੈਡ ਲੈਂਡ ਹਿਸਟੋਰੀਕਲ ਸੈਂਟਰ, ਪ੍ਰਸਿੱਧ ਮੈਕਲਾਰੇਨ ਡੈਮ, ਸਟਾਰ ਲੈਂਡ ਰੀਕਰੇਸ਼ਨ ਏਰੀਆ, ਹਾਰਸ਼ ਸ਼ੋਅ, ਕੇਵਰਸ ਲੇਕ ਕੈਂਪ ਗਰਾਊਂਡ, ਓਰਕੇ ਨਿਊ ਪੁਆਇੰਟ, ਕਿਸ਼ਤੀ ਯਾਤਰਾ, ਰਾਇਲ ਟਾਇਰੈਲ ਮਿਊਜ਼ਿਮ, ਵੰਡਰ ਗੈਲਰੀ ਰੋ, ਰੈਡ ਡੀਅਰ ਰੀਵਰ ਵੈਲੀ, ਡਾਇਨਾਸੋਰ ਖੋਜ ਕੇਂਦਰ, ਪਿਕਨਿਕ ਏਰੀਆ ਆਦਿ ਹਨ। ਵੇਖਿਆ ਜਾਏ ਤਾਂ ਡਰੱਮ ਹੈਲਰ ਸ਼ਹਿਰ ਆਧੁਨਿਕ ਸੱਭਿਆਚਾਰ ਦਾ ਤੀਰਥ ਸਥਾਨ ਹੈ। ਇਹ ਧਰਤੀ ਦਾ ਪ੍ਰਮਾਣਿਕ ਸਵਰਗ ਹੈ। •

ਉੱਤਰੀ-ਭਾਰਤ ਦੇ ਸਭ ਤੋਂ ਵੱਡੇ ਇਸ ਜ਼ੂਆਲੋਜੀਕਲ ਪਾਰਕ ਵਿਚ ਲਾਇਨ-ਸਫ਼ਾਰੀ ਇਸ ਦੀ ਪ੍ਰਮੁੱਖ ਵਿਸ਼ੇਸ਼ਤਾ ਹੈ। ਇਸ ਪਾਰਕ ਵਿਚ ਪੰਛੀਆਂ, ਰੀਂਘਣ ਵਾਲੇ ਜੀਵਾਂ ਅਤੇ ਜਾਨਵਰਾਂ ਦੀਆਂ ਕਰੀਬ 88 ਜਾਤੀਆਂ ਅਜਿਹੀਆਂ ਹਨ ਜੋ ਬਹੁਤ ਹੀ ਦੁਰਲੱਭ ਹਨ...

ਚਿੜੀਆਘਰ ਦੀ ਮਨੋਰੰਜਕ ਯਾਤਰਾ

ਪ੍ਰੋ. ਨਵ ਸੰਗੀਤ ਸਿੰਘ

9417692015

ਜੂਨ 2018 ਦੇ ਆਖ਼ਰੀ ਹਫ਼ਤੇ ਮੇਰੀ ਬੇਟੀ ਰੂਹੀ ਦੇ ਮਾਸੀ ਆਪਣੀ ਬੇਟੀ ਨੂੰ ਲੈ ਕੇ ਸਾਡੇ ਕੋਲ ਤਲਵੰਡੀ ਸਾਬੋ ਆਏ। ਰੂਹੀ ਨੂੰ ਤਾਂ ਜਿਵੇਂ ਚਾਅ ਹੀ ਚੜ੍ਹ ਗਿਆ। ਦੋਵੇਂ ਸਾਰਾ- ਸਾਰਾ ਦਿਨ ਜਾਂ ਤਾਂ ਪੜ੍ਹਦੀਆਂ ਤੇ ਜਾਂ ਫਿਰ ਇਨਡੋਰ ਖੇਡਾਂ ਖੇਡਦੀਆਂ। ਗੁਰਦੁਆਰੇ ਜਾਣ ਦਾ ਤਾਂ ਉਨ੍ਹਾਂ ਦਾ ਨਿੱਤਨੇਮ ਸੀ। ਉਨ੍ਹਾਂ ਦੀ ਵਾਪਸੀ ਦਾ ਪ੍ਰੋਗਰਾਮ ਬਣਿਆ ਤਾਂ ਰੂਹੀ ਉਦਾਸ ਹੋ ਗਈ। ਉਸ ਦੀ ਮਾਸੀ ਨੇ ਕਿਹਾ,'ਪੁੱਤਰ, ਆਪਾਂ ਇਉਂ ਨਾ ਕਰੀਏ, ਤੂੰ ਵੀ ਸਾਡੇ ਨਾਲ ਚੱਲ, ਦੋ- ਚਾਰ ਦਿਨ ਸਾਡੇ ਕੋਲ ਸਨੌਰ ਰਹੀ। ਫੇਰ ਜਦੋਂ ਤੇਰਾ ਜੀਅ ਕੀਤਾ, ਆਪਾਂ ਮੰਮਾ-ਪਾਪਾ ਨੂੰ ਫੋਨ ਕਰ ਦਿਆਂਗੇ, ਉਹ ਤੈਨੂੰ ਲੈ ਜਾਣਗੇ। ਠੀਕ ਹੈ ਪ੍ਰੋਗਰਾਮ?' ਮਾਸੀ ਨੇ ਨਵੀਂ ਵਿਉਂਤ ਬਣਾ ਕੇ ਰੂਹੀ ਨੂੰ ਖ਼ੁਸ਼ ਕਰਨ ਦੀ ਕੋਸ਼ਿਸ਼ ਕੀਤੀ। ਦੋ ਕੁ ਦਿਨ ਤਾਂ ਰੂਹੀ ਨੇ ਸਨੌਰ ਵਿਚ ਖ਼ੂਬ ਜੀ ਲਾਇਆ ਪਰ ਤੀਜੇ ਦਿਨ ਹੀ ਉਹਨੇ ਫੋਨ ਕਰ ਕੇ ਸਾਨੂੰ ਸੱਦ ਲਿਆ। ਅਗਲੀ ਰਾਤ ਮੈਂ ਰੂਹੀ ਨੂੰ ਫੋਨ 'ਤੇ ਦੱਸਿਆ," ਬੇਟੇ, ਮੇਰੇ ਮਨ ਵਿਚ ਇੱਕ ਗੱਲ ਆਈ ਹੈ। ਅੱਜ ਕੱਲ੍ਹ ਮੌਸਮ ਬਹੁਤ ਵਧੀਆ ਹੈ, ਮੀਂਹ ਤਾਂ ਲਗਪਗ ਹਰ ਰੋਜ਼ ਹੀ ਪੈਂਦਾ ਹੈ। ਜੇ ਤੂੰ ਚਾਹੇਂ, ਆਪਾਂ ਛੱਤਬੀੜ ਚਿੜੀਆਘਰ ਚੱਲੀਏ...?'

ਰੂਹੀ ਤਾਂ ਇਹ ਸੁਣ ਕੇ ਉੱਛਲ ਹੀ ਪਈ। ਅਗਲੇ ਦਿਨ ਮੈਂ ਸਵੇਰੇ ਪਹਿਲੀ ਬੱਸ ਰਾਹੀਂ ਪਟਿਆਲਾ ਪਹੁੰਚ ਗਿਆ ਤੇ ਉਧਰੋਂ ਸਨੌਰ ਤੋਂ ਰੂਹੀ ਮੰਮਾ ਸਮੇਤ ਪਟਿਆਲੇ ਆ ਗਈ। ਕਰੀਬ ਸਵਾ ਕੁ ਦਸ ਵਜੇ ਬੱਸ ਲੈ ਕੇ ਅਸੀਂ ਪੌਣੇ ਬਾਰ੍ਹਾਂ ਵਜੇ ਛੱਤ ਬੀੜ ਪਹੁੰਚੇ ਤੇ ਅੱਗੋਂ ਇਕ ਆਟੋ ਰਾਹੀਂ ਚਿੜੀਆਘਰ ਪੁੱਜ ਗਏ, ਜਿਸ ਦਾ ਪੂਰਾ ਨਾਂ 'ਮਹਿੰਦਰਾ ਚੌਧਰੀ ਜ਼ੂਆਲੋਜੀਕਲ ਪਾਰਕ' ਹੈ। ਆਸਪਾਸ ਦਾ ਵਾਤਾਵਰਨ, ਸਾਰੇ ਪਾਸੇ ਸੰਘਣੇ- ਸੰਘਣੇ ਰੁੱਖ, ਮੀਂਹ ਵਾਲਾ ਮੌਸਮ, ਦੂਰੋਂ ਆ ਰਹੀਆਂ ਮੋਰਾਂ ਦੀਆਂ ਆਵਾਜ਼ਾਂ... ਰੂਹੀ ਨੇ ਆਪਣਾ ਸਮਾਰਟਫੋਨ ਕੱਢ ਕੇ ਇਨਾਂ ਪਲਾਂ ਨੂੰ ਕੈਮਰੇ ਵਿਚ ਬੰਦ ਕੀਤਾ। ਟਿਕਟ- ਕਾਊਂਟਰ ਦੇ ਨੇੜੇ ਬਣੇ ਹੋਟਲ ਤੋਂ ਪੈਟੀਜ਼ ਖਾ ਕੇ ਅਸੀਂ ਅੰਦਰ ਜਾਣ ਲਈ ਤਿੰਨ ਟਿਕਟਾਂ ਲਈਆਂ। ਅਸੀਂ ਚਿੜੀਆਘਰ ਅੰਦਰ ਦਾਖਲ ਹੋਏ। ਸੋਮਵਾਰ ਦੀ ਛੁੱਟੀ ਤੋਂ ਇਲਾਵਾ ਇਹ ਚਿੜੀਆਘਰ ਹਰ ਰੋਜ਼ ਸਵੇਰੇ ਨੌਂ ਵਜੇ ਤੋਂ ਸ਼ਾਮੀਂ ਪੌਣੇ ਪੰਜ ਵਿਚ ਤਕ ਯਾਤਰੀਆਂ ਲਈ ਖੁੱਲ੍ਹਾ ਰਹਿੰਦਾ ਹੈ।

ਐਂਟਰੀ-ਦਰਵਾਜ਼ੇ ਤੇ ਗੇਟਕੀਪਰ ਨੇ ਟਿਕਟਾਂ ਚੈੱਕ ਕੀਤੀਆਂ ਅਤੇ ਸਭ ਤੋਂ ਪਹਿਲਾਂ ਸੱਜੇ ਪਾਸੇ ਸਾਨੂੰ ਇਕ ਟਾਈਗਰ ਨੇ ਦਰਸ਼ਨ ਦਿੱਤੇ, ਜੋ ਕਿ ਬਹੁਤ ਹੀ ਵਿਸ਼ਾਲ ਥਾਂ ਵਿਚ ਘੁੰਮ-ਫਿਰ ਰਿਹਾ ਸੀ। ਆਸਪਾਸ ਦੀ ਥਾਂ ਤੇ ਤਾਰਾਂ ਲੱਗੀਆਂ ਹੋਈਆਂ ਸਨ ਤੇ ਦਰਸ਼ਕਾਂ ਤੇ ਟਾਈਗਰ ਵਿਚਕਾਰਲੀ ਥਾਂ ਤੇ ਇਕ ਲੰਮੀ ਡੂੰਘੀ ਖਾਈ ਪੁੱਟੀ ਹੋਈ ਸੀ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਅਣਹੋਣੀ ਤੋਂ ਬਚਾਅ ਹੋ ਸਕੇ। ਇੱਥੇ ਰੂਹੀ ਨੇ ਬਹੁਤ ਸਾਰੀਆਂ ਫੋਟੋਆਂ/ ਸੈਲਫੀਆਂ ਲਈਆਂ, ਜਿਨ੍ਹਾਂ ਵਿਚ ਟਾਈਗਰ ਵੀ ਮੌਜੂਦ ਸੀ। ਹੋਰ ਯਾਤਰੀ ਵੀ ਇਹੋ ਕੁਝ ਕਰ ਰਹੇ ਸਨ। ਉਨ੍ਹਾਂ ਨਾਲ ਆਏ ਛੋਟੇ ਬੱਚੇ ਟਾਈਗਰ ਨੂੰ ਜੀਂਦਾ-ਜਾਗਦਾ ਆਪਣੇ ਸਾਹਮਣੇ ਵੇਖ ਕੇ ਖ਼ੂਬ ਉਤਸ਼ਾਹਿਤ ਸਨ। ਰੂਹੀ ਵੀ ਟਾਈਗਰ ਨੂੰ ਵੇਖ ਕੇ ਬਹੁਤ ਖ਼ੁਸ਼ ਹੋਈ।

ਚਿੜੀਆਘਰ ਵਿਚ ਯਾਤਰੀਆਂ ਲਈ ਫੈਰੀਜ਼ (ਬੈਟਰੀ ਨਾਲ ਚੱਲਣ ਵਾਲੀਆਂ ਗੱਡੀਆਂ) ਦਾ ਵੀ ਪ੍ਰਬੰਧ ਸੀ। ਆਮ ਕਰ ਕੇ ਇਨ੍ਹਾਂ ਉੱਤੇ ਬਜ਼ੁਰਗ ਜਾਂ ਬੱਚੇ ਹੀ ਬੈਠਦੇ ਹਨ। ਉਂਜ ਕੋਈ ਵੀ ਯਾਤਰੀ ਕਿਰਾਇਆ ਦੇ ਕੇ ਇਨ੍ਹਾਂ 'ਤੇ ਬੈਠ ਕੇ ਚਿੜੀਆਘਰ ਦੀ ਸੈਰ ਕਰ ਸਕਦਾ ਹੈ। ਰੂਹੀ ਨੂੰ ਤਾਂ ਪੈਦਲ ਤੁਰਨਾ ਹੀ ਚੰਗਾ ਲੱਗਦਾ ਸੀ, ਇਸ ਲਈ ਉਹਨੇ ਸਾਡੇ ਨਾਲ ਤੁਰ-ਫਿਰ ਕੇ ਹੀ ਚਿੜੀਆਘਰ ਵੇਖਿਆ।

ਉੱਚੇ-ਲੰਮੇ ਦਰੱਖ਼ਤਾਂ ਨਾਲ ਸਜਿਆ ਇਹ ਸੰਘਣਾ ਕੁਦਰਤੀ ਵਾਤਾਵਰਨ ਪੰਛੀਆਂ ਤੇ ਜਾਨਵਰਾਂ ਲਈ ਤਾਂ ਢੁਕਵਾਂ ਹੈ ਹੀ, ਯਾਤਰੀਆਂ ਨੂੰ ਵੀ ਬਹੁਤ ਆਕਰਸ਼ਿਤ ਕਰਦਾ ਹੈ। ਰਮਣੀਕ ਤੇ ਸੁਹਾਵਣਾ ਮੌਸਮ ਹੋਣ ਕਰਕੇ ਸਾਰੇ ਹੀ ਜਾਨਵਰ ਤੇ ਪੰਛੀ ਆਪੋ- ਆਪਣੇ ਘੁਰਨਿਆਂ, ਗੁਫ਼ਾਵਾਂ ਅਤੇ ਆਲ੍ਹਣਿਆਂ 'ਚੋਂ ਬਾਹਰ ਆ ਕੇ ਵਿਚਰ ਰਹੇ ਸਨ ਤੇ ਬਾਹਰੋਂ ਆਏ ਦਰਸ਼ਕ ਤੇ ਯਾਤਰੀ ਇਨ੍ਹਾਂ ਨੂੰ ਵੇਖ ਕੇ ਖ਼ੂਬ ਆਨੰਦ ਮਾਣ ਰਹੇ ਸਨ। ਰੂਹੀ ਨੇ ਘੁੰਮ-ਫਿਰ ਕੇ ਬਾਂਦਰ, ਲੰਗੂਰ, ਹਾਥੀ, ਘੜਿਆਲ, ਮਗਰਮੱਛ, ਹਿਰਨ, ਮੋਰ, ਬਾਰਾਂਸਿੰਗੇ, ਸ਼ੁਤਰਮੁਰਗ ਆਦਿ ਦੇ ਨਾਲ-ਨਾਲ ਵੰਨ-ਸੁਵੰਨੇ ਪੰਛੀਆਂ, ਖ਼ਤਰਨਾਕ ਜ਼ਹਿਰੀਲੇ ਸੱਪਾਂ (ਜੋ ਸ਼ੀਸ਼ੇ ਦੇ ਕਮਰਿਆਂ ਵਿਚ ਬੰਦ ਸਨ), ਨਿਸ਼ਾਚਰ (ਰਾਤ ਨੂੰ ਜਾਗਣ ਵਾਲੇ ਪੰਛੀ ਤੇ ਜਾਨਵਰ), ਜਿਨ੍ਹਾਂ ਨੂੰ ਹਨੇਰੇ ਕਮਰੇ ਵਿਚ ਰੱਖਿਆ ਹੋਇਆ ਸੀ (ਉੱਲੂ, ਸੇਹ, ਚਮਗਿੱਦੜ), ਆਦਿ ਨੂੰ ਪੂਰੀ ਦਿਲਚਸਪੀ ਅਤੇ ਮਜ਼ੇ ਨਾਲ ਵੇਖਿਆ। ਹਰ ਥਾਂ, ਹਰ ਪੰਛੀ/ ਜਾਨਵਰ ਦੀਆਂ ਉਹਨੇ ਫੋਟੋ ਲਈਆਂ।

ਉੱਥੇ ਉਦੋਂ ਕੁਝ ਪ੍ਰਬੰਧਕੀ ਕਾਰਨਾਂ ਕਰਕੇ ਸ਼ੇਰ-ਸਫ਼ਾਰੀ ਬੰਦ ਸੀ, ਇਸ ਲਈ ਸ਼ੇਰ ਨੂੰ ਨੇੜਿਓਂ ਵੇਖਣ ਦਾ ਸ਼ੌਂਕ ਪੂਰਾ ਨਹੀਂ ਹੋ ਸਕਿਆ। ਚਿੜੀਆਘਰ ਵਿਚ ਥਾਂ ਪੁਰ ਥਾਂ ਉੱਥੋਂ ਦੇ ਕਰਮਚਾਰੀ ਘੁੰਮ- ਫਿਰ ਰਹੇ ਸਨ, ਤਾਂ ਜੋ ਕਿਸੇ ਇਕ ਥਾਂ 'ਤੇ ਹੋਣ ਵਾਲੇ ਇਕੱਠ ਨੂੰ ਰੋਕਿਆ ਜਾ ਸਕੇ ਅਤੇ ਯਾਤਰੀ ਕਿਸੇ ਜੀਵ-ਜੰਤੂ ਨੂੰ ਬੇਵਜ੍ਹਾ ਤੰਗ ਨਾ ਕਰਨ। ਚਿੜੀਆਘਰ ਵਿਚ ਥੋੜ੍ਹੀ-ਥੋੜ੍ਹੀ ਦੂਰੀ 'ਤੇ ਪੀਣ ਵਾਲਾ ਠੰਢਾ, ਸਾਫ਼ ਤੇ ਆਰ.ਓ. ਦਾ ਪਾਣੀ; ਸੈਲਾਨੀਆਂ ਦੇ ਬੈਠਣ ਲਈ ਵਧੀਆ ਹੱਟਸ/ ਥਾਵਾਂ; ਖਾਣ- ਪੀਣ ਲਈ ਚੰਗੇ ਹੋਟਲਾਂ ਦਾ ਪ੍ਰਬੰਧ ਸੀ। ਆਈਸਕ੍ਰੀਮ, ਛੋਲੇ ਭਟੂਰੇ, ਪੌਪਕੌਰਨ, ਕੋਲਡ ਡ੍ਰਿੰਕਸ ਆਦਿ ਚੀਜ਼ਾਂ ਦਾ ਲੁਤਫ਼ ਉਠਾਉਣ ਦੇ ਨਾਲ-ਨਾਲ ਅਸੀਂ ਪੰਛੀਆਂ/ਜਾਨਵਰਾਂ ਦੀ ਭਰਪੂਰ ਜਾਣਕਾਰੀ ਹਾਸਲ ਕੀਤੀ। ਇੱਥੇ ਹਰ ਪੰਛੀ/ਜਾਨਵਰ ਦੀ ਰਿਹਾਇਸ਼ ਦੇ ਮੂਹਰੇ ਇਕ ਤਖ਼ਤੀ ਉੱਤੇ ਉਹਦਾ ਆਮ ਨਾਂ, ਵਿਗਿਆਨਕ ਨਾਂ, ਖਾਣ- ਪੀਣ, ਉਮਰ, ਲਿੰਗ ਅਤੇ ਦੇਸ਼/ਸਥਾਨ ਬਾਰੇ ਵਿਸਤ੍ਰਿਤ ਜਾਣਕਾਰੀ ਲਿਖੀ ਹੋਈ ਸੀ।

ਕਰੀਬ ਸਵਾ ਕੁ ਚਾਰ ਵਜੇ ਤਕ(ਪੂਰੇ ਚਾਰ ਘੰਟੇ ਬਾਅਦ) ਸਾਰਾ ਚਿੜੀਆਘਰ ਘੁੰਮਣ ਪਿੱਛੋਂ ਅਸੀਂ ਬਾਹਰ ਆ ਗਏ। ਹੁਣ ਸਾਨੂੰ ਥੋੜ੍ਹੀ-ਥੋੜ੍ਹੀ ਥਕਾਵਟ ਮਹਿਸੂਸ ਹੋ ਰਹੀ ਸੀ, ਭਾਵੇਂ ਅੰਦਰ ਤੁਰਦਿਆਂ ਸਾਨੂੰ ਇਸ ਦਾ ਪਤਾ ਨਹੀਂ ਸੀ ਲੱਗਾ। ਅਸੀਂ ਇਕ ਹੋਟਲ ਤੋਂ ਕੁਝ ਸਨੈਕਸ ਲਏ ਤੇ ਰੂਹੀ ਨੇ ਮੈਂਗੋ-ਜੂਸ ਪੀਤਾ। ਸਾਢੇ ਛੇ ਵਜੇ ਤਕ ਅਸੀਂ ਵਾਪਸ ਪਟਿਆਲੇ ਆ ਗਏ। ਪਰ ਇਸ ਵੇਲੇ ਤਲਵੰਡੀ ਸਾਬੋ ਨਹੀਂ ਸੀ ਪਹੁੰਚਿਆ ਜਾ ਸਕਦਾ। ਇਸ ਲਈ ਪੰਜਾਬੀ ਯੂਨੀਵਰਸਿਟੀ ਦੇ ਗੈਸਟ- ਹਾਊਸ ਵਿਚ ਰਾਤ ਬਿਤਾਈ। ਪਾਠਕਾਂ ਦੀ ਜਾਣਕਾਰੀ ਹਿਤ ਦੱਸ ਦਿਆਂ ਕਿ ਇਸ ਚਿੜੀਆਘਰ ਦਾ ਉਦਘਾਟਨ ਪੰਜਾਬ ਦੇ ਤਤਕਾਲੀ ਗਵਰਨਰ ਸ੍ਰੀ ਮਹਿੰਦਰ ਮੋਹਨ ਚੌਧਰੀ ਨੇ 13 ਅਪ੍ਰੈਲ 1977 ਨੂੰ ਕੀਤਾ ਸੀ। ਇਹ ਚਿੜੀਆਘਰ ਛੱਤ ਪਿੰਡ ਤੋਂ 3 ਕਿ.ਮੀ., ਚੰਡੀਗੜ੍ਹ ਤੋਂ 20 ਕਿ.ਮੀ. ਅਤੇ ਪਟਿਆਲੇ ਤੋਂ 55 ਕਿ.ਮੀ. ਦੂਰੀ 'ਤੇ ਸਥਿਤ ਹੈ। 202 ਏਕੜ ਵਿਚ ਫੈਲੇ ਇਸ ਚਿੜੀਆਘਰ ਵਿਚ 369 ਥਣਧਾਰੀ ਜਾਨਵਰ, 400 ਪੰਛੀ ਅਤੇ 20 ਰੀਂਘਣ ਵਾਲੇ ਜੀਵ ਹਨ।

ਉੱਤਰੀ- ਭਾਰਤ ਦੇ ਸਭ ਤੋਂ ਵੱਡੇ ਇਸ ਜ਼ੂਆਲੋਜੀਕਲ ਪਾਰਕ ਵਿਚ ਲਾਇਨ-ਸਫ਼ਾਰੀ ਇਸ ਦੀ ਪ੍ਰਮੁੱਖ ਵਿਸ਼ੇਸ਼ਤਾ ਹੈ। ਇੱਥੇ ਰਾਇਲ ਬੈਂਗਾਲ ਟਾਈਗਰ, ਵ੍ਹਾਈਟ ਟਾਈਗਰ, ਏਸ਼ੀਅਨ ਐਲੀਫੈਂਟ, ਹਿੱਪੋਪੋਟੈਮਸ, ਇੰਡੀਅਨ ਗੈਜ਼ਲ (ਚਿੰਕਾਰਾ), ਸਾਂਬਰ ਡੀਅਰ, ਸਵੈਂਪ ਡੀਅਰ, ਇਮੂ, ਏਸ਼ੀਆਟਿਕ ਲਾਇਨ, ਇੰਡੀਅਨ ਲੈਪਰਡ, ਜੈਗੁਆਰ, ਹਿਮਾਲੀਅਨ ਬਲੈਕ ਬੀਅਰ, ਜ਼ੈਬਰਾ, ਚਿੰਪੈਂਜ਼ੀ, ਬੁੱਲ,ਬਲੈਕ ਬੱਕ, ਘੜਿਆਲ, ਮਗਰਮੱਛ, ਇੰਡੀਅਨ ਪਾਇਥਨ, ਅਫਰੀਕਨ ਬਫੈਲੋ, ਬੈਂਗਾਲ ਫਾਕਸ, ਜੈਕਾਲ, ਸਾਰਸ (ਕਰੇਨ), ਕੱਛੂਕੁੰਮੇ ਆਦਿ ਦਰਸ਼ਕਾਂ ਦਾ ਖ਼ੂਬ ਮਨ ਮੋਹਦੇ ਹਨ। ਇਸ ਪਾਰਕ ਵਿਚ ਪੰਛੀਆਂ, ਰੀਂਗਣ ਵਾਲੇ ਜੀਵਾਂ ਅਤੇ ਜਾਨਵਰਾਂ ਦੀਆਂ ਕਰੀਬ 88 ਜਾਤੀਆਂ ਅਜਿਹੀਆਂ ਹਨ, ਜੋ ਬਹੁਤ ਹੀ ਦੁਰਲਭ ਹਨ ਅਤੇ ਜਿਨ੍ਹਾਂ ਦਾ ਵਜੂਦ ਹੁਣ ਖ਼ਤਰੇ ਦੀ ਹੱਦ ਵਿਚ ਪ੍ਰਵੇਸ਼ ਕਰ ਚੁੱਕਾ ਹੈ। ਪਰ ਪੰਜਾਬ ਵਿਚ ਵਿਭਿੰਨ ਪਰਜਾਤੀਆਂ ਅਤੇ ਜੰਗਲੀ ਜੀਵਾਂ ਦੀ ਇਹ ਖ਼ੂਬਸੂਰਤ ਰੱਖ (ਬੀੜ) ਚਿਰਾਂ ਤਕ ਸਾਡੀਆਂ ਯਾਦਾਂ ਦਾ ਹਿੱਸਾ ਬਣੀ ਰਹੇਗੀ। •







• ਪ੍ਰੋ. ਜਤਿੰਦਰ ਬੀਰ ਸਿੰਘ ਨੰਦਾ

98152-55295

ਕੁਦਰਤ ਦੇ ਆਲੇ ਦੁਆਲੇ ਸੁਹਜ ਤੇ ਕਲਾ ਦਾ ਇਹ ਸੰਗਮ ਮਨ ਨੂੰ ਬਹੁਤ ਧਰਵਾਸ ਦਿੰਦਾ ਹੈ। ਇਹ ਆਲੀਸ਼ਾਨ ਇਮਾਰਤ ਪਹਿਲਾਂ ਭਾਰਤ ਦੇ ਵਾਇਸਰਾਏ ਦੇ ਘਰ ਵਜੋਂ ਹੋਂਦ ਵਿਚ ਆਈ। ਇਸ ਲਈ ਇਸ ਦਾ ਨਾਂ ਰਾਸ਼ਟਰਪਤੀ ਭਵਨ ਰੱਖਿਆ ਗਿਆ ਕਿਉਂਕਿ ਇਹ ਨਿਵਾਸ ਅੰਗਰੇਜ਼ ਵਾਇਸਰਾਏ ਲਈ ਸਮਰ ਰੈਜ਼ੀਡੈਂਸ ਵਜੋਂ ਵਰਤਿਆ ਜਾਂਦਾ ਸੀ...

ਕੁਦਰਤ ਦੀ ਗੋਦ 'ਚ ਬਣਿਆ ਸ਼ਿਮਲੇ ਦਾ ਭਾਰਤੀ ਐਡਵਾਂਸਡ ਸਟੱਡੀ ਸੈਂਟਰ

ਸ਼ਿਮਲੇ ਦੀ ਯਾਤਰਾ ਨੂੰ ਸੰਪੂਰਣ ਤਾਂ ਹੀ ਸੈਲਾਨੀਆਂ ਲਈ ਸਮਝਿਆ ਜਾ ਸਕਦਾ ਹੈ ਜੇ ਸ਼ਿਮਲੇ ਵਿਚ ਬਣਿਆ ਆਈ. ਆਈ. ਏ. ਐੱਸ. ਇੰਡੀਅਨ ਇੰਸੀਟੀਚਿਊਟ ਐਡਵਾਂਸਡ ਸਟੱਡੀ ਸ਼ਿਮਲਾ ਦੀ ਯਾਤਰਾ ਵੀ ਕੀਤੀ ਜਾਵੇ। ਸ਼ਿਮਲੇ ਵਿਚ ਸੈਲਾਨੀਆਂ ਲਈ ਕਈ ਸਥਾਨ ਹਨ ਪਰ ਕੇਵਲ ਇਹ ਖੋਜ ਦਾ ਉੱਚਾ ਮੰਦਰ ਹੀ ਹੈ ਜਿਸ ਦੇ ਦੋ ਸਾਰਥਿਕ ਮਨੋਰਥ ਇੱਥੇ ਆ ਕੇ ਪੂਰੇ ਹੁੰਦੇ ਹਨ। ਇਕ ਤਾਂ ਪਹਾੜ ਤੋਂ ਇਕ ਆਲੀਸ਼ਾਨ ਇਮਾਰਤ ਦੇਖਣ ਦਾ ਸੁਭਾਗ ਪ੍ਰਾਪਤ ਹੁੰਦਾ ਹੈ, ਦੂਜਾ ਇਸ ਸੰਸਥਾ ਵਿਚ ਪਈਆ ਪੁਸਤਕਾਂ ਅਤੇ ਕੀਤੀ ਹੋਈ ਖੋਜ ਨੂੰ ਅਨੁਭਵ ਕਰ ਕੇ ਆਪ ਮੁਹਾਰੇ ਸਰਸਵਤੀ ਵਿੱਦਿਆ ਦੀ ਦੇਵੀ ਨੂੰ ਨਮਸਕਾਰ ਕਰਨ ਨੂੰ ਜੀ ਕਰਦਾ ਹੈ ਅਤੇ ਵਿਦਿਆ ਨਾਲ ਜੁੜਨ ਦੀ ਪ੍ਰੇਰਨਾ ਮਿਲਦੀ ਹੈ। ਕੁਦਰਤ ਦੇ ਆਲੇ ਦੁਆਲੇ ਵਿਚ ਇਹ ਸੁਹਜ ਤੇ ਕਲਾ ਦਾ ਇਹ ਸੰਗਮ ਮਨ ਨੂੰ ਬਹੁਤ ਧਰਵਾਸ ਦੇਂਦਾ ਹੈ। ਇਹ ਆਲੀਸ਼ਾਨ ਇਮਾਰਤ ਮੂਲ ਰੂਪ ਵਿਚ ਪਹਿਲਾਂ ਭਾਰਤ ਦੇ ਵਾਇਸਰਾਏ ਦੇ ਘਰ ਵਜੋਂ ਹੋਂਦ ਵਿਚ ਆਈ। ਇਸ ਲਈ ਇਸ ਦਾ ਨਾਂ ਰਾਸ਼ਟਰਪਤੀ ਭਵਨ ਇਸ ਲਈ ਰਖਿਆ ਗਿਆ ਹੈ ਕਿ ਇਹ ਨਿਵਾਸ ਅੰਗਰੇਜ਼ ਵਾਇਸਰਾਏ ਲਈ ਸਮਰ ਰੈਜ਼ੀਡੈਂਸ ਵਜੋਂ ਵਰਤਿਆ ਜਾਂਦਾ ਸੀ।

ਸਭ ਤੋਂ ਪਹਿਲਾਂ ਲਾਰਡ ਡਫਨ 1884-88 ਨੇ ਇਸ ਇਮਾਰਤ ਨੂੰ ਘਰ ਵਜੋਂ ਵਰਤਿਆ ਤੇ ਇਹ ਫਿਰ ਰਵਾਇਤ ਹੀ ਬਣ ਗਈ ਕਿ ਜਿਹੜਾ ਵੀ ਇੰਗਲੈਂਡ ਤੋਂ ਵਾਇਸਰਾਏ ਬਣ ਕੇ ਆਉਂਦਾ ਉਹ ਇਸ ਨੂੰ ਆਪਣੀ ਰਿਹਾਇਸ਼ ਬਣਾ ਲੈਂਦਾ। ਇਸ ਤਰ੍ਹਾਂ ਇਹ ਸਰਕਾਰੀ ਤੌਰ 'ਤੇ ਵਾਇਸਰਾਏ ਦੀ ਰਿਹਾਇਸ਼ ਅਖਵਾਉਂਦੀ ਹੈ।

ਇਸ ਇਮਾਰਤ ਨੂੰ ਜਦੋਂ ਹੈਨਰੀ ਇਰਵਨ ਨੇ ਬਣਾਇਆ ਤਾਂ ਇਹ ਸੋਚ ਕੇ ਨਹੀ ਸੀ ਬਣਾਇਆ ਕਿ ਇਸ ਦਾ ਪ੍ਰਯੋਗ ਕਿਸੇ ਅਧਿਅਨ ਖੇਤਰ ਵਜੋ ਕੀਤਾ ਜਾਵੇਗਾ। ਕਾਫ਼ੀ ਲੰਮੇ ਸਮੇਂ ਤਕ ਤਾਂ ਇਸ ਵਿਚ ਉਸ ਸਮੇਂ ਦੇ ਮੁਤਾਬਕ ਬਿਜਲੀ ਦਾ ਕੋਈ ਪ੍ਰਬੰਧ ਹੀ ਨਹੀ ਸੀ। ਫਿਰ ਜਦੋਂ ਬਿਜਲੀ ਆਈ ਤਾਂ ਇਸ ਇਮਾਰਤ ਨੂੰ ਸ਼ਿਮਲੇ ਦੀ ਸ਼ਾਨ ਸਮਝਦੇ ਹੋਏ ਸਭ ਤੋਂ ਪਹਿਲੇ ਬਿਜਲੀ ਦਿੱਤੀ ਗਈ ਜੋ ਇਥੇ ਦੇ ਵਸਨੀਕ ਇਹ ਗੱਲ ਬਹੁਤ ਮਾਣ ਨਾਲ ਬਿਆਨ ਕਰਦੇ ਹਨ। ਇਸ ਇਮਾਰਤ ਨੂੰ ਬਿਜਲੀ 1888 ਵਿਚ ਨਸੀਬ ਹੋਈ।

ਜਦੋਂ ਹੁਣ ਸੈਲਾਨੀ ਇਸ ਸਥਾਨ ਨੂੰ ਦੇਖਣ ਲਈ ਉਮੜਦੇ ਹਨ ਤਾਂ ਪਹਿਲੀ ਝਲਕ ਨਾਲ ਹੀ ਮੰਤਰ ਮੁਗਧ ਹੋ ਜਾਂਦੇ ਹਨ। ਆਮ ਤੌਰ 'ਤੇ ਸ਼ਿਮਲੇ ਦੀ ਇਮਾਰਤਸਾਜ਼ੀ ਵਿਚ ਲੱਕੜ ਦੇ ਬਣੇ ਹੋਏ ਬਹੁਤ ਸਾਰੇ ਮਕਾਨ ਦੇਖਣ ਨੂੰ ਮਿਲਦੇ ਹਨ, ਜਿਥੇ ਸਾਨੂੰ ਸ਼ਿਮਲੇ ਵਿਚ ਵੱਡ ਆਕਾਰੀ ਦਫ਼ਤਰ ਤੇ ਪਹਾੜੀਆਂ ਦੇ ਘਰ ਸਾਰੇ ਲੱਕੜ ਦੇ ਬਣੇ ਹੋਏ ਮਿਲਦੇ ਹਨ। ਇਸ ਸਥਾਨ ਨੂੰ ਵੀ ਦੋਵੇਂ ਢੰਗਾਂ ਨਾਲ ਮਿੱਟੀ, ਰੇਤੇ ਤੇ ਸੀਮਿੰਟ ਨਾਲ ਬਣਾਇਆ ਗਿਆ ਹੈ ਪਰ ਅੰਦਰੂਨੀ ਰੂਪ ਵਿਚ ਲੱਕੜ ਦੀ ਵਰਤੋਂ ਵਧੇਰੇ ਕੀਤੀ ਗਈ ਹੈ।

ਸ਼ਿਮਲੇ ਵਿਚ ਇਸ ਤਰ੍ਹਾਂ ਦੀਆਂ ਇਮਾਰਤਾਂ ਆਮ ਦੇਖਣ ਨੂੰ ਮਿਲਦੀਆਂ ਹਨ। ਸ਼ਿਮਲੇ ਦੇ ਨਾਲ ਸਟੇਸ਼ਨ ਦੇ ਨੇੜੇ ਵਸਿਆ ਨਾਭਾ ਹਾਊਸ ਤੇ ਏ ਜੀ ਦਫ਼ਤਰ ਨਾਲ ਵੈਸਟਰਨ ਕਮਾਂਡ ਦੇ ਸਾਰੇ ਫ਼ੌਜੀ ਦਫ਼ਤਰ ਲੱਕੜ ਦੇ ਬਣੇ ਹੋਏ ਹਨ ਪਰ ਖੋਜ ਦਾ ਇਹ ਉੱਚਾ ਸਥਾਨ ਮੈਦਾਨੀ ਢੰਗ ਨਾਲ ਬਣਾਏ ਗਏ ਮਕਾਨਾਂ ਅਨੁਸਾਰ ਲਗਦਾ ਹੈ। ਪਰ ਜੇ ਤੁਸੀਂ ਇਸਦੇ ਅੰਦਰ ਜਾਂਦੇ ਹੋ ਤਾਂ ਇਸ ਦੀ ਲੱਕੜ ਨਾਲ ਬਣਾਏ ਗਏ ਕਈ ਸਥਾਨ ਤੁਹਾਨੂੰ ਹੈਰਾਨ ਕਰਨ ਵਾਲੇ ਬਣੇ ਹੋਏ ਹਨ ਤੇ ਪਹਾੜੀ ਕਲਾ ਦੇ ਸੁੰਦਰ ਨਮੂਨੇ ਹਨ। ਬਾਹਰੋਂ ਕਈ ਮੰਜ਼ਿਲਾਂ ਵਿਚ ਉਸਰੀਆਂ ਹੋਈਆਂ ਕਮਰਿਆਂ ਦੀਆਂ ਕਤਾਰਾਂ ਵਿਚਰਦ ਤਸਵੀਰਾਂ ਨੂੰ ਪੇਸ਼ ਕਰਦੀਆਂ ਹਨ। ਫਿਰ ਇਸ ਆਲੀਸ਼ਾਨ ਇਮਾਰਤ ਨਾਲ ਇਕ ਇਤਿਹਾਸ ਉਸ ਸਮੇਂ ਸ਼ੁਰੂ ਹੋਇਆ ਜਦੋਂ ਦੇਸ਼ ਦੀ ਆਜ਼ਾਦੀ ਤੋਂ ਬਾਅਦ ਇਹ ਸਥਾਨ ਰਹਿਣ ਲਈ ਬਿਲਕੁਲ ਖ਼ਾਲੀ ਹੋ ਗਿਆ ਤੇ ਇਸ ਬਾਰੇ ਵਿਚ ਵਿਚਾਰਾਂ ਹੋਣ ਲੱਗ ਪਈਆਂ ਕਿ ਇਸ ਵੱਡਆਕਾਰੀ ਇਮਾਰਤ ਨੂੰ ਕਿਸੇ ਮਨੋਰਥ ਲਈ ਵਰਤਣਾ ਚਾਹੀਦਾ ਹੈ। ਇਸ ਸਥਾਨ ਦੀ ਇਕ ਵਿਸ਼ੇਸ਼ਤਾ ਫਿਰ ਇਹ ਬਣੀ ਕਿ ਇਸ ਨੂੰ ਰਾਜਨੀਤਕ ਕਾਨਫਰੰਸਾਂ ਲਈ ਵਰਤਣਾ ਸ਼ੁਰੂ ਹੋ ਗਿਆ। ਇਸ ਸਬੰਧ ਵਿਚ ਇਹ ਦੱਸਣਾ ਯੋਗ ਹੋਵੇਗਾ ਕਿ ਇਸ ਸਥਾਨ 'ਤੇ ਪ੍ਰਸਿੱਧ ਸ਼ਿਮਲਾ ਕਾਨਫਰੰਸ 1945 ਵਿਚ ਆਯੋਜਿਤ ਹੋਈ ਜਿਸ ਵਿਚ ਦੇਸ਼ ਦੀ ਵੰਡ ਕਰ ਕੇ ਕਈ ਅਹਿਮ ਮਸਲੇ ਵਿਚਾਰੇ ਗਏ।

ਇਕ ਅਹਿਮ ਫ਼ੈਸਲਾ ਪਾਕਿਸਤਾਨ ਤੇ ਸ਼ਿਮਟ ਪਾਕਿਸਤਾਨ ਦੇ ਨਿਰਮਾਣ ਦਾ ਸਭ ਤੋਂ ਪਹਿਲਾ ਇਸ ਥਾਂ 'ਤੇ ਹੀ ਲਿਆ ਗਿਆ। ਪਾਠਕਾਂ ਲਈ ਇਹ ਜਾਣਨਾ ਬਹੁਤ ਦਿਲਚਸਪੀ ਵਾਲਾ ਹੈ ਕਿ ਇਸ ਨੂੰ ਇਸ ਵਿਚ ਦੇਸ਼ ਦੀ ਵੰਡ ਦੇ ਰੂਪ ਦਾ ਖੋਜ ਲਈ ਇਕ ਸਰਵਸ੍ਰੇਸ਼ਠ ਰੂਪ ਦੇਣ ਦਾ ਦਰਜਾ ਦਿੱਤਾ ਗਿਆ। ਇਹ ਵਿਚਾਰ ਉਸ ਸਮੇਂ ਆਈ ਜਦੋਂ ਦੇਸ਼ ਦਾ ਵਿਦਵਾਨ ਦਾਰਸ਼ਨਿਕ ਰਾਸ਼ਟਰਪਤੀ ਡਾ. ਰਾਧਾ ਕ੍ਰਿਸ਼ਨਨ ਨੇ ਇਸ ਸਥਾਨ ਦਾ ਦੌਰਾ ਕੀਤਾ ਤਾਂ ਇਹ ਮਹਿਸੂਸ ਕੀਤਾ ਕਿ ਇਹ ਸਥਾਨ ਹੁਣ ਕਈ ਲਾਪਰਵਾਹੀਆਂ ਕਾਰਨ ਰਾਜਸੀ ਬਾ ਇਸ ਨਾਲੋਂ ਸਗੋਂ ਅਧਿਐਨ ਲਈ ਵਧੇਰੇ ਉਪਯੋਗੀ ਹੋ ਸਕਦਾ ਹੈ। ਉਨ੍ਹਾਂ ਨੇ ਇਸ ਸਥਾਨ ਨੂੰ ਇਸ ਤਰੀਕੇ ਵਿਚ ਮਾਨ ਦਾ ਫ਼ੈਸਲਾ ਕੀਤਾ।

ਇਸ ਇਮਾਰਤ ਦੀ ਫਿਰ ਬਹੁਤ ਮਾਨਤਾ ਹੋ ਗਈ। ਇਸ ਦਾ ਨਾਂ ਰੀਟਰੀਟ ਇਸ ਲਈ ਰਖਿਆ ਗਿਆ ਕਿ ਇਸ ਸਥਾਨ ਦੀ ਆਖ਼ਰੀ ਬਿਲਡਿੰਗ ਕਹਿਲਾਏਗੀ। ਇਸ ਤਰ੍ਹਾਂ ਇਸ ਐਡਵਾਂਸ ਸੋਚ ਕੇਂਦਰ ਸ਼ਿਮਲਾ ਇਸ ਦਾ ਨਾਂ 'ਤੇ ਇਸ ਨੂੰ ਇਜਾਦ ਕਰਨ ਦਾ ਸਿਹਰਾ ਡਾਕਟਰ ਰਾਧਾਕ੍ਰਿਸ਼ਨਨ ਨੂੰ ਜਾਂਦਾ ਹੈ ਜਿਸ ਨੂੰ ਇਕ ਭਾਰਤੀ ਸੰਸਕ੍ਰਿਤੀ ਤੇ ਦਰਸ਼ਨ ਦਾ ਇਕ ਮਹਾਨ ਹਸਤਾਖਰ ਮੰਨਿਆ ਜਾਂਦਾ ਹੈ। ਉਨ੍ਹਾਂ ਨੇ ਇਸ ਸੰਸਥਾ ਦਾ ਵਿਧੀਵੱਧ ਢੰਗ ਨਾਲ ਉਦਘਾਟਨ 6 ਅਕਤੂਬਰ, 1964 ਵਿਚ ਕਰ ਕੇ ਇਸ ਨੂੰ ਇਕ ਖੋਜ ਕੇਂਦਰ ਬਣਾ ਦਿੱਤਾ। ਇਸ ਸੰਸਥਾ ਨੂੰ ਚਲਾਉਣ ਲਈ ਇਕ ਸੋਸਾਇਟੀ ਦਾ ਨਿਰਮਾਣ ਕੀਤਾ ਗਿਆ, ਜਿਸ ਵਿਚ ਵੱਖੋ ਵੱਖਰੇ ਖੇਤਰਾਂ ਵਿਚ ਮਾਹਿਰ ਚੁਣਕੇ ਸਾਰੀ ਜ਼ਿੰਮੇਵਾਰੀ ਇਸ ਨੂੰ ਚਲਾਉਣ ਦੀ ਉਨ੍ਹਾਂ ਨੂੰ ਦਿੱਤੀ ਗਈ। •

ਅਕਾਦਮਿਕ ਵਾਤਾਵਰਨ

ਇਸ ਸੰਸਥਾ ਦੀ ਕੁਦਰਤੀ ਸੁੰਦਰਤਾ ਤੋਂ ਬਿਨਾਂ ਇਸ ਨੂੰ ਚਾਰ ਚੰਨ ਲਾਉਣ ਵਾਲੀ ਗੱਲ ਇਸ ਸਥਾਨ ਦਾ ਅਕਾਦਮਿਕ ਵਾਤਾਵਰਨ ਹੈ ਜਿਸ ਵਿਚ ਇਕ ਆਲੀਸ਼ਾਨ ਲਾਇਬ੍ਰੇਰੀ, ਸੈਮੀਨਾਰ ਹਾਲ, ਪੜ੍ਹਨ ਕਮਰੇ, ਖੋਜ ਕੇਂਦਰ ਆਦਿ ਸਭ ਦਾ ਨਿਰਮਾਣ ਬਹੁਤ ਸਲੀਕੇ ਨਾਲ ਕੀਤਾ ਗਿਆ ਹੈ। ਇਸ ਨਿਵੇਕਲੇ ਸਥਾਨ ਤੇ ਕਲਾ, ਸਾਹਿਤ, ਦਰਸ਼ਨ, ਸੋਸ਼ਲ ਸਾਇੰਸ, ਨੈਚਰਲ ਤੇ ਲਾਈਫ ਸਾਇੰਸ ਆਦਿ ਤੇ ਨੈਸ਼ਨਲ ਫੈਲੋ ਤੇ ਫੈਲੋ ਆਦਿ ਦੀ ਨਿਯੁਕਤੀ ਕਰ ਕੇ ਬਹੁਤ ਹੀ ਪ੍ਰਮਾਣਿਕ ਖੋਜ ਕਾਰਜਾਂ ਦੇ ਪ੍ਰੋਜੈਕਟ ਨੇਪਰੇ ਚਾੜ੍ਹੇ ਜਾਂਦੇ ਹਨ। ਨੈਸ਼ਨਲ ਫੈਲੋ ਦੀ ਮਿਆਦ ਦੋ ਸਾਲ ਦੀ ਹੁੰਦੀ ਹੈ ਤੇ ਫੈਲੋ ਪਹਿਲਾਂ ਛੇ ਮਹੀਨੇ ਤੋਂ ਸਾਲ ਤਕ ਲਈ ਹੁੰਦੇ ਹਨ ਪਰ ਇਸ ਨੂੰ ਪ੍ਰਵਾਨਗੀ ਮਿਲਣ 'ਤੇ ਖੋਜ ਦਾ ਸਮਾਂ ਵਧਾ ਦਿੱਤਾ ਜਾਂਦਾ ਹ। ਆਮ ਤੌਰ 'ਤੇ ਇਹ ਸਾਰੇ ਫੈਲੋਜ਼ ਦੇਸ਼ ਦੇ ਪ੍ਰਸਿੱਧ ਲੇਖਕ ਹੁੰਦੇ ਹਨ ਜੋ ਆਪੋ ਆਪਣੇ ਵਿਦਿਅਕ ਅਦਾਰਿਆਂ ਤੋਂ ਸੇਵਾ-ਮੁਕਤ ਹੋ ਕੇ ਇਥੇ ਇਕੱਠੇ ਹੋ ਜਾਂਦੇ ਹਨ। ਇਸ ਅਦਾਰੇ ਵਿਚ ਸ਼ਾਮਲ ਹੋਣਾ ਮਾਣ ਵਾਲੀ ਗੱਲ ਸਮਝੀ ਜਾਂਦੀ ਹੈ। ਲੁਧਿਆਣਾ ਤੋਂ ਮੇਰੇ ਕੁਲੀਗ ਰਹੇ ਪ੍ਰੋ. ਨਰਿੰਜਨ ਤਸਨੀਮ ਇਸ ਸੰਸਥਾ ਦੇ ਫੈਲੋ ਰਹੇ ਹਨ ਜਦੋਂ ਇਸ ਸੰਸਥਾ ਦੀ ਗੱਲ ਕਰਦੇ ਹਨ ਤਾਂ ਭਾਵੁਕ ਹੋ ਜਾਂਦੇ ਹਨ।



ਪਾਕਿ ’ਚ ਅਤਿਵਾਦ-ਵਿਰੋਧੀ ਕਾਨੂੰਨ ਹੇਠ ਇਮਰਾਨ ਖ਼ਾਨ ਸਮੇਤ ਕਈ ਆਗੂਆਂ ’ਤੇ FRI

ਲਾਹੌਰ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਾਕਿਸਤਾਨ ’ਚ ਸਿਆਸੀ ਖਿੱਚੋਤਾਣ ਲਗਾਤਾਰ ਵਧਦੀ ਜਾ ਰਹੀ ਹੈ ਜਿੱਥੇ ਦੇਸ਼ ਦੇ ਅਤਿਵਾਦ-ਵਿਰੋਧੀ ਕਾਨੂੰਨ ਤਹਿਤ ਵਿਰੋਧੀ ਧਿਰ ਦੇ ਹੋਰ ਆਗੂਆਂ ਨੂੰ ਨਾਮਜ਼ਦ ਕੀਤਾ ਜਾ ਰਿਹਾ ਹੈ। ਤਾਜ਼ਾ ਮਾਮਲੇ ’ਚ ਅਫ਼ਗਾਨਿਸਤਾਨ ਦੀ ਸਰਹੱਦ ਨਾਲ ਲੱਗਦੇ ਖ਼ੈਬਰ ਪਖ਼ਤੂਨਖਵਾ ਸੂਬੇ ਦੇ ਸਾਬਕਾ ਮੁੱਖ ਮੰਤਰੀ ਸੁਹੇਲ ਅਫ਼ਰੀਦੀ ਨੂੰ ਅਤਿਵਾਦ ਦੇ ਇੱਕ ਵੱਡੇ ਮਾਮਲੇ ’ਚ ਸ਼ਾਮਿਲ ਕੀਤਾ ਗਿਆ ਹੈ। ਪਾਕਿਸਤਾਨ ’ਚ ਅਤਿਵਾਦ-ਵਿਰੋਧੀ ਕਾਨੂੰਨ ਸਾਲ 1997 ’ਚ ਫ਼ਿਰਕੂ ਅਤੇ ਨਸਲੀ ਹਿੰਸਾ ਨਾਲ ਨਜਿੱਠਣ ਅਤੇ ਤੇਜ਼ ਅਦਾਲਤੀ ਸੁਣਵਾਈ ਲਈ ਲਾਗੂ ਕੀਤਾ ਗਿਆ ਸੀ। 9/11 ਦੇ ਹਮਲਿਆਂ ਤੋਂ ਬਾਅਦ ਅਮਰੀਕੀ ਅਤਿਵਾਦ-ਵਿਰੋਧੀ ਮੁਹਿੰਮ ਦੌਰਾਨ ਇਸ ਖੇਤਰ ’ਚ ਤਹਿਰੀਕ-ਏ-ਤਾਈਬਾਨ ਪਾਕਿਸਤਾਨ ਵਰਗੇ ਸੰਗਠਨ ਉਭਰੇ ਜਿਨ੍ਹਾਂ ਨੇ ਪਿਸ਼ਾਵਰ ਦੇ ਆਰਮੀ ਪਬਲਿਕ ਸਕੂਲ ਸਮੇਤ ਕਈ ਖ਼ੂਨੀ ਹਮਲੇ ਕੀਤੇ। ਹਾਲਾਂਕਿ ਸਮੇਂ ਦੇ ਨਾਲ ਇਸ ਕਾਨੂੰਨ ਦੀ ਵਰਤੋਂ ਸਿਆਸਤਦਾਨਾਂ ਖ਼ਿਲਾਫ਼ ਵੀ ਹੋਣ ਲੱਗੀ; ਸਾਲ 2000 ’ਚ ਮੌਜੂਦਾ ਪ੍ਰਧਾਨ ਮੰਤਰੀ ਦੇ ਭਰਾ ਨਵਾਜ਼ ਸ਼ਰੀਫ਼ ਅਤੇ ਜਨਰਲ ਪਰਵੇਜ਼ ਮੁਸ਼ੱਰਫ਼ ਵੀ ਇਸ ਕਾਨੂੰਨ ਹੇਠ ਦੋਸ਼ਾਂ ਦਾ ਸਾਹਮਣਾ ਕਰ ਚੁੱਕੇ ਹਨ।

ਪੁਲੀਸਿੰਗ ਖੋਜਕਰਤਾ ਜ਼ੋਹਾ ਵਸੀਮ ਅਨੁਸਾਰ ਇਸ ਕਾਨੂੰਨ ਹੇਠ ਅਤਿਵਾਦ ਦੀ ਪਰਿਭਾਸ਼ਾ ਬਹੁਤ ਵਿਆਪਕ ਹੈ। ਇਸ ’ਚ ਅਗਵਾ, ਸੜਕੀ ਅਪਰਾਧ, ਮਨੀ ਲੌਂਡਰਿੰਗ ਜਾਂ ਪਾਬੰਦੀਸ਼ੁਦਾ ਸੰਗਠਨਾਂ ਦਾ ਸਮਰਥਨ ਕਰਨ ਵਰਗੀਆਂ ਗਤੀਵਿਧੀਆਂ ਵੀ ਸ਼ਾਮਿਲ ਕੀਤੀਆਂ ਜਾ ਸਕਦੀਆਂ ਹਨ। ਸੁਹੇਲ ਅਫ਼ਰੀਦੀ ’ਤੇ 2023 ’ਚ ਇਮਰਾਨ ਖ਼ਾਨ ਦੀ ਗ੍ਰਿਫ਼ਤਾਰੀ ਤੋਂ ਬਾਅਦ ਇੱਕ ਸਰਕਾਰੀ ਰੇਡੀਓ ਸਟੇਸ਼ਨ ’ਤੇ ਹੋਏ ਹਮਲੇ ਦੇ ਸਬੰਧ ’ਚ ਕੇਸ ਦਰਜ ਕੀਤਾ ਗਿਆ ਹੈ।

ਇਸ ਤੋਂ ਇਲਾਵਾ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ, ਹਾਰਡਲਾਈਨ ਇਸਲਾਮੀ ਪਾਰਟੀ ਦੇ ਆਗੂ, ਅਤੇ ਕਸ਼ਮੀਰੀ, ਪਸ਼ਤੂਨ ਤੇ ਬਲੋਚ ਕਾਰਜਕਰਤਾ ਵੀ ਅਤਿਵਾਦ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਹਨ। ਸਾਬਕਾ ਸਿਆਸਤਦਾਨ ਸ਼ੀਰੀਨ ਮਜ਼ਾਰੀ ਨੇ ਚਿੰਤਾ ਪ੍ਰਗਟਾਈ ਹੈ ਕਿ ਇਸ ਕਾਨੂੰਨ ਦੀ ਸਿਆਸੀ ਵਰਤੋਂ ਨਾਲ ਇਸ ਦੀ ਗੰਭੀਰਤਾ ਘੱਟ ਰਹੀ ਹੈ। ਉਨ੍ਹਾਂ ਦੀ ਵਕੀਲ ਧੀ ਈਮਾਨ ਮਜ਼ਾਰੀ ਅਤੇ ਜਵਾਈ ਹਾਦੀ ਅਲੀ ਚੱਠਾ ਵੀ ਸੋਸ਼ਲ ਮੀਡੀਆ ਪੋਸਟਾਂ ਅਤੇ ਅਤਿਵਾਦ ਫ਼ੈਲਾਉਣ ਦੇ ਦੋਸ਼ਾਂ ਹੇਠ ਜੇਲ੍ਹ ’ਚ ਹਨ।

ਮਰੀਜ਼ਾਂ ਦੀ ਸਿਹਤ ਨਾਲ ਖਿਲਵਾੜ ਬਰਦਾਸ਼ਤ ਨਹੀਂ, ਕੁਤਾਹੀ ਵਰਤਣ ਵਾਲਿਆਂ ਖ਼ਿਲਾਫ਼ ਹੋਵੇਗੀ ਵਿਭਾਗੀ ਕਾਰਵਾਈ: ਮਨਿੰਦਰਜੀਤ ਸਿੰਘ ਵਿੱਕੀ ਘਨੌਰ

ਘਨੌਰ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਵੱਲੋਂ ਅੱਜ ਹਲਕਾ ਘਨੌਰ ਅਧੀਨ ਆਉਂਦੇ ਵੱਖ-ਵੱਖ ਆਮ ਆਦਮੀ ਕਲੀਨਿਕਾਂ ਅਤੇ ਪ੍ਰਾਇਮਰੀ ਹੈਲਥ ਸੈਂਟਰਾਂ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਜਿੱਥੇ ਕਲੀਨਿਕਾਂ ਵਿੱਚ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ, ਟੈਸਟਾਂ ਅਤੇ ਦਵਾਈਆਂ ਦੀ ਉਪਲਬਧਤਾ ਦਾ ਬਾਰੀਕੀ ਨਾਲ ਜਾਇਜ਼ਾ ਲਿਆ, ਉੱਥੇ ਹੀ ਸਾਹਮਣੇ ਆਈਆਂ ਪ੍ਰਬੰਧਕੀ ਕਮੀਆਂ ਨੂੰ ਖ਼ੁਦ ਮੌਕੇ ’ਤੇ ਮੌਜੂਦ ਰਹਿ ਕੇ ਹੱਲ ਕਰਵਾਇਆ। ਉਨ੍ਹਾਂ ਡਾਕਟਰਾਂ ਅਤੇ ਪੈਰਾ-ਮੈਡੀਕਲ ਸਟਾਫ਼ ਨੂੰ ਸਖ਼ਤ ਸ਼ਬਦਾਂ ਵਿੱਚ ਹਦਾਇਤ ਕੀਤੀ ਕਿ ਲੋਕਾਂ ਦੀ ਸੇਵਾ ਵਿੱਚ ਕਿਸੇ ਕਿਸਮ ਦੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਅੱਧਾ ਦਰਜਨ ਦੇ ਕਰੀਬ ਕਲੀਨਿਕਾਂ ਅਤੇ ਪ੍ਰਾਇਮਰੀ ਹੈਲਥ ਸੈਂਟਰਾਂ ਦਾ ਕੀਤਾ ਅਚਨਚੇਤ ਦੌਰਾ

ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਘਨੌਰ ਸਰਕਾਰੀ ਹਸਪਤਾਲ ਅਧੀਨ ਪੈਂਦੇ ਕਰੀਬ ਅੱਧਾ ਦਰਜਨ ਮੁਹੱਲਾ ਕਲੀਨਿਕਾਂ ਦਾ ਦੌਰਾ ਕੀਤਾ। ਇਸ ਤਹਿਤ ਉਨ੍ਹਾਂ ਪਿੰਡ ਮਰਦਾਂਪੁਰ, ਘਨੌਰ ਬੱਸ ਸਟੈਂਡ, ਕਪੂਰੀ, ਲੋਹਸਿੰਬਲੀ, ਅਜਰੌਰ ਅਤੇ ਮੰਡੌਲੀ ਸਥਿਤ ਕਲੀਨਿਕਾਂ ਵਿੱਚ ਪਹੁੰਚ ਕੇ ਸਿਹਤ ਸੇਵਾਵਾਂ ਦੀ ਜ਼ਮੀਨੀ ਹਕੀਕਤ ਪਰਖੀ। ਨਿਰੀਖਣ ਦੌਰਾਨ ਉਨ੍ਹਾਂ ਮਰੀਜ਼ਾਂ ਨਾਲ ਸਿੱਧੀ ਗੱਲਬਾਤ ਕਰਕੇ ਮੁਫ਼ਤ ਦਵਾਈਆਂ, ਲੈਬ ਟੈਸਟਾਂ ਅਤੇ ਡਾਕਟਰਾਂ ਦੇ ਵਤੀਰੇ ਬਾਰੇ ਫੀਡਬੈਕ ਹਾਸਲ ਕੀਤੀ। ਚੈਕਿੰਗ ਦੌਰਾਨ ਕੁਝ ਕਲੀਨਿਕਾਂ ਵਿੱਚ ਸਾਫ਼-ਸਫ਼ਾਈ, ਰਿਕਾਰਡ ਦੇ ਰੱਖ-ਰਖਾਅ ਅਤੇ ਪ੍ਰਬੰਧਾਂ ਵਿੱਚ ਨਿੱਕੀਆਂ-ਮੋਟੀਆਂ ਊਣਤਾਈਆਂ ਦੇਖਣ ਨੂੰ ਮਿਲੀਆਂ। ਵਾਈਸ ਚੇਅਰਮੈਨ ਨੇ ਇਨ੍ਹਾਂ ਖਾਮੀਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਮੌਕੇ ’ਤੇ ਹੀ ਹੱਲ ਕਰਵਾਇਆ। ਉਨ੍ਹਾਂ ਸਟਾਫ਼ ਨੂੰ ਸਪੱਸ਼ਟ ਕੀਤਾ ਕਿ ਭਵਿੱਖ ਵਿੱਚ ਅਜਿਹੀ ਕੋਈ ਵੀ ਲਾਪਰਵਾਹੀ ਸਾਹਮਣੇ ਆਈ ਤਾਂ ਜ਼ਿੰਮੇਵਾਰ ਅਧਿਕਾਰੀਆਂ ਅਤੇ ਮੁਲਾਜ਼ਮਾਂ ਵਿਰੁੱਧ ਸਖ਼ਤ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣਾ ਸਰਕਾਰ ਦਾ ਮੁੱਖ ਮਕਸਦ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿੱਕੀ ਘਨੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਿਹਤ ਖੇਤਰ ਵਿੱਚ ਕ੍ਰਾਂਤੀਕਾਰੀ ਸੁਧਾਰ ਕਰ ਰਹੀ ਹੈ।

ਮੁਲਾਜ਼ਮ ਅਤੇ ਪੈਨਸ਼ਨਰ ਸਾਂਝੀ ਤਾਲਮੇਲ ਕਮੇਟੀ ਵੱਲੋਂ ਪੰਜਾਬ ਸਰਕਾਰ ਦਾ ਫੂਕਿਆ ਪੁਤਲਾ

ਮੁਕੇਰੀਆਂ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਅੱਜ ਸਾਂਝੀ ਮੁਲਾਜ਼ਮ , ਪੈਨਸ਼ਨਰ ਤਾਲਮੇਲ ਕਮੇਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਪੈਨਸ਼ਨਰ ਯੂਨੀਅਨ ਨਰਿੰਦਰ ਸਿੰਘ ਗੋਲੀ, ਪ੍ਰਧਾਨ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਰਜਤ ਮਹਾਜਨ, ਪ੍ਰਧਾਨ ਪ ਸ ਸ ਫ ਮਨਜੀਤ ਸਿੰਘ, ਪੈਨਸ਼ਨਰ ਆਗੂ ਤਰਸੇਮ ਹਰਚੰਦ,ਤਹਿਸੀਲ ਪ੍ਰਧਾਨ ਪੈਨਸ਼ਨਰ ਯੂਨੀਅਨ ਕੁੰਵਰ ਰਾਕੇਸ਼ ਸਿੰਘ ਜਨਰਲ ਸਕੱਤਰ ਸਤੀਸ਼ ਕੁਮਾਰ ਦੀ ਅਗਵਾਈ ਵਿੱਚ ਰੈਸਟ ਹਾਊਸ ਵਿਖੇ ਇਕੱਠੇ ਹੋ ਕੇ ਧਰਨੇ ਤੋਂ ਬਾਅਦ ਮਾਤਾ ਰਾਣੀ ਚੌਂਕ ਜਾ ਕੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

ਇਸ ਮੌਕੇ ਤੇ ਬੋਲਦਿਆਂ ਉਪਰੋਕਤ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਨੇ 18 ਸਤੰਬਰ 2026 ਨੂੰ ਸਾਂਝੀ ਮੁਲਾਜ਼ਮ ਅਤੇ ਪੈਨਸ਼ਨਰ ਤਾਲਮੇਲ ਕਮੇਟੀ ਨੂੰ ਚੰਡੀਗੜ੍ਹ ਵਿਖੇ ਮੀਟਿੰਗ ਵਿੱਚ ਕਿਹਾ ਸੀ ਕਿ ਅਕਤੂਬਰ ਦੇ ਪਹਿਲੇ ਹਫਤੇ ਤਾਲਮੇਲ ਕਮੇਟੀ ਨਾਲ ਮੀਟਿੰਗ ਕੀਤੀ ਜਾਵੇਗੀ ਪਰ ਮੁੱਖ ਮੰਤਰੀ ਮੀਟਿੰਗ ਕਰਨ ਤੋਂ ਭੱਜ ਗਿਆ ਹੈ। ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਨੇ ਮੁਲਾਜ਼ਮਾ ਨਾਲ ਕੀਤੇ ਵਾਅਦਿਆਂ ਵਿਚੋਂ ਇਕ ਵੀ ਪੂਰਾ ਨਹੀਂ ਕੀਤਾ ਹੈ, ਸਿਰਫ਼ ਲਾਰੇ ਹੀ ਲਗਾਏ ਹਨ। ਉਹਨਾਂ ਦੋਸ਼ ਲਗਾਇਆ ਕਿ ਮੁਲਾਜ਼ਮਾ ਦਾ ਪੈਸਾ ਸਰਕਾਰ ਕਰੋੜਾਂ ਰੁਪਏ ਦੇ ਇਸ਼ਤਿਹਾਰਾਂ ਤੇ ਫਜ਼ੂਲ ਖਰਚ ਕਰ ਰਹੀ ਹੈ। ਉਹਨਾਂ ਕਿਹਾ ਕਿ ਜਦੋਂ ਤੱਕ ਹਾਈ ਕੋਰਟ ਦੇ ਹੁਕਮਾਂ ਅਨੁਸਾਰ ਡੀ ਏ ਦੀਆਂ ਕਿਸ਼ਤਾਂ, ਪੁਰਾਣੀ ਪੈਨਸ਼ਨ ਦੀ 1972 ਨਿਯਮ ਅਨੁਸਾਰ ਬਹਾਲੀ, ਕੇਂਦਰੀ ਸਕੇਲ ਰੱਦ ਕਰਨ, ਕੱਚੇ ਕਾਮੇ ਪੱਕੇ ਕਰਨ,ਕੰਪਿਊਟਰ ਅਧਿਆਪਕ ਪੱਕੇ ਕਰਨ।

ਚੌਥੀ ਸੀਨੀਅਰ ਡਿਸਟ੍ਰਿਕਟ ਬੇਸਬਾਲ ਚੈਂਪੀਅਨਸ਼ਿਪ ਦਾ ਹੋਇਆ ਆਗਾਜ਼

ਪਟਿਆਲਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਪਟਿਆਲਾ ਬੇਸਬਾਲ ਐਸੋਸੀਏਸ਼ਨ ਦੇ ਪ੍ਰੈਜ਼ੀਡੈਂਟ ਹਰੀਸ਼ ਸਿੰਘ ਰਾਵਤ ਦੀ ਯੋਗ ਅਗਵਾਈ ਹੇਠ ਤੇ ਸੈਕਟਰੀ ਆਦਰਸ਼ ਬਾਂਸਲ ਦੇ ਤਾਲਮੇਲ ਨਾਲ ਚੌਥੀ ਸੀਨੀਅਰ ਡਿਸਟਰਿਕਟ ਬੇਸਬਾਲ ਚੈਂਪੀਅਨਸ਼ਿਪ ਪੀਐਮਸ਼੍ਰੀ ਸਰਕਾਰੀ ਕੋਐਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਪਾਸੀ ਰੋਡ ਪਟਿਆਲਾ ਵਿਖੇ 22 ਅਕਤੂਬਰ ਤੋਂ 27 ਅਕਤੂਬਰ ਤੱਕ ਕਰਵਾਈ ਜਾ ਰਹੀ ਹੈ।ਅੱਜ ਮੁੱਖ ਮਹਿਮਾਨ ਦੇ ਤੌਰ ਤੇ ਪ੍ਰਿੰਸੀਪਲ ਵਿਜੇ ਕਪੂਰ ਸਟੇਟ ਅਵਾਰਡੀ ਅਤੇ ਅਮਨਿੰਦਰ ਸਿੰਘ ਬਾਬਾ ਨੇ ਉਚੇਚੇ ਤੌਰ ਤੇ ਗਰਾਊਂਡ ਵਿਖੇ ਪਹੁੰਚ ਕੇ ਬੇਸਬਾਲ ਦੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਅੱਜ ਹੋਏ ਦਾ ਮੈਚ ਵਿੱਚ ਸ਼ੁਤਰਾਣਾ ਕਲੱਬ ਨੇ ਸਰਕਾਰੀ ਫਿਜੀਕਲ ਕਾਲਜ ਪਟਿਆਲਾ ਨੂੰ 10-0 ਨਾਲ ਹਰਾਇਆ।ਇਸ ਮੌਕੇ ਤੇ ਡਾ.ਪਵਿੱਤਰ ਸਿੰਘ ਕਾਹਲੋਂ ,ਰਵੀ ਇੰਦਰ ਸਿੰਘ, ਸੁਰਿੰਦਰ ਪਾਲ ਸਿੰਘ ਐਸਪੀ, ਆਕਾਸ਼ਦੀਪ ਚੰਨਾ,ਅਖਿਲ ਬਜਾਜ,ਅਮਨਦੀਪ ਸਿੰਘ, ਮਾਨਵ ਵਰਮਾ ਅਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

ਪੀ ਆਰ ਟੀ ਸੀ ਪੈਨਸ਼ਨਰਾਂ ਦੀ ਮਾਸਿਕ ਮੀਟਿੰਗ ਵਿਚ ਵਿਚਾਰੀਆਂ ਗਈਆਂ ਮੁੱਖ ਮੰਗਾਂ

ਪਟਿਆਲਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਇੱਥੇ ਪੁਰਾਣੇ ਬੱਸ ਸਟੈਂਡ ਵਿਖੇ ਪੀ ਆਰ ਟੀ ਸੀ ਪੈਨਸ਼ਨਰਾਂ ਦੀ ਮਾਸਿਕ ਮੀਟਿੰਗ ਪੀ ਆਰ ਟੀ ਸੀ ਪੈਨਸ਼ਨਰਜ ਐਸੋਸੀਏਸ਼ਨ ਦੇ ਚੇਅਰਮੈਨ ਮੁਕੰਦ ਸਿੰਘ ਅਤੇ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ ਵੱਖ-ਵੱਖ ਡਿਪੂਆਂ ਨਾਲ ਸੰਬੰਧਿਤ ਪੈਨਸ਼ਨਰਾਂ ਨੇ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਵੱਖ ਵੱਖ ਬੁਲਾਰਿਆਂ ਨੇ ਪੈਨਸ਼ਨ ਹਰ ਮਹੀਨੇ ਦੀ 10 ਤਰੀਕ ਤੋਂ ਪਹਿਲਾਂ ਪਹਿਲਾਂ ਪਾਉਣ ਅਤੇ ਰਹਿੰਦੇ ਸਾਰੇ ਬਕਾਏ, ਜਿਵੇਂ ਕਿ 2016 ਦੇ ਪੇ ਕਮਿਸ਼ਨ ਦੇ ਬਕਾਏ, ਮੈਡੀਕਲ ਬਿਲਾਂ ਦੇ ਬਕਾਏ ਅਤੇ ਨਵੇਂ ਰਿਟਾਰੀਆਂ ਦੇ ਬਕਾਏ ਤੁਰੰਤ ਦੇਣ ਦੀ ਮੰਗ ਕੀਤੀ। ਮੀਟਿੰਗ ਦੀ ਸ਼ੁਰੂਆਤ ਸਦੀਵੀ ਵਿਛੋੜਾ ਦੇ ਗਏ ਕੁਝ ਪੈਨਸ਼ਨਰਾਂ ਅਤੇ ਉਹਨਾਂ ਦੇ ਸਬੰਧੀਆਂ ਨੂੰ ਸ਼ਰਧਾਂਜਲੀ ਦੇਣ ਉਪਰੰਤ ਸ਼ੁਰੂ ਹੋਈ । ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਨੇ ਪਿਛਲੇ ਦਿਨੀ ਐਮ ਡੀ ਪੀ ਆਰ ਟੀ ਸੀ ਨਾਲ ਆਪਣੀਆਂ ਸਬੰਧਤ ਮੰਗਾਂ ਨੂੰ ਲੈ ਕੇ ਹੋਈ ਮੀਟਿੰਗ ਦਾ ਹਵਾਲਾ ਦਿੰਦਿਆਂ ਕਿਹਾ ਕਿ ਐਮ ਡੀ ਸਾਹਿਬਾ ਨੇ ਸਾਡੀ ਗੱਲ ਮੰਨ ਕੇ ਤੁਰੰਤ ਡੀ ਏ ਦੇ ਹੁਕਮ ਜਾਰੀ ਕਰ ਦਿੱਤੇ ਅਤੇ 8% ਡੀ ਏ ਲਾ ਕੇ ਦੁਬਾਰਾ ਪੈਨਸ਼ਨ ਬਣਾਉਣ ਲਈ ਕਿਹਾ। ਉਹਨਾਂ ਕਿਹਾ ਕਿ ਐਮ ਡੀ ਸਾਹਿਬਾ ਨੇ ਵਿਸ਼ਵਾਸ ਦਵਾਇਆ ਹੈ ਕਿ ਥੋੜੇ ਸਮੇਂ ਦੇ ਅੰਦਰ ਅੰਦਰ ਹੀ ਤੁਹਾਡੇ ਬਕਾਇਆਂ ਦੀ ਅਦਾਇਗੀ ਸ਼ੁਰੂ ਕਰ ਦਿੱਤੀ ਜਾਵੇਗੀ। ਉਹਨਾਂ ਨੇ ਹਰ ਮਹੀਨੇ ਐਸੋਸੀਏਸ਼ਨ ਨਾਲ ਮੀਟਿੰਗ ਕਰਨ ਦਾ ਵੀ ਭਰੋਸਾ ਦਵਾਇਆ ਤਾਂ ਕਿ ਆਉਂਦੀਆ ਸਮੱਸਿਆਵਾਂ ਦਾ ਯੋਗ ਹੱਲ ਕੱਢਿਆ ਜਾ ਸਕੇ।ਕੰਗਣਵਾਲ ਨੇ ਸਮੁੱਚੇ ਪੈਨਸ਼ਨਰਾਂ ਨੂੰ ਏਕਾ ਬਣਾਈ ਰੱਖਣ ’ਤੇ ਜ਼ੋਰ ਦਿੱਤਾ। ਸਕੱਤਰ ਜਨਰਲ ਹਰੀ ਸਿੰਘ ’ਚਮਕ’ ਨੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕੇਂਦਰੀ ਬਾਡੀ ਦੇ ਹੱਥ ਮਜਬੂਤ ਕਰਨ ਲਈ ਕਿਹਾ।ਉਹਨਾਂ ਕਿਹਾ ਕਿ ਅਜਿਹਾ ਕੋਈ ਕੰਮ ਨਾ ਕੀਤਾ ਜਾਵੇ ਜਿਸ ਨਾਲ ਕੇਂਦਰੀ ਬਾਡੀ ਕਮਜ਼ੋਰ ਹੋਵੇ ।ਕੇਂਦਰੀ ਬਾਡੀ ਮਜਬੂਤ ਹੋਵੇਗੀ ਤਾਂ ਸਾਰੀਆਂ ਮੰਗਾਂ ਆਸਾਨੀ ਨਾਲ ਮਨਾਈਆਂ ਜਾ ਸਕਣਗੀਆਂ। ਉਹਨਾਂ ਨੇ ਬਕਾਇਆਂ ਦੀ ਅਦਾਇਗੀ ਦੇ ਨਾਲ ਨਾਲ ਅਦਾਰੇ ਅੰਦਰ ਠੇਕੇ ਦੇ ਅਧਾਰ ’ਤੇ ਅਤੇ ਆਊਟ ਸੋਰਸਿੰਗ ਰਾਹੀਂ ਕੰਮ ਕਰਦੇ ਕਰਮਚਾਰੀਆਂ ਨੂੰ ਪੱਕਾ ਕਰਨ ਦੀ ਵੀ ਮੰਗ ਕੀਤੀ।

ਬਹੁਤ ਹੀ ਪ੍ਰਭਾਵਸ਼ਾਲੀ ਇਸ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਮੁਕੰਦ ਸਿੰਘ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਕੁਝ ਧਾਰਮਿਕ ਉਦਾਹਰਣਾਂ ਦੇ ਕੇ ਏਕਾ ਬਣਾਈ ਰੱਖਣ ’ਤੇ ਜ਼ੋਰ ਦਿੱਤਾ। ਉਹਨਾਂ ਕਿਹਾ ਕਿ ਕੁਝ ਸ਼ਰਾਰਤੀ ਅਨਸ਼ਰ ਵਿਰੋਧੀ ਤਾਕਤਾਂ ਦੇ ਇਸ਼ਾਰਿਆਂ ’ਤੇ ਐਸੋਸੀਏਸ਼ਨ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਕਰ ਰਹੇ ਹਨ ਜਿਨਾਂ ਨੂੰ ਕਿਸੇ ਵੀ ਸੂਰਤ ਵਿੱਚ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।ਉਹਨਾ ਨੇ ਅਕਤੂਬਰ ਦੀ ਪੈਨਸ਼ਨ ਦੀਵਾਲੀ ਤੋਂ ਪਹਿਲਾਂ ਪਾਉਣ ਦੀ ਮੰਗ ਕੀਤੀ ਤਾਂ ਕਿ ਇਹ ਤਿਉਹਾਰ ਖੁਸ਼ੀ ਨਾਲ ਮਨਾਇਆ ਜਾ ਸਕੇ।

ਉਹਨਾਂ ਪੰਜਾਬ ਸਰਕਾਰ ਤੇ ਮੈਨੇਜਮੈਂਟ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਸਾਡੇ ਰਹਿੰਦੇ ਬਕਾਇਆਂ ਦੀ ਤੁਰੰਤ ਅਦਾਇਗੀ ਕੀਤੀ ਜਾਵੇ ਤਾਂ ਕਿ ਸਾਨੂੰ ਬੁਢਾਪੇ ਵੇਲੇ ਕੋਈ ਸਖਤ ਕਦਮ ਚੁੱਕਣ ਲਈ ਮਜਬੂਰ ਨਾ ਹੋਣਾ ਪਵੇ। ਇਸ ਮੌਕੇ ’ਤੇ, ਮਾਨਸਾ ਵਿਖੇ ਪਰਮਿੰਦਰ ਸਿੰਘ ਝੋਟੇ ਦੇ ਕਤਲ ਦੀ ਨਿਖੇਧੀ ਕਰਦਿਆਂ ਉਹਨਾਂ ਨੂੰ ਸ਼ਰਧਾਂਜਲੀ ਅਰਪਣ ਕੀਤੀ ਗਈ ਅਤੇ ਪੰਜਾਬ ਵਿੱਚ ਨਸ਼ਿਆਂ ਨੂੰ ਨੱਥ ਪਾਉਣ ਲਈ ਦੀ ਵੀ ਮੰਗ ਕੀਤੀ ਗਈ। ਉਪਰੋਕਤ ਤੋਂ ਇਲਾਵਾ ਇਸ ਮੀਟਿੰਗ ਨੂੰ ਸਰਵਸ੍ਰੀ ਜਲੌਰ ਸਿੰਘ ਫਰੀਦਕੋਟ, ਰਘਵੀਰ ਸਿੰਘ ਬੁਢਲਾਡਾ, ਗੋਪਾਲ ਕ੍ਰਿਸ਼ਨ ਮੌੜ ਬਠਿੰਡਾ, ਕੁਲਵਿੰਦਰ ਸਿੰਘ ਬਰਨਾਲਾ, ਉਪਕਾਰ ਸਿੰਘ ਸੰਗਰੂਰ, ਹਰਭਜਨ ਸਿੰਘ ਚੰਡੀਗੜ੍ਹ, ਜੋਗਿੰਦਰ ਸਿੰਘ ਪਟਿਆਲਾ ਅਤੇ ਵਾਈਸ ਚੇਅਰਮੈਨ ਕੇਂਦਰੀ ਬਾਡੀ ਬਚਿੱਤਰ ਸਿੰਘ ਲੁਧਿਆਣਾ ਨੇ ਵੀ ਸੰਬੋਧਨ ਕੀਤਾ। ਵੱਖ-ਵੱਖ ਬੁਲਾਰਿਆਂ ਨੇ ਕੇਂਦਰੀ ਬਾਡੀ ਦੀ ਕਾਰਗੁਜ਼ਾਰੀ ਦੀ ਪ੍ਰਸੰਸਾ ਕਰਦਿਆਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਵਾਇਆ। ਇਸ ਮੀਟਿੰਗ ਨੂੰ ਕਾਮਯਾਬ ਕਰਨ ਲਈ ਸਰਵ ਸ੍ਰੀ ਬਖਸ਼ੀਸ਼ ਸਿੰਘ ਦਫਤਰ ਸਕੱਤਰ, ਸੂਰਜ ਭਾਨ ਜਨਰਲ ਸਕੱਤਰ ਪਟਿਆਲਾ ਡਿਪੂ, ਸੰਤੋਸ਼ ਕ੍ਰਿਸ਼ਨ ਚਪੜ, ਅਮੋਲਕ ਸਿੰਘ ਕੈਸ਼ੀਅਰ ਕੇਂਦਰੀ ਬਾਡੀ, ਬਲਵੰਤ ਸਿੰਘ ਕੈਸ਼ੀਅਰ ਪਟਿਆਲਾ ਡਿਪੂ, ਲਲਕਾਰ ਸਿੰਘ ਟਿਵਾਣਾ, ਦਵਿੰਦਰ ਸਿੰਘ ਟਿਵਾਣਾ, ਬਲਰਾਜ ਸਿੰਘ ਟਿਵਾਣਾ, ਬਲਵੀਰ ਸਿੰਘ ਬੁੱਟਰ, ਗੁਰਦੀਪ ਸਿੰਘ, ਘੋਲਾ ਸਿੰਘ ਡੰਡੋਆ, ਮਲਕੀਤ ਸਿੰਘ, ਰਮੇਸ਼ਵਰ ਦਿਆਲ, ਮਨਜੀਤ ਸਿੰਘ ,ਬਲਵੀਰ ਸਿੰਘ ਗਲੌਂਡਰ ਅਤੇ ਨਿਰਪਾਲ ਸਿੰਘ ਨੇ ਵੀ ਭਰਪੂਰ ਯੋਗਦਾਨ ਪਾਇਆ। ਸਟੇਜ ਦੀ ਡਿਊਟੀ ਹਰੀ ਸਿੰਘ ’ਚਮਕ’ ਸਕੱਤਰ ਜਨਰਲ ਨੇ ਬਾਖੂਬੀ ਨਿਭਾਈ।

ਖੁਰਾਕ ਸੁਰੱਖਿਆ ਵਿਭਾਗ, ਪਟਿਆਲਾ ਵੱਲੋਂ ਤਿਉਹਾਰਾਂ ਦੇ ਸੀਜ਼ਨ ਦੌਰਾਨ ਚੈਕਿੰਗ ਮੁਹਿੰਮ ਤੇਜ਼

➢ ਬਲਬੇੜਾ ਅਤੇ ਪਟਿਆਲਾ ਦੇ ਆਸ-ਪਾਸ ਦੇ ਖੇਤਰਾਂ ਵਿੱਚ ਵੱਖ-ਵੱਖ ਖੁਰਾਕੀ ਕਾਰੋਬਾਰੀ ਅਦਾਰਿਆਂ ਦੀ ਜਾਂਚ ➢ ਮਿੱਤਲ ਪਤੀਸਾ ਹਾਊਸ ਦਾ ਲਾਇਸੈਂਸ ਮੁਅੱਤਲ

ਪਟਿਆਲਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਖੁਰਾਕ ਸੁਰੱਖਿਆ ਟੀਮ, ਪਟਿਆਲਾ ਨੇ ਤਿਉਹਾਰਾਂ ਦੇ ਸੀਜ਼ਨ ਦੌਰਾਨ ਆਪਣੀ ਚੈਕਿੰਗ ਅਤੇ ਨਿਗਰਾਨੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰ ਦਿੱਤਾ ਹੈ। ਇਸ ਦਾ ਉਦੇਸ਼ ਲੋਕਾਂ ਤੱਕ ਸੁਰੱਖਿਅਤ ਅਤੇ ਵਧੀਆ ਖੁਰਾਕੀ ਪਦਾਰਥਾਂ ਦੀ ਉਪਲਬਧਤਾ ਯਕੀਨੀ ਬਣਾਉਣਾ ਅਤੇ ਘਟੀਆ, ਅਸੁਰੱਖਿਅਤ ਅਤੇ ਮਿਲਾਵਟੀ ਖੁਰਾਕੀ ਵਸਤਾਂ ਦੀ ਵਿਕਰੀ ਨੂੰ ਰੋਕਣਾ ਹੈ। ਇਹ ਪ੍ਰਗਟਾਵਾ ਫੂਡ ਸੇਫਟੀ ਵਿਭਾਗ, ਪਟਿਆਲਾ ਦੇ ਜ਼ਿਲ੍ਹਾ ਸਿਹਤ ਅਫ਼ਸਰ ਡਾ. ਗੁਰਪ੍ਰੀਤ ਕੌਰ ਨੇ ਕੀਤਾ।

ਜ਼ਿਲ੍ਹਾ ਸਿਹਤ ਅਫ਼ਸਰ ਨੇ ਦੱਸਿਆ ਕਿ ਚਲਾਈ ਚੈਕਿੰਗ ਮੁਹਿੰਮ ਦੌਰਾਨ, ਖੁਰਾਕ ਸੁਰੱਖਿਆ ਟੀਮ ਨੇ ਬਲਬੇੜਾ ਅਤੇ ਪਟਿਆਲਾ ਦੇ ਆਸ-ਪਾਸ ਦੇ ਖੇਤਰਾਂ ਵਿੱਚ ਵੱਖ-ਵੱਖ ਖੁਰਾਕੀ ਕਾਰੋਬਾਰੀ ਅਦਾਰਿਆਂ ਦੀ ਜਾਂਚ ਕੀਤੀ ਅਤੇ ਵੱਖ-ਵੱਖ ਵਿਕਰੇਤਾਵਾਂ ਤੋਂ ਲੈਬਾਰਟਰੀ ਜਾਂਚ ਲਈ ਖੁਰਾਕੀ ਪਦਾਰਥਾਂ ਦੇ ਪੰਜ ਨਮੂਨੇ ਲਏ।

ਪਟਿਆਲਾ ਦੇ ਤਾਜਪੁਰਾ ਸਥਿਤ ‘ਮਿੱਤਲ ਪਤੀਸਾ ਹਾਊਸ’ ਦੀ ਜਾਂਚ ਦੌਰਾਨ, ਟੀਮ ਨੇ ਉੱਥੇ ਬਹੁਤ ਹੀ ਗੰਦਗੀ ਵਾਲੇ ਅਤੇ ਅਸਵੱਛ ਹਾਲਾਤ ਪਾਏ, ਜਿੱਥੇ ਪਤੀਸਾ ਅਤੇ ਫੈਣੀ ਤਿਆਰ ਕੀਤੀ ਜਾ ਰਹੀ ਸੀ। ਟੀਮ ਨੂੰ ਸ਼ੱਕ ਹੈ ਕਿ ‘ਬੇਸਨ’ ਤੋਂ ਬਣਿਆ ਦੱਸ ਕੇ ਵੇਚੇ ਜਾ ਰਹੇ ਪਤੀਸੇ ਵਿੱਚ ਮੁੱਖ ਸਮੱਗਰੀ ਵਜੋਂ ‘ਮੈਦੇ’ ਦੀ ਵਰਤੋਂ ਕੀਤੀ ਗਈ ਸੀ। ਇਸ ਤੋਂ ਇਲਾਵਾ, ਉਤਪਾਦ ਨੂੰ ਪੀਲਾ ਰੰਗ ਦੇਣ ਲਈ ਉਸ ਵਿੱਚ ‘ਨਿੰਬੂ-ਪੀਲੇ’ ਰੰਗ ਦੀ ਵਰਤੋਂ ਕੀਤੇ ਜਾਣ ਦਾ ਵੀ ਸ਼ੱਕ ਹੈ। ਮੌਕੇ ’ਤੇ ਲਗਭਗ 75 ਕਿਲੋਗ੍ਰਾਮ ’ਮਿਲਕ ਕੇਕ’ ਵੀ ਮਿਲਿਆ। ਖੁਰਾਕ ਕਾਰੋਬਾਰੀ ਨੇ ਦੱਸਿਆ ਕਿ ਇਹ ਮਿਲਕ ਕੇਕ ਕਿਸੇ ਹੋਰ ਵਿਕਰੇਤਾ ਤੋਂ ਖਰੀਦਿਆ ਗਿਆ ਸੀ, ਪਰ ਜਾਂਚ ਦੇ ਸਮੇਂ ਉਸ ਨੇ ਸਪਲਾਇਰ ਦੀ ਪਛਾਣ ਜਾਂ ਪਤਾ ਨਹੀਂ ਦੱਸਿਆ। ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਉੱਥੇ ਪਾਈ ਗਈ ਗੰਦਗੀ ਅਤੇ ਅਸਵੱਛ ਹਾਲਾਤਾਂ ਨੂੰ ਦੇਖਦੇ ਹੋਏ, ਕਾਨੂੰਨੀ ਪ੍ਰਕਿਰਿਆ ਅਨੁਸਾਰ ’ਮਿੱਤਲ ਪਤੀਸਾ ਹਾਊਸ’ ਦਾ ਲਾਇਸੈਂਸ ਮੁਅੱਤਲ ਕਰ ਦਿੱਤਾ ਗਿਆ ਹੈ ਅਤੇ ਅਗਲੇ ਹੁਕਮਾਂ ਤੱਕ ਉੱਥੇ ਕੰਮਕਾਜ ਕਰਨ ’ਤੇ ਰੋਕ ਲਗਾ ਦਿੱਤੀ ਗਈ ਹੈ। ਉਨ੍ਹਾਂ ਸਤੰਬਰ ਤੋਂ 21 ਅਕਤੂਬਰ 2026 ਤੱਕ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਫੂਡ ਸੇਫਟੀ ਵਿਭਾਗ, ਪਟਿਆਲਾ ਨੇ ਸਤੰਬਰ ਅਤੇ ਅਕਤੂਬਰ 2026 ਦੌਰਾਨ ਵਿਆਪਕ ਨਿਰੀਖਣ, ਨਮੂਨੇ ਲੈਣ ਅਤੇ ਕਾਨੂੰਨੀ ਕਾਰਵਾਈਆਂ ਕੀਤੀਆਂ ਹਨ। ਇਸ ਮਿਆਦ ਦੌਰਾਨ ਕੀਤੀ ਗਈ ਕਾਰਵਾਈ ‘ਚ ਕੁੱਲ ਇਕੱਠੇ ਕੀਤੇ ਖੁਰਾਕੀ ਨਮੂਨੇ 96, ਜ਼ਬਤ ਕੀਤਾ ਗਿਆ ਪਨੀਰ ਲਗਭਗ 18 ਕੁਇੰਟਲ, ਜ਼ਬਤ ਕੀਤਾ ਗਿਆ ਦੁੱਧ ਲਗਭਗ 1,800 ਲੀਟਰ, ਹੈਲਥ ਸਪਲੀਮੈਂਟਸ 21 ਵੱਖ-ਵੱਖ ਉਤਪਾਦ, ਜਿਨ੍ਹਾਂ ਵਿਰੁੱਧ ਕਾਰਵਾਈ ਕੀਤੀ ਗਈ ਅਤੇ ਖੁਰਾਕ ਕਾਰੋਬਾਰੀ ਦੇ 2 ਲਾਇਸੰਸ ਮੁਅੱਤਲ ਕੀਤੇ ਗਏ ਅਤੇ 2 ਚਲਾਨ ਜਾਰੀ ਕੀਤੇ ਗਏ।

ਉਨ੍ਹਾਂ ਹੋਰ ਦੱਸਿਆ ਕਿ ਇਸ ਤੋਂ ਇਲਾਵਾ ਵਿਭਾਗ ਨਿਯਮਤ ਨਿਰੀਖਣਾਂ, ਖੁਰਾਕੀ ਨਮੂਨੇ ਲੈਣ ਅਤੇ ’ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006’ ਅਤੇ ਇਸ ਦੇ ਅਧੀਨ ਬਣਾਏ ਗਏ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਢੁਕਵੀਂ ਕਾਰਵਾਈ ਕਰਕੇ ਜਨਤਕ ਸਿਹਤ ਦੀ ਰਾਖੀ ਕਰਨ ਲਈ ਵਚਨਬੱਧ ਹੈ। ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਫੂਡ ਸੇਫਟੀ ਵਿਭਾਗ ਸਾਰੇ ਖੁਰਾਕ ਕਾਰੋਬਾਰੀਆਂ ਨੂੰ ਅਪੀਲ ਕਰਦਾ ਹੈ ਕਿ ਉਹ ਸਹੀ ਸਫਾਈ ਅਤੇ ਸਵੱਛਤਾ ਬਣਾਈ ਰੱਖਣ, ਮਨਜ਼ੂਰਸ਼ੁਦਾ ਸਮੱਗਰੀ ਅਤੇ ਖੁਰਾਕੀ ਰੰਗਾਂ ਦੀ ਵਰਤੋਂ ਕਰਨ, ਖੁਰਾਕੀ ਉਤਪਾਦਾਂ ਦੇ ਸਰੋਤ ਦਾ ਰਿਕਾਰਡ ਰੱਖਣ ਅਤੇ ਖੁਰਾਕ ਸੁਰੱਖਿਆ ਸਬੰਧੀ ਸਾਰੀਆਂ ਲਾਗੂ ਲੋੜਾਂ ਦੀ ਪਾਲਣਾ ਕਰਨ। ਜ਼ਿਲ੍ਹਾ ਸਿਹਤ ਅਧਿਕਾਰੀ ਨੇ ਖਪਤਕਾਰਾਂ ਨੂੰ ਵੀ ਸਲਾਹ ਦਿੱਤੀ ਹੈ ਕਿ ਉਹ ਸੁਚੇਤ ਰਹਿਣ ਅਤੇ ਖੁਰਾਕ ਸੁਰੱਖਿਆ ਨਿਯਮਾਂ ਦੀ ਉਲੰਘਣਾ ਦੇ ਸ਼ੱਕੀ ਮਾਮਲਿਆਂ ਬਾਰੇ ਵਿਭਾਗ ਨੂੰ ਸੂਚਿਤ ਕਰਨ।

2027 ਵਿੱਚ ਕਾਂਗਰਸ ਦੀ ਸੱਤਾ ਲਈ ਰਾਹ ਪੱਧਰਾ ਕਰਨ ਨੂੰ ਉਤਾਵਲੇ ਨੇ ਪੰਜਾਬ ਦੇ ਲੋਕ : ਜਸਵੀਰ ਸਿੰਘ ਚੈਨਾ

ਜੈਤੋਂ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਜਸਵੀਰ ਸਿੰਘ ਚੈਨਾ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ।

ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਤੋਂ ਲੋਕ ਨਿਰਾਸ਼ ਹਨ ਅਤੇ ਸੂਬੇ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਠੱਲ੍ਹ ਪਾਉਣ ਦੇ ਮਾਮਲੇ ਵਿੱਚ ਸਰਕਾਰ ਉਮੀਦਾਂ ’ਤੇ ਖਰੀ ਨਹੀਂ ਉਤਰੀ।

ਜਸਵੀਰ ਸਿੰਘ ਚੈਨਾ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਕਾਰਵਾਈ ਅਤੇ ਇਸ ਸਮਾਜਿਕ ਬੁਰਾਈ ਦੇ ਖ਼ਾਤਮੇ ਲਈ ਹੋਰ ਠੋਸ ਕਦਮ ਚੁੱਕਣ ਦੀ ਲੋੜ ਹੈ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕ ਸਰਕਾਰ ਦੀ ਕਾਰਗੁਜ਼ਾਰੀ ਨੂੰ ਧਿਆਨ ਵਿੱਚ ਰੱਖਦਿਆਂ ਆਪਣਾ ਫ਼ੈਸਲਾ ਸੁਣਾਉਣਗੇ।

ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਜੈਤੋ ਵਿੱਚ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਪ੍ਰਕਾਸ਼ ਸਿੰਘ ਭੱਟੀ ਨੇ ਵੀ ਆਪਣੀਆਂ ਸਿਆਸੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਉਨ੍ਹਾਂ ਅਨੁਸਾਰ ਭੱਟੀ ਹਲਕੇ ਵਿੱਚ ਨੁੱਕੜ ਮੀਟਿੰਗਾਂ ਰਾਹੀਂ ਲੋਕਾਂ ਨਾਲ ਸੰਪਰਕ ਕਰ ਰਹੇ ਹਨ ਅਤੇ ਆਪਣੇ ਸਮਰਥਕਾਂ ਨੂੰ ਨਾਲ ਲੈ ਕੇ ਚੱਲ ਰਹੇ ਹਨ। ਚੈਨਾ ਨੇ ਕਿਹਾ ਕਿ ਕਾਂਗਰਸ ਪਾਰਟੀ ਨੂੰ ਉਮੀਦ ਹੈ ਕਿ ਆਉਣ ਵਾਲੀਆਂ ਚੋਣਾਂ ਵਿੱਚ ਲੋਕ ਉਸ ਦੇ ਹੱਕ ਵਿੱਚ ਫ਼ਤਵਾ ਦੇਣਗੇ। ਜ਼ਿਕਰਯੋਗ ਹੈ ਕਿ ਪ੍ਰਕਾਸ਼ ਸਿੰਘ ਭੱਟੀ ਦੀ ਉਮੀਦਵਾਰੀ ਬਾਰੇ ਅੰਤਿਮ ਫ਼ੈਸਲਾ ਪਾਰਟੀ ਵੱਲੋਂ ਕੀਤਾ ਜਾਣਾ ਹੈ।

ਪੰਜਾਬ ਸਪੋਰਟਸ ਯੂਨੀਵਰਸਿਟੀ ਦਾ ਪਲੇਠਾ ਯੁਵਕ ਮੇਲਾ 24 ਅਕਤੂਬਰ ਨੂੰ

ਪਟਿਆਲਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਪੋਰਟਸ ਯੂਨੀਵਰਸਿਟੀ ਪਟਿਆਲਾ ਵੱਲੋਂ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ 24 ਅਕਤੂਬਰ ਨੂੰ ਯੁਵਕ ਮੇਲਾ (ਯੂਥ ਫੈਸਟੀਵਲ) ਕਰਵਾਇਆ ਜ ਰਿਹਾ ਹੈ। ਜ਼ਿਕਰਯੋਗ ਹੈ ਕਿ ਇਹ ਪੰਜਾਬ ਸਪੋਰਟਸ ਯੂਨੀਵਰਸਿਟੀ ਵੱਲੋਂ ਕਰਵਾਇਆ ਜਾ ਰਿਹਾ ਪਹਿਲਾ ਯੁਵਕ ਮੇਲਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਅਸੀਂ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਬਹੁਪੱਖੀ ਵਿਕਾਸ ਲਈ ਹਰ ਸੰਭਵ ਯਤਨ ਕਰਨ ਲਈ ਵਚਨਬੱਧ ਹਾਂ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਕਰਵਾਇਆ ਜਾ ਰਿਹਾ ਪਲੇਠਾ ਯੁਵਕ ਮੇਲਾ ਵਿਦਿਆਰਥੀਆਂ ਨੂੰ ਖੇਡਾਂ ਅਤੇ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਪੰਜਾਬ ਦੇ ਅਲੋਪ ਹੁੰਦੇ ਜਾ ਰਹੇ ਵਿਰਸੇ ਅਤੇ ਵਿਰਾਸਤ ਨਾਲ ਜੋੜਨ ਦਾ ਮੁੱਢਲਾ ਕਦਮ ਹੈ। ਇਸ ਮੇਲੇ ਵਿਚ ਪੰਜਾਬ ਦੇ ਵੱਖ-ਵੱਖ ਵੰਨਗੀਆਂ ਦੇ ਵਿਰਾਸਤੀ ਰੰਗ ਵੇਖਣ ਨੂੰ ਮਿਲਣਗੇ। ਇਸ ਮੇਲੇ ਵਿਚ ਗਿੱਧਾ, ਭੰਗੜਾ, ਸਕਿੱਟ, ਮਿਮਿਕਰੀ, ਰਵਾਇਤੀ ਗੀਤ, ਲੋਕ ਗੀਤ, ਪ੍ਰਦਰਸ਼ਨੀ ਪਹਿਰਾਵਾ ਆਦਿ ਮੰਚੀ ਕਲਾਵਾਂ ਦੇ ਨਾਲ-ਨਾਲ ਸਾਹਿਤਕ ਕਲਾਵਾਂ ਵਿਚ ਭਾਸ਼ਣ ਮੁਕਾਬਲੇ, ਕਵਿਤਾ ਉਚਾਰਣ, ਪੋਸਟਰ ਮੇਕਿੰਗ, ਕੋਲਾਜ਼ ਮੇਕਿੰਗ, ਕੋਮਲ ਕਲਾਵਾਂ ਵਿਚ ਨਾਲ਼ਾ ਬੁਣਨਾ, ਪੱਖੀ ਬੁਣਨਾ, ਗੁੱਡੀਆਂ ਪਟੋਲੇ, ਮਿੱਟੀ ਦੇ ਖਿਡੌਣੇ, ਰੰਗੋਲੀ ਅਤੇ ਲੋਕ ਖੇਡਾਂ ਵਿਚ ਸ਼ਟਾਪੂ, ਗੀਟੇ, ਰੱਸੀ ਟੱਪਣਾ ਅਤੇ ਰੱਸਾ-ਕਸ਼ੀ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਮੇਲੇ ਵਿਚ 15 ਤੋਂ ਵੱਧ ਵੱਖ-ਵੱਖ ਕਾਲਜਾਂ ਵੱਲੋਂ ਹਿੱਸਾ ਲਿਆ ਜਾਵੇਗਾ ਜਿਨ੍ਹਾਂ ਦੇ ਰਹਿਣ ਅਤੇ ਖਾਣ-ਪੀਣ ਦਾ ਪੁਖ਼ਤਾ ਪ੍ਰਬੰਧ ਯੂਨੀਵਰਸਿਟੀ ਪ੍ਰਸ਼ਾਸ਼ਨ ਵੱਲੋਂ ਕੀਤਾ ਜਾਵੇਗਾ। ਇਸ ਮੇਲੇ ਦਾ ਮਕਸੱਦ ਵਿਦਿਆਰਥੀਆਂ ਵਿੱਚ ਛੁਪੀ ਪ੍ਰਤਿਭਾ ਨੂੰ ਉਭਾਰ ਕੇ ਉਨ੍ਹਾਂ ਵਿਚਲੀ ਕਲਾ ਦੀ ਪਛਾਣ ਕਰਨਾ ਹੈ ਤਾਂ ਜੋ ਵਿਦਿਆਰਥੀ ਸੱਭਿਆਚਾਰਕ ਗਤੀਵਿਧੀਆਂ ਦਾ ਹਿੱਸਾ ਬਣਕੇ ਆਪਣੇ ਹੁਨਰ ਨੂੰ ਨਿਖਾਰ ਸਕਣ।

ਡਾ. ਗਿੱਲ ਨੇ ਦੱਸਿਆ ਕਿ ਮੇਲੇ ਵਿਚ ਸ. ਗੁਰਮੀਤ ਸਿੰਘ (ਮੀਤ ਹੇਅਰ) ਮੈਂਬਰ ਪਾਰਲੀਮੈਂਟ ਅਤੇ ਸ. ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ ਪੰਜਾਬ ਵਿਸ਼ੇਸ਼ ਮਹਿਮਾਨ ਵਜੋਂ ਪੁੱਜਣਗੇ। ਇਸ ਤੋਂ ਇਲਾਵਾ ਪੰਜਾਬ ਦੇ ਉੱਘੇ ਸਿਤਾਰੇ ਸੁਨੀਤਾ ਧੀਰ, ਬਿੰਨੂ ਢਿੱਲੋਂ, ਕੰਵਲਜੀਤ ਸਿੰਘ ਢੀਂਡਸਾ, ਸਵਰਨ ਰਟੌਲ ਆਦਿ ਸ਼ਖਸੀਅਤਾਂ ਉਚੇਚੇ ਤੌਰ ਤੇ ਸ਼ਿਰਕਤ ਕਰਨਗੀਆਂ।

ਅਧਿਆਪਕਾ ਦੀ ਸਮੂਹਿਕ ਛੁੱਟੀ ਕਾਰਨ ਮਾਛੀਵਾੜਾ ਦੇ ਅੱਧੇ ਤੋਂ ਵੱਧ ਸਰਕਾਰੀ ਸਕੂਲਾਂ ਨੂੰ ਲੱਗੇ ਜਿੰਦਰੇ

ਮਾਛੀਵਾੜਾ-1 ਦੇ 36 ਅਤੇ ਮਾਛੀਵਾੜਾ-2 ਦੇ 33 ਸਕੂਲ ਰਹੇ ਬੰਦ, ਸਰਕਾਰੀ ਛੁੱਟੀ ਨਾ ਹੋਣ ਦੇ ਬਾਵਜੂਦ ਸਕੂਲਾਂ ’ਚ ਨਹੀਂ ਪਹੁੰਚੇ ਅਧਿਆਪਕ

ਮਾਛੀਵਾੜਾ ਸਾਹਿਬ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਈਟੀਟੀ ਅਧਿਆਪਕ ਯੂਨੀਅਨ ਵੱਲੋਂ ਸਮੂਹਿਕ ਛੁੱਟੀ ਦੇ ਐਲਾਨ ਦਾ ਅਸਰ ਅੱਜ ਮਾਛੀਵਾੜਾ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ’ਚ ਦੇਖਣ ਨੂੰ ਮਿਲਿਆ।

ਮਾਛੀਵਾੜਾ-1 ਅਤੇ ਮਾਛੀਵਾੜਾ-2 ਬਲਾਕਾਂ ਦੇ ਅੱਧੇ ਤੋਂ ਵੱਧ ਸਕੂਲ ਬੰਦ ਰਹੇ, ਜਿਸ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਪ੍ਰਭਾਵਿਤ ਹੋਣ ਦੀ ਸਥਿਤੀ ਬਣੀ ਰਹੀ। ਖ਼ਾਸ ਗੱਲ ਇਹ ਰਹੀ ਕਿ ਅੱਜ ਸਰਕਾਰ ਵੱਲੋਂ ਕੋਈ ਸਰਕਾਰੀ ਛੁੱਟੀ ਨਹੀਂ ਐਲਾਨੀ ਗਈ ਸੀ। ਪ੍ਰਾਪਤ ਜਾਣਕਾਰੀ ਅਨੁਸਾਰ ਮਾਛੀਵਾੜਾ-1 ਬਲਾਕ ਦੇ ਕੁੱਲ 60 ਸਕੂਲਾਂ ’ਚੋਂ 36 ਸਕੂਲ ਬੰਦ ਪਾਏ ਗਏ, ਜਦਕਿ ਮਾਛੀਵਾੜਾ-2 ਬਲਾਕ ਦੇ 53 ਸਕੂਲਾਂ ’ਚੋਂ 33 ਸਕੂਲਾਂ ਨੂੰ ਜਿੰਦਰੇ ਲੱਗੇ ਹੋਏ ਸਨ।

ਇਸ ਤਰ੍ਹਾਂ ਦੋਵਾਂ ਬਲਾਕਾਂ ਦੇ ਕੁੱਲ 113 ਸਕੂਲਾਂ ’ਚੋਂ 69 ਸਕੂਲ ਬੰਦ ਰਹੇ, ਜੋ ਕਿ ਕੁੱਲ ਸਕੂਲਾਂ ਦਾ ਲਗਭਗ 61 ਫ਼ੀਸਦੀ ਬਣਦਾ ਹੈ।

ਸਕੂਲਾਂ ਦੀ ਸਥਿਤੀ ਬਾਰੇ ਮਿਲੀ ਜਾਣਕਾਰੀ ਅਨੁਸਾਰ ਕਈ ਥਾਵਾਂ ’ਤੇ ਬੱਚੇ ਤਾਂ ਸਕੂਲ ਪਹੁੰਚੇ ਹੋਏ ਸਨ, ਪਰ ਉਨ੍ਹਾਂ ਨੂੰ ਪੜ੍ਹਾਉਣ ਲਈ ਅਧਿਆਪਕ ਮੌਜੂਦ ਨਹੀਂ ਸਨ। ਦੂਜੇ ਪਾਸੇ, ਕਈ ਸਕੂਲਾਂ ਦੇ ਮੁੱਖ ਗੇਟਾਂ ’ਤੇ ਜਿੰਦਰੇ ਲੱਗੇ ਨਜ਼ਰ ਆਏ। ਇਸ ਸਥਿਤੀ ਨੇ ਸਰਕਾਰੀ ਸਕੂਲਾਂ ’ਚ ਪੜ੍ਹਦੇ ਬੱਚਿਆਂ ਦੀ ਪੜ੍ਹਾਈ ਅਤੇ ਸਕੂਲਾਂ ਦੀ ਕਾਰਗੁਜ਼ਾਰੀ ਨੂੰ ਲੈ ਕੇ ਸਵਾਲ ਖੜ੍ਹੇ ਕਰ ਦਿੱਤੇ ਹਨ। ਸਰਕਾਰੀ ਸਕੂਲਾਂ ’ਚ ਪੜ੍ਹਦੇ ਬੱਚਿਆਂ ਦੇ ਮਾਪੇ ਆਪਣੇ ਬੱਚਿਆਂ ਦੇ ਬਿਹਤਰ ਭਵਿੱਖ ਲਈ ਸਕੂਲਾਂ ’ਤੇ ਭਰੋਸਾ ਕਰਦੇ ਹਨ। ਅਜਿਹੇ ’ਚ ਸਰਕਾਰੀ ਕੰਮਕਾਜ ਵਾਲੇ ਦਿਨ ਵੱਡੀ ਗਿਣਤੀ ਵਿੱਚ ਸਕੂਲਾਂ ਦਾ ਬੰਦ ਰਹਿਣਾ ਸਿੱਖਿਆ ਵਿਭਾਗ ਦੀ ਜਵਾਬਦੇਹੀ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਦੀ ਨਿਰੰਤਰਤਾ ਬਾਰੇ ਗੰਭੀਰ ਚਰਚਾ ਦਾ ਵਿਸ਼ਾ ਹੈ।

ਇਸ ਮਾਮਲੇ ਸਬੰਧੀ ਜਦੋਂ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਰਾਮ ਕੁਮਾਰ ਨਾਲ ਸੰਪਰਕ ਕਰਕੇ ਉਨ੍ਹਾਂ ਦਾ ਪੱਖ ਜਾਣਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਇਸ ਸਬੰਧੀ ਜਾਣਕਾਰੀ ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਦਿੱਤੀ ਜਾ ਸਕਦੀ ਹੈ।

ਲਾਪਤਾ ਹੈ ਅੰਸ਼



ਨਾਭਾ ਸ਼ਹਿਰ ਦਾ ਨੌਜਵਾਨ ਬੁੱਧਵਾਰ ਸਵੇਰੇ 11 ਵਜੇ ਤੋਂ ਪਟਿਆਲਾ ਵਿਖੇ ਭਾਖੜਾ ਇਲਾਕੇ ਤੋਂ ਲਾਪਤਾ ਜੇਕਰ ਕਿਸੇ ਨੂੰ ਨਜ਼ਰ ਆਵੇ ਜਾਂ ਕੋਈ ਜਾਣਕਾਰੀ ਮਿਲੇ ਤਾਂ ਤੁਰੰਤ ਸੰਪਰਕ ਕਰੋ। 7814880029 ਕਿਰਪਾ ਕਰਕੇ ਵੱਧ ਤੋਂ ਵੱਧ ਸ਼ੇਅਰ ਕਰੋ।

ਕੇਆਈਐਮਟੀ ਵਿਖੇ ‘ਪ੍ਰਤਿਭਾ 2K26’ ਅੰਤਰ-ਸਕੂਲ ਮੁਕਾਬਲੇ ਦਾ ਆਯੋਜਨ

ਲੁਧਿਆਣਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਖਾਲਸਾ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਫ਼ਾਰ ਵਿਮੈਨ (ਕੇਆਈਐਮਟੀ) ਵੱਲੋਂ ਵਿਦਿਆਰਥਣਾਂ ਦੀ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ‘ਪ੍ਰਤਿਭਾ 2K26’ ਅੰਤਰ-ਸਕੂਲ ਮੁਕਾਬਲਾ ਕਰਵਾਇਆ ਗਿਆ। ਇਸ ਵਿੱਚ ਲੁਧਿਆਣਾ ਦੇ 20 ਤੋਂ ਵੱਧ ਨਾਮਵਰ ਸਕੂਲਾਂ ਦੇ ਲਗਭਗ 500 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਿਹਤਮੰਦ ਮੁਕਾਬਲੇਬਾਜ਼ੀ, ਸਿਰਜਣਾਤਮਕਤਾ ਅਤੇ ਆਪਸੀ ਸਹਿਯੋਗ ਦੀ ਭਾਵਨਾ ਨੂੰ ਉਤਸ਼ਾਹਿਤ ਕਰਨਾ ਸੀ। ਸਮਾਗਮ ਦਾ ਉਦਘਾਟਨ ਮੁੱਖ ਮਹਿਮਾਨ ਸ੍ਰੀ ਐੱਸ. ਐੱਸ. ਭੋਗਲ, ਮੈਨੇਜਿੰਗ ਪਾਰਟਨਰ, ਭੋਗਲ ਸੇਲਜ਼ ਕਾਰਪੋਰੇਸ਼ਨ, ਲੁਧਿਆਣਾ ਵੱਲੋਂ ਸ਼ਮਾ ਰੋਸ਼ਨ ਕਰਕੇ ਕੀਤਾ ਗਿਆ। ਸ੍ਰੀ ਹਰੀ ਓਮ ਜਿੰਦਲ, ਐਡਵੋਕੇਟ ਅਤੇ ਸੰਸਥਾਪਕ, ਐੱਸਈਡੀਸੀ ਐਨਜੀਓ, ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਮੁਕਾਬਲਿਆਂ ਦੌਰਾਨ ਵਿਦਿਆਰਥੀਆਂ ਨੇ ਫਾਈਨ ਆਰਟਸ, ਤਕਨੀਕੀ, ਸਾਹਿਤਕ ਅਤੇ ਸੱਭਿਆਚਾਰਕ ਗਤੀਵਿਧੀਆਂ ਨਾਲ ਸਬੰਧਤ ਵੱਖ-ਵੱਖ ਆਨ-ਸਟੇਜ ਅਤੇ ਆਫ਼-ਸਟੇਜ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚੋਂ ਆਰ. ਐੱਸ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਮਾਡਲ ਟਾਊਨ, ਲੁਧਿਆਣਾ ਦੀ ਟੀਮ ਨੇ ਓਵਰਆਲ ਜੇਤੂ ਹੋਣ ਦਾ ਮਾਣ ਹਾਸਲ ਕੀਤਾ।

ਸੰਸਥਾ ਦੀ ਡਾਇਰੈਕਟਰ ਡਾ. ਹਰਪ੍ਰੀਤ ਕੌਰ ਨੇ ਸਮਾਗਮ ਵਿੱਚ ਸ਼ਾਮਲ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਦੇ ਉਤਸ਼ਾਹ, ਮਿਹਨਤ ਅਤੇ ਸਮਰਪਣ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਜੀਵਨ ਦੇ ਹਰ ਖੇਤਰ ਵਿੱਚ ਉੱਤਮਤਾ ਹਾਸਲ ਕਰਨ ਲਈ ਲਗਾਤਾਰ ਯਤਨਸ਼ੀਲ ਰਹਿਣ ਵਾਸਤੇ ਪ੍ਰੇਰਿਤ ਕੀਤਾ।

ਸਮਾਗਮ ਦੇ ਸਮਾਪਤੀ ਸਮਾਰੋਹ ਦੌਰਾਨ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤਰ੍ਹਾਂ ‘ਪ੍ਰਤਿਭਾ 2™26’ ਵਿਦਿਆਰਥੀਆਂ ਨੂੰ ਆਪਣੀ ਕਲਾ, ਗਿਆਨ ਅਤੇ ਹੁਨਰ ਦਾ ਪ੍ਰਦਰਸ਼ਨ ਕਰਨ ਲਈ ਇੱਕ ਪ੍ਰਭਾਵਸ਼ਾਲੀ ਮੰਚ ਸਾਬਤ ਹੋਇਆ।

ਪੰਜਾਬ ਰੋਡਵੇਜ਼, ਪਨਬੱਸ ਤੇ ਪੀਆਰਟੀਸੀ ਦੇ ਕੰਟਰੈਕਟ ਮੁਲਾਜ਼ਮਾਂ ਵੱਲੋਂ ਅਣਮਿੱਥੇ ਸਮੇਂ ਦੀ ਹੜਤਾਲ ਸ਼ੁਰੂ

ਲੁਧਿਆਣਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਰੋਡਵੇਜ਼, ਪਨਬੱਸ ਅਤੇ ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ 21 ਅਕਤੂਬਰ ਤੋਂ ਅਣਮਿੱਥੇ ਸਮੇਂ ਦੀ ਹੜਤਾਲ ਸ਼ੁਰੂ ਕਰ ਦਿੱਤੀ ਗਈ ਹੈ। ਇਸ ਦੌਰਾਨ ਸੂਬੇ ਦੇ ਵੱਖ-ਵੱਖ ਡਿਪੂਆਂ ਦੇ ਗੇਟਾਂ ਅੱਗੇ ਮੁਲਾਜ਼ਮਾਂ ਨੇ ਰੋਸ ਪ੍ਰਦਰਸ਼ਨ ਕਰਕੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਯੂਨੀਅਨ ਆਗੂ ਜਤਿੰਦਰ ਸਿੰਘ ਸੋਨੀ ਨੇ ਐਲਾਨ ਕੀਤਾ ਕਿ ਟਰਾਂਸਪੋਰਟ ਮੰਤਰੀ ਦੀ ਰਿਹਾਇਸ਼ ਅੱਗੇ ਧਰਨਾ ਦਿੱਤਾ ਗਿਆ।

ਯੂਨੀਅਨ ਆਗੂ ਸਤਨਾਮ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗਾਂ ਕਰਨ ਦੇ ਬਾਵਜੂਦ ਮੁਲਾਜ਼ਮਾਂ ਦੀਆਂ ਮੰਗਾਂ ਦਾ ਕੋਈ ਠੋਸ ਹੱਲ ਨਹੀਂ ਕੱਢਿਆ ਗਿਆ। ਉਨ੍ਹਾਂ ਕਿਹਾ ਕਿ ਵਿਭਾਗ ਵਿੱਚ ਨਵੀਆਂ ਸਰਕਾਰੀ ਬੱਸਾਂ ਚਲਾਉਣ, ਕੰਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਠੇਕੇਦਾਰੀ ਪ੍ਰਥਾ ਖ਼ਤਮ ਕਰਨ ਦੀਆਂ ਮੰਗਾਂ ਲੰਮੇ ਸਮੇਂ ਤੋਂ ਲਟਕ ਰਹੀਆਂ ਹਨ।

ਮੀਤ ਪ੍ਰਧਾਨ ਸੁਖਵਿੰਦਰ ਸਿੰਘ ਬੱਬੂ ਅਤੇ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਸਰਕਾਰ ਕਿਲੋਮੀਟਰ ਸਕੀਮ ਤਹਿਤ ਪ੍ਰਾਈਵੇਟ ਬੱਸਾਂ ਨੂੰ ਉਤਸ਼ਾਹਿਤ ਕਰਕੇ ਸਰਕਾਰੀ ਵਿਭਾਗਾਂ ਦੇ ਨਿੱਜੀਕਰਨ ਵੱਲ ਵਧ ਰਹੀ ਹੈ, ਜਿਸ ਨਾਲ ਨੌਜਵਾਨਾਂ ਦੇ ਰੁਜ਼ਗਾਰ ’ਤੇ ਮਾੜਾ ਅਸਰ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ 2026 ਦੇ ਐਕਟ ਤਹਿਤ ਆਊਟਸੋਰਸ ਮੁਲਾਜ਼ਮਾਂ ਨੂੰ ਕੰਟਰੈਕਟ ’ਤੇ ਕਰਨ ਦੀ ਪ੍ਰਕਿਰਿਆ ਪੂਰੀ ਕੀਤੀ ਜਾਵੇ, ਕੰਟਰੈਕਟ ਮੁਲਾਜ਼ਮਾਂ ਨੂੰ ਸਰਵਿਸ ਰੂਲਾਂ ਅਨੁਸਾਰ ਪੱਕਾ ਕੀਤਾ ਜਾਵੇ ਅਤੇ ਸੰਘਰਸ਼ ਦੌਰਾਨ ਦਰਜ ਕੀਤੇ ਗਏ ਕਥਿਤ ਨਾਜਾਇਜ਼ ਪਰਚੇ ਰੱਦ ਕੀਤੇ ਜਾਣ। ਇਸ ਮੌਕੇ ਸਹਾਇਕ ਸਕੱਤਰ ਗੁਰਵਿੰਦਰ ਸਿੰਘ, ਸਤਿਗੁਰੂ ਸਿੰਘ, ਅਮਰੀਕ ਸਿੰਘ, ਸਤੀਸ਼ ਕੁਮਾਰ ਅਤੇ ਏ.ਪੀ. ਸੰਧੂ ਸਮੇਤ ਹੋਰ ਯੂਨੀਅਨ ਆਗੂ ਹਾਜ਼ਰ ਸਨ।

4 ਨਵੰਬਰ ਨੂੰ ਕਾਂਗਰਸ ਸੰਗਰੂਰ ਵਿੱਚ ਕਰੇਗੀ 'ਹਿਸਾਬ ਮੰਗੋ' ਰੈਲੀ; ਰਾਹੁਲ ਗਾਂਧੀ ਹੋਣਗੇ ਸ਼ਾਮਲ

ਚੰਡੀਗੜ੍ਹ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਕਾਂਗਰਸ ਵੱਲੋਂ 4 ਨਵੰਬਰ ਨੂੰ ਸੰਗਰੂਰ ਵਿੱਚ ਇੱਕ ਵਿਸ਼ਾਲ 'ਹਿਸਾਬ ਮੰਗੋ' ਰੈਲੀ ਕੀਤੀ ਜਾਵੇਗੀ, ਜਿਸ ਵਿੱਚ ਵਿਸ਼ੇਸ਼ ਤੌਰ ਉੱਤੇ ਪਾਰਟੀ ਆਗੂ ਰਾਹੁਲ ਗਾਂਧੀ ਸ਼ਾਮਲ ਹੋਣਗੇ। ਇਸ ਰੈਲੀ ਨਾਲ ਪਾਰਟੀ ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਮੁਹਿੰਮ ਦਾ ਆਗਾਜ਼ ਕੀਤਾ ਜਾਵੇਗਾ। ਪਾਰਟੀ ਆਗੂਆਂ ਕੇਸੀ ਵੇਣੂਗੋਪਾਲ ਅਤੇ ਸਚਿਨ ਪਾਇਲਟ ਨੇ ਸੋਮਵਾਰ ਨੂੰ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਜਾਣਕਾਰੀ ਦਿੱਤੀ।

ਭਗਵੰਤ ਮਾਨ ਸਰਕਾਰ 'ਤੇ ਨਿਸ਼ਾਨਾ ਸੇਧਦਿਆਂ ਆਲ ਇੰਡੀਆ ਕਾਂਗਰਸ ਕਮੇਟੀ (ਏ ਆਈ ਸੀ ਸੀ) ਦੇ ਜਨਰਲ ਸਕੱਤਰ (ਸੰਗਠਨ) ਵੇਣੂਗੋਪਾਲ ਨੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ-ਢੇਰੀ ਹੋ ਚੁੱਕੀ ਹੈ ਅਤੇ ਇਹ ਨਸ਼ਾ ਮਾਫੀਆ ਦਾ ਗੜ੍ਹ ਬਣਦਾ ਜਾ ਰਿਹਾ ਹੈ। ਐਤਵਾਰ ਸ਼ਾਮ ਨੂੰ ਚੰਡੀਗੜ੍ਹ ਪੁੱਜੇ ਵੇਣੂਗੋਪਾਲ ਨੇ ਕਿਹਾ, ਸਾਡਾ ਟੀਚਾ ਪੰਜਾਬ ਵਿੱਚ ਜਿੱਤਣਾ ਅਤੇ ਇਸਨੂੰ ਇਨ੍ਹਾਂ ਸਾਰੀਆਂ ਬੁਰਾਈਆਂ ਤੋਂ ਬਚਾਉਣਾ ਹੈ। ਕਾਂਗਰਸ ਪਾਰਟੀ ਨੂੰ ਪੂਰਾ ਭਰੋਸਾ ਹੈ ਕਿ ਅਸੀਂ ਪੰਜਾਬ ਵਿੱਚ ਸਰਕਾਰ ਬਣਾਉਣ ਜਾ ਰਹੇ ਹਾਂ।

ਉਹ ਵਿਧਾਨ ਸਭਾ ਚੋਣਾਂ ਅਤੇ ਰਾਹੁਲ ਗਾਂਧੀ ਦੇ ਪੰਜਾਬ ਦੌਰੇ ਦੀਆਂ ਤਿਆਰੀਆਂ ਬਾਰੇ ਚਰਚਾ ਕਰਨ ਲਈ ਪੰਜਾਬ ਕਾਂਗਰਸ ਦੇ ਸੀਨੀਅਰ ਆਗੂਆਂ, ਜ਼ਿਲ੍ਹਾ ਪ੍ਰਧਾਨਾਂ ਅਤੇ ਹੋਰ ਨੇਤਾਵਾਂ ਨਾਲ ਮੀਟਿੰਗਾਂ ਕਰਨਗੇ। ਉਨ੍ਹਾਂ ਕਿਹਾ, ਸਾਡੇ ਆਗੂ ਰਾਹੁਲ ਗਾਂਧੀ 4 ਨਵੰਬਰ ਨੂੰ ਇੱਥੇ ਆ ਰਹੇ ਹਨ। ਇੱਥੇ ਇੱਕ ਵਿਸ਼ਾਲ ਰੈਲੀ ਹੋਵੇਗੀ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦਾ ਪੰਜਾਬ ਦੇ ਲੋਕਾਂ ਨਾਲ ਬਹੁਤ ਵਧੀਆ ਸੰਪਰਕ ਹੈ। ਉਨ੍ਹਾਂ ਕਿਹਾ, ਹੁਣ ਪੂਰੇ ਭਾਰਤ ਵਿੱਚ ਲੋਕ ਉਨ੍ਹਾਂ ਦੇ ਨਜ਼ਰੀਏ ਅਤੇ ਵਿਚਾਰਾਂ ਨਾਲ ਪੂਰੀ ਤਰ੍ਹਾਂ ਜੁੜ ਰਹੇ ਹਨ, ਖਾਸ ਕਰਕੇ ਨੌਜਵਾਨ। ਮੈਨੂੰ ਲੱਗਦਾ ਹੈ ਕਿ ਪੰਜਾਬੀ ਵੀ 4 ਨਵੰਬਰ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ।

ਉੱਥੇ ਹੀ ਕਾਂਗਰਸ ਦੇ ਜਨਰਲ ਸਕੱਤਰ ਅਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਸਚਿਨ ਪਾਇਲਟ ਨੇ ਕਿਹਾ ਕਿ ਪੂਰੀ ਪਾਰਟੀ ਚੋਣ ਤਿਆਰੀਆਂ ਲਈ ਇਕਜੁੱਟ ਹੈ। ਉਨ੍ਹਾਂ ਨੇ ਵੀ ਨਸ਼ਿਆਂ ਦੀ ਸਮੱਸਿਆ ਅਤੇ ਕਾਨੂੰਨ ਵਿਵਸਥਾ ਦੇ ਮੁੱਦਿਆਂ 'ਤੇ 'ਆਪ' ਸਰਕਾਰ 'ਤੇ ਨਿਸ਼ਾਨਾ ਸੇਧਿਆ।

5 ਲੱਖ ਕਰੋੜ ਰੁਪਏ ਦੇ ਨਿਵੇਸ਼ ਦਾ ਟੀਚਾ: ਨਿਵੇਸ਼ਕਾਂ ਨੂੰ ਖਿੱਚਣ ਲਈ ਗੁਜਰਾਤ ਦੌਰੇ 'ਤੇ ਨਿਕਲੇ ਹਰਿਆਣਾ ਦੇ ਮੁੱਖ ਮੰਤਰੀ ਸੈਣੀ

ਚੰਡੀਗੜ੍ਹ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਵਿੱਚ ਨਵਾਂ ਨਿਵੇਸ਼ ਲਿਆਉਣ ਲਈ ਮੁੱਖ ਮੰਤਰੀ ਨਾਇਬ ਸਿੰਘ ਸੈਣੀ 27 ਅਤੇ 28 ਅਕਤੂਬਰ ਨੂੰ ਇੱਕ ਉੱਚ-ਪੱਧਰੀ ਵਫ਼ਦ ਦੀ ਅਗਵਾਈ ਕਰਦਿਆਂ ਗੁਜਰਾਤ ਦੇ ਦੌਰੇ 'ਤੇ ਜਾਣਗੇ। ਸੂਬਾ ਸਰਕਾਰ ਨੇ ਸਾਲ 2030-31 ਤੱਕ 5 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕਰਨ ਅਤੇ 10 ਲੱਖ ਤੋਂ ਵੱਧ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦਾ ਵੱਡਾ ਟੀਚਾ ਮਿੱਥਿਆ ਹੈ। ਇਸ ਦੋ-ਰੋਜ਼ਾ ਦੌਰੇ ਦੌਰਾਨ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਵੀ ਮੁੱਖ ਮੰਤਰੀ ਦੇ ਨਾਲ ਰਹਿਣਗੇ।

ਤੈਅ ਪ੍ਰੋਗਰਾਮ ਅਨੁਸਾਰ 27 ਅਕਤੂਬਰ ਨੂੰ ਮੁੱਖ ਮੰਤਰੀ ਸੂਰਤ ਵਿਖੇ ਉੱਘੇ ਕਾਰੋਬਾਰੀਆਂ ਨਾਲ ਮੀਟਿੰਗਾਂ ਕਰਕੇ ਸੂਬੇ ਵਿੱਚ ਉਦਯੋਗ ਸਥਾਪਤ ਕਰਨ ਦੀਆਂ ਸੰਭਾਵਨਾਵਾਂ 'ਤੇ ਚਰਚਾ ਕਰਨਗੇ। ਇਸ ਤੋਂ ਇਲਾਵਾ ਉਹ 'ਪਰਵਾਸੀ ਮਿਲਣ ਸਮਾਰੋਹ' ਵਿੱਚ ਹਿੱਸਾ ਲੈ ਕੇ ਹਰਿਆਣਵੀ ਭਾਈਚਾਰੇ ਨੂੰ ਨਿਵੇਸ਼ ਲਈ ਪ੍ਰੇਰਿਤ ਕਰਨਗੇ। ਅਗਲੇ ਦਿਨ, 28 ਅਕਤੂਬਰ ਨੂੰ ਗਾਂਧੀਨਗਰ ਵਿਖੇ 'ਹਰਿਆਣਾ ਇਨਵੈਸਟਮੈਂਟ ਰੋਡਸ਼ੋਅ' ਕਰਵਾਇਆ ਜਾਵੇਗਾ, ਜਿਸ ਵਿੱਚ ਵੱਖ-ਵੱਖ ਖੇਤਰਾਂ ਦੇ ਪ੍ਰਮੁੱਖ ਸਨਅਤਕਾਰ ਅਤੇ ਨਿਵੇਸ਼ਕ ਸ਼ਾਮਲ ਹੋਣਗੇ।

ਇਸ ਰੋਡਸ਼ੋਅ ਦਾ ਮੁੱਖ ਮਕਸਦ ਹਰਿਆਣਾ ਦੇ ਉੱਨਤ ਬੁਨਿਆਦੀ ਢਾਂਚੇ, ਹੁਨਰਮੰਦ ਮਨੁੱਖੀ ਸ਼ਕਤੀ ਅਤੇ ਨਿਵੇਸ਼ਕ-ਪੱਖੀ ਨੀਤੀਆਂ ਨੂੰ ਪੇਸ਼ ਕਰਨਾ ਹੈ। ਦੌਰੇ ਦੌਰਾਨ ਕਈ ਅਹਿਮ ਸਮਝੌਤਿਆਂ (MoUs) 'ਤੇ ਦਸਤਖ਼ਤ ਹੋਣ ਦੀ ਉਮੀਦ ਹੈ। ਉਦਯੋਗ ਵਿਭਾਗ ਦੇ ਪ੍ਰਮੁੱਖ ਸਕੱਤਰ ਡਾ. ਅਮਿਤ ਅਗਰਵਾਲ ਨੇ ਕਿਹਾ ਕਿ ਇਹ ਦੌਰਾ ਕਾਰੋਬਾਰੀ ਭਾਈਚਾਰੇ ਸਾਹਮਣੇ ਸੂਬੇ ਦੀਆਂ ਆਰਥਿਕ ਸੰਭਾਵਨਾਵਾਂ ਨੂੰ ਮਜ਼ਬੂਤੀ ਨਾਲ ਪੇਸ਼ ਕਰੇਗਾ।

'ਮੇਕ ਇਨ ਹਰਿਆਣਾ ਇੰਡਸਟਰੀਅਲ ਪਾਲਿਸੀ-2026' ਤਹਿਤ ਸਰਕਾਰ ਉਦਯੋਗਿਕ ਵਿਕਾਸ ਨੂੰ ਤੇਜ਼ ਕਰਨਾ ਅਤੇ ਨਿਰਮਾਣ ਖੇਤਰ ਨੂੰ ਬੜ੍ਹਾਵਾ ਦੇਣਾ ਚਾਹੁੰਦੀ ਹੈ। ਸਰਕਾਰ ਨੂੰ ਪੂਰੀ ਉਮੀਦ ਹੈ ਕਿ ਇਸ ਪਹਿਲਕਦਮੀ ਨਾਲ ਸੂਬੇ ਵਿੱਚ ਨਵੇਂ ਉਦਯੋਗ ਲੱਗਣਗੇ ਅਤੇ ਨੌਜਵਾਨਾਂ ਲਈ ਵੱਡੇ ਪੱਧਰ 'ਤੇ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ।

ਛੱਠ ਦੇ ਤਿਉਹਾਰ ਤੋਂ ਪਹਿਲਾਂ ਯਮੁਨਾ ਸਫਾਰੀ ਦਾ ਉਦਘਾਟਨ ਕਰਨ ਦੀ ਯੋਜਨਾ ਬਣਾ ਰਹੇ ਹਾਂ : ਮੁੱਖ ਮੰਤਰੀ ਰੇਖਾ ਗੁਪਤਾ

ਨਵੀਂ ਦਿੱਲੀ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ, ਅਸੀਂ ਛੱਠ ਦੇ ਤਿਉਹਾਰ ਤੋਂ ਪਹਿਲਾਂ ਯਮੁਨਾ ਸਫਾਰੀ - ਦਿੱਲੀ ਦੇ ਲੋਕਾਂ ਲਈ ਸ਼ੁਰੂ ਕੀਤੀ ਗਈ ਇਕ ਪਹਿਲ - ਦਾ ਉਦਘਾਟਨ ਕਰਨ ਦੀ ਯੋਜਨਾ ਬਣਾ ਰਹੇ ਹਾਂ। ਜਿਵੇਂ ਕਿ ਦੂਜੇ ਸ਼ਹਿਰਾਂ ਵਿਚ ਗੰਗਾ ਜਾਂ ਯਮੁਨਾ ਵਰਗੀਆਂ ਨਦੀਆਂ 'ਤੇ ਕਿਸ਼ਤੀ ਚਲਾਉਣ ਵੇਲੇ ਸ਼ਾਂਤ ਅਨੁਭਵ ਹੁੰਦਾ ਹੈ, ਉਸੇ ਤਰ੍ਹਾਂ ਇੱਥੇ ਲੋਕ ਯਮੁਨਾ ਸਫਾਰੀ ਲੈਂਦੇ ਸਮੇਂ ਸ਼ਾਂਤੀ ਪ੍ਰਾਪਤ ਕਰਨਗੇ... ਇਹ ਦਿੱਲੀ ਲਈ ਇਕ ਵੱਡੀ ਪ੍ਰਾਪਤੀ ਹੈ - ਇਸਦੇ ਨਿਵਾਸੀਆਂ ਲਈ ਖੁਸ਼ੀ ਦਾ ਸਰੋਤ ਹੈ। ਮੈਂ ਕੇਂਦਰ ਸਰਕਾਰ, ਦਿੱਲੀ ਪ੍ਰਸ਼ਾਸਨ, ਸਾਡੇ ਸੈਰ-ਸਪਾਟਾ ਵਿਭਾਗ ਅਤੇ ਡੀ.ਡੀ.ਏ. ਨੂੰ ਆਪਣੀਆਂ ਦਿਲੋਂ ਵਧਾਈਆਂ ਦੇਣਾ ਚਾਹੁੰਦੀ ਹਾਂ; ਇਹ ਉਨ੍ਹਾਂ ਦੇ ਸਮੂਹਿਕ ਯਤਨਾਂ ਦੁਆਰਾ ਹੈ ਕਿ ਇਹ ਇਕ ਹਕੀਕਤ ਬਣ ਗਿਆ ਹੈ।

ਮਲਿਕਅਰਜੁਨ ਖੜਗੇ ਦੀਆਂ ਟਿੱਪਣੀਆਂ 'ਤੇ, ਰੇਖਾ ਗੁਪਤਾ ਨੇ ਕਿਹਾ, ਅਜਿਹਾ ਲੱਗਦਾ ਹੈ ਕਿ ਕਾਂਗਰਸ ਪਾਰਟੀ, ਇਸਦੇ ਨੇਤਾ ਅਤੇ ਇਸਦੇ ਸਹਿਯੋਗੀ ਇੰਨੇ ਨਿਰਾਸ਼ ਹੋ ਗਏ ਹਨ ਕਿ ਉਹ ਸ਼ਿਸ਼ਟਾਚਾਰ ਅਤੇ ਸ਼ਿਸ਼ਟਾਚਾਰ ਦੀਆਂ ਸੀਮਾਵਾਂ ਨੂੰ ਪੂਰੀ ਤਰ੍ਹਾਂ ਪਾਰ ਕਰ ਗਏ ਹਨ। ਉਨ੍ਹਾਂ ਦੀ ਨਿਰਾਸ਼ਾ ਉਨ੍ਹਾਂ ਦੀਆਂ ਵਾਰ-ਵਾਰ ਚੋਣਾਂ ਵਿਚ ਹਾਰਾਂ ਤੋਂ ਪੈਦਾ ਹੁੰਦੀ ਹੈ; ਜਨਤਾ ਦੁਆਰਾ ਉਨ੍ਹਾਂ ਨੂੰ ਰੱਦ ਕਰਨਾ ਉਨ੍ਹਾਂ ਦੇ ਪ੍ਰਗਟਾਵੇ ਅਤੇ ਉਨ੍ਹਾਂ ਦੀ ਭਾਸ਼ਾ ਵਿਚ ਸਪੱਸ਼ਟ ਤੌਰ 'ਤੇ ਦਿਖਾਈ ਦਿੰਦਾ ਹੈ। ਉਹ ਕਿਸੇ ਵੀ ਪੱਧਰ 'ਤੇ ਡਿਗ ਰਹੇ ਹਨ - ਅਪਮਾਨ ਦਾ ਸਹਾਰਾ ਲੈ ਰਹੇ ਹਨ, ਅਣਉਚਿਤ ਟਿੱਪਣੀਆਂ ਕਰ ਰਹੇ ਹਨ, ਅਤੇ ਪ੍ਰਧਾਨ ਮੰਤਰੀ ਦੇ ਸਵਰਗਵਾਸੀ ਮਾਪਿਆਂ ਨੂੰ ਵੀ ਨਿਸ਼ਾਨਾ ਬਣਾ ਰਹੇ ਹਨ।

ਉਨ੍ਹਾਂ ਨੇ ਲਗਾਤਾਰ ਪ੍ਰਧਾਨ ਮੰਤਰੀ ਨੂੰ ਸੱਤਾ ਵਿਚ ਵੋਟ ਦਿੱਤੀ ਹੈ ਕਈ ਰਾਜ। ਉਨ੍ਹਾਂ ਦੀਆਂ ਵਿਕਾਸ ਪਹਿਲਕਦਮੀਆਂ ਨੇ ਲੋਕਾਂ ਦੇ ਦਿਲਾਂ ਨੂੰ ਛੂਹ ਲਿਆ ਹੈ; ਕੋਈ ਇਸਨੂੰ ਕਿਵੇਂ ਮਿਟਾ ਸਕਦਾ ਹੈ? ਅਜਿਹੀ ਗਾਲੀ-ਗਲੋਚ ਨਾਲ ਤੁਹਾਨੂੰ ਕੁਝ ਨਹੀਂ ਮਿਲੇਗਾ।

ਪੂਰਾ ਦੇਸ਼ ਤੁਹਾਡੇ ਵਿਵਹਾਰ ਅਤੇ ਤੁਹਾਡੇ ਦੁਆਰਾ ਕੀਤੇ ਜਾ ਰਹੇ ਦੁਰਵਿਵਹਾਰ ਨੂੰ ਦੇਖ ਰਿਹਾ ਹੈ - ਅਤੇ ਉਹ ਤੁਹਾਨੂੰ ਕਦੇ ਮਾਫ਼ ਨਹੀਂ ਕਰਨਗੇ। ਤੁਹਾਡੇ ਇਹ ਬਿਆਨ ਭਾਰਤ ਦੇ ਇਤਿਹਾਸ ਵਿਚ ਉੱਕਰ ਗਏ ਹਨ; ਇਹ ਲੋਕਾਂ ਦੇ ਮਨਾਂ 'ਤੇ ਛਪ ਗਏ ਹਨ। ਅਗਲੀਆਂ ਚੋਣਾਂ ਵਿਚ, ਜਨਤਾ ਉਨ੍ਹਾਂ ਨੂੰ ਹੋਰ ਵੀ ਬੁਰੀ ਅਤੇ ਜ਼ਬਰਦਸਤ ਹਾਰ ਦੇਣ ਜਾ ਰਹੀ ਹੈ।

100 ਮਿੰਨੀ ਬੱਸਾਂ ਪੰਜਾਬ ਦੇ ਪਿੰਡਾਂ ਨੂੰ ਸ਼ਹਿਰਾਂ ਨਾਲ ਜੋੜਨਗੀਆਂ:: ਮੁੱਖ ਮੰਤਰੀ ਭਗਵੰਤ ਮਾਨ

➢ ਮਿੰਨੀ ਬੱਸ ਸੇਵਾਵਾਂ ਪੇਂਡੂ ਖੇਤਰਾਂ ਦੇ ਲੋਕਾਂ ਅਤੇ ਵਿਦਿਆਰਥੀਆਂ ਲਈ ਸਫ਼ਰ ਸੁਖਾਲਾ ਬਣਾਉਣਗੀਆਂ ➢ ਪੰਜਾਬ ਦੇ ਨੌਂ ਡਿਪੂਆਂ ਰਾਹੀਂ 29 ਸੀਟਰ 100 ਮਿੰਨੀ ਬੱਸਾਂ ਪੇਂਡੂ ਰੂਟਾਂ 'ਤੇ ਚੱਲਣਗੀਆਂ ➢ ਅਗਲੇ ਮਹੀਨੇ ਪੰਜਾਬ ਰੋਡਵੇਜ਼ ਦੇ ਬੇੜੇ ਵਿੱਚ 309 ਹੋਰ ਵੱਡੀਆਂ ਬੱਸਾਂ ਸ਼ਾਮਲ ਹੋਣਗੀਆਂ

ਪਟਿਆਲਾ, 27 ਅਕਤੂਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਇੱਥੇ ਅੱਜ 100 ਨਵੀਆਂ ਮਿੰਨੀ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਰੇਕ ਪਿੰਡ ਨੂੰ ਸ਼ਹਿਰਾਂ ਨਾਲ ਜੋੜਨ ਦੀ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਈ। ਉਨ੍ਹਾਂ ਐਲਾਨ ਕੀਤਾ ਕਿ ਜਿਸ ਤਰ੍ਹਾਂ ਨਹਿਰੀ ਪਾਣੀ ਹਰ ਖੇਤ ਤੱਕ ਪਹੁੰਚਾਇਆ ਗਿਆ ਹੈ, ਉਸੇ ਤਰ੍ਹਾਂ ਪੰਜਾਬ ਦੇ ਹਰ ਪਿੰਡ ਤੱਕ ਬੱਸਾਂ ਪਹੁੰਚਾਈਆਂ ਜਾਣਗੀਆਂ। ਪਿੰਡਾਂ ਤੋਂ ਸ਼ਹਿਰਾਂ ਨੂੰ ਜਾਣ ਵਾਲੀ ਬੱਸ ਸੇਵਾ ਬੰਦ ਕਰਨ ਲਈ ਪਿਛਲੀਆਂ ਸਰਕਾਰਾਂ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਇਹ ਨਵੀਆਂ ਬੱਸਾਂ ਗ੍ਰਾਮੀਣ ਕੁਨੈਕਟੀਵਿਟੀ ਨੂੰ ਮਜ਼ਬੂਤ ਕਰਨਗੀਆਂ, ਰੋਜ਼ਾਨਾ ਦੇ ਸਫ਼ਰ ਨੂੰ ਆਸਾਨ ਬਣਾਉਣਗੀਆਂ ਅਤੇ ਸਿੱਖਿਆ, ਰੋਜ਼ਗਾਰ ਤੇ ਲੋੜੀਂਦੀਆਂ ਸੇਵਾਵਾਂ ਤੱਕ ਪਹੁੰਚ ਵਿੱਚ ਸੁਧਾਰ ਕਰਨਗੀਆਂ।

ਅਗਲੇ ਮਹੀਨੇ ਬੇੜੇ ਵਿੱਚ 309 ਹੋਰ ਵੱਡੀਆਂ ਬੱਸਾਂ ਸ਼ਾਮਲ ਕਰਨ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 29 ਸੀਟਾਂ ਵਾਲੀਆਂ 100 ਮਿੰਨੀ ਬੱਸਾਂ ਸ਼ਾਮਲ ਕਰਨ ਨਾਲ ਲਗਪਗ 150 ਨੌਜਵਾਨਾਂ ਲਈ ਰੋਜ਼ਗਾਰ ਵੀ ਪੈਦਾ ਹੋਵੇਗਾ, ਜਦਕਿ 15 ਨੌਜਵਾਨਾਂ ਨੂੰ ਤੁਰਤ ਟਰਾਂਸਪੋਰਟ ਵਿਭਾਗ ਵਿੱਚ ਨੌਕਰੀਆਂ ਦੇ ਨਿਯੁਕਤੀ ਪੱਤਰ ਸੌਂਪੇ ਗਏ ਹਨ।

'ਐਕਸ' (ਟਵਿੱਟਰ) 'ਤੇ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ, ਪੰਜਾਬ ਦੇ ਟਰਾਂਸਪੋਰਟ ਢਾਂਚੇ ਨੂੰ ਮਜ਼ਬੂਤ ਕਰਦਿਆਂ ਅੱਜ ਅਸੀਂ ਪਟਿਆਲਾ ਵਿੱਚ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ 100 ਨਵੀਆਂ ਮਿੰਨੀ ਬੱਸਾਂ ਸ਼ਾਮਲ ਕੀਤੀਆਂ ਹਨ। ਇਹ ਬੱਸਾਂ ਖਾਸ ਤੌਰ 'ਤੇ ਸਾਡੇ ਪਿੰਡਾਂ ਨੂੰ ਸ਼ਹਿਰਾਂ ਨਾਲ ਜੋੜਨਗੀਆਂ, ਜਿਸ ਨਾਲ ਪਿੰਡਾਂ ਦੇ ਵਸਨੀਕਾਂ ਲਈ ਸਫ਼ਰ ਵਧੇਰੇ ਸੁਖਾਲਾ ਹੋ ਜਾਵੇਗਾ। ਅਸੀਂ ਵਿਭਾਗ ਵਿੱਚ ਨੌਕਰੀਆਂ ਲਈ 15 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੀ ਸੌਂਪੇ ਹਨ। ਜਨਤਕ ਟਰਾਂਸਪੋਰਟ ਸੇਵਾਵਾਂ ਨੂੰ ਹੋਰ ਸੁਧਾਰਨ ਲਈ ਅਗਲੇ ਮਹੀਨੇ ਬੇੜੇ ਵਿੱਚ 309 ਹੋਰ ਨਵੀਆਂ ਵੱਡੀਆਂ ਬੱਸਾਂ ਸ਼ਾਮਲ ਕੀਤੀਆਂ ਜਾਣਗੀਆਂ।

ਬੱਸਾਂ ਨੂੰ ਹਰੀ ਝੰਡੀ ਦਿਖਾਉਣ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਜਨਤਕ ਟਰਾਂਸਪੋਰਟ ਸਿਰਫ਼ ਇੱਕ ਥਾਂ ਤੋਂ ਦੂਜੀ ਥਾਂ ਜਾਣ ਦਾ ਸਾਧਨ ਨਹੀਂ ਹੈ, ਇਹ ਪੇਂਡੂ ਭਾਈਚਾਰਿਆਂ ਲਈ ਇੱਕ ਜੀਵਨ ਰੇਖਾ ਹੈ। ਭਰੋਸੇਯੋਗ ਬੱਸ ਸੇਵਾਵਾਂ ਨਾਲ ਵਿਦਿਆਰਥੀ ਸਿੱਖਿਆ ਪ੍ਰਾਪਤ ਕਰ ਸਕਦੇ ਹਨ, ਪਰਿਵਾਰਾਂ ਨੂੰ ਰੋਜ਼ਗਾਰ ਦੇ ਮੌਕੇ ਮਿਲਦੇ ਹਨ ਅਤੇ ਪਿੰਡਾਂ ਦਾ ਆਰਥਿਕ ਤੇ ਸਮਾਜਿਕ ਤਾਣਾ-ਬਾਣਾ ਮਜ਼ਬੂਤ ਹੁੰਦਾ ਹੈ।

ਸੰਤੁਲਿਤ ਵਿਕਾਸ ਲਈ ਸਰਕਾਰ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਜਿਸ ਤਰ੍ਹਾਂ ਅਸੀਂ ਯਕੀਨੀ ਬਣਾਇਆ ਹੈ ਕਿ ਨਹਿਰੀ ਪਾਣੀ ਹਰ ਖੇਤ ਤੱਕ ਪਹੁੰਚੇ, ਉਸੇ ਤਰ੍ਹਾਂ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਬੱਸਾਂ ਪੰਜਾਬ ਦੇ ਹਰ ਪਿੰਡ ਤੱਕ ਪਹੁੰਚਣ। ਵਿਕਾਸ ਦੇ ਲਾਭ ਹਰੇਕ ਘਰ ਤੱਕ ਪਹੁੰਚਣੇ ਚਾਹੀਦੇ ਹਨ, ਭਾਵੇਂ ਲੋਕ ਵੱਡੇ ਸ਼ਹਿਰਾਂ, ਛੋਟੇ ਕਸਬਿਆਂ ਜਾਂ ਦੂਰ-ਦੁਰਾਡੇ ਦੇ ਪਿੰਡਾਂ ਵਿੱਚ ਰਹਿੰਦੇ ਹੋਣ।

ਉਨ੍ਹਾਂ ਜ਼ਿਕਰ ਕੀਤਾ, ਪਹਿਲੀਆਂ ਸਰਕਾਰਾਂ ਨੇ ਪੇਂਡੂ ਟਰਾਂਸਪੋਰਟ ਕੁਨੈਕਟੀਵਿਟੀ ਵੱਲ ਧਿਆਨ ਨਹੀਂ ਦਿੱਤਾ, ਜਿਸ ਕਾਰਨ ਲੋਕਾਂ ਨੂੰ ਕੰਮ, ਸਿੱਖਿਆ ਅਤੇ ਹੋਰ ਜ਼ਰੂਰੀ ਲੋੜਾਂ ਲਈ ਸ਼ਹਿਰਾਂ ਤੱਕ ਜਾਣ ਲਈ ਸੰਘਰਸ਼ ਕਰਨਾ ਪੈਂਦਾ ਸੀ। ਸਾਡੀ ਸਰਕਾਰ ਇਸ ਸਥਿਤੀ ਨੂੰ ਬਦਲਣ ਅਤੇ ਇਹ ਯਕੀਨੀ ਬਣਾਉਣ ਲਈ ਦ੍ਰਿੜ੍ਹ ਹੈ ਕਿ ਕੋਈ ਵੀ ਵਿਅਕਤੀ ਰਹਿਣ ਦੀ ਥਾਂ ਕਰ ਕੇ ਮੌਕਿਆਂ ਤੋਂ ਵਾਂਝਾ ਨਾ ਰਹੇ।

ਮੁੱਖ ਮੰਤਰੀ ਨੇ ਕਿਹਾ, 29 ਸੀਟਾਂ ਵਾਲੀਆਂ 100 ਨਵੀਆਂ ਮਿੰਨੀ ਬੱਸਾਂ ਪੀ.ਆਰ.ਟੀ.ਸੀ. ਦੇ ਨੌਂ ਡਿਪੂਆਂ ਰਾਹੀਂ ਪੇਂਡੂ ਅਤੇ ਛੋਟੇ ਕਸਬਿਆਂ ਦੇ ਰੂਟਾਂ 'ਤੇ ਚੱਲਣਗੀਆਂ। ਇਹ ਸੇਵਾਵਾਂ ਰੋਜ਼ਗਾਰ, ਵਪਾਰ ਅਤੇ ਹੋਰ ਜ਼ਰੂਰੀ ਕੰਮਾਂ ਲਈ ਸ਼ਹਿਰਾਂ ਨੂੰ ਜਾਣ ਵਾਲੇ ਵਸਨੀਕਾਂ ਲਈ ਰੋਜ਼ਾਨਾ ਦੀ ਆਵਾਜਾਈ ਨੂੰ ਆਸਾਨ ਬਣਾਉਣਗੀਆਂ। ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਵੀ ਇਸ ਸੁਧਰੀ ਕੁਨੈਕਟੀਵਿਟੀ ਦਾ ਵੱਡਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਇਹ ਬੱਸਾਂ ਪਟਿਆਲਾ, ਬਠਿੰਡਾ, ਚੰਡੀਗੜ੍ਹ, ਸੰਗਰੂਰ, ਬਰਨਾਲਾ, ਬੁਢਲਾਡਾ, ਕਪੂਰਥਲਾ, ਫ਼ਰੀਦਕੋਟ ਅਤੇ ਲੁਧਿਆਣਾ ਸਮੇਤ ਵੱਖ-ਵੱਖ ਡਿਪੂਆਂ ਵਿੱਚ ਵੰਡੀਆਂ ਗਈਆਂ ਹਨ।

ਜਨਤਕ ਟਰਾਂਸਪੋਰਟ ਦੇ ਵਿਸਥਾਰ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਗਲੇ ਮਹੀਨੇ ਬੇੜੇ ਵਿੱਚ 309 ਹੋਰ ਵੱਡੀਆਂ ਬੱਸਾਂ ਸ਼ਾਮਲ ਕੀਤੀਆਂ ਜਾਣਗੀਆਂ। ਪੂਰੇ ਪੰਜਾਬ ਵਿੱਚ ਲਗਪਗ 3,000 ਨਿੱਜੀ ਮਿੰਨੀ ਬੱਸਾਂ ਵੀ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਨੂੰ ਜੋੜ ਰਹੀਆਂ ਹਨ। ਅਸੀਂ ਲੋਕਾਂ ਲਈ ਸਫ਼ਰ ਨੂੰ ਹੋਰ ਸੁਖਾਲਾ ਬਣਾਉਣ ਲਈ ਜਨਤਕ ਟਰਾਂਸਪੋਰਟ ਨੈੱਟਵਰਕ ਨੂੰ ਲਗਾਤਾਰ ਮਜ਼ਬੂਤ ਕਰ ਰਹੇ ਹਾਂ।

ਰੋਜ਼ਗਾਰ ਦੇ ਮੌਕੇ ਪੈਦਾ ਕਰਨ ਬਾਰੇ ਬੋਲਦਿਆਂ ਉਨ੍ਹਾਂ ਕਿਹਾ, ਇਨ੍ਹਾਂ 100 ਨਵੀਆਂ ਮਿੰਨੀ ਬੱਸਾਂ ਦੀ ਸ਼ੁਰੂਆਤ ਨਾਲ ਲਗਪਗ 150 ਡਰਾਈਵਰਾਂ ਅਤੇ ਕੰਡਕਟਰਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ। ਸਾਡੀ ਸਰਕਾਰ ਜਨਤਕ ਭਲਾਈ ਨੂੰ ਨੌਕਰੀਆਂ ਦੇ ਮੌਕਿਆਂ ਨਾਲ ਜੋੜਨ ਲਈ ਵਚਨਬੱਧ ਹੈ ਤਾਂ ਜੋ ਜਨਤਕ ਢਾਂਚੇ ਵਿੱਚ ਕੀਤਾ ਨਿਵੇਸ਼ ਰੋਜ਼ੀ-ਰੋਟੀ ਦੇ ਮੌਕੇ ਵੀ ਪੈਦਾ ਕਰੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੀ ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਬਿਹਤਰ ਕੁਨੈਕਟੀਵਿਟੀ ਬਹੁਤ ਜ਼ਰੂਰੀ ਹੈ। ਇਹ ਲੋਕਾਂ ਨੂੰ ਉਨ੍ਹਾਂ ਦੇ ਕੰਮ ਵਾਲੀਆਂ ਥਾਵਾਂ 'ਤੇ ਪਹੁੰਚਣ ਵਿੱਚ ਮਦਦ ਕਰੇਗੀ, ਵਿਦਿਆਰਥੀਆਂ ਨੂੰ ਵਿਦਿਅਕ ਅਦਾਰਿਆਂ ਵਿੱਚ ਵਧੇਰੇ ਸੁਵਿਧਾਜਨਕ ਢੰਗ ਨਾਲ ਜਾਣ ਦੇ ਯੋਗ ਬਣਾਏਗੀ ਅਤੇ ਪਿੰਡਾਂ ਦੇ ਵਸਨੀਕਾਂ ਨੂੰ ਮੰਡੀਆਂ/ਬਾਜ਼ਾਰਾਂ ਅਤੇ ਜ਼ਰੂਰੀ ਸੇਵਾਵਾਂ ਤੱਕ ਆਸਾਨੀ ਨਾਲ ਪਹੁੰਚਣ ਦੀ ਸਹੂਲਤ ਦੇਵੇਗੀ।

ਮੁੱਖ ਮੰਤਰੀ ਨੇ ਅੱਗੇ ਕਿਹਾ, ਵਿਕਾਸ ਨੂੰ ਸਿਰਫ਼ ਵੱਡੇ ਸ਼ਹਿਰਾਂ ਵਿੱਚ ਬਣਾਏ ਗਏ ਢਾਂਚੇ ਨਾਲ ਨਹੀਂ ਮਾਪਿਆ ਜਾ ਸਕਦਾ। ਇਸ ਨੂੰ ਪਿੰਡਾਂ ਵਿੱਚ ਰਹਿਣ ਵਾਲੇ ਆਮ ਲੋਕਾਂ ਲਈ ਮਿਲਣ ਵਾਲੇ ਮੌਕਿਆਂ, ਸਹੂਲਤਾਂ ਅਤੇ ਸਤਿਕਾਰ ਨਾਲ ਵੀ ਮਾਪਿਆ ਜਾਣਾ ਚਾਹੀਦਾ ਹੈ। ਸਾਡਾ ਮਕਸਦ ਇੱਕ ਅਜਿਹਾ ਪੰਜਾਬ ਬਣਾਉਣਾ ਹੈ, ਜਿੱਥੇ ਭੂਗੋਲਿਕ ਦੂਰੀ ਸਿੱਖਿਆ, ਰੋਜ਼ਗਾਰ ਜਾਂ ਤਰੱਕੀ ਵਿੱਚ ਰੁਕਾਵਟ ਨਾ ਬਣੇ।

ਇਸ ਮੌਕੇ ਲੋਕਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਸੂਬਾ ਸਰਕਾਰ ਜਨਤਕ ਟਰਾਂਸਪੋਰਟ ਨੂੰ ਮਜ਼ਬੂਤ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਆਪਣੇ ਯਤਨ ਜਾਰੀ ਰੱਖੇਗੀ ਕਿ ਹਰ ਪਿੰਡ ਪੰਜਾਬ ਦੀ ਤਰੱਕੀ ਅਤੇ ਵਿਕਾਸ ਨਾਲ ਜੁੜਿਆ ਰਹੇ।

ਇਸ ਦੌਰਾਨ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਭਗਵੰਤ ਮਾਨ ਸਰਕਾਰ ਪੇਂਡੂ ਖੇਤਰਾਂ ਨਾਲ ਕੁਨੈਕਟੀਵਿਟੀ ਨੂੰ ਮਜ਼ਬੂਤ ਕਰ ਰਹੀ ਹੈ ਅਤੇ ਰੋਜ਼ਗਾਰ ਪੈਦਾ ਕਰ ਰਹੀ ਹੈ

ਭਗਵੰਤ ਮਾਨ ਸਰਕਾਰ ਪਿੰਡਾਂ ਨੂੰ ਸ਼ਹਿਰਾਂ ਨਾਲ ਜੋੜਨ, ਸਿੱਖਿਆ ਤੇ ਰੋਜ਼ਗਾਰ ਤੱਕ ਪਹੁੰਚ ਵਿੱਚ ਸੁਧਾਰ ਕਰਨ ਅਤੇ ਪੇਂਡੂ ਆਰਥਿਕਤਾ ਨੂੰ ਹੁਲਾਰਾ ਦੇਣ ਲਈ ਪੰਜਾਬ ਦੇ ਜਨਤਕ ਟਰਾਂਸਪੋਰਟ ਨੈੱਟਵਰਕ ਨੂੰ ਮਜ਼ਬੂਤ ਕਰ ਰਹੀ ਹੈ। ਸਰਕਾਰ ਨੇ ਪੰਜਾਬ ਰੋਡਵੇਜ਼ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਲਈ 100 ਨਵੀਆਂ 29-ਸੀਟਰ ਮਿੰਨੀ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਹੈ, ਜਿਨ੍ਹਾਂ ਨੂੰ ਸਾਰੇ ਨੌਂ ਡਿਪੂਆਂ ਵਿੱਚ ਵੰਡਿਆ ਗਿਆ ਹੈ।

ਕੇ. ਸੀ. ਵੇਣੂੰਗੋਪਾਲ ਨੇ ਚੋਣਾਂ 2027 ਲਈ ਕੀਤਾ ਵੱਡਾ ਐਲਾਨ



ਚੰਡੀਗੜ੍ਹ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਆਉਣ ਵਾਲੀਆਂ ਚੋਣਾਂ 2027 ਦੇ ਮੱਦੇਨਜ਼ਰ ਆਲ ਇੰਡੀਆ ਕਾਂਗਰਸ ਕਮੇਟੀ (1933) ਦੇ ਸੰਗਠਨ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਨੇ ਪੰਜਾਬ ਵਿੱਚ ਪਾਰਟੀ ਦੀਆਂ ਤਿਆਰੀਆਂ ਨੂੰ ਲੈ ਕੇ ਵੱਡਾ ਐਲਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਜਲਦ ਹੀ ਪੰਜਾਬ ਦੀ ਧਰਤੀ 'ਤੇ ਇੱਕ ਵਿਸ਼ਾਲ ਜਨਤਕ ਰੈਲੀ ਨੂੰ ਸੰਬੋਧਨ ਕਰਨਗੇ।

ਵੇਣੂਗੋਪਾਲ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਕਾਂਗਰਸ ਆਪਣੀ ਚੋਣ ਮੁਹਿੰਮ ਦਾ ਆਗਾਜ਼ ਮੁੱਖ ਮੰਤਰੀ ਭਗਵੰਤ ਮਾਨ ਦੇ ਗ੍ਰਹਿ ਜ਼ਿਲ੍ਹੇ (ਸੰਗਰੂਰ) ਤੋਂ ਕਰਨ ਜਾ ਰਹੀ ਹੈ। ਮੁੱਖ ਮੰਤਰੀ ਦੇ ਗੜ੍ਹ ਤੋਂ ਚੋਣ ਬਿਗੁਲ ਵਜਾ ਕੇ ਪਾਰਟੀ ਵਿਰੋਧੀਆਂ ਨੂੰ ਸਿੱਧੀ ਚੁਣੌਤੀ ਦੇਵੇਗੀ।

ਇਸ ਦੌਰਾਨ ਕੇ.ਸੀ. ਵੇਣੂਗੋਪਾਲ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਅੱਕ ਚੁੱਕੇ ਹਨ ਅਤੇ ਸੂਬੇ ਵਿੱਚ ਅਗਲੀ ਸਰਕਾਰ ਕਾਂਗਰਸ ਪਾਰਟੀ ਦੀ ਹੀ ਬਣੇਗੀ।

ਉਨ੍ਹਾਂ ਕਿਹਾ ਕਿ ਪਾਰਟੀ ਵਰਕਰ ਪੂਰੇ ਉਤਸ਼ਾਹ ਨਾਲ ਮੈਦਾਨ ਵਿੱਚ ਡਟੇ ਹੋਏ ਹਨ ਅਤੇ ਰਾਹੁਲ ਗਾਂਧੀ ਦੀ ਇਸ ਰੈਲੀ ਨਾਲ ਪੰਜਾਬ ਕਾਂਗਰਸ ਦੀ ਚੋਣ ਮੁਹਿੰਮ ਨੂੰ ਇੱਕ ਨਵੀਂ ਊਰਜਾ ਅਤੇ ਮਜ਼ਬੂਤੀ ਮਿਲੇਗੀ।

ਮੋਗਾ 'ਚ ਚੱਲੀਆਂ ਗੋਲੀਆਂ ਮਾਮਲੇ ਤੇ ਬਿਕਰਮ ਮਜੀਠੀਆ ਦਾ ਭਗਵੰਤ ਮਾਨ ਸਰਕਾਰ 'ਤੇ ਤਿੱਖਾ ਸ਼ਬਦੀ ਹਮਲਾ

ਮੋਗਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮੋਗਾ ਦੇ ਅੰਗਦਪੁਰਾ ਮੁਹੱਲੇ ਵਿੱਚ ਹੋਈ ਅੰਨ੍ਹੇਵਾਹ ਗੋਲੀਬਾਰੀ ਦੀ ਘਟਨਾ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਉੱਤੇ ਸੂਬੇ ਦੀ ਲਾਅ ਐਂਡ ਆਰਡਰ ਸਥਿਤੀ ਨੂੰ ਲੈ ਕੇ ਜ਼ੋਰਦਾਰ ਨਿਸ਼ਾਨਾ ਸਾਧਿਆ ਹੈ।

ਅਕਾਲੀ ਆਗੂ ਮਜੀਠੀਆ ਨੇ ਮੋਗਾ ਵਿੱਚ ਹੋਈ ਫਾਇਰਿੰਗ ਦੀ ਘਟਨਾ 'ਤੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਸੂਬੇ ਵਿੱਚ ਰੋਜ਼ਾਨਾ ਗੋਲੀਆਂ ਚੱਲ ਰਹੀਆਂ ਹਨ ਅਤੇ ਅਪਰਾਧੀਆਂ ਵਿੱਚ ਕਾਨੂੰਨ ਦਾ ਕੋਈ ਖ਼ੌਫ਼ ਨਹੀਂ ਰਿਹਾ। ਉਨ੍ਹਾਂ ਮੁੱਖ ਮੰਤਰੀ ਨੂੰ ਆੜੇ ਹੱਥੀਂ ਲੈਂਦਿਆਂ ਸਵਾਲ ਕੀਤਾ ਕਿ ਸਰਕਾਰ ਇੱਕ ਵੀ ਅਜਿਹਾ ਦਿਨ ਗਿਣਾ ਦੇਵੇ ਜਦੋਂ ਪੰਜਾਬ ਵਿੱਚ ਗੋਲੀਆਂ ਨਾ ਚੱਲੀਆਂ ਹੋਣ।

ਮਜੀਠੀਆ ਨੇ ਦੋਸ਼ ਲਗਾਇਆ ਕਿ ਮੌਜੂਦਾ ਸਰਕਾਰ ਦੇ ਸ਼ਾਸਨ ਵਿੱਚ ਸੂਬੇ ਦੇ ਹਰ ਚੌਕ ਅਤੇ ਗਲੀ ਵਿੱਚ ਗੈਂਗਸਟਰਾਂ ਦੀ ਦਹਿਸ਼ਤ ਬਣ ਚੁੱਕੀ ਹੈ। ਉਨ੍ਹਾਂ 'ਰੰਗਲਾ ਪੰਜਾਬ' ਦੇ ਦਾਅਵਿਆਂ 'ਤੇ ਤਨਜ਼ ਕੱਸਦਿਆਂ ਕਿਹਾ ਕਿ ਕੀ ਇਹੋ ਉਹ 'ਰੰਗਲਾ ਪੰਜਾਬ' ਹੈ ਜਿਸ ਦਾ ਸੁਪਨਾ ਪੰਜਾਬੀਆਂ ਨੂੰ ਦਿਖਾਇਆ ਗਿਆ ਸੀ? ਉਨ੍ਹਾਂ ਮੰਗ ਕੀਤੀ ਕਿ ਸੂਬੇ ਵਿੱਚ ਡਿੱਗ ਰਹੇ ਕਾਨੂੰਨ ਦੇ ਰਾਜ ਨੂੰ ਬਹਾਲ ਕਰਨ ਲਈ ਸਰਕਾਰ ਤੁਰੰਤ ਠੋਸ ਕਦਮ ਚੁੱਕੇ।

ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ

ਅੰਮ੍ਰਿਤਸਰ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਅੰਮ੍ਰਿਤਸਰ ਸ਼ਹਿਰ ਦੇ ਬਾਨੀ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਾਰਿਆਂ, ਜੈਕਾਰਿਆਂ ਅਤੇ ਨਰਸਿੰਙਿਆਂ ਦੀ ਗੂੰਜ ਵਿਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਨਹਿਰੀ ਪਾਲਕੀ ਵਿਚ ਸੁਸ਼ੋਭਿਤ ਕੀਤਾ ਅਤੇ ਚੌਰ ਸਾਹਿਬ ਦੀ ਸੇਵਾ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਵੱਲੋਂ ਨਿਭਾਈ ਗਈ। ਇਸ ਮੌਕੇ ਹਾਜ਼ਰ ਵੱਡੀ ਗਿਣਤੀ ਵਿਚ ਸੰਗਤਾਂ ਨੇ ਫੁੱਲਾਂ ਦੀ ਵਰਖਾ ਕਰਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ।

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਨਗਰ ਕੀਰਤਨ ਦਾ ਪੁਰਾਤਨ ਦਰਵਾਜ਼ਿਆਂ ਨੂੰ ਜੋੜਦੇ ਮਾਰਗ 'ਤੇ ਸਭਾ-ਸੁਸਾਇਟੀਆਂ ਅਤੇ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ। ਵੱਖ-ਵੱਖ ਥਾਵਾਂ 'ਤੇ ਜਿਥੇ ਸੰਗਤਾਂ ਨੇ ਪੰਜ ਪਿਆਰੇ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਸ਼ਰਧਾ ਪ੍ਰਗਟਾਈ, ਉਥੇ ਹੀ ਸੰਗਤਾਂ ਵੱਲੋਂ ਵੱਖ-ਵੱਖ ਤਰ੍ਹਾਂ ਦੇ ਲੰਗਰਾਂ ਦਾ ਪ੍ਰਬੰਧ ਵੀ ਕੀਤਾ ਹੋਇਆ ਸੀ। ਸਾਰੇ ਰਸਤੇ ਨਗਰ ਕੀਰਤਨ ਨਾਲ ਚੱਲਦੀਆਂ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਕੇ ਚੌਥੇ ਪਾਤਸ਼ਾਹ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰ ਰਹੀਆਂ ਸਨ। ਨਗਰ ਕੀਰਤਨ ਮੌਕੇ ਘੰਟਾ ਘਰ ਪਲਾਜ਼ਾ ਵਿਖੇ ਪੰਜਾਬ ਪੁਲਿਸ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਤਿਕਾਰ ਭੇਟ ਕਰਦਿਆਂ ਸਲਾਮੀ ਦਿੱਤੀ ਗਈ, ਉਥੇ ਹੀ ਹੈਲੀਕਾਪਟਰ ਰਾਹੀਂ ਨਗਰ ਕੀਰਤਨ 'ਤੇ ਕੀਤੀ ਫੁੱਲਾਂ ਦੀ ਵਰਖਾ ਨੇ ਅਲੌਕਿਕ ਦ੍ਰਿਸ਼ ਸਿਰਜਿਆ।

ਨਗਰ ਕੀਰਤਨ 'ਚ ਸ਼ਾਮਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਸੰਗਤ ਨੂੰ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਣਾ ਕੀਤੀ। ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਉਪਦੇਸ਼ਾਂ 'ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣਾ ਅਤੇ ਗੁਰਮਤਿ ਰਹਿਣੀ ਦੇ ਧਾਰਨੀ ਹੋਣਾ ਹਰ ਸਿੱਖ ਦਾ ਮੁੱਢਲਾ ਫ਼ਰਜ਼ ਹੈ। ਇਸੇ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਵੀ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸੰਗਤ ਨੂੰ ਵਧਾਈ ਦਿੱਤੀ ਅਤੇ ਬਾਣੀ ਤੇ ਬਾਣੇ ਧਾਰਨੀ ਹੋਣ ਲਈ ਪ੍ਰੇਰਿਆ।

ਸੁਪਰੀਮ ਕੋਰਟ ਵੱਲੋਂ ਆਸ਼ੀਸ਼ ਮਿਸ਼ਰਾ ਨੂੰ ਦੀਵਾਲੀ ਮੌਕੇ ਜੱਦੀ ਸ਼ਹਿਰ ਜਾਣ ਦੀ ਇਜਾਜ਼ਤ

ਨਵੀਂ ਦਿੱਲੀ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੁਪਰੀਮ ਕੋਰਟ ਨੇ ਸੋਮਵਾਰ ਨੂੰ 2021 ਦੇ ਲਖੀਮਪੁਰ ਹਿੰਸਾ ਮਾਮਲੇ ਦੇ ਮੁੱਖ ਮੁਲਜ਼ਮ ਅਤੇ ਸਾਬਕਾ ਕੇਂਦਰੀ ਮੰਤਰੀ ਅਜੈ ਮਿਸ਼ਰਾ ਦੇ ਪੁੱਤਰ ਆਸ਼ੀਸ਼ ਮਿਸ਼ਰਾ ਨੂੰ ਆਪਣੇ ਪਰਿਵਾਰਕ ਮੈਂਬਰਾਂ ਨਾਲ ਦੀਵਾਲੀ ਮਨਾਉਣ ਲਈ ਆਪਣੇ ਜੱਦੀ ਸ਼ਹਿਰ ਜਾਣ ਦੀ ਇਜਾਜ਼ਤ ਦੇ ਦਿੱਤੀ ਹੈ।

ਚੀਫ਼ ਜਸਟਿਸ ਸੂਰਿਆ ਕਾਂਤ, ਜਸਟਿਸ ਜੋਏਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੇ ਬੈਂਚ ਨੇ ਟਿੱਪਣੀ ਕੀਤੀ ਕਿ ਇਸ ਮਾਮਲੇ ਦੀ ਸੁਣਵਾਈ ਸਮੇਂ ਸਿਰ ਮੁਕੰਮਲ ਹੋਣੀ ਚਾਹੀਦੀ ਹੈ। ਬੈਂਚ ਨੇ ਕਿਹਾ, ਟਰਾਇਲ ਵਿੱਚ ਨਾ ਤਾਂ ਬਹੁਤੀ ਕਾਹਲੀ ਹੋਣੀ ਚਾਹੀਦੀ ਹੈ ਤੇ ਨਾ ਹੀ ਲੰਮੀ ਦੇਰੀ। ਇਸਤਗਾਸਾ ਪੱਖ ਨੂੰ ਇੱਕ ਸੰਤੁਲਨ ਬਣਾਈ ਰੱਖਣਾ ਚਾਹੀਦਾ ਹੈ।

ਜ਼ਿਕਰਯੋਗ ਹੈ ਕਿ ਇਹ ਮਾਮਲਾ 3 ਅਕਤੂਬਰ 2021 ਦਾ ਹੈ, ਜਦੋਂ ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ ਦੇ ਤਿਕੁਨੀਆ ਵਿੱਚ ਉਪ ਮੁੱਖ ਮੰਤਰੀ ਕੇਸ਼ਵ ਪ੍ਰਸਾਦ ਮੌਰਿਆ ਦੇ ਦੌਰੇ ਦਾ ਵਿਰੋਧ ਕਰ ਰਹੇ ਕਿਸਾਨਾਂ ਦੇ ਪ੍ਰਦਰਸ਼ਨ ਦੌਰਾਨ 8 ਲੋਕ ਮਾਰੇ ਗਏ ਸਨ। ਇੱਕ ਐੱਸ ਯੂ ਵੀ ਗੱਡੀ ਨੇ ਚਾਰ ਕਿਸਾਨਾਂ ਨੂੰ ਦਰੜ ਦਿੱਤਾ ਸੀ। ਇਸ ਤੋਂ ਬਾਅਦ, ਗੁੱਸੇ ਵਿੱਚ ਆਏ ਲੋਕਾਂ ਨੇ ਕਥਿਤ ਤੌਰ 'ਤੇ ਗੱਡੀ ਦੇ ਡਰਾਈਵਰ ਅਤੇ ਦੋ ਭਾਜਪਾ ਵਰਕਰਾਂ ਨੂੰ ਕੁੱਟ-ਕੁੱਟ ਕੇ ਮਾਰ ਦਿੱਤਾ। ਹਿੰਸਾ ਵਿੱਚ ਇੱਕ ਪੱਤਰਕਾਰ ਦੀ ਵੀ ਮੌਤ ਹੋ ਗਈ।

ਆਸ਼ੀਸ਼ ਮਿਸ਼ਰਾ ਜ਼ਮਾਨਤ 'ਤੇ ਬਾਹਰ ਹੈ, ਪਰ ਉਸ ਨੂੰ ਆਪਣੇ ਜੱਦੀ ਸ਼ਹਿਰ ਲਖੀਮਪੁਰ ਖੀਰੀ ਜਾਣ ਦੀ ਇਜਾਜ਼ਤ ਨਹੀਂ ਸੀ। ਮਿਸ਼ਰਾ ਦੇ ਵਕੀਲ ਸਿਧਾਰਥ ਦਵੇ ਦੀ ਅਪੀਲ 'ਤੇ ਬੈਂਚ ਨੇ ਆਦੇਸ਼ ਦਿੱਤਾ, ਪਟੀਸ਼ਨਕਰਤਾ ਨੂੰ ਪਹਿਲਾਂ ਲਗਾਈਆਂ ਗਈਆਂ ਸ਼ਰਤਾਂ ਦੇ ਅਧੀਨ ਦੀਵਾਲੀ ਮਨਾਉਣ ਲਈ ਲਖੀਮਪੁਰ ਖੀਰੀ ਜਾਣ ਦੀ ਇਜਾਜ਼ਤ ਦਿੱਤੀ ਜਾਂਦੀ ਹੈ।

ਯੂਪੀ ਸਰਕਾਰ ਦੇ ਵਕੀਲ ਨੇ ਬੈਂਚ ਨੂੰ ਦੱਸਿਆ ਕਿ ਇਲਾਹਾਬਾਦ ਹਾਈ ਕੋਰਟ ਨੇ ਹੇਠਲੀ ਅਦਾਲਤ ਦੇ ਜੱਜ ਦਾ ਤਬਾਦਲਾ ਕਰ ਦਿੱਤਾ ਹੈ ਅਤੇ ਮਾਮਲੇ ਦੀ ਪੈਰਵੀ ਲਈ ਨਵਾਂ ਸਰਕਾਰੀ ਵਕੀਲ ਨਿਯੁਕਤ ਕੀਤਾ ਗਿਆ ਹੈ।

ਅਦਾਲਤ ਨੂੰ ਇਹ ਵੀ ਦੱਸਿਆ ਗਿਆ ਕਿ 131 ਵਿੱਚੋਂ 90 ਗਵਾਹਾਂ ਦੇ ਬਿਆਨ ਦਰਜ ਹੋ ਚੁੱਕੇ ਹਨ। ਪੀੜਤਾਂ ਵੱਲੋਂ ਪੇਸ਼ ਹੋਏ ਵਕੀਲ ਪ੍ਰਸ਼ਾਂਤ ਭੂਸ਼ਣ ਨੇ ਅਦਾਲਤੀ ਘਟਨਾਕ੍ਰਮਾਂ 'ਤੇ ਤਸੱਲੀ ਪ੍ਰਗਟਾਈ।

ਦਸੰਬਰ 2023 ਵਿੱਚ ਹੇਠਲੀ ਅਦਾਲਤ ਨੇ ਮਿਸ਼ਰਾ ਅਤੇ 12 ਹੋਰਾਂ ਖਿਲਾਫ਼ ਕਤਲ ਅਤੇ ਅਪਰਾਧਿਕ ਸਾਜ਼ਿਸ਼ ਸਣੇ ਹੋਰ ਦੋਸ਼ ਤੈਅ ਕੀਤੇ ਸਨ। ਇਸ ਤੋਂ ਪਹਿਲਾਂ 6 ਅਗਸਤ ਨੂੰ ਸੁਪਰੀਮ ਕੋਰਟ ਨੇ ਮਿਸ਼ਰਾ ਦੀ ਜ਼ਮਾਨਤ ਦੀਆਂ ਸ਼ਰਤਾਂ ਵਿੱਚ ਹੋਰ ਛੋਟ ਦੇਣ ਤੋਂ ਇਨਕਾਰ ਕਰ ਦਿੱਤਾ ਸੀ।

ਗੋਲੀਬਾਰੀ ਦੀ ਘਟਨਾ ਤੋਂ ਬਾਅਦ ਮੋਗਾ ਪਹੁੰਚੇ ਡੀ ਜੀ ਪੀ; ਪੀੜਤ ਪਰਿਵਾਰਾਂ ਨਾਲ ਕੀਤੀ ਮੁਲਾਕਾਤ

ਬੀਤੀ ਰਾਤ ਵਾਪਰੀ ਗੋਲੀਬਾਰੀ ਦੀ ਘਟਨਾ ਵਿੱਚ ਦੋ ਵਿਅਕਤੀਆਂ ਦੀ ਮੌਤ

ਮੋਗਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਬੀਤੀ ਦੇਰ ਰਾਤ ਵਾਪਰੀ ਗੋਲੀਬਾਰੀ ਦੀ ਘਟਨਾ ਤੋਂ ਬਾਅਦ, ਪੰਜਾਬ ਪੁਲੀਸ ਦੇ ਡੀ ਜੀ ਪੀ ਗੌਰਵ ਯਾਦਵ ਮੋਗਾ ਪਹੁੰਚੇ। ਉਨ੍ਹਾਂ ਨੇ ਘਟਨਾ ਸਬੰਧੀ ਜਾਣਕਾਰੀ ਹਾਸਲ ਕੀਤੀ ਅਤੇ ਮ੍ਰਿਤਕਾਂ ਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ। ਡੀ ਜੀ ਪੀ ਨੇ ਕਿਹਾ ਕਿ ਮਾਮਲੇ ਦੀ ਹਰ ਪਹਿਲੂ ਤੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਇਸ ਵਾਰਦਾਤ ਵਿੱਚ ਸ਼ਾਮਲ ਕਿਸੇ ਵੀ ਮੁਲਜ਼ਮ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਮਿਲੀ ਜਾਣਕਾਰੀ ਅਨੁਸਾਰ, ਮੋਗਾ ਵਿੱਚ ਇੱਕ ਦੁਕਾਨ ਦੇ ਬਾਹਰ ਕੁਝ ਨੌਜਵਾਨ ਬੈਠੇ ਹੋਏ ਸਨ। ਇਸ ਦੌਰਾਨ ਸਕਾਰਪੀਓ ਗੱਡੀ ਵਿੱਚ ਸਵਾਰ ਹੋ ਕੇ ਆਏ ਵਿਅਕਤੀਆਂ ਨੇ ਉੱਥੇ ਮੌਜੂਦ ਨੌਜਵਾਨਾਂ ਉੱਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਅਚਾਨਕ ਹੋਈ ਇਸ ਫਾਇਰਿੰਗ ਕਾਰਨ ਇਲਾਕੇ ਵਿੱਚ ਹਫੜਾ-ਦਫੜੀ ਮਚ ਗਈ। ਇਸ ਘਟਨਾ ਵਿੱਚ ਗਗਨ ਜਿੰਦਲ (30) ਅਤੇ ਸਾਹਿਲ ਜਿੰਦਲ (40) ਦੀ ਮੌਤ ਹੋ ਗਈ, ਜਦਕਿ ਹੋਰ ਵਿਅਕਤੀ ਵੀ ਗੋਲੀਆਂ ਅਤੇ ਛਰਰਿਆਂ ਦੀ ਲਪੇਟ ਵਿੱਚ ਆ ਕੇ ਜ਼ਖ਼ਮੀ ਹੋ ਗਏ।

ਵਾਰਦਾਤ ਦੀ ਸੂਚਨਾ ਮਿਲਦੇ ਹੀ ਪੁਲੀਸ ਦੀਆਂ ਟੀਮਾਂ ਮੌਕੇ ਉੱਤੇ ਪਹੁੰਚ ਗਈਆਂ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ। ਮੋਗਾ ਦੇ ਐੱਸ ਐੱਸ ਪੀ ਸਰਤਾਜ ਸਿੰਘ ਚਾਹਲ ਅਨੁਸਾਰ, ਪੀੜਤ ਧਿਰ ਵੱਲੋਂ ਕੁਝ ਵਿਅਕਤੀਆਂ ਦੇ ਨਾਮ ਵੀ ਪੁਲੀਸ ਨੂੰ ਦੱਸੇ ਗਏ ਹਨ। ਪੁਲੀਸ ਵੱਲੋਂ ਸਬੰਧਤ ਲੋਕਾਂ ਦੇ ਬਿਆਨ ਦਰਜ ਕੀਤੇ ਜਾ ਰਹੇ ਹਨ ਅਤੇ ਘਟਨਾ ਵਾਲੀ ਥਾਂ ਦੇ ਆਲੇ-ਦੁਆਲੇ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ। ਫੋਰੈਂਸਿਕ ਟੀਮ ਵੱਲੋਂ ਵੀ ਮੌਕੇ ਤੋਂ ਸਬੂਤ ਇਕੱਠੇ ਕੀਤੇ ਜਾ ਰਹੇ ਹਨ।

ਮੁੱਢਲੀ ਜਾਣਕਾਰੀ ਅਨੁਸਾਰ, ਇਸ ਵਾਰਦਾਤ ਪਿੱਛੇ ਪੁਰਾਣੀ ਰੰਜਿਸ਼ ਹੋਣ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ, ਪਰ ਗੋਲੀਬਾਰੀ ਦੇ ਅਸਲ ਕਾਰਨਾਂ ਬਾਰੇ ਪੁਲੀਸ ਜਾਂਚ ਤੋਂ ਬਾਅਦ ਹੀ ਸਥਿਤੀ ਸਪਸ਼ਟ ਹੋਵੇਗੀ।

ਡੀ ਜੀ ਪੀ ਗੌਰਵ ਯਾਦਵ ਨੇ ਸਪਸ਼ਟ ਕੀਤਾ ਕਿ ਪੁਲੀਸ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਘਟਨਾ ਨਾਲ ਜੁੜੇ ਸਾਰੇ ਪਹਿਲੂਆਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ ਅਤੇ ਮੁਲਜ਼ਮਾਂ ਦੀ ਪਛਾਣ ਕਰਕੇ ਉਨ੍ਹਾਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਗੋਲੀਕਾਂਡ ਤੋਂ ਬਾਅਦ ਇਲਾਕੇ ਵਿੱਚ ਚਿੰਤਾ ਦਾ ਮਾਹੌਲ ਹੈ। ਹੁਣ ਸਭ ਦੀਆਂ ਨਜ਼ਰਾਂ ਪੁਲੀਸ ਜਾਂਚ ਉੱਤੇ ਟਿਕੀਆਂ ਹੋਈਆਂ ਹਨ, ਤਾਂ ਜੋ ਵਾਰਦਾਤ ਦੇ ਅਸਲ ਕਾਰਨਾਂ ਦਾ ਪਤਾ ਲੱਗ ਸਕੇ ਅਤੇ ਇਸ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਕਾਰਵਾਈ ਹੋ ਸਕੇ।

ਜਾਖੜ ਵੱਲੋਂ ਪੰਜਾਬ ਸਰਕਾਰ ਨੂੰ ਨਸ਼ਿਆਂ ਸਬੰਧੀ ਸਰਵੇ ਰਿਪੋਰਟ ਜਨਤਕ ਕਰਨ ਦੀ ਚੁਣੌਤੀ

ਚੰਡੀਗੜ੍ਹ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਪੰਜਾਬ ਸਰਕਾਰ ਨੂੰ ਸੂਬੇ ਭਰ ਵਿੱਚ ਕਰਵਾਏ ਗਏ ਨਸ਼ਿਆਂ ਸਬੰਧੀ ਸਰਵੇ ਦੀ ਰਿਪੋਰਟ ਜਨਤਕ ਕਰਨ ਦੀ ਚੁਣੌਤੀ ਦਿੱਤੀ। ਉਨ੍ਹਾਂ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦਾ ਅਸਲ ਉਦੇਸ਼ ਪੰਜਾਬ ਦੇ ਨਸ਼ਿਆਂ ਦੇ ਕਾਰੋਬਾਰ ਦਾ ਵਪਾਰਕ ਨਜ਼ਰੀਏ ਤੋਂ ਅਧਿਐਨ ਕਰਨਾ ਸੀ, ਤਾਂ ਜੋ ਇਸ ਗੈਰਕਾਨੂੰਨੀ ਧੰਦੇ 'ਤੇ ਕਬਜ਼ਾ ਕਰਕੇ ਵੱਧ ਤੋਂ ਵੱਧ ਕਮਾਈ ਕੀਤੀ ਜਾ ਸਕੇ।

ਇਹਨਾਂ ਗੱਲਾਂ ਦਾ ਪ੍ਰਗਟਾਵਾ ਸੁਨੀਲ ਜਾਖੜ ਨੇ ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਡਰੱਗ ਸਰਵੇ ਕਰਾਉਣ ਲਈ 250 ਕਰੋੜ ਰੁਪਏ ਖਰਚ ਕੀਤੇ ਅਤੇ 28,000 ਮੁਲਾਜ਼ਮ ਤਾਇਨਾਤ ਕੀਤੇ। ਇਸ ਪ੍ਰਕਿਰਿਆ ਦੌਰਾਨ 65 ਲੱਖ ਪਰਿਵਾਰਾਂ ਨੂੰ ਜ਼ਲੀਲ ਕੀਤਾ ਗਿਆ, ਪਰ ਸਰਵੇ ਦੀ ਰਿਪੋਰਟ ਦਾ ਕਿਧਰੇ ਕੋਈ ਪਤਾ ਨਹੀਂ ਹੈ। ਉਨ੍ਹਾਂ ਸਵਾਲ ਕੀਤਾ, ਰਿਪੋਰਟ ਕਿੱਥੇ ਹੈ? ਉਨ੍ਹਾਂ ਦੋਸ਼ ਲਾਇਆ ਕਿ ਸਰਵੇ ਦਾ ਉਦੇਸ਼ ਨਾ ਤਾਂ ਪੰਜਾਬ ਦਾ ਭਲਾ ਕਰਨਾ ਸੀ ਅਤੇ ਨਾ ਹੀ ਇਸ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ, ਸਗੋਂ ਸੂਬੇ ਦਾ ਅਕਸ ਖ਼ਰਾਬ ਕਰਨਾ ਅਤੇ ਨਸ਼ਿਆਂ ਦੇ ਕਾਰੋਬਾਰ ਦੀ ਕਾਰਜਪ੍ਰਣਾਲੀ ਨੂੰ ਯੋਜਨਾਬੱਧ ਢੰਗ ਨਾਲ ਸਮਝਣਾ ਸੀ, ਤਾਂ ਜੋ ਇਸ ਦੀ ਪੂਰੀ ਸਪਲਾਈ ਲੜੀ— ਖ਼ਰੀਦ ਤੋਂ ਵੰਡ ਤੱਕ ਅਤੇ ਪੰਜਾਬ ਵਿੱਚ ਨਸ਼ਾ ਦਾਖ਼ਲ ਹੋਣ ਤੋਂ ਲੈ ਕੇ ਉਸ ਦੀ ਅੰਤਿਮ ਵਿਕਰੀ ਤੱਕ—'ਤੇ ਕਬਜ਼ਾ ਕੀਤਾ ਜਾ ਸਕੇ। ਸ੍ਰੀ ਜਾਖੜ ਨੇ ਕਿਹਾ ਕਿ ਜੇ ਮੁੱਖ ਮੰਤਰੀ ਆਪਣੇ ਦਾਅਵੇ ਅਨੁਸਾਰ ਪਿੰਡਾਂ ਵਿੱਚ ਗਏ ਹੁੰਦੇ, ਤਾਂ ਸਰਵੇ ਦੀ ਕੋਈ ਲੋੜ ਹੀ ਨਾ ਪੈਂਦੀ, ਕਿਉਂਕਿ ਲੋਕ ਖ਼ੁਦ ਉਨ੍ਹਾਂ ਨੂੰ ਹਾਲਾਤ ਦੱਸ ਦਿੰਦੇ। ਇਸ ਦੀ ਬਜਾਏ, ਉਨ੍ਹਾਂ ਦੋਸ਼ ਲਾਇਆ ਕਿ ਇਸ ਕਵਾਇਦ ਨੂੰ ਇੱਕ ਵਪਾਰਕ ਮਾਡਲ ਤਿਆਰ ਕਰਨ ਲਈ ਵਰਤਿਆ ਗਿਆ। ਉਨ੍ਹਾਂ ਕਿਹਾ ਕਿ 2023 ਵਿੱਚ ਥਾਣਾ ਨਥਾਣਾ ਦੀ ਪੁਲੀਸ ਨੇ ਚਾਰ ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਸੀ। ਜਾਂਚ ਦੌਰਾਨ ਫ਼ਿਰੋਜ਼ਪੁਰ ਜੇਲ੍ਹ ਵਿੱਚ ਬੰਦ ਹੈਰੀ ਮੁੱਖ ਮੁਲਜ਼ਮ ਵਜੋਂ ਸਾਹਮਣੇ ਆਇਆ ਸੀ। ਜਾਖੜ ਅਨੁਸਾਰ, ਅਬੋਹਰ ਦੇ ਇੱਕ ਬਹੁਚਰਚਿਤ ਕਤਲ ਕੇਸ ਵਿੱਚ ਹੈਰੀ ਨੂੰ 20 ਸਾਲ ਦੀ ਸਜ਼ਾ ਹੋਈ ਸੀ ਅਤੇ ਉਸ ਖ਼ਿਲਾਫ਼ ਸੱਤ ਹੋਰ ਮਾਮਲੇ ਵੀ ਸਨ। ਜਨਵਰੀ 2024 ਵਿੱਚ ਫ਼ਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਤੇ ਸੀਨੀਅਰ ਪੁਲੀਸ ਕਪਤਾਨ ਰਾਹੀਂ ਹੈਰੀ ਨੂੰ ਪੈਰੋਲ ਦਿਵਾਉਣ ਵਿੱਚ ਮਦਦ ਕੀਤੀ, ਜਿਸ ਤੋਂ ਬਾਅਦ ਉਹ ਫ਼ਰਾਰ ਹੋ ਕੇ ਦੁਬਈ ਪਹੁੰਚ ਗਿਆ। ਉਨ੍ਹਾਂ ਦਾਅਵਾ ਕੀਤਾ ਕਿ ਹੈਰੀ ਹੁਣ ਅਬੋਹਰ ਤੋਂ ਲੁਧਿਆਣਾ ਤੱਕ ਨਸ਼ਾ ਤਸਕਰੀ ਅਤੇ ਫਿਰੌਤੀ ਦਾ ਨੈੱਟਵਰਕ ਚਲਾ ਰਿਹਾ ਹੈ, ਜਦਕਿ ਪੁਲਿਸ ਨੇ ਉਸ ਦੀ ਫਾਈਲ ਬੰਦ ਕਰ ਦਿੱਤੀ ਹੈ।

2027 ਵਿਚ ਆਮ ਆਦਮੀ ਪਾਰਟੀ ਦੀ ਦੁਬਾਰਾ ਸਰਕਾਰ ਬਣੇਗੀ : ਨਵਲਦੀਪ ਸਿੰਘ , ਹਰਪਾਲ ਵਿਰਕ

ਪਟਿਆਲਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਅੱਜ ਆਮ ਆਦਮੀ ਪਾਰਟੀ ਨੇ ਪਟਿਆਲਾ ਜ਼ਿਲ੍ਹੇ ਦੇ ਪਾਰਟੀ 'ਚ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਪੰਜਾਬ ਦੇ ਸਕੱਤਰ ਜਗਦੀਪ ਸਿੰਘ ਜੱਗਾ, ਜ਼ਿਲ੍ਹਾ ਸ਼ਹਿਰੀ ਇੰਚਾਰਜ ਨਵਲਦੀਪ ਸਿੰਘ ਮੌਲਵੀਵਾਲਾ , ਪਟਿਆਲਾ ਦਿਹਾਤੀ ਦੇ ਇੰਚਾਰਜ ਹਰਪਾਲ ਸਿੰਘ ਵਿਰਕ, ਮੇਅਰ ਕੁੰਦਨ ਗੋਗੀਆ, ਲੋਕ ਸਭਾ ਇੰਚਾਰਜ ਬਲਜਿੰਦਰ ਸਿੰਘ ਢਿਲੋਂ , ਅਮਿਤ ਡਾਬੀ ਜਿਲਾ ਸੈਕਟਰੀ ਨੇ ਨਵੇਂ ਅਹੁਦੇਦਾਰਾਂ ਨੂੰ ਸਨਮਾਨਿਤ ਕੀਤਾ। ਆਮ ਆਦਮੀ ਪਾਰਟੀ ਦੇ ਸਕੱਤਰ ਜਗਦੀਪ ਸਿੰਘ ਜੱਗਾ ਨੇ ਅਹੁਦੇਦਾਰਾਂ ਨੂੰ ਕਿਹਾ ਕਿ ਪੰਜਾਬ ਸਰਕਾਰ ਵਲੋਂ ਜੋ ਲੋਕ ਭਲਾਈ ਸਕੀਮਾਂ ਚਲ ਰਹੀਆ ਹਨ ਉਨ੍ਹਾਂ ਨੂੰ ਹਰ ਘਰ ਪਹੁੰਚਾਇਆ ਜਾਵੇ। ਪਟਿਆਲਾ ਅਰਬਨ ਦੇ ਇੰਚਾਰਜ ਨਵਲਦੀਪ ਸਿੰਘ ਮੌਲਵੀਵਾਲਾ ਅਤੇ ਹਰਪਾਲ ਸਿੰਘ ਵਿਰਕ ਨੇ ਸਾਂਝੇ ਤੌਰ 'ਤੇ ਕਿਹਾ ਕਿ ਜ਼ਿਲ੍ਹਾ ਪਟਿਆਲਾ ਦੀ ਆਮ ਆਦਮੀ ਪਾਰਟੀ ਦੀ ਟੀਮ ਇੱਕਜੁਟ ਹੈ ਅਤੇ 2027 ਵਿਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਕੰਮ ਕੀਤਾ ਜਾਵੇਗਾ। ਨਵਲਦੀਪ ਸਿੰਘ ਨੇ ਕਿਹਾ ਪੰਜਾਬੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 2027 ਵਿਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਨਾਉਣ ਲਈ ਤਿਆਰ-ਬਰ-ਤਿਆਰ ਹਨ ਅਤੇ 2022 ਨਾਲੋਂ ਵੀ ਵੱਧ ਸੀਟਾ ਜਿੱਤ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਦੁਬਾਰਾ ਬਣੇਗੀ। ਪਟਿਆਲਾ ਰੂਰਲ ਦੇ ਇੰਚਾਰਜ ਹਰਪਾਲ ਸਿੰਘ ਵਿਰਕ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵਲੋਂ ਜਿੰਨੇ ਵਿਕਾਸ ਦੇ ਕੰਮ ਕੀਤੇ ਗਏ ਹਨ, ਪਿਛਲੀਆਂ ਸਰਕਾਰਾਂ ਨੇ ਭ੍ਰਿਸ਼ਟਾਚਾਰ ਤੋਂ ਇਲਾਵਾ ਕੋਈ ਲੋਕ ਭਲਾਈ ਦੇ ਕੰਮ ਨਹੀਂ ਕੀਤੇ।

ਨਵੇਂ ਬਣੇ ਅਹੁਦੇਦਾਰਾਂ ਵਿੱਚ ਸਟੇਟ ਜੋਆਇੰਟ ਸੈਕਟਰੀ ਮੇਘ ਚੰਦ ਸ਼ੇਰ ਮਾਜਰਾ, ਤੇਜਿੰਦਰ ਮਹਿਤਾ, ਸੁਰਜੀਤ ਸਿੰਘ ਅਬਲੋਵਾਲ, ਸਟੇਟ ਵਾਈਸ ਪ੍ਰਧਾਨ ਵਿਰਾਸਤੀ ਸੇਵਾ ਇੰਦਰ ਜੀਤ ਸਿੰਘ ਸੰਧੂ, ਲੋਕ ਸਭਾ ਵਾਈਸ ਪ੍ਰਧਾਨ ਹਰਿੰਦਰ ਕੋਹਲੀ, ਲਖ਼ਵਿੰਦਰ ਜੰਮੂ, ਹਲਕਾ ਸੰਗਠਨ ਇੰਚਾਰਜ ਗੁਰਵਿੰਦਰ ਸਿੰਘ, ਦੀਪਕ ਮਿੱਤਲ, ਹਿੰਮਤ ਕੁਮਾਰ, ਕਰਮਜੀਤ ਸਿੰਘ ਟਰੇਡ ਵਿੰਗ, ਜੀ ਐੱਸ ਓਬਰਾਏ ਜੋਆਇੰਟ, ਹਿੰਮਤ ਕੁਮਾਰ ਸੁਨਾਰੀਆ ਬੀ ਸੀ ਵਿੰਗ, ਪਟਿਆਲਾ ਸਿਟੀ ਕੋਰਡੀਨੇਟਰ, ਅਕਵਿੰਦਰ ਸਿੰਘ ਮਲੀ, ਤਰਸੇਮ, ਨਵਦੀਪ ਗਿੱਲ ਬਲਾਕ ਪ੍ਰਧਾਨ ਪਟਿਆਲਾ, ਜਸਵਿੰਦਰ ਸਿੰਘ ਕਿਸਾਨ ਵਿੰਗ, ਗੁਲਜਾਰ ਸਿੰਘ ਸਟੇਟ ਜੋਆਇੰਟ ਸੈਕਟਰੀ ਐਜੂਕੇਸ਼ਨ ਵਿੰਗ, ਅੰਗਰੇਜ ਸਿੰਘ ਵਾਈਸ ਕੋਰਡੀਨੇਟਰ ਵਿਰਾਸਤ ਸੇਵਾ ਸੰਗਠਨ, ਸੰਜੀਵ ਕੁਮਾਰ ਟ੍ਰੇਡਿੰਗ ਵਿੰਗ, ਮੁਖਤਿਆਰ ਸਿੰਘ ਜਿਲ੍ਹਾ ਕੋਰਡੀਨੇਟਰ ਐਕਸ ਸਰਵਿਸਮੈਨ, ਇਨ੍ਹਾਂ ਸਾਰਿਆਂ ਨੂੰ ਸਿਰੋਪੇ ਪਾ ਕੇ ਸਨਮਾਨ ਕੀਤਾ ਗਿਆ। ਸਮੁਚੀ ਲੀਡਰਸ਼ਿਪ ਨੇ ਇਕਜੁਟ ਹੋਕੇ ਕਿਹਾ ਕਿ ਉਹ ਆਪਣੀ ਜਿੰਮੇਵਾਰੀ ਪੂਰੀ ਤਨ ਦੇਹੀ ਨਾਲ ਨਿਭਾਉਣਗੇ। ਇਸ ਮੌਕੇ ਸ਼ਿਵਰਾਜ ਵਿਰਕ ਯੂਥ ਵਿੰਗ, ਰਵਿੰਦਰ ਪਾਲ ਸਿੰਘ ਪ੍ਰਿੰਸ ਲਾਂਬਾ ਮੀਡਿਆ ਵਿੰਗ, ਸੁਮੀਤ ਟਕੇਜਾ ਸ਼ੋਸਲ ਮੀਡਿਆ ਅਤੇ ਵਿਨੋਦ ਸਿੰਗਲਾ ਟ੍ਰੇਡ ਵਿੰਗ ਆਦਿ ਵੀ ਹਾਜਰ ਸਨ।

ਅੰਮ੍ਰਿਤਸਰ ਵਿੱਚ ਨਸ਼ਾ ਤਸਕਰੀ ਨੈੱਟਵਰਕ ਨਾਲ ਜੁੜੇ ਚਾਰ ਵਿਅਕਤੀ 10 ਕਿਲੋ ਹੈਰੋਇਨ ਸਮੇਤ ਕਾਬੂ

➢ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਿਦੇਸ਼ ਵਿੱਚ ਬੈਠੇ ਤਸਕਰਾਂ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਸਨ: ਡੀ.ਜੀ.ਪੀ. ਗੌਰਵ ਯਾਦਵ ➢ ਇਸ ਮਾਮਲੇ ਦੀਆਂ ਅਗਲੀਆਂ-ਪਿਛਲੀਆਂ ਕੜੀਆਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ

ਅੰਮ੍ਰਿਤਸਰ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਚਾਰ ਵਿਅਕਤੀਆਂ ਨੂੰ 10 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਨਸ਼ਾ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸੁਖਰਾਜ ਸਿੰਘ ਵਾਸੀ ਹਰਗੋਬਿੰਦ ਐਵੇਨਿਊ; ਅਜੀਤਪਾਲ ਸਿੰਘ ਉਰਫ਼ ਮੋਟਾ ਵਾਸੀ ਖੰਡਵਾਲਾ; ਅਨਮੋਲਪ੍ਰੀਤ ਸਿੰਘ ਵਾਸੀ ਜਵਾਹਰ ਨਗਰ ਅਤੇ ਗੌਬਿਨ ਗਿੱਲ ਵਾਸੀ ਪਿੰਡ ਚੋਗਾਵਾਂ ਵਜੋਂ ਹੋਈ ਹੈ; ਇਹ ਸਾਰੇ ਮੁਲਜ਼ਮ ਅੰਮ੍ਰਿਤਸਰ ਜ਼ਿਲ੍ਹੇ ਨਾਲ ਸਬੰਧਤ ਹਨ। ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦਾ ਹੀਰੋ ਸਪਲੈਂਡਰ ਮੋਟਰਸਾਈਕਲ ਅਤੇ ਇੱਕ ਕਾਲੇ ਰੰਗ ਦਾ ਹੌਂਡਾ ਐਕਟਿਵਾ ਸਕੂਟਰ ਜਿਨ੍ਹਾਂ ਦੀ ਵਰਤੋਂ ਹੈਰੋਇਨ ਦੀ ਖੇਪ ਨੂੰ ਲਿਜਾਣ ਲਈ ਕੀਤੀ ਜਾ ਰਹੀ ਸੀ, ਨੂੰ ਵੀ ਜ਼ਬਤ ਕੀਤਾ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਕਥਿਤ ਤੌਰ 'ਤੇ ਵਿਦੇਸ਼ਾਂ ਵਿੱਚ ਬੈਠੇ ਤਸਕਰਾਂ ਨਾਲ ਮਿਲ ਕੇ ਕੰਮ ਕਰ ਰਹੇ ਸਨ ਅਤੇ ਖੇਪਾਂ ਪ੍ਰਾਪਤ ਕਰਕੇ ਸੂਬੇ ਵਿੱਚ ਅੱਗੇ ਡਿਲੀਵਰ ਕਰ ਰਹੇ ਸਨ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਸੀ.ਆਈ. ਅੰਮ੍ਰਿਤਸਰ ਦੀ ਟੀਮ ਨੂੰ ਭਰੋਸੇਯੋਗ ਸੂਚਨਾ ਮਿਲੀ ਸੀ ਕਿ ਵਿਦੇਸ਼ ਵਿੱਚ ਬੈਠੇ ਆਪਣੇ ਹੈਂਡਲਰ ਦੇ ਨਿਰਦੇਸ਼ਾਂ 'ਤੇ, ਉਸਦੇ ਸਾਥੀ ਸੁਖਰਾਜ ਸਿੰਘ, ਅਜੀਤਪਾਲ ਸਿੰਘ ਉਰਫ਼ ਮੋਟਾ, ਅਨਮੋਲਪ੍ਰੀਤ ਸਿੰਘ ਅਤੇ ਗੌਬਿਨ ਗਿੱਲ ਨੇ ਹੈਰੋਇਨ ਦੀ ਇੱਕ ਵੱਡੀ ਖੇਪ ਪ੍ਰਾਪਤ ਕੀਤੀ ਹੈ ਅਤੇ ਉਹ ਇਸਨੂੰ ਅੱਗੇ ਕਿਸੇ ਹੋਰ ਪਾਰਟੀ ਨੂੰ ਡਿਲੀਵਰ ਕਰਨ ਵਾਲੇ ਹਨ। ਪੁਲਿਸ ਟੀਮਾਂ ਨੇ ਤੁਰੰਤ ਕਾਰਵਾਈ ਕਰਦਿਆਂ ਪਿੰਡ ਘਨੂਪੁਰ ਕਾਲੇ ਵਿੱਚ ਡੇਰਾ ਬਾਬਾ ਦਰਸ਼ਨ ਸਿੰਘ ਨੇੜੇ ਇਨ੍ਹਾਂ ਚਾਰੇ ਸ਼ੱਕੀ ਵਿਅਕਤੀਆਂ ਨੂੰ ਉਸ ਸਮੇਂ ਕਾਬੂ ਕਰ ਲਿਆ, ਜਦੋਂ ਉਹ ਆਪਣੇ ਮੋਟਰਸਾਈਕਲ ਅਤੇ ਸਕੂਟਰ 'ਤੇ ਜਾ ਰਹੇ ਸਨ। ਪੁਲਿਸ ਨੇ ਉਨ੍ਹਾਂ ਕੋਲੋਂ 10 ਕਿਲੋ ਹੈਰੋਇਨ ਬਰਾਮਦ ਕੀਤੀ।

ਡੀਜੀਪੀ ਨੇ ਦੱਸਿਆ ਕਿ ਇਸ ਮਾਮਲੇ ਨਾਲ ਜੁੜੀਆਂ ਅਗਲੀਆਂ ਅਤੇ ਪਿਛਲੀਆਂ ਕੜੀਆਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ ਤਾਂ ਜੋ ਇਸ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕੀਤੀ ਜਾ ਸਕੇ ਅਤੇ ਸਰਹੱਦ ਪਾਰੋਂ ਚੱਲ ਰਹੇ ਨਸ਼ਾ ਤਸਕਰੀ ਦੇ ਵਿਆਪਕ ਨੈੱਟਵਰਕ ਦਾ ਪਰਦਾਫਾਸ਼ ਕੀਤਾ ਜਾ ਸਕੇ। ਇਸ ਸਬੰਧ ਵਿੱਚ, ਥਾਣਾ ਸਟੇਟ ਸਪੈਸ਼ਲ ਆਪਰੇਸ਼ਨਜ਼ ਸੈੱਲ (ਐਸਐਸਓਸੀ), ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀਆਂ ਧਾਰਾਵਾਂ 21, 25 ਅਤੇ 29 ਤਹਿਤ ਮਿਤੀ 22-10-2026 ਨੂੰ ਐਫਆਈਆਰ ਨੰਬਰ 67 ਦਰਜ ਕੀਤੀ ਗਈ ਹੈ।

ਸੂਰਜੀ ਊਰਜਾ ਨਾਲ ਬਿਜਲੀ ਖ਼ਰਚਿਆਂ 'ਤੇ ਵਾਰ: ਢਿੱਲਵਾਂ ਦਾ ਬਾਬਾ ਫ਼ਰੀਦ ਯੂਨੀਵਰਸਿਟੀ ਦੌਰਾ

ਫਰੀਦਕੋਟ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿੱਚ ਨਵਿਆਉਣਯੋਗ ਊਰਜਾ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਅਤੇ ਸਰਕਾਰੀ ਸੰਸਥਾਵਾਂ ਦੇ ਬਿਜਲੀ ਖ਼ਰਚਿਆਂ ਨੂੰ ਘਟਾਉਣ ਦੇ ਉਦੇਸ਼ ਨਾਲ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ (ਪੇਡਾ) ਦੇ ਵਾਈਸ ਚੇਅਰਮੈਨ ਸੁਖਜੀਤ ਸਿੰਘ ਢਿੱਲਵਾਂ ਨੇ ਅੱਜ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼, ਫ਼ਰੀਦਕੋਟ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਰਾਜਿੰਦਰ ਬਾਂਸਲ ਨਾਲ ਵਿਸ਼ੇਸ਼ ਮੀਟਿੰਗ ਕਰਕੇ ਯੂਨੀਵਰਸਿਟੀ ਵਿੱਚ ਸੂਰਜੀ ਊਰਜਾ ਪ੍ਰਣਾਲੀ ਸਥਾਪਤ ਕਰਨ ਅਤੇ ਬਿਜਲੀ ਦੇ ਬਿੱਲਾਂ 'ਤੇ ਹੋਣ ਵਾਲੇ ਖ਼ਰਚਿਆਂ ਨੂੰ ਘਟਾਉਣ ਦੀਆਂ ਸੰਭਾਵਨਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ।

ਮੀਟਿੰਗ ਦੌਰਾਨ ਯੂਨੀਵਰਸਿਟੀ ਦੇ ਵੱਖ-ਵੱਖ ਕੈਂਪਸਾਂ ਅਤੇ ਇਮਾਰਤਾਂ ਵਿੱਚ ਸੂਰਜੀ ਊਰਜਾ ਪ੍ਰਣਾਲੀ ਸਥਾਪਤ ਕਰਨ ਦੀਆਂ ਸੰਭਾਵਨਾਵਾਂ ਦਾ ਜਾਇਜ਼ਾ ਲਿਆ ਗਿਆ। ਇਸ ਦੇ ਨਾਲ ਹੀ ਸੂਰਜੀ ਊਰਜਾ ਦੀ ਵਰਤੋਂ ਰਾਹੀਂ ਬਿਜਲੀ ਦੀਆਂ ਲੋੜਾਂ ਪੂਰੀਆਂ ਕਰਨ, ਊਰਜਾ ਦੀ ਬੱਚਤ ਕਰਨ ਅਤੇ ਯੂਨੀਵਰਸਿਟੀ ਦੇ ਬਿਜਲੀ ਖ਼ਰਚਿਆਂ ਵਿੱਚ ਕਟੌਤੀ ਕਰਨ ਬਾਰੇ ਵੀ ਚਰਚਾ ਕੀਤੀ ਗਈ।

ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਯੂਨੀਵਰਸਿਟੀ 'ਤੇ ਪੈਣ ਵਾਲੇ ਬਿਜਲੀ ਦੇ ਵਿੱਤੀ ਬੋਝ ਨੂੰ ਘਟਾਉਣ ਦੇ ਨਾਲ-ਨਾਲ ਸਾਫ਼ ਅਤੇ ਵਾਤਾਵਰਨ-ਅਨੁਕੂਲ ਊਰਜਾ ਦੇ ਵਿਕਲਪਾਂ ਨੂੰ ਉਤਸ਼ਾਹਿਤ ਕਰਨਾ ਹੈ।

ਮੀਟਿੰਗ ਦੌਰਾਨ ਸੂਰਜੀ ਊਰਜਾ ਦੀ ਵਰਤੋਂ ਨਾਲ ਵਾਤਾਵਰਨ ਦੀ ਸੰਭਾਲ, ਰਵਾਇਤੀ ਊਰਜਾ ਸਰੋਤਾਂ 'ਤੇ ਨਿਰਭਰਤਾ ਘਟਾਉਣ ਅਤੇ ਲੰਬੇ ਸਮੇਂ ਦੌਰਾਨ ਸੰਸਥਾ ਦੇ ਸੰਚਾਲਨ ਖ਼ਰਚਿਆਂ ਵਿੱਚ ਬੱਚਤ ਕਰਨ ਵਰਗੇ ਅਹਿਮ ਪਹਿਲੂਆਂ 'ਤੇ ਵੀ ਵਿਚਾਰ ਸਾਂਝੇ ਕੀਤੇ ਗਏ।

ਇਸ ਤੋਂ ਇਲਾਵਾ, ਪ੍ਰਸਤਾਵਿਤ ਸੂਰਜੀ ਊਰਜਾ ਪ੍ਰਣਾਲੀ ਨੂੰ ਅਮਲੀ ਰੂਪ ਦੇਣ ਲਈ ਲੋੜੀਂਦੇ ਤਕਨੀਕੀ ਅਤੇ ਪ੍ਰਬੰਧਕੀ ਪੱਖਾਂ ਬਾਰੇ ਵੀ ਵਿਚਾਰ-ਚਰਚਾ ਕੀਤੀ ਗਈ। ਮੀਟਿੰਗ ਵਿੱਚ ਯੂਨੀਵਰਸਿਟੀ ਦੇ ਮੈਡੀਕਲ ਸੁਪਰਡੈਂਟ, ਰਜਿਸਟਰਾਰ, ਐਸ.ਡੀ.ਓ. ਅਤੇ ਪੇਡਾ ਦੇ ਅਧਿਕਾਰੀ ਤੇ ਸਟਾਫ਼ ਮੈਂਬਰ ਹਾਜ਼ਰ ਸਨ। ਇਸ ਮੌਕੇ ਸਬੰਧਤ ਅਧਿਕਾਰੀਆਂ ਨੇ ਪ੍ਰਾਜੈਕਟ ਦੀ ਸੰਭਾਵੀ ਯੋਜਨਾਬੰਦੀ ਅਤੇ ਇਸ ਨੂੰ ਲਾਗੂ ਕਰਨ ਲਈ ਲੋੜੀਂਦੇ ਕਦਮਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

ਫੌਜ, ਨੀਮ ਫੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਸਿਖਲਾਈ ਕੋਰਸ

ਪਟਿਆਲਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਕਮਾਂਡਰ. ਬਲਜਿੰਦਰ ਵਿਰਕ (ਰਿਟਾ.) ਨੇ ਦੱਸਿਆ ਕਿ ਵਿਭਾਗ ਦੇ ਪ੍ਰੀ-ਰਿਕਰੂਟਮੈਂਟ ਸੈਂਟਰ ਵਿਖੇ ਫੌਜ ਅਤੇ ਨੀਮ ਫੌਜੀ ਬਲਾਂ ਵਿਚ ਭਰਤੀ ਹੋਣ ਲਈ ਕੇਵਲ ਪੰਜਾਬ ਦੇ ਬੱਚਿਆ ਲਈ ਪ੍ਰੀ-ਰਿਕਰੂਟਮੈਂਟ ਟ੍ਰੇਨਿੰਗ ਕੋਰਸ ਮਿਤੀ 02/11/2026ਤੋਂ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦਾ ਮੰਤਵ ਸੈਨਾ ਵਿਚ ਸੇਵਾ ਕਰ ਰਹੇ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਬਾਕੀ ਸ੍ਰੇਣੀਆਂ ਦੇ ਬੱਚਿਆਂ ਨੂੰ ਫੌਜ, ਨੀਮ ਫੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਯੋਗ ਬਣਾਉਣਾ ਹੈ। ਇਹ ਕੋਰਸ 45 ਦਿਨ ਦਾ ਹੋਵੇਗਾ। ਜਿਸ ਦੋਰਾਨ ਵਿਦਿਆਰਥੀਆਂ ਨੂੰ ਸਰੀਰਕ ਤੋਰ ਤੇ ਭਰਤੀ ਹੋਣ ਲਈ ਲੋੜੀਂਦੇਂ ਮਿਆਰ ਲਈ ਤਿਆਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਹਨਾ ਨੂੰ ਲਿਖਤੀ ਇਮਤਿਹਾਨ ਦੀ ਤਿਆਰੀ ਵੀ ਕਰਵਾਈ ਜਾਵੇਗੀ।

ਫੌਜ ਵਿੱਚ ਸਿਪਾਹੀ ਦੀ ਭਰਤੀ ਲਈ ਉਮੀਦਵਾਰ ਦੀ ਉਮਰ 17-1/2 ਤੋਂ 22 ਸਾਲ, ਕੱਦ 170 ਸੈਂਟੀਮੀਟਰ, ਛਾਤੀ 77 ਤੋਂ 82 ਸੈਂਟੀਮਿਟਰ ਅਤੇ ਵਜਨ 50 ਕਿੱਲੋ ਹੋਣਾ ਚਾਹੀਦਾ ਹੈ ਅਤੇ ਉਮੀਦਵਾਰ ਦਸਵੀਂ ਕਲਾਸ ਵਿੱਚ ਕੁੱਲ 45%ਅਤੇ ਹਰੇਕ ਵਿਸ਼ੇ ਵਿੱਚ 33% ਨੰਬਰਾਂ ਨਾਲ ਪਾਸ ਹੋਣ ਜ਼ਰੂਰੀ ਹੈ। ਕਲਰਕ/ਐਸ.ਕੇ.ਟੀ ਦੀ ਭਰਤੀ ਲਈ ਉਮੀਦਵਾਰਾਂ ਦੀ ਉਮਰ 17-1/2 ਤੋਂ 22 ਸਾਲ ਦੇ ਵਿਚਕਾਰ ਅਤੇ ਕੱਦ ਘੱਟੋਂ ਘੱਟ 162 ਸੈਟੀਮੀਟਰ ਹੋਣਾ ਜ਼ਰੂਰੀ ਹੈ। ਅੰਗਰੇਜ਼ੀ ਅਤੇ ਗਣਿਤ/ਅਕਾਉਂਟਿੰਗ/ਬੁਕ ਕੀਪਿੰਗ ਵਿਸ਼ਿਆਂ ਵਿਚ 50% ਨੰਬਰਾ ਨਾਲ ਪਾਸ ਹੋਣਾ ਜ਼ਰੂਰੀ ਹੈ। ਚਾਹਵਾਨ ਉਮੀਦਵਾਰ ਆਪਣੇ ਪੜ੍ਹਾਈ ਦੇ ਸਰਟਿਫਿਕੇਟ, ਪਾਸਪੋਰਟ ਸਾਇਜ਼ ਫੋਟੋ, ਡਿਸਾਚਾਰਜ ਬੁੱਕ (ਕੇਵਲ ਸਾਬਕਾ ਸੈਨਿਕਾਂ ਦੇ ਬੱਚਿਆਂ ਲਈ) ਅਤੇ ਐਸ.ਸੀ ਜਾਤੀ ਦੇ ਉਮੀਦਵਾਰ ਆਪਣਾ ਜਾਤੀ ਦਾ ਸਰਟੀਫਿਕੇਟ ਨਾਲ ਲੈ ਕੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ, ਪਟਿਆਲਾ, ਨੇੜੇ ਰੇਲਵੇ ਸਟੇਸ਼ਨ, ਵਿਖੇ ਆਪਣੇ ਨਾਮ ਦੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਹਨਾ ਨੇ ਇਹ ਵੀ ਦੱਸਿਆ ਹੈ ਕਿ ਪਟਿਆਲਾ ਜ਼ਿਲ੍ਹੇ ਦੇ ਉਮੀਦਵਾਰ ਹੀ ਇਸ ਟ੍ਰੇਨਿੰਗ ਵਿਚ ਸ਼ਾਮਲ ਹੋ ਸਕਦੇ ਹਨ। ਪ੍ਰੀ-ਰਿਕਰੂਟਮੈਂਟ ਸੈਂਟਰ ਸਿਖਲਾਈ ਲਈ ਇੱਕ ਆਲ ਵੈਦਰ ਟਰੈਕ ਅਤ ਟ੍ਰੇਨਿੰਗ ਦੇ ਜ਼ਰੂਰੀ ਸਾਜੋ ਸਮਾਨ ਉਪਲੱਬਧ ਹਨ। ਵਧੇਰੇ ਜਾਣਕਾਰੀ ਲਈ ਫੋਨ ਨੰ. 0175-2361188, 9988411466 ਕਿਸੇ ਵੀ ਕੰਮ ਕਾਜ ਵਾਲੇ ਦਿਨ ਸੰਪਰਕ ਕਰ ਸਕਦੇ ਹਨ।

ਪਟਿਆਲਾ ਡਿਪੂ ਪੈਨਸ਼ਨਰਜ਼ ਦਾ ਵਫਦ ਦੀ ਮੰਗਾਂ ਸਬੰਧੀ ਮੈਨੇਜਿੰਗ ਡਾਇਰੈਕਟਰ ਨਾਲ ਮੀਟਿੰਗ ਆਯੋਜਿਤ

ਪਟਿਆਲਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਡਿਪੂ ਪੈਨਸ਼ਨਰਜ਼ ਦਾ ਵਫਦ ਪੈਨਸ਼ਨ ਅਤੇ ਹੋਰ ਬਕਾਏ ਦੀ ਅਦਾਇਗੀ ਦੇ ਸਬੰਧ ਵਿੱਚ ਸ੍ਰ. ਜ਼ੋਗਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਵਧੀਕ ਮੈਨੇਜਿੰਗ ਡਾਇਰੈਕਟਰ ਅਤੇ ਮੈਨੇਜਿੰਗ ਡਾਇਰੈਕਟਰ ਨੂੰ ਮਿਲਿਆ। ਏ.ਐਮ.ਡੀ. ਸਾਹਿਬ ਨੇ ਬਕਾਇਦਾ ਨਾਲ ਜਾ ਕੇ ਐਮ.ਡੀ. ਸਾਹਿਬ ਨਾਲ ਮੀਟਿੰਗ ਕਰਵਾਈ। ਮੀਟਿੰਗ ਦੌਰਾਨ ਵਫਦ ਨੇ ਬਕਾਏ ਦੀ ਅਦਾਇਗੀ ਅਤੇ ਪੈਨਸ਼ਨ ਦਿਵਾਲੀ ਤੋਂ ਪਹਿਲਾਂ—ਪਹਿਲਾਂ ਕਰਨ ਲਈ ਬੇਨਤੀ ਕੀਤੀ। ਐਮ.ਡੀ. ਸਾਹਿਬ ਨੇ ਏ.ਐਮ.ਡੀ. ਸਾਹਿਬ ਨੂੰ ਸਮੁੱਚੀਆਂ ਕੁੱਲ ਅਦਾਇਗੀਆਂ ਦੀਆਂ ਲਿਸਟਾਂ ਤਿਆਰ ਕਰਨ ਲਈ ਕਿਹਾ ਅਤੇ ਦੱਸਿਆ ਕਿ ਸਰਕਾਰ ਤੋਂ ਪੈਸੇ ਦੀ ਮੰਗ ਕੀਤੀ ਜਾ ਰਹੀ ਹੈ। ਇਸ ਤਰ੍ਹਾਂ ਜਿੰਨੀ ਰਕਮ ਪ੍ਰਾਪਤ ਹੋਵੇਗੀ ਉਸੇ ਅਨੁਪਾਤ ਵਿੱਚ ਅਦਾਇਗੀਆਂ ਕੀਤੀਆਂ ਜਾਣਗੀਆਂ। ਉਹਨਾਂ ਕਿਹਾ ਕਿ ਫਿਲਹਾਲ ਸਾਡੀ ਤਰਜੀਹ ਦਿਵਾਲੀ ਤੋਂ ਪਹਿਲਾਂ ਪੈਨਸ਼ਨ ਅਤੇ ਤਨਖਾਹ ਦੇਣ ਦੀ ਹੈ ਤਾਂ ਜ਼ੋ ਤਿਉਹਾਰ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਨਾਮੋਸ਼ੀ ਨਾ ਹੋਵੇ, ਦੋਵੇਂ ਅਧਿਕਾਰੀਆਂ ਨੇ ਬਹੁਤ ਹੀ ਵਧੀਆ ਤਰੀਕੇ ਨਾਲ ਅਤੇ ਤਸੱਲੀ ਨਾਲ ਗੱਲਬਾਤ ਕੀਤੀ ਅਤੇ ਪੂਰੀ ਤਸੱਲੀ ਨਾਲ ਦੱਸਿਆ ਕਿ ਤਨਖਾਹ ਦੇ ਮੌਕੇ ਤੇ ਅਤੇ ਪੈਨਸ਼ਨ ਦਿਵਾਲੀ ਤੋਂ ਪਹਿਲਾਂ ਪਾ ਦਿੱਤੀ ਜਾਵੇਗੀ ਅਤੇ ਬਾਕੀ ਅਦਾਇਗੀਆਂ ਦੀ ਵਿਉਂਤ ਪ੍ਰਾਪਤ ਰਕਮ ਮੁਤਾਬਿਕ ਕੀਤੀ ਜਾਵੇਗੀ। ਐਮ.ਡੀ. ਸਾਹਿਬ ਨੇ ਇਹ ਵੀ ਦੱਸਿਆ ਕਿ ਕੁੱਝ ਹੀ ਦਿਨਾਂ ਅੰਦਰ ਮਾਨਯੋਗ ਮੰਤਰੀ ਜੀ ਪੀ.ਆਰ.ਟੀ.ਸੀ. ਦੇ ਅਦਾਰੇ ਵਿੱਚ ਆਉਣਗੇ ਅਤੇ ਉਸ ਸਮੇਂ ਉਨ੍ਹਾਂ ਸਾਹਮਣੇ ਤਫਸੀਲ ਰੱਖੀ ਜਾਵੇਗੀ।

ਪੰਜਾਬ ਸਰਕਾਰ ਨੇ ਝੋਨੇ ਦੇ ਮੌਜੂਦਾ ਖਰੀਦ ਸੀਜ਼ਨ ਦੌਰਾਨ 2.92 ਲੱਖ ਕਿਸਾਨਾਂ ਦੇ ਖਾਤਿਆਂ ਵਿੱਚ 11,000 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਟਰਾਂਸਫਰ ਕੀਤੀ: ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਕਿਸਾਨੀ ਭਾਈਚਾਰੇ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸਰਕਾਰ ਹਰੇਕ ਖਰੀਦ ਸੀਜ਼ਨ ਦੌਰਾਨ ਖਰੀਦੀ ਗਈ ਫਸਲ ਦੇ ਬਦਲੇ ਕਿਸਾਨਾਂ ਨੂੰ ਉਨ੍ਹਾਂ ਦੇ ਖਾਤਿਆਂ ਵਿੱਚ ਤੁਰੰਤ ਭੁਗਤਾਨ ਕਰਨਾ ਯਕੀਨੀ ਬਣਾਉਂਦੀ ਹੈ।

ਇਹ ਇਸ ਤੱਥ ਤੋਂ ਸਪੱਸ਼ਟ ਹੁੰਦਾ ਹੈ ਕਿ ਝੋਨੇ ਦੇ ਮੌਜੂਦਾ ਖਰੀਦ ਸੀਜ਼ਨ ਦੌਰਾਨ ਹੁਣ ਤੱਕ 2,92,814 ਕਿਸਾਨਾਂ ਦੀ ਫਸਲ ਖਰੀਦੀ ਗਈ ਹੈ ਅਤੇ ਉਨ੍ਹਾਂ ਦੇ ਖਾਤਿਆਂ ਵਿੱਚ 11,767.46 ਕਰੋੜ ਰੁਪਏ ਦੀ ਰਾਸ਼ੀ ਟਰਾਂਸਫਰ ਕੀਤੀ ਜਾ ਚੁੱਕੀ ਹੈ।

ਅੱਜ ਇੱਥੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਹੋਈ ਇੱਕ ਮੀਟਿੰਗ ਦੌਰਾਨ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ, ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲਿਆਂ ਬਾਰੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਪਿਛਲੇ 72 ਘੰਟਿਆਂ ਦੌਰਾਨ ਅਨਾਜ ਦੀ ਚੁਕਾਈ ਦੀ ਦਰ 83 ਫ਼ੀਸਦ ਰਹੀ ਹੈ।

ਮੰਤਰੀ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਬੀਤੀ ਸ਼ਾਮ ਤੱਕ, ਸੂਬੇ ਦੀਆਂ ਮੰਡੀਆਂ ਵਿੱਚ ਕੁੱਲ 56.08 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ, ਜਿਸ ਵਿੱਚੋਂ 54.61 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ 34.28 ਲੱਖ ਮੀਟ੍ਰਿਕ ਟਨ ਝੋਨੇ ਦੀ ਚੁਕਾਈ ਹੋ ਚੁੱਕੀ ਹੈ।

ਕਿਸਾਨਾਂ ਵੱਲੋਂ ਆਪਣੇ ਖ਼ੂਨ-ਪਸੀਨੇ ਨਾਲ ਪੈਦਾ ਕੀਤੀ ਗਈ ਫਸਲ ਦੇ ਹਰ ਦਾਣੇ ਨੂੰ ਖਰੀਦਣ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੰਤਰੀ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰਾਂ (ਡੀ.ਐਫ.ਐਸ.ਸੀ.) ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਇਹ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਕਿ ਕੋਈ ਵੀ ਫਰਜ਼ੀ ਖਰੀਦ ਨਾ ਹੋਣ ਦਿੱਤੀ ਜਾਵੇ ਅਤੇ ਬਾਹਰਲੇ ਸੂਬਿਆਂ ਵਿੱਚੋਂ ਫਸਲ ਸੂਬੇ ਦੀਆਂ ਮੰਡੀਆਂ ਵਿੱਚ ਨਾ ਆਉਣ ਦਿੱਤਾ ਜਾਵੇ।

ਇਸ ਮੌਕੇ ਮੰਤਰੀ ਨੂੰ ਜਾਣੂੰ ਕਰਵਾਇਆ ਗਿਆ ਕਿ ਰਾਸ਼ਨ ਕਿੱਟਾਂ ਦੀ ਵੰਡ ਵਿੱਚ ਪੂਰੀ ਪਾਰਦਰਸ਼ਿਤਾ ਯਕੀਨੀ ਬਣਾਈ ਜਾ ਰਹੀ ਹੈ ਅਤੇ ਦੂਜੀ ਤਿਮਾਹੀ ਦੌਰਾਨ ਹੁਣ ਤੱਕ ਕੁੱਲ 29 ਲੱਖ ਕਿੱਟਾਂ ਵੰਡੀਆਂ ਜਾ ਚੁੱਕੀਆਂ ਹਨ। ਮੰਤਰੀ ਨੇ ਅਧਿਕਾਰੀਆਂ ਨੂੰ ਇਸ ਕੰਮ ਵਿੱਚ ਗੁਣਵੱਤਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਵਿਸ਼ੇਸ਼ ਸਕੱਤਰ ਕਮਲ ਕੁਮਾਰ ਗਰਗ, ਪਨਸਪ ਦੇ ਐਮ.ਡੀ. ਬੀ. ਸ੍ਰੀਨਿਵਾਸਨ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਅਤੇ ਜਨਰਲ ਮੈਨੇਜਰ (ਵਿੱਤ) ਸਰਵੇਸ਼ ਕੁਮਾਰ ਸ਼ਾਮਿਲ ਸਨ।

ਸਿੱਧੂ ਕਾਲੋਨੀ 'ਚ 'ਆਪ' ਨੂੰ ਵੱਡਾ ਝਟਕਾ; ਕਈ ਆਗੂ ਪਰਿਵਾਰਾਂ ਸਮੇਤ ਕਾਂਗਰਸ 'ਚ ਸ਼ਾਮਲ

ਜ਼ਮੀਨੀ ਪੱਧਰ 'ਤੇ ਕਾਂਗਰਸ ਹੋ ਰਹੀ ਮਜ਼ਬੂਤ, ਨਵੇਂ ਸਾਥੀਆਂ ਨੂੰ ਮਿਲੇਗਾ ਪੂਰਾ ਸਤਿਕਾਰ: ਮੋਹਿਤ ਮੋਹਿੰਦਰਾ

ਪਟਿਆਲਾ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਲਕਾ ਪਟਿਆਲਾ ਦਿਹਾਤੀ ਅਧੀਨ ਪੈਂਦੀ ਸਿੱਧੂ ਕਾਲੋਨੀ, ਭਾਦਸੋਂ ਰੋਡ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਇਲਾਕੇ ਦੇ ਕਈ ਪ੍ਰਮੁੱਖ ਆਗੂ ਅਤੇ ਸਰਗਰਮ ਵਰਕਰ 'ਆਪ' ਨੂੰ ਅਲਵਿਦਾ ਆਖ ਕੇ ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਹਲਕਾ ਇੰਚਾਰਜ ਸ਼੍ਰੀ ਮੋਹਿਤ ਮੋਹਿੰਦਰਾ ਦੀ ਅਗਵਾਈ ਹੇਠ ਰਸਮੀ ਤੌਰ 'ਤੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ। ਮੋਹਿਤ ਮੋਹਿੰਦਰਾ ਨੇ ਕਾਂਗਰਸ ਪਰਿਵਾਰ ਵਿੱਚ ਸ਼ਾਮਲ ਹੋਏ ਸਮੂਹ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਪਾਰਟੀ ਵਿੱਚ ਪੂਰਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਸ਼ਾਮਲ ਹੋਣ ਵਾਲਿਆਂ ਵਿੱਚ ਖ਼ੁਸ਼ਹਾਲ ਸਿੰਘ, ਨਵਜੋਤ ਪਾਂਡੇ, ਸੰਜੀਵ ਸ਼ਰਮਾ, ਮੋਹਿਤ ਸ਼ਰਮਾ, ਸੁਖਚੈਨ ਸਿੰਘ ਚੀਮਾ, ਮਨਿੰਦਰ ਸਿੰਘ ਅਤੇ ਜਸਵੀਰ ਸਿੰਘ ਸੇਠੀ ਆਪਣੇ ਸਮੁੱਚੇ ਪਰਿਵਾਰਾਂ ਸਮੇਤ ਆਮ ਆਦਮੀ ਪਾਰਟੀ ਛੱਡ ਕੇ ਰਸਮੀ ਤੌਰ 'ਤੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ।

ਸਮਾਗਮ ਨੂੰ ਸੰਬੋਧਨ ਕਰਦਿਆਂ ਮੋਹਿਤ ਮੋਹਿੰਦਰਾ ਨੇ ਕਿਹਾ ਕਿ ਆਮ ਲੋਕ ਮੌਜੂਦਾ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਅਤੇ ਲਾਰਿਆਂ ਤੋਂ ਪੂਰੀ ਤਰ੍ਹਾਂ ਅੱਕ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ 'ਤੇ ਲੋਕਾਂ ਦਾ ਕਾਂਗਰਸ ਪਾਰਟੀ ਵੱਲ ਵਧਦਾ ਝੁਕਾਅ ਅਤੇ ਭਰੋਸਾ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਸੂਬੇ ਦੇ ਲੋਕ ਕਾਂਗਰਸ ਦੀਆਂ ਵਿਕਾਸਵਾਦੀ ਤੇ ਲੋਕ-ਪੱਖੀ ਨੀਤੀਆਂ ਨਾਲ ਜੁੜਨਾ ਚਾਹੁੰਦੇ ਹਨ। ਨਵੇਂ ਸ਼ਾਮਲ ਹੋਏ ਆਗੂਆਂ ਨੇ ਕਿਹਾ ਕਿ ਉਹ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਿਰਾਸ਼ ਹੋ ਕੇ ਅਤੇ ਮੋਹਿਤ ਮੋਹਿੰਦਰਾ ਦੀ ਅਗਵਾਈ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ ਵਿੱਚ ਆਏ ਹਨ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਦੁੱਗਲ, ਬਲਾਕ ਤ੍ਰਿਪੜੀ ਦੇ ਪ੍ਰਧਾਨ ਹਰਵਿੰਦਰ ਸ਼ੁਕਲਾ, ਬਲਾਕ ਦਫ਼ਤਰ ਇੰਚਾਰਜ ਹੈਪੀ, ਮੰਡਲ ਪ੍ਰਧਾਨ ਲਵਜੋਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਥਾਨਕ ਕਾਂਗਰਸੀ ਆਗੂ, ਵਰਕਰ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

ਅਮਰੀਕਾ ਦਾ ਹਰ ਬੱਚਾ ਬਣੇਗਾ ਸਪੇਸਐੱਕਸ ਦਾ ਹਿੱਸੇਦਾਰ : ਮਸਕ

ਨਿਊ ਯੌਰਕ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਦੁਨੀਆਂ ਦੇ ਸਭ ਤੋਂ ਅਮੀਰ ਕਾਰੋਬਾਰੀ ਈਲੌਨ ਮਸਕ ਆਪਣੀ ਨਵੀਂ ਯੋਜਨਾ ਕਾਰਨ ਖ਼ਬਰਾਂ 'ਚ ਹਨ। ਇਸ ਯੋਜਨਾ ਦੇ ਲਾਗੂ ਹੋਣ 'ਤੇ ਲੱਖਾਂ ਬੱਚਿਆਂ ਨੂੰ ਦੁਨੀਆ ਦੀਆਂ ਪ੍ਰਮੁੱਖ ਪੁਲਾੜ ਕੰਪਨੀਆਂ 'ਚ ਹਿੱਸੇਦਾਰ ਬਣਨ ਦਾ ਮੌਕਾ ਮਿਲ ਸਕਦਾ ਹੈ। ਮਸਕ ਨੇ ਸੋਸ਼ਲ ਮੀਡੀਆ ਪਲੈਟਫ਼ੌਰਮ X 'ਤੇ ਪੋਸਟ 'ਚ ਕਿਹਾ ਹੈ ਕਿ ਉਹ ਅਗਲੇ ਸਾਲ ਅਮਰੀਕਾ ਦੇ ਹਰ ਬੱਚੇ ਨੂੰ ਸਪੇਸਐੱਕਸ ਦਾ ਹਿੱਸੇਦਾਰ ਬਣਾਵੇਗਾ। ਉਸ ਨੇ ਇਸ ਨੂੰ ਅਜਿਹੀਆਂ ਕਈ ਯੋਜਨਾਵਾਂ 'ਚੋਂ ਪਹਿਲ ਦੱਸਿਆ ਹੈ। ਹਾਲਾਂਕਿ ਇਹ ਅਜੇ ਸਪੱਸ਼ਟ ਨਹੀਂ ਕਿ ਸ਼ੇਅਰ ਕਿਸ ਪ੍ਰਕਿਰਿਆ ਅਤੇ ਸ਼ਰਤਾਂ ਅਧੀਨ ਵੰਡੇ ਜਾਣਗੇ।

7.4 ਕਰੋੜ ਬੱਚਿਆਂ ਨੂੰ ਮਿਲ ਸਕਦੈ ਲਾਭ: ਸੰਯੁਕਤ ਰਾਸ਼ਟਰ ਦੇ ਅੰਕੜਿਆਂ ਅਨੁਸਾਰ ਸੰਯੁਕਤ ਰਾਜ ਅਮਰੀਕਾ 'ਚ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀ ਗਿਣਤੀ ਲਗਭਗ 7.4 ਕਰੋੜ ਹੈ। ਖ਼ਬਰਾਂ 'ਚ ਦੱਸੇ ਗਏ ਇੱਕ ਸਪੇਸਐੱਕਸ ਸ਼ੇਅਰ ਲਈ 146 ਡਾਲਰ ਦੀ ਅਨੁਮਾਨਿਤ ਕੀਮਤ ਦੇ ਆਧਾਰ 'ਤੇ ਹਰੇਕ ਬੱਚੇ ਨੂੰ ਇੱਕ ਹਿੱਸਾ ਦੇਣ ਦੀ ਕੁੱਲ ਲਾਗਤ ਲਗਭਗ 10.8 ਅਰਬ ਡਾਲਰ ਬਣਦੀ ਹੈ। ਇਹ ਰਕਮ ਭਾਰਤੀ ਮੁਦਰਾ 'ਚ ਲਗਭਗ 1.02 ਲੱਖ ਕਰੋੜ ਰੁਪਏ ਦੇ ਬਰਾਬਰ ਹੈ। ਹਾਲਾਂਕਿ, ਇਹ ਗਣਨਾ ਅਨੁਮਾਨਿਤ ਸ਼ੇਅਰ ਮੁੱਲ ਅਤੇ ਬੱਚਿਆਂ ਦੀ ਗਿਣਤੀ 'ਤੇ ਆਧਾਰਤ ਹੈ। ਸਪੇਸਐੱਕਸ ਇੱਕ ਨਿੱਜੀ ਕੰਪਨੀ ਹੈ, ਇਸ ਲਈ ਇਸ ਦੇ ਸ਼ੇਅਰਾਂ ਦੀ ਕੀਮਤ ਅਤੇ ਟ੍ਰਾਂਸਫ਼ਰ ਦੀਆਂ ਸ਼ਰਤਾਂ ਆਮ ਸਟਾਕ ਮਾਰਕੀਟ 'ਚ ਸੂਚੀਬੱਧ ਕੰਪਨੀਆਂ ਨਾਲੋਂ ਵੱਖਰੀਆਂ ਹੋ ਸਕਦੀਆਂ ਹਨ।

ਈਲੌਨ ਮਸਕ ਸਪੇਸਐੱਕਸ ਦਾ ਸਭ ਤੋਂ ਵੱਡਾ ਸ਼ੇਅਰ ਧਾਰਕ ਹੈ। ਖ਼ਬਰਾਂ 'ਚ ਹਵਾਲਾ ਦਿੱਤੀ ਗਈ ਰੈਗੂਲੇਟਰੀ ਫ਼ਾਈਲਿੰਗ ਅਨੁਸਾਰ, 30 ਜੂਨ ਤਕ ਕੰਪਨੀ 'ਚ ਉਸ ਦੀ ਹਿੱਸੇਦਾਰੀ ਲਗਭਗ 48.4 ਪ੍ਰਤੀਸ਼ਤ ਸੀ। ਫ਼ਾਈਲਿੰਗ 'ਚ ਕਿਹਾ ਗਿਆ ਹੈ ਕਿ ਮਸਕ ਕੋਲ ਲਗਭਗ 6.42 ਅਰਬ ਸ਼ੇਅਰ ਹਨ। ਇਸ 'ਚ ਵੱਖ-ਵੱਖ ਵਰਗਾਂ ਦੇ ਸ਼ੇਅਰ ਅਤੇ ਟਰੱਸਟਾਂ ਦੁਆਰਾ ਰੱਖੇ ਗਏ ਸ਼ੇਅਰ ਸ਼ਾਮਿਲ ਹਨ। ਉਸ ਕੋਲ ਸਟੌਕ ਵਿਕਲਪ ਅਧਿਕਾਰ ਵੀ ਹਨ।

ਖਾਲਸਾ ਸਕੂਲ ਰੋਪੜ ਦੇ ਵਿਦਿਆਰਥੀਆਂ ਨੇ ਵੱਖ-ਵੱਖ ਮਾਡਲ ਅਤੇ ਚਾਰਟ ਤਿਆਰ ਕੀਤੇ

ਰੂਪਨਗਰ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਖਾਲਸਾ ਮਾਡਲ ਸਕੂਲ ਰੂਪਨਗਰ ਵਿਖੇ ਇੰਟਰ ਹਾਊਸ ਗਣਿਤ ਮੇਲਾ ਕਰਵਾਇਆ ਗਿਆ । ਜਿਸ ਵਿੱਚ ਤੀਸਰੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ । ਵਿਦਿਆਰਥੀਆਂ ਨੇ ਵੱਖ-ਵੱਖ ਮਾਡਲ ਅਤੇ ਚਾਰਟ ਤਿਆਰ ਕਰਕੇ ਪ੍ਰਦਰਸ਼ਿਤ ਕੀਤੇ ਅਤੇ ਉਹਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ।ਜੱਜਾਂ ਵੱਲੋਂ ਪੁੱਛੇ ਗਏ ਪ੍ਰਸ਼ਨਾਂ ਦੇ ਉਨਾਂ ਦੇ ਆਤਮ ਵਿਸ਼ਵਾਸ ਨਾਲ ਜਵਾਬ ਦਿੱਤੇ । ਇਸ ਮੇਲੇ ਵਿੱਚ ਤੀਸਰੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਤੀਸਰੀ ਜਮਾਤ ਵਿੱਚ ਸੁਖਮਨ ਸਿੰਘ ਤੇ ਪ੍ਰਭਨੂਰ ਕੌਰ ਨੇ ਪਹਿਲਾ ਸਥਾਨ, ਰਵਦੀਪ ਕੌਰ ਤੇ ਟਵਿੰਕਲ ਨੇ ਦੂਜਾ ਸਥਾਨ ਅਤੇ ਅਮਨਜੋਤ ਕੌਰ ਤੇ ਏਕਮਦੀਪ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। ਚੌਥੀ ਜਮਾਤ ਜਸਮੀਤ ਕੌਰ ਤੇ ਖੁਸ਼ਬੂ ਨੇ ਪਹਿਲਾ ਸਥਾਨ, ਮੰਨਤ ਤੇ ਹਰਜੋਤ ਕੌਰ ਨੇ ਦੂਜਾ ਸਥਾਨ ਅਤੇ ਜਸਕੀਰਤ ਸਿੰਘ ਤੇ ਪ੍ਰੀਅਲ ਨੇ ਤੀਜਾ ਸਥਾਨ ਹਾਸਿਲ ਕੀਤਾ। ਪੰਜਵੀਂ ਜਮਾਤ ਵਿੱਚ ਹਿਮਾਂਸ਼ੂ ਤੇ ਜਸਕੀਰਤ ਸਿੰਘ ਨੇ ਪਹਿਲਾ ਸਥਾਨ, ਜੈਸਮੀਨ ਅਤੇ ਹਰਨੂਰ ਸਿੰਘ ਨੇ ਦੂਜਾ ਸਥਾਨ ਅਤੇ ਅਰਸ਼ਪ੍ਰੀਤ ਕੌਰ ਤੇ ਅੰਸ਼ਦੀਪ ਨੇ ਤੀਜਾ ਸਥਾਨ ਹਾਸਿਲ ਕੀਤਾ। ਛੇਵੀਂ ਜਮਾਤ ਵਿੱਚ ਹਰਪ੍ਰੀਤ ਕੌਰ ਤੇ ਗੁਰਪ੍ਰੀਤ ਕੌਰ ਨੇ ਪਹਿਲਾ ਸਥਾਨ ,ਅਰਮਾਨਪ੍ਰੀਤ ਸਿੰਘ ਤੇ ਹਿਮਾਂਸ਼ੀ ਨੇ ਦੂਜਾ ਸਥਾਨ ਅਤੇ ਸੀਰਤਪ੍ਰੀਤ ਕੌਰ ਅਤੇ ਹਰਕੀਰਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ । ਸੱਤਵੀਂ ਜਮਾਤ ਵਿੱਚ ਹਰਸਿਮਰਨ ਕੌਰ ਤੇ ਸਹਿਜਦੀਪ ਨੇ ਪਹਿਲਾ ਸਥਾਨ ,ਸ਼ਾਈਨਾ ਤੇ ਹਰਮਨਜੋਤ ਸਿੰਘ ਨੇ ਦੂਜਾ ਸਥਾਨ ਅਤੇ ਸਹਿਜਪ੍ਰੀਤ ਕੌਰ ਤੇ ਦਿਲਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ । ਅੱਠਵੀਂ ਜਮਾਤ ਵਿੱਚ ਕੋਮਲ ਤੇ ਗੁਰਤੇਜ ਸਿੰਘ ਨੇ ਪਹਿਲਾ ਸਥਾਨ, ਸਹਿਜਪ੍ਰੀਤ ਕੌਰ ਤੇ ਪਰਮਿੰਦਰ ਕੌਰ ਨੇ ਦੂਜਾ ਸਥਾਨ ਅਤੇ ਪ੍ਰਭਜੋਤ ਸਿੰਘ ਤੇ ਕੰਚਨ ਨੇ ਤੀਜਾ ਸਥਾਨ ਹਾਸਿਲ ਕੀਤਾ । ਇਹਨਾਂ ਮੁਕਾਬਲਿਆਂ ਵਿੱਚ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਨੇ ਪਹਿਲਾ ਸਥਾਨ , ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਨੇ ਦੂਜਾ ਸਥਾਨ ਅਤੇ ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ ਨੇ ਤੀਜਾ ਸਥਾਨ ਹਾਸਿਲ ਕੀਤਾ । ਇਸ ਮੁਕਾਬਲੇ ਵਿੱਚ ਹਰਪ੍ਰੀਤ ਸਿੰਘ ਅਤੇ ਕਰਨੈਲ ਸਿੰਘ ਨੇ ਜੱਜਾਂ ਦੀ ਭੂਮਿਕਾ ਨਿਭਾਈ।ਜੱਜਾਂ ਵੱਲੋਂ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ ਗਈ। ਹਰਬੰਸ ਸਿੰਘ ਕੰਧੋਲਾ ਮੈਨੇਜਰ ਅੰਬਾਲਾ ਬੋਰਡ ਆਫ ਐਜੂਕੇਸ਼ਨ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ । ਪ੍ਰਿੰਸੀਪਲ ਕੁਲਵਿੰਦਰ ਸਿੰਘ ਮਾਹਲ ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਜੱਜ ਸਾਹਿਬਾਨਾਂ ਦਾ ਧੰਨਵਾਦ ਕੀਤਾ । ਇਸ ਮੌਕੇ ਸੁਖਪ੍ਰੀਤ ਕੌਰ, ਗੁਰਪ੍ਰੀਤ ਕੌਰ ਇਨਚਾਰਜ ਖਾਲਸਾ ਮਾਡਲ ਸਕੂਲ, ਬਲਜੀਤ ਕੌਰ, ਨਰੇਸ਼ ਬਾਲਾ, ਸ਼ਿਵਾਨੀ ਕਪੂਰ, ਗੁਰਪ੍ਰੀਤ ਕੌਰ, ਸੁਨੀਤਾ , ਸਮੂਹ ਸਟਾਫ ਅਤੇ ਵਿਦਿਆਰਥੀਆਂ ਹਾਜ਼ਰ ਸਨ।

ਆਪਣੇ ਅਧਿਕਾਰਾਂ ਨੂੰ ਜਾਣੋ: ਸਥਾਈ ਲੋਕ ਅਦਾਲਤ ਤੇਜ਼ ਅਤੇ ਸੁਲਭ ਨਿਆਂ ਪ੍ਰਦਾਨ ਕਰਦੀ ਹੈ

ਚੰਡੀਗੜ੍ਹ, 27 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਯੂ.ਟੀ. ਚੰਡੀਗੜ੍ਹ ਦੀ 'ਜਨ ਉਪਯੋਗੀ ਸੇਵਾਵਾਂ ਲਈ ਸਥਾਈ ਲੋਕ ਅਦਾਲਤ' ਦੀ ਸਰਪ੍ਰਸਤੀ ਵਿੱਚ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 43, ਚੰਡੀਗੜ੍ਹ ਵਿਖੇ ਇੱਕ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।

ਇਸ ਪ੍ਰੋਗਰਾਮ ਨੂੰ ਯੂ.ਟੀ. ਚੰਡੀਗੜ੍ਹ ਦੀ 'ਜਨ ਉਪਯੋਗੀ ਸੇਵਾਵਾਂ ਲਈ ਸਥਾਈ ਲੋਕ ਅਦਾਲਤ' ਦੀ ਚੇਅਰਪਰਸਨ (ਇੰਚਾਰਜ) ਸੁਸ਼੍ਰੀ ਰੂਨਮ ਕੌਸ਼ਿਕ ਅਤੇ ਮੈਂਬਰ ਸੁਸ਼੍ਰੀ ਸੁਰਜੀਤ ਕੌਰ ਨੇ ਸੰਬੋਧਨ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਸਕੂਲ ਦੇ ਸਟਾਫ਼ ਨੂੰ ਸਥਾਈ ਲੋਕ ਅਦਾਲਤ ਦੀ ਭੂਮਿਕਾ ਅਤੇ ਕਾਰਜਪ੍ਰਣਾਲੀ ਬਾਰੇ ਜਾਣਕਾਰੀ ਦਿੱਤੀ।

ਬੁਲਾਰਿਆਂ ਨੇ ਦੱਸਿਆ ਕਿ ਸਥਾਈ ਲੋਕ ਅਦਾਲਤ ਬਿਜਲੀ, ਪਾਣੀ, ਟ੍ਰਾਂਸਪੋਰਟ, ਦੂਰਸੰਚਾਰ, ਬੀਮਾ, ਸਵੱਛਤਾ ਅਤੇ ਹਸਪਤਾਲ ਤੇ ਡਿਸਪੈਂਸਰੀ ਜਿਹੀਆਂ ਜ਼ਰੂਰੀ ਜਨ ਉਪਯੋਗੀ ਸੇਵਾਵਾਂ ਨਾਲ ਸਬੰਧਿਤ ਵਿਵਾਦਾਂ ਦੇ ਸਮਾਧਾਨ ਲਈ ਇੱਕ ਸੁਲਭ ਵਿਧਾਨਕ ਮੰਚ ਪ੍ਰਦਾਨ ਕਰਦੀ ਹੈ।

ਉਨ੍ਹਾਂ ਨੇ ਦੱਸਿਆ ਕਿ ਸਥਾਈ ਲੋਕ ਅਦਾਲਤ ਸਭ ਤੋਂ ਪਹਿਲਾਂ ਆਪਸੀ ਸੁਲ੍ਹਾ-ਸਮਝੌਤੇ ਦੇ ਜ਼ਰੀਏ ਵਿਵਾਦ ਦਾ ਸਮਾਧਾਨ ਕਰਨ ਦਾ ਪ੍ਰਯਾਸ ਕਰਦੀ ਹੈ। ਜੇਕਰ ਸਮਝੌਤਾ ਸੰਭਵ ਨਾ ਹੋਵੇ, ਤਾਂ ਕਾਨੂੰਨ ਅਨੁਸਾਰ ਵਿਵਾਦ ਦਾ ਗੁਣ-ਦੋਸ਼ ਦੇ ਅਧਾਰ 'ਤੇ ਨਿਰਣਾ ਵੀ ਕੀਤਾ ਜਾ ਸਕਦਾ ਹੈ। ਇਹ ਵਿਵਸਥਾ ਨਾਗਰਿਕਾਂ ਨੂੰ ਲੰਬੀਆਂ ਕਾਨੂੰਨੀ ਪ੍ਰਕਿਰਿਆਵਾਂ ਦੀਆਂ ਉਲਝਣਾਂ ਤੋਂ ਬਚਾਉਂਦੇ ਹੋਏ ਪਾਤਰ ਮਾਮਲਿਆਂ ਵਿੱਚ ਤੇਜ਼, ਕਿਫ਼ਾਇਤੀ ਅਤੇ ਪ੍ਰਭਾਵੀ ਨਿਆਂ ਪ੍ਰਾਪਤ ਕਰਨ ਦਾ ਅਵਸਰ ਪ੍ਰਦਾਨ ਕਰਦੀ ਹੈ।

ਇਸ ਅਵਸਰ 'ਤੇ ਇਹ ਵੀ ਦੱਸਿਆ ਗਿਆ ਕਿ ਸਥਾਈ ਲੋਕ ਅਦਾਲਤ ਦੁਆਰਾ ਦਿੱਤਾ ਗਿਆ ਨਿਰਣਾ (ਅਵਾਰਡ) ਕਾਨੂੰਨ ਦੇ ਤਹਿਤ ਅੰਤਿਮ ਹੁੰਦਾ ਹੈ ਅਤੇ ਸਬੰਧਿਤ ਧਿਰਾਂ 'ਤੇ ਲਾਜ਼ਮੀ ਤੌਰ 'ਤੇ ਲਾਗੂ ਹੁੰਦਾ ਹੈ।

ਇਸ ਨਿਰਣੇ ਦਾ ਪ੍ਰਭਾਵ ਸਿਵਲ ਅਦਾਲਤ ਦੀ ਡਿਕਰੀ ਦੇ ਸਮਾਨ ਹੁੰਦਾ ਹੈ।

ਬੁਲਾਰਿਆਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਤਾਕੀਦ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਭਾਈਚਾਰਿਆਂ ਵਿੱਚ ਜਾਗਰੂਕਤਾ ਫੈਲਾਉਣ, ਤਾਕਿ ਜ਼ਰੂਰੀ ਜਨ ਉਪਯੋਗੀ ਸੇਵਾਵਾਂ ਨਾਲ ਸਬੰਧਿਤ ਸਮੱਸਿਆਵਾਂ ਦਾ ਸਾਹਮਣਾ ਕਰਨ 'ਤੇ ਨਾਗਰਿਕਾਂ ਨੂੰ ਇਹ ਜਾਣਕਾਰੀ ਹੋਵੇ ਕਿ ਉਹ ਨਿਆਂ ਪ੍ਰਾਪਤ ਕਰਨ ਲਈ ਕਿੱਥੇ ਸੰਪਰਕ ਕਰ ਸਕਦੇ ਹਨ।

ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਅਤੇ ਸਕੂਲ ਦੇ ਸਟਾਫ਼ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਸੰਵਾਦ ਦੇ ਜ਼ਰੀਏ ਸਥਾਈ ਲੋਕ ਅਦਾਲਤ ਦੀ ਕਾਰਜਪ੍ਰਣਾਲੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ।

ਪ੍ਰੋਗਰਾਮ ਦਾ ਮੁੱਖ ਸੰਦੇਸ਼ ਸੀ: ਆਪਣੇ ਅਧਿਕਾਰਾਂ ਨੂੰ ਜਾਣੋ, ਉਨ੍ਹਾਂ ਦੇ ਸਮਾਧਾਨ ਦੇ ਉਪਾਵਾਂ ਨੂੰ ਸਮਝੋ ਅਤੇ ਸਮੇਂ 'ਤੇ ਨਿਆਂ ਪ੍ਰਾਪਤ ਕਰੋ।

ਸੰਜੀਵ ਅਰੋੜਾ ਨੂੰ ਝਟਕਾ, ਹਾਈਕੋਰਟ ਨੇ ਜ਼ਮਾਨਤ ਪਟੀਸ਼ਨ ਕੀਤੀ ਰੱਦ

ਕੌਮੀ ਪੱਤ੍ਰਿਕਾ



ਚੰਡੀਗੜ੍ਹ 27 ਅਕਤੂਬਰ। ਮਨੀ ਲਾਂਡਰਿੰਗ ਮਾਮਲੇ 'ਚ ਸਾਬਕਾ ਕੈਬਨਿਟ ਮੰਤਰੀ ਅਤੇ ਲੁਧਿਆਣਾ ਵੈਸਟ ਹਲਕੇ ਤੋਂ ਵਿਧਾਇਕ ਸੰਜੀਵ ਅਰੋੜਾ ਨੂੰ ਅਦਾਲਤ ਤੋਂ ਕੋਈ ਰਾਹਤ ਨਹੀਂ ਮਿਲੀ ਹੈ। ਉਨ੍ਹਾਂ ਦੀ ਜ਼ਮਾਨਤ ਪਟੀਸ਼ਨ ਨੂੰ ਪੰਜਾਬ ਹਰਿਆਣਾ ਹਾਈਕੋਰਟ ਨੇ ਰੱਦ ਕਰ ਦਿੱਤਾ ਹੈ। ਇਥੇ ਦੱਸਣਯੋਗ ਹੈ ਕਿ ਇਹ ਮਾਮਲਾ ਕਥਿਤ ਤੌਰ 'ਤੇ ਲਗਭਗ 100 ਕਰੋੜ ਰੁਪਏ ਦੀ ਮਨੀ ਲਾਂਡਰਿੰਗ ਨਾਲ ਜੁੜਿਆ ਹੋਇਆ ਹੈ, ਜਿਸ ਦੀ ਜਾਂਚ ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ) ਵੱਲੋਂ ਕੀਤੀ ਜਾ ਰਹੀ ਹੈ। ਸੰਜੀਵ ਅਰੋੜਾ ਦੀ ਗ੍ਰਿਫ਼ਤਾਰੀ ਇਸੇ ਮਾਮਲੇ ਦੇ ਸਬੰਧ 'ਚ ਹੋਈ ਸੀ। ਜ਼ਮਾਨਤ ਪਟੀਸ਼ਨ ਰੱਦ ਹੋਣ ਮਗਰੋਂ ਮਾਮਲਾ ਮੁੜ ਚਰਚਾ 'ਚ ਆ ਗਿਆ ਹੈ। ਇਸ ਜਾਂਚ ਦਾ ਘੇਰਾ ਸਿਰਫ਼ ਮੰਤਰੀ ਤੱਕ ਸੀਮਤ ਨਹੀਂ ਹੈ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ. ਐੱਸ. ਪੀ. ਸੀ. ਐੱਲ) ਦੇ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਬਸੰਤ ਗਰਗ, ਜੋਕਿ ਇਕ ਆਈ. ਏ. ਐੱਸ. ਅਧਿਕਾਰੀ ਹਨ, ਸਮੇਤ ਹੋਰ ਅਧਿਕਾਰੀਆਂ ਤੋਂ ਵੀ ਹਾਲ ਹੀ 'ਚ ਪੁੱਛਗਿੱਛ ਕੀਤੀ ਗਈ ਸੀ। ਦੱਸਣਯੋਗ ਹੈ ਕਿ ਈ. ਡੀ. ਨੇ 9 ਮਈ ਨੂੰ ਚੰਡੀਗੜ੍ਹ ਸਥਿਤ ਉਨ੍ਹਾਂ ਦੀ ਸਰਕਾਰੀ ਰਿਹਾਇਸ਼ ਤੋਂ ਮਨੀ ਲਾਂਡਰਿੰਗ ਅਤੇ ਜੀ. ਐੱਸ. ਟੀ. ਧੋਖਾਧੜੀ ਦੇ ਮਾਮਲੇ 'ਚ ਗ੍ਰਿਫ਼ਤਾਰ ਕੀਤਾ ਗਿਆ ਸੀ। ਅਦਾਲਤ ਨੇ ਪਿਛਲੀ ਪੇਸ਼ੀ 'ਤੇ ਸੰਜੀਵ ਅਰੋੜਾ ਮਾਮਲੇ ਦੀ ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ) ਤੋਂ ਸਟੇਟਸ ਰਿਪੋਰਟ ਤਲਬ ਕੀਤੀ ਸੀ। ਅਦਾਲਤ ਨੇ ਇਹ ਫ਼ੈਸਲਾ ਈ. ਡੀ. ਦੀ ਸਟੇਟਸ ਰਿਪੋਰਟ ਅਤੇ ਸਬੂਤਾਂ ਨਾਲ ਛੇੜਛਾੜ ਦੀ ਸ਼ੰਕਾ ਨੂੰ ਧਿਆਨ ਵਿਚ ਰੱਖਦੇ ਹੋਏ ਸੁਣਾਇਆ ਹੈ। ਇਸ ਤੋਂ ਪਹਿਲਾਂ ਸੰਜੀਵ ਅਰੋੜਾ ਨੂੰ ਗੁਰੂਗ੍ਰਾਮ ਦੀ ਵਿਸ਼ੇਸ਼ ਪੀ. ਐੱਮ. ਐੱਲ. ਏ. ਅਦਾਲਤ ਅਤੇ ਸੁਪਰੀਮ ਕੋਰਟ ਵੱਲੋਂ ਅੰਤਰਿਮ ਰਾਹਤ ਤੋਂ ਇਨਕਾਰ ਕਰ ਦਿੱਤਾ ਗਿਆ ਸੀ। ਦੱਸਣਯੋਗ ਹੈ ਕਿ 9 ਮਈ ਨੂੰ ਗ੍ਰਿਫ਼ਤਾਰੀ ਤੋਂ ਬਾਅਦ ਸੰਜੀਵ ਅਰੋੜਾ ਵੱਲੋਂ ਸਭ ਤੋਂ ਪਹਿਲਾਂ ਗੁਰੂਗ੍ਰਾਮ ਸਥਿਤ ਵਿਸ਼ੇਸ਼ ਪੀ. ਐੱਮ. ਐੱਲ. ਏ. ਅਦਾਲਤ ਵਿਚ ਜ਼ਮਾਨਤ ਪਟੀਸ਼ਨ ਦਾਖ਼ਲ ਕੀਤੀ ਗਈ ਸੀ। 15 ਜੂਨ ਨੂੰ ਅਦਾਲਤ ਨੇ ਪਟੀਸ਼ਨ ਰੱਦ ਕਰ ਦਿੱਤੀ ਸੀ। ਹੇਠਲੀ ਅਦਾਲਤ ਤੋਂ ਰਾਹਤ ਪ੍ਰਾਪਤ ਕਰਨ 'ਚ ਅਸਫ਼ਲ ਰਹਿਣ ਤੋਂ ਬਾਅਦ ਸੰਜੀਵ ਅਰੋੜਾ ਨੇ ਸਿਹਤ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਇਆ ਸੀ। 30 ਜੁਲਾਈ ਨੂੰ ਸੁਪਰੀਮ ਕੋਰਟ ਨੇ ਉਨ੍ਹਾਂ ਦੀ ਮੈਡੀਕਲ ਜ਼ਮਾਨਤ ਅਰਜ਼ੀ ਰੱਦ ਕਰ ਦਿੱਤੀ ਸੀ। ਸੁਪਰੀਮ ਕੋਰਟ ਨੇ ਟਿੱਪਣੀ ਕੀਤੀ ਸੀ ਕਿ ਜਦੋਂ ਕਿ ਉਨ੍ਹਾਂ ਦਾ ਮੁੱਖ ਨਿਯਮਤ ਜ਼ਮਾਨਤ ਕੇਸ ਪਹਿਲਾਂ ਹੀ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਲੰਬਿਤ ਹੈ, ਇਸ ਪੜਾਅ 'ਤੇ ਸੁਪਰੀਮ ਕੋਰਟ ਤੋਂ ਵੱਖਰੀ ਰਾਹਤ ਨਹੀਂ ਦਿੱਤੀ ਜਾ ਸਕਦੀ। ਸੰਜੀਵ ਅਰੋੜਾ ਨੇ ਗੁਰੂਗ੍ਰਾਮ ਅਦਾਲਤ ਦੇ ਹੁਕਮਾਂ ਵਿਰੁੱਧ ਪੰਜਾਬ ਅਤੇ ਹਰਿਆਣਾ ਹਾਈ ਕੋਰਟ 'ਚ ਨਿਯਮਤ ਜ਼ਮਾਨਤ ਪਟੀਸ਼ਨ ਦਾਇਰ ਕੀਤੀ। ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਅਦਾਲਤ ਨੇ ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ) ਤੋਂ ਸਟੇਟਸ ਰਿਪੋਰਟ ਮੰਗੀ। ਈ. ਡੀ. ਦੀਆਂ ਦਲੀਲਾਂ ਅਤੇ ਦਲੀਲਾਂ 'ਤੇ ਧਿਆਨ ਦਿੰਦੇ ਹੋਏ ਹਾਈਕੋਰਟ ਨੇ ਸੰਜੀਵ ਅਰੋੜਾ ਦੀ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ। ਇਨਫੋਰਸਮੈਂਟ ਡਾਇਰੈਕਟੋਰੇਟ ਵਿਰੁੱਧ ਪਟੀਸ਼ਨ 'ਤੇ ਇਹ ਫ਼ੈਸਲਾ ਜਸਟਿਸ ਕੁਲਦੀਪ ਤਿਵਾੜੀ ਵੱਲੋਂ ਖੁੱਲ੍ਹੀ ਅਦਾਲਤ 'ਚ ਸੁਣਾਇਆ ਗਿਆ। ਅਰੋੜਾ ਨੇ ਦਾਅਵਾ ਕੀਤਾ ਸੀ ਕਿ ਉਹ ਪੰਜਾਬ ਸਰਕਾਰ 'ਚ ਇਕ ਮੌਜੂਦਾ ਕੈਬਨਿਟ ਮੰਤਰੀ ਅਤੇ ਸਾਬਕਾ ਰਾਜ ਸਭਾ ਮੈਂਬਰ ਹਨ, ਜਿਨ੍ਹਾਂ ਦੀਆਂ ਸਮਾਜ 'ਚ ਡੂੰਘੀਆਂ ਜੜ੍ਹਾਂ ਹਨ ਅਤੇ ਉਨ੍ਹਾਂ ਦਾ ਜਨਤਕ ਰਿਕਾਰਡ ਬੇਦਾਗ਼ ਰਿਹਾ ਹੈ। ਪਟੀਸ਼ਨਰ ਨੇ ਬਿਆਨ ਦਿੱਤਾ ਸੀ ਕਿ ਉਹ ਮੈਸਰਜ਼ ਹੈਂਪਟਨ ਸਕਾਈ ਰਿਐਲਟੀ ਲਿਮਟਿਡ ਦੇ ਪ੍ਰਮੋਟਰ ਅਤੇ ਚੇਅਰਮੈਨ ਹਨ, ਜੋਕਿ 1987 'ਚ ਬਣੀ ਇਕ ਕੰਪਨੀ ਹੈ ਅਤੇ ਵਿਵਿਧ ਕਾਰੋਬਾਰੀ ਗਤੀਵਿਧੀਆਂ 'ਚ ਲੱਗੀ ਹੋਈ ਹੈ। ਉਨ੍ਹਾਂ ਦੇ ਵਕੀਲ ਨੇ ਅੱਗੇ ਕਿਹਾ ਕਿ ਕੈਬਨਿਟ ਮੰਤਰੀ ਵਜੋਂ ਅਹੁਦਾ ਸੰਭਾਲਣ ਤੋਂ ਬਾਅਦ ਪਟੀਸ਼ਨਰ ਨੇ ਕੰਪਨੀ ਦੇ ਰੋਜ਼ਾਨਾ ਦੇ ਕੰਮਕਾਜ 'ਚ ਹਿੱਸਾ ਲੈਣਾ ਬੰਦ ਕਰ ਦਿੱਤਾ ਸੀ। ਪਟੀਸ਼ਨਰ ਨੇ ਦਲੀਲ ਦਿੱਤੀ ਸੀ ਕਿ ਪ੍ਰੌਸੀਕਿਊਸ਼ਨ ਦਾ ਕੇਸ ਇਨ੍ਹਾਂ ਦੋਸ਼ਾਂ 'ਤੇ ਚੱਲਦਾ ਹੈ ਕਿ HSRL ਨੇ ਸੰਯੁਕਤ ਅਰਬ ਅਮੀਰਾਤ (”15) 'ਚ ਸਥਿਤ ਇਕਾਈਆਂ ਨੂੰ ਮੋਬਾਇਲ ਫੋਨ ਬਰਾਮਦ ਕੀਤੇ ਸਨ। ਘਰੇਲੂ ਸਪਲਾਈ ਚੇਨ ਦਾ ਹਿੱਸਾ ਬਣਨ ਵਾਲੀਆਂ ਕੁਝ ਇਕਾਈਆਂ ਸ਼ੈੱਲ ਅਤੇ ਫਰਜ਼ੀ ਕੰਪਨੀਆਂ ਸਨ, ਜੋ ਕਥਿਤ ਤੌਰ 'ਤੇ ਐਕੋਮੋਡੇਸ਼ਨ ਐਂਟਰੀਆਂ ਅਤੇ ਫਰਜ਼ੀ ਇਨਵੌਇਸ ਜਾਰੀ ਕਰਨ ਵਿੱਚ ਲੱਗੀਆਂ ਹੋਈਆਂ ਸਨ। ਅਜਿਹੇ ਦੋਸ਼ਾਂ ਦੇ ਆਧਾਰ 'ਤੇ ਰਿਸਪੌਂਡੈਂਟ ਨੇ HSRL ਦੁਆਰਾ ਕੀਤੇ ਗਏ ਬਰਾਮਦ ਦੇ ਲੈਣ-ਦੇਣ ਨੂੰ 'ਅਪਰਾਧ ਦੀ ਕਮਾਈ' ਪੈਦਾ ਕਰਨ ਵਾਲੇ ਵਜੋਂ ਦਰਸਾਉਣ ਦੀ ਕੋਸ਼ਿਸ਼ ਕੀਤੀ। ਪਟੀਸ਼ਨਰ ਨੇ ਇਹ ਵੀ ਦਲੀਲ ਦਿੱਤੀ ਸੀ ਕਿ ਪ੍ਰੌਸੀਕਿਊਸ਼ਨ ਦਾ ਕੇਸ ਬੁਨਿਆਦੀ ਤੌਰ 'ਤੇ ਨੁਕਸਦਾਰ ਸੀ ਕਿਉਂਕਿ ਰੈਸਪੌਂਡੈਂਟ ਕਿਸੇ ਅਜਿਹੇ ਸ਼ਡਿਊਲਡ ਅਪਰਾਧ ਨੂੰ ਸਾਬਤ ਕਰਨ 'ਚ ਅਸਫ਼ਲ ਰਿਹਾ ਹੈ, ਜਿਸ ਦੇ ਨਤੀਜੇ ਵਜੋਂ ਪਟੀਸ਼ਨਰ ਨਾਲ ਸਬੰਧਤ ਅਪਰਾਧ ਦੀ ਕਮਾਈ ਪੈਦਾ ਹੋਈ ਹੋਵੇ। ਅਰੋੜਾ ਨੇ ਦਾਅਵਾ ਕੀਤਾ ਸੀ ਕਿ ਜਾਂਚ ਦੌਰਾਨ ਇਕੱਠੀ ਕੀਤੀ ਸਮੱਗਰੀ ♦$*1 ਦੀਆਂ ਧਾਰਾਵਾਂ ਤਹਿਤ ਕਿਸੇ ਅਪਰਾਧ ਦੇ ਜ਼ਰੂਰੀ ਤੱਤਾਂ ਦਾ ਖ਼ੁਲਾਸਾ ਨਹੀਂ ਕਰਦੀ। ਅਜਿਹੀ ਕੋਈ ਸਮੱਗਰੀ ਪੇਸ਼ ਨਹੀਂ ਕੀਤੀ ਗਈ ਜੋ ਇਹ ਦਰਸਾਉਂਦੀ ਹੋਵੇ ਕਿ ਪਟੀਸ਼ਨਰ ਨੇ ਅਪਰਾਧ ਦੀ ਕਿਸੇ ਕਥਿਤ ਕਮਾਈ ਨੂੰ ਛੁਪਾਉਣ, ਕਬਜ਼ੇ 'ਚ ਰੱਖਣ, ਪ੍ਰਾਪਤ ਕਰਨ, ਵਰਤਣ ਜਾਂ ਪ੍ਰੋਜੈਕਟ ਕਰਨ ਵਿੱਚ ਹਿੱਸਾ ਲਿਆ ਸੀ। HSRL ਵੱਲੋਂ ਕੀਤੀ ਗਈ ਬਰਾਮਦ ਪੂਰੇ ਦਸਤਾਵੇਜ਼ੀ ਰਿਕਾਰਡ ਦੁਆਰਾ ਸਮਰਥਿਤ ਅਸਲੀ ਕਾਰੋਬਾਰੀ ਲੈਣ-ਦੇਣ ਸਨ। ਲੈਣ-ਦੇਣ ਨੂੰ ਖਰੀਦ ਇਨਵੌਇਸ, ਈ-ਵੇਅ ਬਿੱਲਾਂ, GST ਰਿਕਾਰਡ, ਸ਼ਿਪਿੰਗ ਬਿੱਲਾਂ, ਕਸਟਮ ਦਸਤਾਵੇਜ਼ਾਂ, ਏਅਰਵੇਅ ਬਿੱਲਾਂ, ਬੈਂਕ ਰੀਅਲਾਈਜ਼ੇਸ਼ਨ ਸਰਟੀਫਿਕੇਟਾਂ ਅਤੇ ਵਿਦੇਸ਼ੀ ਕਸਟਮ ਕਲੀਅਰੈਂਸ ਰਿਕਾਰਡਾਂ ਦਾ ਸਮਰਥਨ ਪ੍ਰਾਪਤ ਸੀ। ਬਰਾਮਦ ਦੀ ਕਸਟਮ ਜਾਂਚ ਕੀਤੀ ਗਈ ਸੀ ਅਤੇ ਸਕਸ਼ਮ ਕਸਟਮ ਅਧਿਕਾਰੀਆਂ ਵੱਲੋਂ ਲੈੱਟ ਐਕਸਪੋਰਟ ਆਰਡਰ ਜਾਰੀ ਕੀਤੇ ਗਏ ਸਨ।

10 ਨਵੰਬਰ ਤੋਂ ਸੂਬਾ ਪੱਧਰੀ ਯਾਤਰਾ ਸ਼ੁਰੂ ਕਰੇਗਾ ਅਕਾਲੀ ਦਲ, ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਹੋਵੇਗੀ ਸ਼ੁਰੂਆਤ

ਚੰਡੀਗੜ੍ਹ 27 ਅਕਤੂਬਰ। ਸ਼੍ਰੋਮਣੀ ਅਕਾਲੀ ਦਲ ਨੇ ਫੈਸਲਾ ਕੀਤਾ ਹੈ ਕਿ ਉਹ 10 ਨਵੰਬਰ ਨੂੰ ਤਲਵੰਡੀ ਸਾਬੋ ਵਿਚ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਸੂਬਾ ਪੱਧਰੀ ਯਾਤਰਾ ਸ਼ੁਰੂ ਕਰੇਗਾ ਜੋ ਸਾਰੇ ਵਿਧਾਨ ਸਭਾ ਹਲਕਿਆਂ ਵਿਚ ਜਾਵੇਗੀ। ਇਹ ਯਾਤਰਾ ਜਿਸਦੀ ਅਗਵਾਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਕਰਨਗੇ, ਤਿੰਨ ਪੜਾਵਾਂ ਵਿਚ ਮੁਕੰਮਲ ਹੋਵੇਗੀ ਤੇ ਪਹਿਲਾ ਪੜਾਅ 10 ਨਵੰਬਰ ਤੋਂ 22 ਨਵੰਬਰ ਤੱਕ ਹੋਵੇਗਾ। ਦੂਜਾ ਪੜਾਅ ਸ੍ਰੀ ਆਨੰਦਪੁਰ ਸਾਹਿਬ ਤੋਂ ਅਤੇ ਤੀਜਾ ਪੜਾਅ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ਼ੁਰੂ ਹੋਵੇਗਾ। ਪਾਰਟੀ ਦੇ ਅਨੁਸੂਚਿਤ ਜਾਤੀ ਵਿੰਗ, ਪਛੜੀਆਂ ਸ਼੍ਰੇਣੀਆਂ ਵਿੰਗ ਅਤੇ ਯੂਥ ਅਕਾਲੀ ਦਲ ਵਿੰਗ ਦੀਆਂ ਲੜੀਵਾਰ ਮੀਟਿੰਗਾਂ ਜਿਹਨਾਂ ਦੀ ਪ੍ਰਧਾਨਗੀ ਸਰਦਾਰ ਬਾਦਲ ਨੇ ਕੀਤੀ, ਦੇ ਖ਼ਤਮ ਹੋਣ ਤੋਂ ਬਾਅਦ ਇਸ ਬਾਰੇ ਜਾਣਕਾਰੀ ਦਿੰਦਿਆਂ ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਪਾਰਟੀ ਪ੍ਰਧਾਨ ਨੇ ਪਾਰਟੀ ਦੇ ਚੋਣ ਮਨੋਰਥ ਪੱਤਰ ਵਿਚ ਸ਼ਾਮਲ ਕੀਤੇ ਜਾਣ ਵਾਲੇ ਮੁੱਦਿਆਂ ਬਾਰੇ ਜਾਣਕਾਰੀ ਹਾਸਲ ਕੀਤੀ ਜਿਸ ਦਾ ਮਕਸਦ ਪਾਰਟੀ ਸੰਗਠਨ ਵਿਚ ਸੁਧਾਰ ਕਰਨਾ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਵਿੰਗਾਂ ਤੋਂ ਮਿਲੀ ਫੀਡਬੈਕ ਪਾਰਟੀ ਦੀ ਚੋਣ ਮਨੋਰਥ ਪੱਤਰ ਕਮੇਟੀ ਦੀ 24 ਅਕਤੂਬਰ ਨੂੰ ਹੋਣ ਵਾਲੀ ਮੀਟਿੰਗ ਵਿਚ ਵਿਚਾਰੀ ਜਾਵੇਗੀ ਅਤੇ ਚੋਣ ਮਨੋਰਥ ਪੱਤਰ 1 ਨਵੰਬਰ ਨੂੰ ਜਾਰੀ ਕੀਤਾ ਜਾਵੇਗਾ। ਮੀਟਿੰਗ ਵਿਚ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ ਨਿਖੇਧੀ ਕਰਦਾ ਮਤਾ ਵੀ ਪਾਸ ਕੀਤਾ ਗਿਆ ਤੇ ਸੰਕਲਪ ਲਿਆ ਗਿਆ ਕਿ ਅਕਾਲੀ ਦਲ ਪੀੜਤ ਪਰਿਵਾਰ ਲਈ ਨਿਆਂ ਹਾਸਲ ਕਰਨ ਵਾਸਤੇ ਕੋਈ ਕਸਰ ਨਹੀਂ ਛੱਡੇਗਾ। ਮੀਟਿੰਗ ਵਿਚ ਐੱਸ. ਸੀ. ਪ੍ਰਧਾਨ ਗੁਲਜ਼ਾਰ ਸਿੰਘ ਰਣੀਕੇ, ਬੀ ਸੀ ਵਿੰਗ ਪ੍ਰਧਾਨ ਹੀਰਾ ਸਿੰਘ ਗਾਬੜੀਆ ਤੇ ਯੂਥ ਵਿੰਗ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਵੀ ਹਾਜ਼ਰ ਸਨ।

ਹਿਮਾਚਲ ਦੀਆਂ ਕੈਮੀਕਲ ਨਸ਼ਾ ਬਣਾਉਣ ਵਾਲੀਆਂ ਫੈਕਟਰੀਆਂ ਨੂੰ ਬੰਦ ਕਰਾਉਣ ਪਰਗਟ ਸਿੰਘ : ਸ਼ਵੇਤ ਮਲਿਕ

ਕੌਮੀ ਪੱਤ੍ਰਿਕਾ

ਚੰਡੀਗੜ੍ਹ 27 ਅਕਤੂਬਰ। ਪੰਜਾਬ ਕਾਂਗਰਸ ਪ੍ਰਧਾਨ ਪਰਗਟ ਸਿੰਘ ਪਹਿਲਾਂ ਪੰਜਾਬ ਵਿਚ ਵਿਕ ਰਹੇ ਕੈਮੀਕਲ ਤੇ ਮੈਡੀਕਲ ਨਸ਼ਿਆਂ ਦਾ ਜਵਾਬ ਦੇਣ, ਫਿਰ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ ਉਂਗਲ ਚੁੱਕਣ, ਇਸ ਦੇ ਨਾਲ ਹੀ ਇਹ ਵੀ ਦੱਸਣ ਕਿ ਨਸ਼ਿਆਂ ਦੇ ਮੁੱਦੇ ਉੱਤੇ ਪੰਜਾਬ ਸਰਕਾਰ ਦਾ ਪੱਖ ਪੂਰ ਕੇ ਉਹ ਕੀ ਸਾਬਿਤ ਕਰਨਾ ਚਾਹੁੰਦੇ ਹਨ। ਇਸ ਸ਼ਬਦ ਭਾਰਤੀ ਜਨਤਾ ਪਾਰਟੀ ਦੇ ਸਾਬਕਾ ਸੂਬਾ ਪ੍ਰਧਾਨ ਸ਼ਵੇਤ ਮਲਿਕ ਦੇ ਹਨ। ਉਹ ਪੰਜਾਬ ਵਿਚ ਨਸ਼ਿਆਂ ਦੇ ਮੁੱਦੇ 'ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਬਿਆਨ ਦੀ ਆਲੋਚਨਾ ਕਰਨ ਵਾਲੇ ਪਰਗਟ ਸਿੰਘ ਦੇ ਬਿਆਨ ਦਾ ਜਵਾਬ ਦੇ ਰਹੇ ਸਨ। ਸ਼ਵੇਤ ਮਲਿਕ ਨੇ ਕਿਹਾ ਕਿ ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਇਹ ਆਪ ਹੀ ਮੰਨ ਚੁੱਕੇ ਹਨ ਕਿ ਪੰਜਾਬ ਵਿੱਚ ਸਰਹੱਦ ਪਾਰੋਂ ਆਉਣ ਵਾਲੇ ਨਸ਼ੇ ਵਿਚ 80 ਫ਼ੀਸਦੀ ਕਮੀ ਆ ਚੁੱਕੀ ਹੈ। ਇਸ ਵੇਲੇ ਜੋ ਨਸ਼ਾ ਵਿਕ ਰਿਹਾ ਹੈ, ਉਹ ਕੈਮੀਕਲ ਹੈ, ਜੋ ਪੰਜਾਬ ਅਤੇ ਹਿਮਾਚਲ ਦੀਆਂ ਦਵਾਈਆਂ ਦੀਆਂ ਫੈਕਟਰੀਆਂ ਵਿਚ ਹੀ ਤਿਆਰ ਹੁੰਦਾ ਹੈ, ਹਿਮਾਚਲ ਵਿਚ ਕਾਂਗਰਸ ਦੀ ਸਰਕਾਰ ਹੈ, ਪਰਗਟ ਸਿੰਘ ਗੁਜਰਾਤ ਦੀ ਗੱਲ ਕਰਨ ਤੋਂ ਪਹਿਲਾਂ ਹਿਮਾਚਲ ਦੀਆਂ ਕੈਮੀਕਲ ਨਸ਼ਾ ਤਿਆਰ ਕਰਨ ਵਾਲੀਆਂ ਫੈਕਟਰੀਆਂ ਬੰਦ ਕਰਵਾਉਣ। ਉਨ੍ਹਾਂ ਸਵਾਲ ਕੀਤਾ ਕਿ ਪੰਜਾਬ ਤੇ ਹਿਮਾਚਲ ਵਿਚ ਵਿਕ ਰਹੇ ਕਥਿਤ ਕੈਮੀਕਲ ਨਸ਼ਿਆਂ ਅਤੇ ਨਸ਼ੀਲੀਆਂ ਦਵਾਈਆਂ ਦੇ ਗ਼ੈਰ-ਕਾਨੂੰਨੀ ਕਾਰੋਬਾਰ ਨੂੰ ਰੋਕਣ ਦੀ ਡਿਊਟੀ ਆਮ ਆਦਮੀ ਪਾਰਟੀ ਅਤੇ ਕਾਂਗਰਸ ਦੀ ਬਣਦੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ਼ ਆਵਾਜ਼ ਉਠਾਉਣ ਵਾਲੇ ਪਰਵਿੰਦਰ ਸਿੰਘ ਝੋਟਾ ਦਾ ਕਤਲ ਕਰਨ ਵਾਲੇ ਕੈਮੀਕਲ ਨਸ਼ਾ ਮਾਫ਼ੀਆ ਵਾਲੇ ਹੀ ਸਨ। ਉਨ੍ਹਾਂ ਕਿਹਾ ਕਿ ਪਰਵਿੰਦਰ ਝੋਟਾ ਦੇ ਕਤਲ ਤੋਂ ਬਾਅਦ ਬਟਾਲਾ ਵਿਚ ਨੌਜਵਾਨ ਬਿਕਰਮਜੀਤ ਸਿੰਘ ਦਾ ਨਸ਼ਾ ਮਾਫ਼ੀਆਂ ਨੇ ਕਤਲ ਕੀਤਾ। ਇਸੇ ਤਰ੍ਹਾਂ ਫਤਹਿਗੜ੍ਹ ਸਾਹਿਬ ਵਿਚ ਲਖਵਿੰਦਰ ਸਿੰਘ ਉੱਤੇ ਵੀ ਨਸ਼ਾ ਮਾਫ਼ੀਆ ਨੇ ਜਾਨਲੇਵਾ ਹਮਲਾ ਕੀਤਾ। ਇਸ ਤੋਂ ਪਹਿਲਾਂ ਸੰਗਰੂਰ ਵਿਚ ਗੁਲਜ਼ਾਰ ਸਿੰਘ ਨਾਲ ਕੀ ਹੋਇਆ, ਇਹ ਕਿਸ ਤੋਂ ਭੁੱਲਿਆ ਹੈ। ਇਨ੍ਹਾਂ ਸਾਰੇ ਮਸਲਿਆਂ ਉੱਤੇ ਪੰਜਾਬ ਸਰਕਾਰ ਤੋਂ ਜਵਾਬ ਮੰਗਣ ਦੀ ਬਜਾਏ ਪ੍ਰਗਟ ਸਿੰਘ ਅਮਿਤ ਸ਼ਾਹ ਨੂੰ ਸਵਾਲ ਕਰ ਰਹੇ ਹਨ।

ਭਾਜਪਾ ਆਗੂ ਦੀ ਪਤਨੀ ਦਾ ਪਰਸ ਖੋਹ ਕੇ ਲੁਟੇਰੇ ਹੋਏ ਫਰਾਰ

ਬਟਾਲਾ 27 ਅਕਤੂਬਰ। ਬੀਤੀ ਰਾਤ ਸੀਨੀਅਰ ਭਾਜਪਾ ਆਗੂ ਦੀ ਪਤਨੀ ਦਾ ਲੁਟੇਰਿਆਂ ਵਲੋਂ ਪਰਸ ਖੋਹ ਕੇ ਫਰਾਰ ਹੋਣ ਦਾ ਸਮਾਚਾਰ ਮਿਲਿਆ ਹੈ। ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਭਾਜਪਾ ਨੇਤਾ ਅਜੈ ਰਿਸ਼ੀ ਵਾਸੀ ਬਟਾਲਾ ਨੇ ਕਿਹਾ ਕਿ ਉਹ ਆਪਣੀ ਪਤਨੀ ਨਾਲ ਸਕੂਟਰ 'ਤੇ ਸਵਾਰ ਹੋ ਕੇ ਰਾਤ 8 ਵਜੇ ਦੇ ਕਰੀਬ ਬਾਜ਼ਾਰ ਤੋਂ ਘਰ ਵਾਪਸ ਆ ਰਹੇ ਸਨ ਕਿ ਬੈਂਕ ਕਲੋਨੀ ਨੇੜੇ, ਦੋ ਅਣਪਛਾਤੇ ਬਾਈਕ ਸਵਾਰਾਂ ਪਿੱਛੋਂ ਆਏ, ਜਿਨ੍ਹਾਂ ਨੇ ਉਸਦੀ ਪਤਨੀ ਦਾ ਪਰਸ ਖੋਹ ਲਿਆ ਅਤੇ ਭੱਜ ਗਏ। ਉਨ੍ਹਾਂ ਕਿਹਾ ਕਿ ਉਹ ਅਤੇ ਉਨ੍ਹਾਂ ਦੀ ਪਤਨੀ ਇਸ ਘਟਨਾ ਵਿਚ ਜ਼ਖਮੀ ਹੋ ਗਏ । ਉਧਰ ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਸਿਟੀ ਦੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਸਥਿਤੀ ਦਾ ਜਾਇਜ਼ਾ ਲਿਆ।

ਯਾਤਰਾ ਦੌਰਾਨ ਕੀਤੀ ਇਹ ਗਲਤੀ ਤਾਂ ਜ਼ਬਤ ਹੋ ਸਕਦੀ ਹੈ ਟਿਕਟ ਤੇ 6 ਮਹੀਨੇ ਦੀ ਕੈਦ

ਬਿਜ਼ਨੈੱਸ ਡੈਸਕ 27 ਅਕਤੂਬਰ। ਰੇਲਗੱਡੀ ਵਿਚ ਰੋਜ਼ਾਨਾ ਅਮੀਰ-ਗਰੀਬ ਹਰ ਵਰਗ ਦੇ ਲੱਖਾਂ ਲੋਕ ਯਾਤਰਾ ਕਰਦੇ ਹਨ। ਇਸ ਦੌਰਾਨ ਕਈ ਵਾਰ ਕੁਝ ਲੋਕਾਂ ਦਾ ਗਲਤ ਜਾਂ ਬੁਰਾ ਵਿਵਹਾਰ ਦੂਜੇ ਯਾਤਰੀਆਂ ਲਈ ਪਰੇਸ਼ਾਨੀ ਦਾ ਕਾਰਨ ਬਣ ਜਾਂਦਾ ਹੈ। ਰੇਲਵੇ ਵਿਭਾਗ ਨੇ ਇਸ ਤਰ੍ਹਾਂ ਦੇ ਵਿਵਹਾਰ ਕਰਨ ਵਾਲੇ ਲੋਕਾਂ ਲਈ ਕਾਨੂੰਨ ਬਣਾਏ ਹੋਏ ਹਨ। ਰੇਲਗੱਡੀ ਵਿੱਚ ਮੋਬਾਈਲ ਫੋਨ ਦੇ ਸਪੀਕਰ ਤੋਂ ਉੱਚ ਆਵਾਜ਼ ਵਿੱਚ ਗੀਲਾਂ, ਗੀਤ ਜਾਂ ਵੀਡੀਓ ਚਲਾ ਕੇ ਹੋਰ ਯਾਤਰੀਆਂ ਨੂੰ ਪਰੇਸ਼ਾਨ ਕਰਨਾ ਮਹਿੰਗਾ ਸਾਬਤ ਹੋ ਸਕਦਾ ਹੈ। ਇੰਨਾ ਹੀ ਨਹੀਂ ਫੋਨ 'ਤੇ ਉੱਚੀ ਆਵਾਜ਼ 'ਚ ਗੱਲ ਕਰਨ 'ਤੇ ਵੀ ਕਾਰਵਾਈ ਕੀਤੀ ਜਾ ਸਕਦੀ ਹੈ। ਦੱਖਣੀ ਰੇਲਵੇ ਨੇ ਆਪਣੀਆਂ ਡਿਵੀਜ਼ਨਾਂ ਨੂੰ ਅਜਿਹੇ ਮਾਮਲਿਆਂ ਵਿੱਚ ਰੇਲਵੇ ਐਕਟ ਦੀ ਧਾਰਾ 145 (2) ਤਹਿਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ। ਪਬਲਿਕ ਟਰੱਸਟ (ਪ੍ਰੋਵਿਜ਼ਨਜ਼ ਦਾ ਸੋਧ) ਐਕਟ ਦੇ ਤਹਿਤ ਸੋਧਿਆ ਇਹ ਵਿਵਸਥਾ 19 ਜੂਨ ਤੋਂ ਲਾਗੂ ਹੈ। ਇਸ ਅਨੁਸਾਰ, ਰੇਲ ਜਾਂ ਰੇਲਵੇ ਕੰਪਲੈਕਸ ਵਿੱਚ ਪਰੇਸ਼ਾਨੀ ਪੈਦਾ ਕਰਨ 'ਤੇ 1,000 ਰੁਪਏ ਦਾ ਜੁਰਮਾਨਾ ਲਗਾਇਆ ਜਾਵੇਗਾ। ਸਬੰਧਤ ਵਿਅਕਤੀ ਨੂੰ ਰੇਲ ਗੱਡੀ ਜਾਂ ਰੇਲਵੇ ਅਹਾਤੇ ਤੋਂ ਹਟਾਇਆ ਜਾ ਸਕਦਾ ਹੈ। ਉਸ ਦੀ ਟਿਕਟ ਜਾਂ ਪਾਸ ਵੀ ਜ਼ਬਤ ਕੀਤਾ ਜਾ ਸਕਦਾ ਹੈ। ਅਧਿਕਾਰਤ ਰੇਲਵੇ ਕਰਮਚਾਰੀਆਂ ਦੀ ਚਿਤਾਵਨੀ ਦੇ ਬਾਵਜੂਦ ਪਰੇਸ਼ਾਨੀ ਜਾਰੀ ਰੱਖਣ ਦੇ ਨਤੀਜੇ ਵਜੋਂ ਛੇ ਮਹੀਨੇ ਤੱਕ ਦੀ ਕੈਦ ਜਾਂ 5,000 ਰੁਪਏ ਤੱਕ ਦਾ ਜੁਰਮਾਨਾ ਜਾਂ ਦੋਵੇਂ ਹੋ ਸਕਦੇ ਹਨ।

ਗੁਰਦਾਸਪੁਰ 'ਚ ਡੇਂਗੂ ਦਾ ਕਹਿਰ: ਇਕੋ ਪਰਿਵਾਰ ਦੇ 5 ਜੀਅ ਲਪੇਟ 'ਚ, ਕਾਦਰੀ ਮੁਹੱਲੇ ਦੇ 11 ਘਰਾਂ 'ਚੋਂ ਮਿਲਿਆ ਲਾਰਵਾ

ਗੁਰਦਾਸਪੁਰ 27 ਅਕਤੂਬਰ। ਸਿਹਤ ਵਿਭਾਗ ਵੱਲੋਂ ਹਰ 'ਡਰਾਈ ਡੇਅ' ਮਨਾ ਕੇ ਚਲਾਈਆਂ ਜਾ ਰਹੀਆਂ ਜਾਗਰੂਕਤਾ ਗਤੀਵਿਧੀਆਂ ਅਤੇ ਦਾਅਵਿਆਂ ਦੇ ਬਾਵਜੂਦ ਗੁਰਦਾਸਪੁਰ ਸ਼ਹਿਰ 'ਚ ਡੇਂਗੂ ਦਾ ਪ੍ਰਕੋਪ ਲਗਾਤਾਰ ਵਧਦਾ ਜਾ ਰਿਹਾ ਹੈ। ਡੇਂਗੂ ਬੁਖ਼ਾਰ ਦੇ ਕਾਰਨ ਮਰੀਜ਼ਾਂ ਦੇ ਪਲੇਟਲੈੱਟਸ (ਸੈੱਲ) ਤੇਜ਼ੀ ਨਾਲ ਘਟਣ ਕਾਰਨ ਲੋਕਾਂ 'ਚ ਦਹਿਸ਼ਤ ਦਾ ਮਾਹੌਲ ਹੈ। ਸਰਕਾਰੀ ਹਸਪਤਾਲ 'ਚ ਬਿਹਤਰ ਸੁਵਿਧਾਵਾਂ ਦੀ ਘਾਟ ਜਾਂ ਡਰ ਕਾਰਨ ਲੋਕ ਨਿੱਜੀ ਹਸਪਤਾਲਾਂ 'ਚ ਮਹਿੰਗਾ ਇਲਾਜ ਕਰਵਾਉਣ ਲਈ ਮਜਬੂਰ ਹੋ ਰਹੇ ਹਨ, ਜਿਸ ਨਾਲ ਸ਼ਹਿਰ ਦੇ ਕਈ ਇਲਾਕਿਆਂ 'ਚ ਹਾਲਾਤ ਬੇਹੱਦ ਚਿੰਤਾਜਨਕ ਬਣ ਗਏ ਹਨ। ਸ਼ਹਿਰ ਦੇ ਕਾਦਰੀ ਮੁਹੱਲੇ 'ਚ ਸਥਿਤੀ ਸਭ ਤੋਂ ਵੱਧ ਨਾਜ਼ੁਕ ਬਣੀ ਹੋਈ ਹੈ, ਜਿੱਥੇ ਇਕੋ ਪਰਿਵਾਰ ਦੇ 5 ਮੈਂਬਰਾਂ ਸਮੇਤ ਕਈ ਹੋਰ ਇਲਾਕਾ ਨਿਵਾਸੀ ਵੀ ਡੇਂਗੂ ਦੀ ਲਪੇਟ 'ਚ ਆ ਚੁੱਕੇ ਹਨ। ਸਥਾਨਕ ਨਿਵਾਸੀਆਂ ਵੱਲੋਂ ਦਿੱਤੀ ਗਈ ਗੰਭੀਰ ਸੂਚਨਾ ਤੋਂ ਬਾਅਦ ਸਿਹਤ ਵਿਭਾਗ ਦੀ ਵਿਸ਼ੇਸ਼ ਟੀਮ ਨੇ ਸਰਗਰਮੀ ਦਿਖਾਉਂਦੇ ਹੋਏ ਕਾਦਰੀ ਮੁਹੱਲੇ ਦੀ ਇਕ ਗਲੀ 'ਚ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ। ਇਸ ਚੈਕਿੰਗ ਦੌਰਾਨ ਟੀਮ ਨੂੰ 11 ਘਰਾਂ 'ਚੋਂ ਡੇਂਗੂ ਮੱਛਰ ਦਾ ਲਾਰਵਾ ਬਰਾਮਦ ਹੋਇਆ, ਜਿਸ ਨੂੰ ਮੌਕੇ 'ਤੇ ਹੀ ਮੌਜੂਦ ਟੀਮ ਵੱਲੋਂ ਦਵਾਈਆਂ ਦਾ ਛਿੜਕਾਅ ਕਰ ਕੇ ਨਸ਼ਟ ਕਰਵਾਇਆ ਗਿਆ। ਇਸ ਚੈਕਿੰਗ ਦੌਰਾਨ ਸਿਹਤ ਵਿਭਾਗ ਦੇ ਕਰਮਚਾਰੀਆਂ ਨੇ ਘਰ-ਘਰ ਜਾ ਕੇ ਫਰਿੱਜਾਂ ਦੀਆਂ ਪਿਛਲੀਆਂ ਟ?ਰੇਆਂ, ਕੂਲਰਾਂ, ਗਮਲਿਆਂ ਅਤੇ ਖੁੱਲ੍ਹੇ 'ਚ ਪਏ ਪੁਰਾਣੇ ਟਾਇਰਾਂ 'ਚੋਂ ਖੜ੍ਹਾ ਪਾਣੀ ਸਾਫ਼ ਕਰਵਾਇਆ। ਇਸ ਦੇ ਨਾਲ ਹੀ ਸਿਹਤ ਟੀਮ ਵੱਲੋਂ ਲੋਕਾਂ ਨੂੰ ਆਪਣੇ ਆਲੇ-ਦੁਆਲੇ ਸਫ਼ਾਈ ਰੱਖਣ, ਪਾਣੀ ਇਕੱਠਾ ਨਾ ਹੋਣ ਦੇਣ, ਉਬਾਲ ਕੇ ਪਾਣੀ ਪੀਣ ਅਤੇ ਪੂਰੀਆਂ ਬਾਹਾਂ ਦੇ ਕੱਪੜੇ ਪਾਉਣ ਵਰਗੀਆਂ ਜ਼ਰੂਰੀ ਸਾਵਧਾਨੀਆਂ ਵਰਤਣ ਦੀ ਹਦਾਇਤ ਕੀਤੀ ਗਈ। ਸਿਹਤ ਅਧਿਕਾਰੀਆਂ ਨੇ ਆਖਿਆ ਕਿ ਪੂਰੇ ਮੁਹੱਲੇ 'ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ ਅਤੇ ਕਿਸੇ ਵੀ ਸ਼ੱਕੀ ਮਰੀਜ਼ ਦੇ ਸਾਹਮਣੇ ਆਉਣ 'ਤੇ ਤੁਰੰਤ ਸੂਚਿਤ ਕਰਨ ਦੀ ਅਪੀਲ ਕੀਤੀ ਗਈ ਹੈ।

ਖਰਾਬ ਖਾਣ-ਪੀਣ ਵਾਲੀਆਂ ਵਸਤਾਂ ਦੀ ਵਿਕਰੀ ਨੂੰ ਲੈ ਕੇ ਸਰਕਾਰ ਦੀ ਸਖਤੀ

ਬਿਜ਼ਨੈੱਸ ਡੈਸਕ 27 ਅਕਤੂਬਰ। ਖੋਆ, ਪਨੀਰ, ਮੀਟ ਅਤੇ ਮੱਛੀ ਵਰਗੀਆਂ ਜਲਦ ਖਰਾਬ ਹੋਣ ਵਾਲੀਆਂ ਖਾਣ-ਪੀਣ ਵਾਲੀਆਂ ਵਸਤਾਂ ਦੀ ਸੁਰੱਖਿਆ ਨੂੰ ਲੈ ਕੇ ਖ਼ੁਰਾਕ ਰੈਗੂਲੇਟਰੀ ਐੱਫ. ਐੱਸ. ਐੱਸ. ਏ. ਆਈ. ਨੇ ਸਖਤੀ ਵਧਾ ਦਿੱਤੀ ਹੈ। ਅਥਾਰਟੀ ਨੇ ਖ਼ੁਰਾਕ ਕਾਰੋਬਾਰੀਆਂ ਨੂੰ ਇਨ੍ਹਾਂ ਵਸਤਾਂ ਦਾ ਭੰਡਾਰਨ ਅਤੇ ਢੋਆ-ਢੁਆਈ ਨਿਰਧਾਰਤ ਤਾਪਮਾਨ 'ਤੇ ਕਰਨ ਦੇ ਨਿਰਦੇਸ਼ ਦਿੱਤੇ ਹਨ। ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼?ਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਭਾਰਤੀ ਖ਼ੁਰਾਕ ਸੁਰੱਖਿਆ ਅਤੇ ਮਿਆਰ ਅਥਾਰਟੀ (ਐੱਫ. ਐੱਸ. ਐੱਸ. ਏ. ਆਈ.) ਨੇ ਦੱਸਿਆ ਕਿ ਖਾਣ-ਪੀਣ ਵਾਲੀਆਂ ਵਸਤਾਂ ਦੀ ਖਰੀਦ ਤੋਂ ਲੈ ਕੇ ਖਪਤਕਾਰ ਤੱਕ ਪਹੁੰਚਣ ਦੌਰਾਨ ਸਫਾਈ ਅਤੇ ਤਾਪਮਾਨ ਦੇ ਨਿਯਮਾਂ ਦੀ ਪਾਲਣਾ ਕਰਨਾ ਜ਼ਰੂਰੀ ਹੈ। ਇਸ ਲਈ ਖ਼ੁਰਾਕ ਕਾਰੋਬਾਰ ਸੰਚਾਲਕਾਂ (ਐੱਫ. ਬੀ. ਓ.) ਨੂੰ ਵਿਸ਼ੇਸ਼ ਸਾਵਧਾਨੀ ਵਰਤਣ ਲਈ ਕਿਹਾ ਗਿਆ ਹੈ। ਅਥਾਰਟੀ ਅਨੁਸਾਰ ਖੋਆ, ਪਨੀਰ, ਮੀਟ ਅਤੇ ਮੱਛੀ ਵਰਗੀਆਂ ਵਸਤਾਂ ਨੂੰ ਉਚਿਤ ਤਾਪਮਾਨ 'ਤੇ ਨਾ ਰੱਖਣ ਨਾਲ ਉਨ੍ਹਾਂ 'ਚ ਹਾਨੀਕਾਰਕ ਸੂਖਮ ਜੀਵ ਪੈਦਾ ਹੋ ਸਕਦੇ ਹਨ। ਇਸ ਨਾਲ ਖਾਣ-ਪੀਣ ਵਾਲੀਆਂ ਵਸਤਾਂ ਜਲਦ ਖਰਾਬ ਹੋਣ ਦੇ ਨਾਲ-ਨਾਲ ਲੋਕਾਂ ਦੀ ਸਿਹਤ ਨੂੰ ਵੀ ਨੁਕਸਾਨ ਪਹੁੰਚ ਸਕਦਾ ਹੈ। ਐੱਫ. ਐੱਸ. ਐੱਸ. ਏ. ਆਈ. ਨੇ ਸੂਬਿਆਂ ਦੇ ਖ਼ੁਰਾਕ ਸੁਰੱਖਿਆ ਅਧਿਕਾਰੀਆਂ ਨੂੰ ਬਾਜ਼ਾਰ 'ਚ ਨਿਗਰਾਨੀ ਵਧਾਉਣ ਅਤੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਖ਼ੁਰਾਕ ਸੁਰੱਖਿਆ ਅਤੇ ਮਿਆਰ (ਖ਼ੁਰਾਕ ਕਾਰੋਬਾਰਾਂ ਦਾ ਲਾਇਸੈਂਸ ਅਤੇ ਰਜਿਸਟ?ਰੇਸ਼ਨ) ਰੈਗੂਲੇਸ਼ਨ, 2011 ਤਹਿਤ ਕਾਰੋਬਾਰੀਆਂ ਲਈ ਸਾਫ-ਸਫਾਈ ਅਤੇ ਖਾਣ-ਪੀਣ ਵਾਲੀਆਂ ਵਸਤਾਂ ਨੂੰ ਸੁਰੱਖਿਅਤ ਰੱਖਣ ਦੇ ਮਿਆਰ ਤੈਅ ਹਨ। ਅਥਾਰਟੀ ਨੇ ਸਪੱਸ਼ਟ ਕੀਤਾ ਕਿ ਨਿਯਮਾਂ ਦੀ ਅਣਦੇਖੀ ਕਰਨ 'ਤੇ ਸੰਬੰਧਤ ਖਾਣ-ਪੀਣ ਵਾਲੀਆਂ ਵਸਤਾਂ ਨੂੰ ਜ਼ਬਤ ਕਰਨ ਅਤੇ ਨਸ਼ਟ ਕਰਨ ਸਮੇਤ ਕਾਨੂੰਨੀ ਕਾਰਵਾਈ ਕੀਤੀ ਜਾ ਸਕਦੀ ਹੈ। ਇਸ ਕਦਮ ਦਾ ਉਦੇਸ਼ ਲੋਕਾਂ ਨੂੰ ਸੁਰੱਖਿਅਤ ਖਾਣ-ਪੀਣ ਵਾਲੀਆਂ ਵਸਤਾਂ ਉਪਲੱਬਧ ਕਰਵਾਉਣਾ ਅਤੇ ਖਰਾਬ ਖਾਣੇ ਨਾਲ ਹੋਣ ਵਾਲੀਆਂ ਬੀਮਾਰੀਆਂ ਦਾ ਖਤਰਾ ਘਟਾਉਣਾ ਹੈ।

ਪੀਸੀਏ ਘੁਟਾਲੇ 'ਤੇ ਮੁੱਖ ਮੰਤਰੀ ਚੁੱਪ ਕਿਉਂ ਹਨ : ਕੇਵਲ ਸਿੰਘ ਢਿੱਲੋਂ

ਚੰਡੀਗੜ੍ਹ 27 ਅਕਤੂਬਰ। ਪੰਜਾਬ ਕ੍ਰਿਕਟ ਐਸੋਸੀਏਸ਼ਨ ਵਿੱਚ 77.99 ਕਰੋੜ ਰੁਪਏ ਦੇ ਕਥਿਤ ਜ਼ਮੀਨ ਘੁਟਾਲੇ ਦਾ ਭਾਰਤੀ ਜਨਤਾ ਪਾਰਟੀ ਨੇ ਸਖ਼ਤ ਨੋਟਿਸ ਲਿਆ ਹੈ। ਈਡੀ ਦੇ ਜਲੰਧਰ ਜ਼ੋਨ ਵਲੋਂ ਮੋਹਾਲੀ ਦੇ ਐੱਸਐੱਸਪੀ ਨੂੰ ਪੱਤਰ ਲਿਖ ਕੇ ਪੀਸੀਏ ਖ਼?ਲਾਫ਼ ਐੱਫਆਈਆਰ ਦਰਜ ਲਈ ਲਿਖੀ ਚਿੱਠੀ ਉੱਤੇ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸਵਾਲ ਕੀਤਾ ਕਿ ਇਸ ਮਾਮਲੇ ਵਿੱਚ ਪੰਜਾਬ ਦੇ ਮੁੱਖ ਮੰਤਰੀ ਚੁੱਪ ਕਿਉਂ ਹਨ। ਢਿੱਲੋਂ ਨੇ ਕਿਹਾ, “ਇਸ ਸਰਕਾਰ ਦਾ ਇੱਕ ਹੋਰ ਨਵਾਂ ਕਾਰਨਾਮਾ ਸਾਹਮਣੇ ਆਇਆ ਹੈ। ਪੀਸੀਏ ਦੇ ਪ੍ਰਧਾਨ ਅਤੇ ਉਸਦਾ ਪੁੱਤਰ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਨ, ਜੋ ਈਡੀ ਦੇ ਨਿਸ਼ਾਨੇ 'ਤੇ ਹਨ।”ਢਿੱਲੋਂ ਨੇ ਕਿਹਾ ਕਿ ਜ਼ਮੀਨ ਘੁਟਾਲੇ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਪੰਜਾਬ ਮਾਡਲ ਦੀ ਪੋਲ ਖੋਲ੍ਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਈਡੀ ਦੀ ਮੁੱਢਲੀ ਜਾਂਚ ਵਿੱਚ ਹੈਰਾਨ ਕਰਨ ਵਾਲੇ ਖੁਲਾਸੇ ਹੋ ਰਹੇ ਹਨ। ਅਮਰਜੀਤ ਮਹਿਤਾ ਅਤੇ ਪਦਮਜੀਤ ਮਹਿਤਾ ਦੇ ਕਾਰਜਕਾਲ ਦੌਰਾਨ ਅਜਨਾਲਾ ਅਤੇ ਬਠਿੰਡਾ ਵਿੱਚ ਕਿਸਾਨਾਂ ਤੋਂ ਸਸਤੇ ਭਾਅ 'ਤੇ ਜ਼ਮੀਨ ਖਰੀਦ ਕੇ ਪੀਸੀਏ ਨੂੰ 15.4 ਗੁਣਾ ਮਹਿੰਗੇ ਭਾਅ 'ਤੇ ਵੇਚੀ ਗਈ। ਉਨ੍ਹਾਂ ਕਿਹਾ, “ਮੁੱਖ ਮੰਤਰੀ ਭਗਵੰਤ ਮਾਨ ਦੱਸਣ ਕਿ ਕੀ ਇਹੀ ਉਨ੍ਹਾਂ ਦਾ ਪੰਜਾਬ ਮਾਡਲ ਹੈ? ਉਹ ਇਹ ਵੀ ਦੱਸਣ ਕਿ ਚਾਰ ਮਹੀਨਿਆਂ ਵਿੱਚ ਜ਼ਮੀਨ ਦੇ ਭਾਅ 15 ਗੁਣਾ ਮਹਿੰਗੇ ਕਿਵੇਂ ਹੋ ਗਏ?”ਭਾਜਪਾ ਦੇ ਸੂਬਾ ਪ੍ਰਧਾਨ ਨੇ ਕਿਹਾ, “ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਪੀਸੀਏ ਨੇ ਅਜਨਾਲਾ ਵਿੱਚ 155 ਕਨਾਲ 15 ਮਰਲੇ ਜ਼ਮੀਨ 58 ਕਰੋੜ ਰੁਪਏ ਵਿੱਚ ਅਤੇ ਬਠਿੰਡਾ ਵਿੱਚ 100 ਕਨਾਲ 10 ਮਰਲੇ ਜ਼ਮੀਨ ਲਗਭਗ 19.76 ਕਰੋੜ ਰੁਪਏ ਵਿੱਚ ਖਰੀਦੀ। ਕੁਝ ਮਹੀਨੇ ਪਹਿਲਾਂ ਦੋ ਕੰਪਨੀਆਂ ਨੇ ਇਹ ਜ਼ਮੀਨ ਕਿਸਾਨਾਂ ਤੋਂ ਬਹੁਤ ਘੱਟ ਕੀਮਤ 'ਤੇ ਖਰੀਦੀ ਸੀ। ਇੱਕ ਕੰਪਨੀ ਨੇ ਕਿਸਾਨਾਂ ਤੋਂ 61 ਕਨਾਲ ਜ਼ਮੀਨ 2.22 ਲੱਖ ਰੁਪਏ ਪ੍ਰਤੀ ਕਨਾਲ ਦੇ ਹਿਸਾਬ ਨਾਲ ਕੁੱਲ 1.36 ਕਰੋੜ ਰੁਪਏ ਵਿੱਚ ਖਰੀਦੀ ਅਤੇ ਚਾਰ ਮਹੀਨਿਆਂ ਬਾਅਦ ਇਸ ਨੂੰ ਪੀਸੀਏ ਨੂੰ 37.4 ਲੱਖ ਰੁਪਏ ਪ੍ਰਤੀ ਕਨਾਲ ਦੇ ਹਿਸਾਬ ਨਾਲ 12.03 ਕਰੋੜ ਰੁਪਏ ਵਿੱਚ ਵੇਚ ਦਿੱਤਾ। ਇਸੇ ਤਰ੍ਹਾਂ ਦੂਜੀ ਕੰਪਨੀ ਨੇ ਕਿਸਾਨਾਂ ਤੋਂ 224 ਕਨਾਲ ਜ਼ਮੀਨ 5.56 ਕਰੋੜ ਰੁਪਏ ਵਿੱਚ ਖਰੀਦੀ ਅਤੇ ਇਸ ਨੂੰ ਪੀਸੀਏ ਨੂੰ 46.18 ਕਰੋੜ ਰੁਪਏ ਵਿੱਚ ਵੇਚ ਦਿੱਤਾ। ਢਿੱਲੋਂ ਨੇ ਕਿਹਾ ਕਿ ਇਹ ਨਕਦੀ ਦੇ ਬਦਲੇ ਤਬਾਦਲੇ ਵਾਲੀ ਸਰਕਾਰ ਦਾ ਇੱਕ ਹੋਰ ਕਾਰਨਾਮਾ ਹੈ। ਉਨ੍ਹਾਂ ਕਿਹਾ ਕਿ ਜਿਹੜੀ ਸਰਕਾਰ ਕਹਿੰਦੀ ਸੀ ਕਿ ਉਹ ਕ੍ਰਿਕਟ ਨੂੰ ਉਤਸ਼ਾਹਿਤ ਕਰੇਗੀ, ਉਸ ਨੇ ਅੱਜ ਪੀਸੀਏ ਨੂੰ ਕਿਸਾਨਾਂ ਦੀ ਲੁੱਟ ਕਰਨ ਵਾਲੀ ਫੈਕਟਰੀ ਬਣਾ ਦਿੱਤਾ ਹੈ। ਉਨ੍ਹਾਂ ਸਵਾਲ ਕੀਤਾ ਕਿ ਸੂਬਾ ਸਰਕਾਰ ਦੱਸੇ ਕਿ ਕਿਸਾਨਾਂ ਤੋਂ ਕਥਿਤ ਤੌਰ 'ਤੇ ਲੁੱਟਿਆ ਗਿਆ ਪੈਸਾ ਕਿੱਥੇ ਗਿਆ। ਢਿੱਲੋਂ ਨੇ ਕਿਹਾ ਕਿ ਭਾਜਪਾ ਦੀ ਮੰਗ ਹੈ ਕਿ ਮੋਹਾਲੀ ਦੇ ਐੱਸਐੱਸਪੀ ਇਸ ਮਾਮਲੇ ਵਿੱਚ ਤੁਰੰਤ ਐੱਫਆਈਆਰ ਦਰਜ ਕਰਨ। ਮਾਮਲੇ ਦੀ ਸਮਾਂਬੱਧ ਜਾਂਚ ਕਰਵਾਈ ਜਾਵੇ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।

ਡਰੋਨ ਰਾਹੀਂ ਭਾਰਤੀ ਖੇਤਰ 'ਚ ਸੁੱਟੀ 3.98 ਲੱਖ ਦੀ ਜਾਅਲੀ ਕਰੰਸੀ ਬਰਾਮਦ

ਤਰਨਤਾਰਨ 27 ਅਕਤੂਬਰ। ਭਾਰਤ-ਪਾਕਿਸਤਾਨ ਸਰਹੱਦ ਦੇ ਨਾਲ ਲੱਗਦੇ ਪਿੰਡ ਕਲਸੀਆਂ ਖੁਰਦ ਵਿਖੇ ਐਂਟੀ ਡਰੋਨ ਸਿਸਟਮ ਤੋਂ ਮਿਲੀ ਜਾਣਕਾਰੀ ਦੇ ਆਧਾਰ 'ਤੇ ਥਾਣਾ ਖਾਲੜਾ ਦੀ ਪੁਲਸ ਅਤੇ ਬੀ.ਐੱਸ.ਐੱਫ. ਵੱਲੋਂ ਕੀਤੀ ਗਈ ਤਲਾਸ਼ੀ ਦੌਰਾਨ 3 ਲੱਖ 98 ਹਜ਼ਾਰ 500 ਰੁਪਏ ਦੀ ਭਾਰਤੀ ਜਾਅਲੀ ਕਰੰਸੀ ਬਰਾਮਦ ਹੋਈ ਹੈ। ਏ.ਐੱਸ.ਆਈ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਕਰ ਰਹੇ ਸਨ ਤਾਂ ਉਨ੍ਹਾਂ ਨੂੰ ਐਂਟੀ ਡਰੋਨ ਸਿਸਟਮ (ਏ.ਡੀ.ਐੱਸ.) 'ਤੇ ਤਾਇਨਾਤ ਆਪ੍ਰੇਟਰ ਨੇ ਸੂਚਨਾ ਦਿੱਤੀ ਕਿ ਪਿੰਡ ਕਲਸੀਆਂ ਖੁਰਦ ਨਜ਼ਦੀਕ ਪਾਕਿਸਤਾਨੀ ਡਰੋਨ ਦੀ ਹਰਕਤ ਹੋਈ ਹੈ। ਜਿਸ ਦੇ ਚੱਲਦਿਆਂ ਉਨ੍ਹਾਂ ਤੁਰੰਤ ਬੀ.ਐੱਸ.ਐੱਫ. ਅਧਿਕਾਰੀਆਂ ਨੂੰ ਸੂਚਿਤ ਕੀਤਾ ਅਤੇ ਸਰਚ ਆਪ੍ਰੇਸ਼ਨ ਦੌਰਾਨ ਇੱਕ ਪੀਲੇ ਰੰਗ ਦਾ ਪੈਕੇਟ ਮਿਲਿਆ, ਜਿਸ ਨੂੰ ਖੋਲ੍ਹ ਕੇ ਚੈੱਕ ਕੀਤਾ ਤਾਂ ਮੋਮੀ ਲਿਫਾਫੇ ਵਿਚ ਲਪੇਟੀ ਹੋਈ ਭਾਰਤੀ ਜਾਅਲੀ ਕਰੰਸੀ ਕਰੀਬ 3 ਲੱਖ 98 ਹਜ਼ਾਰ 500 ਰੁਪਏ ਬਰਾਮਦ ਹੋਈ।

ਪੰਜਾਬ 'ਚ ਸਭ ਤੋਂ ਵੱਡੀ ਦਵਾਈਆਂ ਵਾਲੀ ਮਾਰਕੀਟ 'ਚ ਡਰੱਗ ਵਿਭਾਗ ਦਾ ਛਾਪਾ, ਲੱਖਾਂ ਦੀਆਂ ਰੁਪਏ ਦਵਾਈਆਂ ਜ਼ਬਤ

ਕੌਮੀ ਪੱਤ੍ਰਿਕਾ

ਅੰਮ੍ਰਿਤਸਰ 27 ਅਕਤੂਬਰ। ਅੰਮ੍ਰਿਤਸਰ 'ਚ ਦਵਾਈਆਂ ਦੀ ਗੈਰ-ਨਿਯਮਤ ਖ਼ਰੀਦ-ਫ਼ਰੋਖ਼ਤ ਵਿਰੁੱਧ ਡਰੱਗ ਵਿਭਾਗ ਨੇ ਵੱਡੀ ਕਾਰਵਾਈ ਕਰਦਿਆਂ ਪੰਜਾਬ ਦੀ ਸਭ ਤੋਂ ਵੱਡੀ ਦਵਾਈ ਮਾਰਕੀਟ ਕਟੜਾ ਸ਼ੇਰ ਸਿੰਘ ਸਥਿਤ ਇਕ ਟਰੇਡਰਜ਼ ਤੋਂ ਲੱਗਭਗ 4.66 ਲੱਖ ਰੁਪਏ ਦੀਆਂ ਦਵਾਈਆਂ ਜ਼ਬਤ ਕੀਤੀਆਂ ਹਨ। ਵਿਭਾਗੀ ਟੀਮ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਦੇਰ ਸ਼ਾਮ ਦੁਕਾਨ 'ਤੇ ਜਾਂਚ ਕੀਤੀ। ਇਸ ਦੌਰਾਨ 9 ਕਿਸਮਾਂ ਦੀਆਂ ਦਵਾਈਆਂ ਦਾ ਸਟਾਕ ਕਬਜ਼ੇ 'ਚ ਲਿਆ ਗਿਆ, ਜਿਨ੍ਹਾਂ 'ਚ ਪ੍ਰੈਗਾਬਾਲਿਨ 300 ਮਿਲੀਗ੍ਰਾਮ ਦੇ 20,510 ਕੈਪਸੂਲ ਅਤੇ ਪ੍ਰੈਗਾਬਾਲਿਨ ਤੇ ਲੋਰਾਜ਼ੈਪਾਮ ਵਾਲੀਆਂ 2,220 ਗੋਲੀਆਂ ਸ਼ਾਮਲ ਹਨ। ਡਰੱਗ ਵਿਭਾਗ ਦੀ ਇਸ ਕਾਰਵਾਈ ਨਾਲ ਦਵਾਈਆਂ ਦੇ ਕਾਰੋਬਾਰ 'ਚ ਖ਼ਰੀਦ ਦੇ ਰਿਕਾਰਡ ਅਤੇ ਨਿਯਮਾਂ ਦੀ ਪਾਲਣਾ ਨੂੰ ਲੈ ਕੇ ਮੁੜ ਸਵਾਲ ਖੜ੍ਹੇ ਹੋ ਗਏ ਹਨ। ਵਿਭਾਗ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਜਾਂਚ ਦੌਰਾਨ ਦੁਕਾਨ ਦੇ ਇੰਚਾਰਜ ਵੱਲੋਂ ਸਬੰਧਤ ਦਵਾਈਆਂ ਦਾ ਖ਼ਰੀਦ ਰਿਕਾਰਡ ਪੇਸ਼ ਨਹੀਂ ਕੀਤਾ ਜਾ ਸਕਿਆ, ਜਿਸ ਤੋਂ ਬਾਅਦ ਵਿਭਾਗ ਨੇ ਸਟਾਕ ਜ਼ਬਤ ਕਰਦਿਆਂ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜ਼ੋਨਲ ਲਾਇਸੈਂਸਿੰਗ ਅਥਾਰਟੀ ਅੰਮ੍ਰਿਤਸਰ ਕੁਲਵਿੰਦਰ ਸਿੰਘ ਵੱਲੋਂ ਦਿੱਤੀ ਜਾਣਕਾਰੀ ਮੁਤਾਬਕ ਦੇਰ ਸ਼ਾਮ ਡਰੱਗ ਕੰਟਰੋਲ ਅਧਿਕਾਰੀ ਬਬਲੀਨ ਕੌਰ (ਅੰਮ੍ਰਿਤਸਰ-2) ਅਤੇ ਡਰੱਗ ਕੰਟਰੋਲ ਅਧਿਕਾਰੀ ਸੁਖਦੀਪ ਸਿੰਘ (ਅੰਮ੍ਰਿਤਸਰ-3) ਨੇ ਗੁਪਤ ਸੂਚਨਾ ਦੇ ਆਧਾਰ 'ਤੇ ਕਟੜਾ ਸ਼ੇਰ ਸਿੰਘ ਸਥਿਤ ਦੁਕਾਨ ਦੀ ਜਾਂਚ ਕੀਤੀ। ਜਾਂਚ ਦੌਰਾਨ ਦੁਕਾਨ ਦਾ ਇੰਚਾਰਜ ਖ਼ਰੀਦ ਰਿਕਾਰਡ ਪੇਸ਼ ਕਰਨ 'ਚ ਅਸਫ਼ਲ ਰਿਹਾ, ਜਿਸ ਕਾਰਨ ਟੀਮ ਨੇ 9 ਕਿਸਮਾਂ ਦੀਆਂ ਦਵਾਈਆਂ ਜ਼ਬਤ ਕਰ ਲਈਆਂ। ਜ਼ਬਤ ਕੀਤੇ ਸਟਾਕ ਦੀ ਅੰਦਾਜ਼ਨ ਬਾਜ਼ਾਰੀ ਕੀਮਤ 4.66 ਲੱਖ ਰੁਪਏ ਦੱਸੀ ਗਈ ਹੈ। ਵਿਭਾਗ ਦੇ ਵੇਰਵਿਆਂ ਅਨੁਸਾਰ ਜ਼ਬਤ ਕੀਤੀਆਂ ਦਵਾਈਆਂ 'ਚ ਪ੍ਰੈਗਾਬਾਲਿਨ 300 ਮਿਲੀਗ੍ਰਾਮ ਦੀਆਂ 20,510 ਕੈਪਸੂਲਾਂ ਸ਼ਾਮਲ ਹਨ। ਇਸ ਤੋਂ ਇਲਾਵਾ ਪ੍ਰੈਗਾਬਾਲਿਨ ਅਤੇ ਲੋਰਾਜ਼ੈਪਾਮ ਵਾਲੀਆਂ 2,220 ਗੋਲੀਆਂ ਵੀ ਕਬਜ਼ੇ 'ਚ ਲਈਆਂ ਗਈਆਂ। ਕੁੱਲ ਮਿਲਾ ਕੇ 9 ਕਿਸਮਾਂ ਦੀਆਂ ਦਵਾਈਆਂ ਦਾ ਸਟਾਕ ਜ਼ਬਤ ਕੀਤਾ ਗਿਆ ਹੈ। ਦਵਾਈਆਂ ਦੀ ਖਰੀਦ ਅਤੇ ਵਿਕਰੀ ਨਾਲ ਸਬੰਧਤ ਰਿਕਾਰਡ ਦੀ ਮਹੱਤਤਾ ਇਸ ਲਈ ਵੀ ਵਧ ਜਾਂਦੀ ਹੈ ਕਿਉਂਕਿ ਅਜਿਹੀਆਂ ਦਵਾਈਆਂ ਦੇ ਕਾਰੋਬਾਰ 'ਚ ਲਾਗੂ ਨਿਯਮਾਂ ਦੀ ਪਾਲਣਾ ਅਤੇ ਸਟਾਕ ਦਾ ਸਹੀ ਹਿਸਾਬ ਰੱਖਣਾ ਜ਼ਰੂਰੀ ਹੁੰਦਾ ਹੈ। ਵਿਭਾਗ ਨੇ ਇਸ ਮਾਮਲੇ 'ਚ ਖਰੀਦ ਰਿਕਾਰਡ ਪੇਸ਼ ਨਾ ਹੋਣ ਨੂੰ ਕਾਰਵਾਈ ਦਾ ਮੁੱਖ ਆਧਾਰ ਦੱਸਿਆ ਹੈ। ਜ਼ੋਨਲ ਲਾਇਸੈਂਸਿੰਗ ਅਥਾਰਟੀ ਕੁਲਵਿੰਦਰ ਸਿੰਘ ਵੱਲੋਂ ਦਿੱਤੀ ਜਾਣਕਾਰੀ ਵਿੱਚ ਦੱਸਿਆ ਗਿਆ ਹੈ ਕਿ ਜ਼ਿਲਾ ਮੈਜਿਸਟ?ਰੇਟ ਅੰਮ੍ਰਿਤਸਰ ਵੱਲੋਂ 75 ਮਿਲੀਗ੍ਰਾਮ ਤੋਂ ਵੱਧ ਤਾਕਤ ਵਾਲੀਆਂ ਸਬੰਧਤ ਦਵਾਈਆਂ ਦੇ ਸਟਾਕ ਅਤੇ ਵਿਕਰੀ 'ਤੇ ਪਾਬੰਦੀ ਲਾਈ ਗਈ ਹੈ। ਵਿਭਾਗ ਨੇ ਇਸ ਹੁਕਮ ਦਾ ਹਵਾਲਾ ਦਿੰਦਿਆਂ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਹੈ। ਇੱਥੇ ਇਹ ਸਪੱਸ਼ਟ ਕਰਨਾ ਜ਼ਰੂਰੀ ਹੈ ਕਿ ਵਿਭਾਗ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਕਾਰਵਾਈ ਦੌਰਾਨ ਖਰੀਦ ਰਿਕਾਰਡ ਪੇਸ਼ ਨਾ ਹੋਣ ਅਤੇ ਸਬੰਧਤ ਪਾਬੰਦੀ ਦੇ ਹੁਕਮ ਨੂੰ ਆਧਾਰ ਬਣਾਇਆ ਗਿਆ ਹੈ। ਵਿਭਾਗ ਨੇ ਇਸ ਮਾਮਲੇ 'ਚ ਸਬੰਧਤ ਥਾਣੇ ਦੇ ਮੁਖੀ ਨੂੰ ਬੀ. ਐੱਨ. ਐੱਸ. ਦੀ ਧਾਰਾ 223 ਤਹਿਤ ਐੱਫ. ਆਈ. ਆਰ. ਦਰਜ ਕਰਨ ਲਈ ਲਿਖਤੀ ਬੇਨਤੀ ਭੇਜੀ ਹੈ। ਇਸ ਤਰ੍ਹਾਂ ਹੁਣ ਮਾਮਲੇ 'ਚ ਪੁਲਸ ਦੀ ਅਗਲੀ ਕਾਰਵਾਈ ਵੀ ਅਹਿਮ ਰਹੇਗੀ। ਡਰੱਗ ਵਿਭਾਗ ਦੀ ਇਹ ਕਾਰਵਾਈ ਦਵਾਈਆਂ ਦੇ ਥੋਕ ਕਾਰੋਬਾਰ ਨਾਲ ਜੁੜੇ ਲਾਇਸੈਂਸਧਾਰਕਾਂ ਅਤੇ ਵਪਾਰੀਆਂ ਲਈ ਇਕ ਸਪੱਸ਼ਟ ਸੰਦੇਸ਼ ਹੈ ਕਿ ਦਵਾਈਆਂ ਦੀ ਖਰੀਦ, ਸਟਾਕ ਅਤੇ ਵਿਕਰੀ ਸਬੰਧੀ ਰਿਕਾਰਡ ਦੀ ਪਾਲਣਾ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਵਿਭਾਗ ਵੱਲੋਂ ਕੀਤੀ ਗਈ ਜਾਂਚ ਅਤੇ ਜ਼ਬਤੀ ਤੋਂ ਬਾਅਦ ਹੁਣ ਸਬੰਧਤ ਦਸਤਾਵੇਜ਼ਾਂ, ਦਵਾਈਆਂ ਦੇ ਸਟਾਕ ਅਤੇ ਪੁਲਸ ਕਾਰਵਾਈ ਦੇ ਅਗਲੇ ਪੜਾਅ 'ਤੇ ਨਜ਼ਰ ਡਰੱਗ ਕੰਟਰੋਲ ਅਧਿਕਾਰੀ ਬਬਲੀਨ ਕੌਰ ਅਤੇ ਡਰੱਗ ਕੰਟਰੋਲ ਅਧਿਕਾਰੀ ਸੁਖਦੀਪ ਸਿੰਘ ਵੱਲੋਂ ਕੀਤੀ ਗਈ ਸਾਂਝੀ ਜਾਂਚ ਸਬੰਧੀ ਵਿਭਾਗੀ ਜਾਣਕਾਰੀ ਅਨੁਸਾਰ ਗੁਪਤ ਸੂਚਨਾ ਮਿਲਣ 'ਤੇ ਟਰੇਡਰਜ਼ ਦੀ ਜਾਂਚ ਕੀਤੀ ਗਈ ਸੀ। ਜਾਂਚ ਦੌਰਾਨ ਦਵਾਈਆਂ ਦਾ ਖਰੀਦ ਰਿਕਾਰਡ ਪੇਸ਼ ਨਾ ਕੀਤੇ ਜਾਣ ਕਾਰਨ 9 ਕਿਸਮਾਂ ਦੀਆਂ ਦਵਾਈਆਂ ਜ਼ਬਤ ਕੀਤੀਆਂ ਗਈਆਂ। ਇਨ੍ਹਾਂ ਦੀ ਅੰਦਾਜ਼ਨ ਬਾਜ਼ਾਰੀ ਕੀਮਤ 4.66 ਲੱਖ ਰੁਪਏ ਹੈ। ਅਧਿਕਾਰੀਆਂ ਵੱਲੋਂ ਸਬੰਧਤ ਥਾਣੇ ਦੇ ਮੁਖੀ ਨੂੰ ਐੱਫ. ਆਈ. ਆਰ. ਦਰਜ ਕਰਨ ਲਈ ਲਿਖਤੀ ਬੇਨਤੀ ਵੀ ਭੇਜੀ ਗਈ ਹੈ।